ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 100
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 12 April, 2026) ਐਤਵਾਰ, 12 ਅਪ੍ਰੈਲ, 2026, 30 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਕਪਾਹ ਦੇ ਘਟ ਰਹੇ ਰਕਬੇ ਦੀ ਮੁੜ ਸੁਰਜੀਤੀ ਲਈ ਬੀਜਾਂ 'ਤੇ 33 ਫ਼ੀਸਦੀ ਸਬਸਿਡੀ ਐਲਾਨੀ

ਚੰਡੀਗੜ੍ਹ, 11 ਅਪ੍ਰੈਲ (ਚ.ਨ.ਸ.): ਇਤਿਹਾਸਕ ਤੌਰ 'ਤੇ ਹੇਠਲੇ ਪੱਧਰ 'ਤੇ ਪਹੁੰਚ ਗਈ ਕਪਾਹ ਦੀ ਖੇਤੀ ਨੂੰ ਪੰਜਾਬ ਵਿੱਚ ਮੁੜ ਸੁਰਜੀਤ ਕਰਨ ਲਈ ਸੂਬਾ ਸਰਕਾਰ ਨੇ ਵੱਡਾ ਫੈਸਲਾ ਕੀਤਾ ਹੈ। ਸਰਕਾਰ ਵੱਲੋਂ ਦੇਸੀ ਅਤੇ ਬੀ.ਟੀ. ਕਪਾਹ (ਨਰਮੇ) ਦੀ ਖੇਤੀ ਕਰਨ ਵਾਲੇ ਕਿਸਾਨਾਂ ਲਈ ਬੀਜਾਂ 'ਤੇ 33 ਫੀਸਦੀ ਸਬਸਿਡੀ ਦੇਣ ਦਾ ਐਲਾਨ ਕੀਤਾ ਗਿਆ ਹੈ। ਖੇਤੀਬਾੜੀ ਵਿਭਾਗ ਵੱਲੋਂ ਸ਼ੁਰੂ ਕੀਤੀ ਗਈ ਇਸ ਸਕੀਮ ਦਾ ਉਦੇਸ਼ ਕਿਸਾਨਾਂ ਨੂੰ ਮੁੜ ਕਪਾਹ ਵੱਲ ਮੋੜਨਾ ਹੈ, ਜਿਸ ਨੂੰ ਕਦੇ ਪੰਜਾਬ ਦਾ ਚਿੱਟਾ ਸੋਨਾ ਮੰਨਿਆ ਜਾਂਦਾ ਸੀ। ਸਬਸਿਡੀ ਦਾ ਲਾਭ ਲੈਣ ਲਈ ਕਿਸਾਨ 20 ਅਪ੍ਰੈਲ ਤੋਂ 31 ਮਈ ਤੱਕ (ਬਾਕੀ ਸਫ਼ਾ 2 'ਤੇ)

ਵਿਸ਼ੇਸ਼ ਮਹਿਮਾਨ ਸੰਪਾਦਕੀ

## ਹੁਣ ਅਮਨ ਹੀ ਲਾਜ਼ਿਮ ਹੈ ਨਸਲੇ ਆਦਮ ਕੇ ਲੀਏ

### "ਯਹ ਦਾਗ਼ ਦਾਗ਼ ਉਜਾਲਾ ਯੇ ਸ਼ਬ ਗਦੀਜ਼ਾ ਸਹਰ"

ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ 'ਤੇ ਮੀਡੀਆ ਵਿਸ਼ਲੇਸ਼ਕ

==================

ਅੱਜ ਇਹ ਸਵੇਰ ਜਿੱਤ ਦੀ ਨਹੀਂ—ਇਹ ਇੱਕ ਅਧੂਰੀ ਅਤੇ ਖ਼ੂਨੀ ਸਵੇਰ ਹੈ। ਆਓ, ਹੁਣ ਇਸ ਦੁਨੀਆਂ ਲਈ 'ਤੇ ਮਨੁੱਖ ਦੀ ਨਸਲ ਨੂੰ ਬਚਾਉਣ ਲਈ ਕੋਈ ਨਵੀਂ ਸਵੇਰ ਅਮਨ ਦੀ ਅਰਦਾਸ ਕਰੀਏ!

— ਮਨੁੱਖਤਾ ਨੂੰ ਬਚਾਉਣ ਦਾ ਇਕੱਲਾ ਰਸਤਾ ਇਹ ਹੀ ਹੈ।

ਜਦੋਂ ਧਰਤੀ 'ਤੇ ਅੱਗ ਵਰ੍ਹਦੀ ਹੋਵੇ, ਅਸਮਾਨ ਵੀ ਰੋ ਪੈਂਦਾ ਹੈ। ਅੱਜ ਦੀ ਦੁਨੀਆਂ ਵੀ ਇੱਕ ਐਸੀ ਹੀ ਕਸੌਟੀ ਵਿੱਚੋਂ ਲੰਘ ਰਹੀ ਹੈ—ਜਿੱਥੇ ਇਨਸਾਨ ਆਪਣੀ ਹੀ ਬਣਾਈ ਤਬਾਹੀ ਦੇ ਹਥਿਆਰਾਂ ਵਿੱਚ ਫਸ ਗਿਆ ਹੈ। ਯੂਕਰੇਨ ਦੇ ਖੰਡਰ, ਗਾਜ਼ਾ ਦੀ ਚੀਖ਼ ਅਤੇ ਖਾੜੀ ਦੀ ਬੇਚੈਨੀ—ਇਹ ਸਿਰਫ਼ ਖ਼ਬਰਾਂ ਨਹੀਂ, ਇਹ ਮਨੁੱਖਤਾ ਦੀਆਂ ਜ਼ਖ਼ਮੀ ਧੜਕਣਾਂ ਹਨ।

ਇਸ ਸਮੇਂ ਦੀ ਸਭ ਤੋਂ ਵੱਡੀ ਸੱਚਾਈ ਇਹ ਹੈ ਕਿ

ਹੁਣ ਅਮਨ ਹੀ ਲਾਜ਼ਿਮ ਹੈ। ਗੁਰਬਾਣੀ ਅਨੁਸਾਰ — ਅਮਨ ਦਾ ਅਸਲੀ ਮੰਤਰ ਹੈ। ਸਾਡੇ ਆਤਮਿਕ ਵਿਰਸੇ ਵਿੱਚ ਅਮਨ ਦੀ ਜੋ ਵਿਆਖਿਆ ਮਿਲਦੀ ਹੈ, ਉਹ ਸੰਸਾਰ ਦੇ ਕਿਸੇ ਵੀ ਫ਼ਲਸਫ਼ੇ ਤੋਂ ਘੱਟ ਨਹੀਂ। ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਗੁਰੂਆਂ ਦੀ ਬਾਣੀ ਸਿਰਫ਼ ਧਾਰਮਿਕ ਸਿੱਖਿਆ ਨਹੀਂ, ਸਗੋਂ ਜੀਵਨ ਦਾ ਮੂਲ ਮੰਤਰ ਹੈ।

ਗੁਰੂ ਨਾਨਕ ਦੇਵ ਜੀ ਦੀ ਬਾਣੀ ਅੱਜ ਵੀ ਸਾਨੂੰ ਰਾਹ ਦਿਖਾਉਂਦੀ ਹੈ—

ਨ ਕੋ ਬੈਰੀ ਨਹੀ ਬਿਗਾਨਾ, ਸਗਲ ਸੰਗ ਹਮ ਕਉ ਬਨ ਆਈ

ਇਸ ਪੰਕਤੀ ਵਿੱਚ ਅਮਨ ਦੀ ਸਭ ਤੋਂ ਵੱਡੀ ਪਰਿਭਾਸ਼ਾ ਹੈ—ਜਿੱਥੇ ਕੋਈ ਵੀ ਦੁਸ਼ਮਣ ਨਹੀਂ, ਹਰ ਕੋਈ ਆਪਣਾ ਹੈ। ਜਦ ਤੱਕ ਮਨੁੱਖਤਾ ਇਸ ਦਰਸ਼ਨ ਨੂੰ ਅਪਣਾਉਂਦੀ ਨਹੀਂ, ਜੰਗਾਂ ਖਤਮ ਨਹੀਂ ਹੋ ਸਕਦੀਆਂ। ਅਸਲ ਵਿੱਚ ਜੰਗ — ਮਨੁੱਖੀ ਅਹੰਕਾਰ ਦੀ ਹਾਰ ਹੈ। ਅੱਜ ਜੰਗ ਸਿਰਫ਼ ਸਿਆਸੀ ਹਕੂਮਤਾਂ ਦੀ ਟਕਰਾਰ ਨਹੀਂ ਹੁੰਦੀ, ਇਹ ਮਨੁੱਖੀ ਅਹੰਕਾਰ ਦੀ ਪ੍ਰਤੀਕ ਹੈ। ਜਦੋਂ ਇਨਸਾਨ ਆਪਣੀ ਸ਼ਕਤੀ ਨੂੰ ਸਾਬਤ ਕਰਨ ਲਈ ਦੂਜੇ ਨੂੰ ਮਿਟਾਉਣ ਦੀ ਕੋਸ਼ਿਸ਼ ਕਰਦਾ ਹੈ, ਤਦੋਂ ਉਹ ਆਪਣੀ ਹੀ ਮਨੁੱਖਤਾ ਨੂੰ ਖ਼ਤਮ ਕਰਦਾ ਹੈ।

ਫ਼ੈਜ਼ ਦੀ ਅਵਾਜ਼ ਇਸ ਦਰਦ ਨੂੰ ਬਿਆਨ ਕਰਦੀ ਹੈ—

ਯਹ ਦਾਗ਼ ਦਾਗ਼ ਉਜਾਲਾ ਯੇ ਸ਼ਬ ਗਦੀਜ਼ਾ ਸਹਰ

ਇਹ ਸਵੇਰ ਜਿੱਤ ਦੀ ਨਹੀਂ—ਇਹ ਇੱਕ ਅਧੂਰੀ ਅਤੇ ਖ਼ੂਨੀ ਸਵੇਰ ਹੈ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸਭ ਤੋਂ ਵੱਡੀ ਕੁਰਬਾਨੀ ਦੇ ਕੇ ਵੀ ਅਮਨ ਦਾ ਰਸਤਾ ਨਹੀਂ ਛੱਡਿਆ। ਉਹਨਾਂ ਦੀ ਬਾਣੀ ਵਿੱਚ ਅੰਦਰੂਨੀ ਸ਼ਾਂਤੀ ਦੀ ਜੋ ਗਹਿਰਾਈ ਹੈ, ਉਹ ਸਾਨੂੰ ਅੱਜ ਵੀ ਸਿੱਖਾਉਂਦੀ ਹੈ—'ਤੇਰਾ ਕੀਆ ਮੀਠਾ ਲਾਗੈ, ਹਰਿ ਨਾਮੁ ਪਦਾਰਥੁ ਨਾਨਕੁ ਮਾਂਗੈ, ਇਹ ਸ਼ਬਦ ਸਿਰਫ਼ ਸਹਿਣਸ਼ੀਲਤਾ ਨਹੀਂ, ਸਗੋਂ ਇਕ ਅਜਿਹਾ ਆਤਮਿਕ ਅਮਨ ਹੈ ਜੋ ਹਰ ਹਾਲਤ ਵਿੱਚ ਮਨੁੱਖ ਨੂੰ ਸਥਿਰ ਰੱਖਦਾ ਹੈ। ਜਿੱਥੇ ਗੁਰੂ ਬਾਣੀ ਅਮਨ ਦਾ ਰਾਹ ਦਿਖਾਉਂਦੀ ਹੈ, ਉੱਥੇ ਵਿਸ਼ਵ ਸਾਹਿਤ ਵੀ ਇਸੇ ਸੱਚ ਨੂੰ ਦੁਹਰਾਉਂਦਾ ਹੈ।

ਫਲਸਤੀਨੀ ਕਵੀ ਮਹਬੂਬ ਦਰਵੇਸ਼ ਦੀ ਕਵਿਤਾ ਵਿਚ ਅਸੀਂ ਜਿੱਤੇ ਹਾਂ ਤਾਂ ਕਿ ਅਸੀਂ ਯਾਦ ਰੱਖੀਏ, ਕਵਿਤਾ ਵਿੱਚ ਵਤਨ ਅਤੇ ਦਰਦ ਇਕ ਹੋ ਜਾਂਦੇ ਹਨ— ਪਾਬਲੋ ਨੇਰੂਦਾ ਦੀ ਅਵਾਜ਼ ਸੜਕਾਂ 'ਤੇ ਵਗਦੇ ਖ਼ੂਨ ਨੂੰ ਵੇਖਣ ਦੀ ਅਪੀਲ ਕਰਦੀ ਹੈ।

ਇਹ ਸਾਰੀਆਂ ਅਵਾਜ਼ਾਂ ਮਿਲ ਕੇ ਇੱਕੋ ਗੱਲ ਕਹਿੰਦੀਆਂ ਹਨ—ਕਿ ਇਸ ਧਰਤੀ 'ਤੇ ਅਮਨ ਹੀ ਜੀਵਨ ਹੈ।

---ਪਰ ਗੁਰੂ 'ਤੇਗ ਬਹਾਦਰ ਜੀ ਨੇ ਮਨੁੱਖਤਾ ਦੀ ਰੱਖਿਆ ਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਜਾਨ ਨਿਛਾਵਰ ਕਰ ਦਿੱਤੀ। ਉਹਨਾਂ ਦੀ ਬਾਣੀ ਅੱਜ ਵੀ ਸਾਨੂੰ ਡਰ ਤੋਂ ਮੁਕਤ ਹੋ ਕੇ ਅਮਨ ਦੇ ਰਸ'ਤੇ 'ਤੇ ਚੱਲਣ ਦੀ ਪ੍ਰੇਰਨਾ ਦਿੰਦੀ ਹੈ—

ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ

ਇਹ ਅਸਲੀ ਅਮਨ ਦੀ ਨੀਵ ਹੈ—ਨਾ ਕਿਸੇ ਨੂੰ ਡਰਾਉਣਾ, ਨਾ ਕਿਸੇ ਤੋਂ ਡਰਨਾ।

ਅਸਲ ਵਿੱਚ ਅਮਨ — ਅੰਦਰੋਂ ਬਾਹਰ ਤੱਕ ਦੀ ਯਾਤਰਾ ਹੈ। ਅੱਜ ਅਮਨ ਕਿਸੇ ਸਮਝੌਤੇ ਦਾ ਨਤੀਜਾ ਨਹੀਂ, ਇਹ ਇਕ ਆਤਮਿਕ ਅਵਸਥਾ ਹੈ। ਜਦੋਂ ਮਨੁੱਖ ਆਪਣੇ ਅੰਦਰ ਦੀ ਨਫ਼ਰਤ ਨੂੰ ਖਤਮ ਕਰਦਾ ਹੈ, ਤਦੋਂ ਹੀ ਬਾਹਰ ਅਮਨ ਕਾਇਮ ਹੁੰਦਾ ਹੈ, ਪਰ ਸਾਹਿਰ ਲੁਧਿਆਣਵੀ ਦਾ ਸਵਾਲ ਅੱਜ ਵੀ ਗੂੰਜਦਾ ਹੈ—

ਜੰਗ ਤਾ ਖ਼ੁਦ ਹੀ ਇੱਕ ਮਸਲਾ ਹੈ

ਅਤੇ ਇਸਦਾ ਜਵਾਬ ਗੁਰੂ ਬਾਣੀ ਦਿੰਦੀ ਹੈ—

ਪਿਆਰ ਹੀ ਅਸਲੀ ਰਸਤਾ ਹੈ। ਅੱਜ ਸਾਹਿਤ ਅਤੇ ਧਰਮ — ਇਕ ਸਾਂਝਾ ਮਿਸ਼ਨ ਹੈ। ਸਾਹਿਤ ਅਤੇ ਧਰਮ ਦੋਵੇਂ ਮਨੁੱਖਤਾ ਨੂੰ ਜੋੜਦੇ ਹਨ। ਜਦੋਂ ਇਹ ਦੋਵੇਂ ਇਕੱਠੇ ਹੋ ਜਾਂਦੇ ਹਨ, ਤਦੋਂ ਇਹ ਸੰਸਾਰ ਨੂੰ ਬਦਲ ਸਕਦੇ ਹਨ।

ਮਿਰਜ਼ਾ ਗ਼ਾਲਿਬ ਦਾ ਸ਼ੇਅਰ ਹੈ —

ਆਦਮੀ ਕੋ ਭੀ ਮਿਅਸਰ ਨਹੀਂ ਇਨਸਾਂ ਹੋਨਾ

ਸਾਨੂੰ ਯਾਦ ਦਿਵਾਉਂਦਾ ਹੈ ਕਿ ਇਨਸਾਨ ਬਣਨਾ ਹੀ ਸਭ ਤੋਂ ਵੱਡੀ ਜਿੱਤ ਹੈ।

ਅੱਜ ਦੀ ਇਹ ਸੁਬਹਾ ਸੂਰਜ ਦਾ ਸੱਚ ਹੈ। ਅਮਨ ਹੀ ਅਸਲੀ ਧਰਮ ਹੈ। ਅੱਜ ਦੀ ਦੁਨੀਆਂ ਵਿੱਚ ਜੇ ਕੋਈ ਇਕੋ ਇੱਕ ਰਾਹ ਹੈ ਜੋ ਮਨੁੱਖਤਾ ਨੂੰ ਬਚਾ ਸਕਦਾ ਹੈ, ਤਾਂ ਉਹ ਹੈ—ਅਮਨ। ਇਹ ਨਾ ਸਿਰਫ਼ ਇੱਕ ਨੈਤਿਕ ਲੋੜ ਹੈ, ਸਗੋਂ ਆਤਮਿਕ ਜ਼ਰੂਰਤ ਵੀ ਹੈ।

ਗੁਰੂ ਬਾਣੀ ਦਾ ਅੰਤਿਮ ਸੰਦੇਸ਼—

ਸਰਬੱਤ ਦਾ ਭਲਾ

ਸਿਰਫ਼ ਇੱਕ ਅਰਦਾਸ ਨਹੀਂ, ਇਹ ਮਨੁੱਖਤਾ ਦਾ ਸੰਵਿਧਾਨ ਹੈ।

ਹੁਣ ਸਮਾਂ ਆ ਗਿਆ ਹੈ ਕਿ ਅਸੀਂ ਇਤਿਹਾਸ ਤੋਂ ਸਿੱਖੀਏ ਅਤੇ ਆਪਣੇ ਭਵਿੱਖ ਨੂੰ ਬਚਾਈਏ। ਜੰਗਾਂ ਨੇ ਸਾਨੂੰ ਕੁੱਝ ਨਹੀਂ ਦਿੱਤਾ—ਸਿਵਾਏ ਦੁੱਖ ਦੇ। ਅੱਜ ਹੁਣ ਅਮਨ ਹੀ ਲਾਜ਼ਿਮ ਹੈ—ਕਿਉਂਕਿ ਇਹ ਸਿਰਫ਼ ਇਕ ਚੋਣ ਨਹੀਂ, ਇਹ ਮਨੁੱਖਤਾ ਦੀ ਆਖ਼ਰੀ ਉਮੀਦ ਹੈ।

ਆਦਰਸ਼ ਚੋਣ ਜ਼ਾਬਤੇ ਦੇ ਨਿਯਮਾਂ 'ਚ ਈ.ਸੀ. ਵੱਲੋਂ ਬਦਲਾਅ

## 'ਹੁਣ ਨੋਟਿਸ ਨਹੀਂ, ਸਿੱਧੇ ਦਰਜ ਹੋਵੇਗੀ ਐਫ.ਆਈ.ਆਰ.'

ਨਵੀਂ ਦਿੱਲੀ, 11 ਅਪ੍ਰੈਲ (ਚ.ਨ.ਸ.): ਭਾਰਤੀ ਚੋਣ ਕਮਿਸ਼ਨ (ਈ.ਸੀ.) ਨੇ ਆਦਰਸ਼ ਚੋਣ ਜ਼ਾਬਤੇ (ਐਮ.ਸੀ.ਸੀ.) ਦੀ ਉਲੰਘਣਾ ਨਾਲ ਨਜਿੱਠਣ ਲਈ ਆਪਣੇ ਦਹਾਕਿਆਂ ਪੁਰਾਣੇ ਨਿਯਮਾਂ ਵਿੱਚ ਇੱਕ ਵੱਡਾ ਬਦਲਾਅ ਕੀਤਾ ਹੈ। ਨਵੇਂ ਨਿਯਮਾਂ ਦੇ ਤਹਿਤ, ਚੋਣ ਕਮਿਸ਼ਨ ਹੁਣ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਲਈ ਨੋਟਿਸ ਜਾਰੀ ਕਰਨ ਦੀ ਬਜਾਏ ਸਿੱਧੇ ਤੌਰ 'ਤੇ ਐਫਆਈਆਰ ਦਰਜ ਕਰ ਰਿਹਾ ਹੈ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਲਿਆ ਗਿਆ ਇਹ ਫੈਸਲਾ ਚੋਣ ਪ੍ਰਕਿਰਿਆ ਨੂੰ 'ਤੇਜ਼ ਕਰਨ ਅਤੇ ਕਾਨੂੰਨੀ ਸਖ਼ਤੀ ਵਧਾਉਣ ਦੇ ਉਦੇਸ਼ ਨਾਲ ਹੈ। ਕਿਉਂਕਿ ਚੋਣਾਂ ਘੱਟ ਪੜਾਵਾਂ ਵਿੱਚ ਅਤੇ ਘੱਟ ਸਮੇਂ ਵਿੱਚ ਕਰਵਾਈਆਂ ਜਾ ਰਹੀਆਂ ਹਨ, ਇਸ ਲਈ ਨੋਟਿਸ ਜਾਰੀ ਕਰਨ, ਜਵਾਬ ਮੰਗਣ ਅਤੇ ਫੈਸਲੇ ਦੇਣ ਦੀ ਸਮਾਂ-ਬਰਬਾਦ ਪ੍ਰਕਿਰਿਆ ਨੂੰ ਹੁਣ ਚੋਣ ਪ੍ਰਚਾਰ ਦੇ ਸੀਮਤ ਸਮੇਂ ਦੇ ਅੰਦਰ ਪੂਰਾ ਕਰਨਾ ਮੁਸ਼ਕਲ ਹੈ। ਚੋਣ ਕਮਿਸ਼ਨ ਦੇ ਅਨੁਸਾਰ, (ਬਾਕੀ ਸਫਾ 2 'ਤੇ)

ਪੰਜਾਬ ਕੈਬਨਿਟ ਵੱਲੋਂ ਅਹਿਮ ਫ਼ੈਸਲੇ

# 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ-2026' ਨੂੰ ਮਨਜ਼ੂਰੀ

## ਹੁਣ ਬੇਅਦਬੀ ਦੇ ਦੋਸ਼ੀ ਨੂੰ 5 ਤੋਂ 25 ਲੱਖ ਰੁਪਏ ਤੱਕ ਦਾ ਲੱਗੇਗਾ ਜੁਰਮਾਨਾ

ਚੜ੍ਹਦੀਕਲਾ ਬਿਊਰੋ

=================

ਚੰਡੀਗੜ੍ਹ, 11 ਅਪ੍ਰੈਲ :ਪੰਜਾਬ ਮੰਤਰੀ ਮੰਡਲ ਨੇ ਸ਼ਨੀਵਾਰ ਨੂੰ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਨੂੰ ਹਰੀ ਝੰਡੀ ਦੇ ਦਿੱਤੀ ਹੈ, ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਲਈ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਲਾਜ਼ਮੀ ਸਜ਼ਾ ਦਾ ਪ੍ਰਬੰਧ ਕੀਤਾ ਗਿਆ ਹੈ। ਇਹ ਬਿੱਲ ਸੋਮਵਾਰ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਵਿੱਚ ਪੇਸ਼ ਕੀਤਾ ਜਾਵੇਗਾ। ਸੋਧਾਂ ਅਨੁਸਾਰ ਮੁਲਜ਼ਮਾਂ 'ਤੇ ਪੰਜ ਲੱਖ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਵੀ ਲਗਾਇਆ ਜਾਵੇਗਾ। ਜਾਂਚ ਦੀ ਪਾਰਦਰਸ਼ਤਾ ਲਈ ਇਹ ਤੈਅ ਕੀਤਾ ਗਿਆ ਹੈ ਕਿ ਡੀ.ਐਸ.ਪੀ. ਰੈਂਕ ਤੋਂ ਹੇਠਲਾ ਕੋਈ ਵੀ ਅਧਿਕਾਰੀ ਬੇਅਦਬੀ ਮਾਮਲੇ ਦੀ ਜਾਂਚ ਨਹੀਂ ਕਰੇਗਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਇਹ ਸੂਬੇ ਦਾ ਕਾਨੂੰਨ ਹੋਣ ਕਰਕੇ ਇਸ ਨੂੰ ਰਾਸ਼ਟਰਪਤੀ ਦੀ ਮਨਜ਼ੂਰੀ ਦੀ ਲੋੜ ਨਹੀਂ ਪਵੇਗੀ ਅਤੇ ਇਹ ਤੁਰੰਤ ਲਾਗੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ



ਅਕਸਰ ਬੇਅਦਬੀ ਪਿੱਛੇ ਮਾਸਟਰਮਾਈਂਡ ਬਚ ਨਿਕਲਦੇ ਹਨ, ਪਰ ਹੁਣ ਨਵਾਂ ਕਾਨੂੰਨ ਸਾਜਿਸ਼ਘੜਿਆਂ ਨੂੰ ਵੀ ਸਖ਼ਤ ਸਜ਼ਾ ਦੇਵੇਗਾ। ਚੀਮਾ ਨੇ ਪੁਰਾਣੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਭਾਰਤੀ ਨਿਆਂ ਸੰਹਿਤਾ ਦੀਆਂ ਮੌਜੂਦਾ ਧਾਰਾਵਾਂ ਅਜਿਹੇ ਅਪਰਾਧਾਂ ਨੂੰ ਰੋਕਣ ਲਈ ਕਾਫ਼ੀ ਨਹੀਂ ਸਨ, ਇਸ ਲਈ ਆਪਸੀ ਭਾਈਚਾਰਕ ਸਾਂਝ ਅਤੇ ਪਵਿੱਤਰਤਾ ਦੀ ਰਾਖੀ ਲਈ ਇਹ ਕਦਮ ਚੁੱਕਿਆ ਗਿਆ ਹੈ। ਉਨ੍ਹਾਂ ਉਮੀਦ ਜਤਾਈ ਕਿ ਬਿੱਲ ਵਿੱਚ ਕੀਤੀ ਗਈ ਇਸ ਸੋਧ ਤੋਂ ਬਾਅਦ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਨੱਥ ਪਾਈ ਜਾ ਸਕੇਗੀ।

ਖੇਡਾਂ ਦੇ ਖੇਤਰ ਵਿੱਚ ਪੰਜਾਬ ਇੱਕ ਨਵਾਂ ਇਤਿਹਾਸ ਸਿਰਜਣ ਜਾ ਰਿਹਾ ਹੈ। ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਪਹਿਲੀ ਵਾਰ ਪੰਜਾਬ ਦੀ ਧਰਤੀ 'ਤੇ ਏਸ਼ੀਅਨ ਹਾਕੀ ਚੈਂਪੀਅਨਸ਼ਿਪ ਵਰਗਾ ਵੱਡਾ ਕੌਮਾਂਤਰੀ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਸ ਟੂਰਨਾਮੈਂਟ ਲਈ ਸਰਕਾਰ ਵੱਲੋਂ 25.40 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਹਾਕੀ ਦੇ ਇਹ ਮੁਕਾਬਲੇ ਜਲੰਧਰ ਅਤੇ ਮੋਹਾਲੀ ਦੇ ਮੈਦਾਨਾਂ ਵਿੱਚ ਖੇਡੇ ਹੋਣਗੇ। ਪੇਂਡੂ ਵਿਕਾਸ ਨੂੰ ਹੁਲਾਰਾ ਦਿੰਦਿਆਂ ਸਰਕਾਰ ਨੇ ਪੰਜਾਬ ਦੇ ਹਰ ਪਿੰਡ ਵਿੱਚ (ਬਾਕੀ ਸਫ਼ਾ 2 'ਤੇ)

## ਸਾਲਸੀ ਵਿੱਚ ਏ.ਆਈ.ਦੀ ਵਰਤੋਂ ਨੂੰ ਨਿਯਮਤ ਕਰਨ ਦੀ ਲੋੜ: ਸੀ.ਜੇ.ਆਈ.

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 11 ਅਪ੍ਰੈਲ : ਭਾਰਤ ਦੇ ਮੁੱਖ ਜੱਜ (ਸੀ ਜੇ ਆਈ) ਸੂਰਿਆ ਕਾਂਤ ਨੇ ਕਿਹਾ ਹੈ ਕਿ ਗੁਪਤਤਾ ਅਤੇ ਸੁਤੰਤਰ ਫੈਸਲੇ ਲੈਣ ਦੀਆਂ ਚਿੰਤਾਵਾਂ ਕਾਰਨ ਆਰਬਿਟਰੇਸ਼ਨ (ਸਾਲਸੀ) ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਦੀ ਵਰਤੋਂ ਤੋਂ ਕਿਨਾਰਾ ਨਹੀਂ ਕਰਨਾ ਚਾਹੀਦਾ, ਸਗੋਂ ਇਸ ਦੀ ਵਰਤੋਂ ਨੂੰ ਇੱਕ ਯੋਗ ਢਾਂਚੇ ਰਾਹੀਂ ਨਿਯਮਤ ਕੀਤਾ ਜਾਣਾ ਚਾਹੀਦਾ ਹੈ।ਬੀਤੀ ਸ਼ਾਮ ਇੱਥੇ ਇੰਡੀਅਨ ਕੌਂਸਲ ਆਫ਼ ਆਰਬਿਟਰੇਸ਼ਨ ਦੀ ਦੋ ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ 'ਗਲੋਬਲਾਈਜ਼ੇਸ਼ਨ ਦੇ ਦੌਰ ਵਿੱਚ ਆਰਬਿਟਰੇਸ਼ਨ: ਲੀਗਲ ਟੈਕਨਾਲੋਜੀ, ਆਰਥਿਕ ਵਿਕਾਸ ਅਤੇ ਸਰਹੱਦ ਪਾਰ ਦੇ ਵਿਵਾਦ' ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕੀਤਾ। ਇਸ ਮੌਕੇ ਸੀ ਜੇ ਆਈ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਈਬਰ ਸੁਰੱਖਿਆ ਅਤੇ ਗੁਪਤਤਾ ਦੇ



ਪ੍ਰੋਟੋਕੋਲ ਤਕਨੀਕੀ ਤਬਦੀਲੀਆਂ ਦੇ ਨਾਲ ਕਦਮ ਮਿਲਾ ਕੇ ਚੱਲਣੇ ਚਾਹੀਦੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤਕਨਾਲੋਜੀ ਤੇਜ਼ ਰਫ਼ਤਾਰ ਵਾਲੀ ਦੁਨੀਆ ਵਿੱਚ ਆਰਬਿਟਰੇਸ਼ਨ ਦੀ ਇੱਕ ਸ਼ਕਤੀਸ਼ਾਲੀ ਸਹਿਯੋਗੀ ਬਣ ਸਕੇ। ਉਨ੍ਹਾਂ ਕਿਹਾ ਕਿ ਅਦਾਲਤਾਂ ਨੂੰ ਆਰਬਿਟਰੇਸ਼ਨ ਦੀ ਕਾਰਵਾਈ ਵਿੱਚ ਉਦੋਂ ਤੱਕ 'ਪੈਸਿਵ' (ਸ਼ਾਂਤ) ਰਹਿਣਾ ਚਾਹੀਦਾ ਹੈ ਜਦੋਂ ਤੱਕ ਇਹ ਸਪੱਸ਼ਟ ਤੌਰ 'ਤੇ ਨੁਕਸਾਨਦੇਹ ਨਾ ਹੋਵੇ ਅਤੇ ਆਰਬਿਟਰੇਸ਼ਨ ਵਿਰੋਧੀ ਹੁਕਮਨਾਮੇ ਸਿਰਫ਼ ਅਪਵਾਦ ਵਜੋਂ ਹੀ ਹੋਣੇ ਚਾਹੀਦੇ ਹਨ। ਸੀ.ਜੇ.ਆਈ. ਕਾਂਤ ਨੇ ਕਿਹਾ ਕਿ ਤਕਨੀਕੀ ਵਿਕਾਸ ਨੇ ਆਰਬਿਟਰੇਸ਼ਨ ਵਿੱਚ ਪਹੁੰਚ ਵਿੱਚ ਸੁਧਾਰ ਕੀਤਾ ਹੈ ਅਤੇ ਲੌਜਿਸਟਿਕਲ ਦੇਰੀ ਨੂੰ ਘਟਾਇਆ ਹੈ, ਖਾਸ ਕਰਕੇ ਉਨ੍ਹਾਂ ਮਾਮਲਿਆਂ ਵਿੱਚ ਜਿੱਥੇ ਭੂਗੋਲਿਕ ਪਾਬੰਦੀਆਂ ਸਨ, ਪਰ ਇਸ ਨੇ 'ਨਵੀਆਂ ਜ਼ਿੰਮੇਵਾਰੀਆਂ' ਵੀ ਲਿਆਂਦੀਆਂ ਹਨ।

ਉਨ੍ਹਾਂ ਕਿਹਾ, 'ਫੈਸਲੇ ਲੈਣ ਵਿੱਚ ਮਦਦ ਕਰਨ ਵਾਲੇ ਟੂਲਸ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਧਦੀ ਵਰਤੋਂ ਗੁਪਤਤਾ ਅਤੇ ਸੁਤੰਤਰ ਫੈਸਲੇ ਨੂੰ ਬਰਕਰਾਰ ਰੱਖਣ ਬਾਰੇ ਇੱਕ ਜਾਇਜ਼ ਚਿੰਤਾ ਪੈਦਾ ਕਰਦੀ ਹੈ। ਜਸਟਿਸ ਕਾਂਤ ਨੇ ਆਰਬਿਟਰੇਸ਼ਨ ਦੇ ਮਾਮਲਿਆਂ ਵਿੱਚ 'ਬਹੁਤ ਜ਼ਿਆਦਾ ਨਿਆਂਇਕ ਦਖਲਅੰਦਾਜ਼ੀ' ਵਿਰੁੱਧ ਚਿਤਾਵਨੀ (ਬਾਕੀ ਸਫ਼ਾ 2 'ਤੇ)

## ਪੰਜਾਬ ਦੇ ਸਰਕਾਰੀ ਵਿਭਾਗਾਂ ਸਿਰ ਪੀ.ਐਸ.ਪੀ.ਸੀ.ਐਲ. ਦਾ 2733 ਕਰੋੜ ਬਕਾਇਆ

ਪਟਿਆਲਾ, 11 ਅਪ੍ਰੈਲ (ਚ.ਨ.ਸ.): ਪੈਸੇ ਦੀ ਕਿੱਲਤ ਨਾਲ ਜੂਝ ਰਹੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ (ਪੀ.ਐਸ.ਪੀ.ਸੀ.ਐਲ.) ਜਿੱਥੇ ਪੂਰੇ ਪੰਜਾਬ ਵਿੱਚ ਸਮਾਰਟ ਮੀਟਰ ਲਗਾਉਣ 'ਤੇ ਜ਼ੋਰ ਦੇ ਰਹੀ ਹੈ, ਉੱਥੇ ਹੀ ਸਰਕਾਰੀ ਵਿਭਾਗਾਂ ਵੱਲ ਪੀ.ਐਸ.ਪੀ.ਸੀ.ਐਲ. ਦੀ ਡਿਫਾਲਟਿੰਗ ਰਕਮ ਹੁਣ 2733.52 ਕਰੋੜ ਰੁਪਏ ਤੱਕ ਪਹੁੰਚ ਗਈ ਹੈ। ਸਮਾਰਟ ਪ੍ਰੀਪੇਡ ਮੋਡ ਸਕੀਮ ਦੇ ਅਨੁਸਾਰ ਸਰਕਾਰੀ ਵਿਭਾਗਾਂ ਨੂੰ ਆਪਣੇ ਬਿਜਲੀ ਖਾਤੇ ਪਹਿਲਾਂ ਹੀ ਰੀਚਾਰਜ ਕਰਨੇ ਪੈਣਗੇ। ਪੀ.ਐਸ.ਪੀ.ਸੀ.ਐਲ. ਦੇ ਇੱਕ ਸੀਨੀਅਰ ਅਧਿਕਾਰੀ ਨੇ ਕਿਹਾ,'ਇੱਕ ਵਾਰ ਖਾਤੇ ਵਿੱਚੋਂ ਪੈਸੇ ਖ਼ਤਮ ਹੋ ਜਾਣ 'ਤੇ ਬਿਜਲੀ ਸਪਲਾਈ ਆਪਣੇ ਆਪ ਬੰਦ ਹੋ ਜਾਵੇਗੀ।' ਰਾਜ ਦੇ ਲਗਭਗ 52,000 ਅਜਿਹੇ ਕੁਨੈਕਸ਼ਨਾਂ ਵਿੱਚੋਂ ਲਗਭਗ 39,000 ਵਿੱਚ ਪਹਿਲਾਂ ਹੀ ਸਮਾਰਟ ਮੀਟਰ ਲਗਾਏ ਜਾ ਚੁੱਕੇ ਹਨ। ਬਕਾਇਆ ਬਿੱਲਾਂ ਦੇ ਅੰਕੜਿਆਂ ਅਨੁਸਾਰ ਜਲ ਸਪਲਾਈ ਅਤੇ (ਬਾਕੀ ਸਫ਼ਾ 2 'ਤੇ)

## ਬੰਗਾਲ 'ਚ ਭਾਜਪਾ ਸਰਕਾਰ ਬਣਨ 'ਤੇ ਘੁਸਪੈਠੀਆਂ ਨੂੰ ਛੱਡਣਾ ਪਵੇਗਾ ਦੇਸ਼: ਮੋਦੀ



ਚੜ੍ਹਦੀਕਲਾ ਬਿਊਰੋ

================

ਕਟਵਾ, :11 ਅਪ੍ਰੈਲ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੱਛਮੀ ਬੰਗਾਲ ਦੇ ਪੂਰਬੀ ਬਰਧਮਾਨ ਜ਼ਿਲ੍ਹੇ ਦੇ ਕਟਵਾ 'ਚ ਇਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਘੁਸਪੈਠ ਅਤੇ ਨਾਗਰਿਕਤਾ ਦੇ ਮੁੱਦਿਆਂ 'ਤੇ ਭਾਰਤੀ ਜਨਤਾ ਪਾਰਟੀ ਦਾ ਰੁਖ ਸਪੱਸ਼ਟ ਕੀਤਾ ਹੈ। ਉਨ੍ਹਾਂ ਵਾਅਦਾ ਕੀਤਾ ਕਿ ਜੇਕਰ ਸੂਬੇ 'ਚ ਭਾਜਪਾ ਸੱਤਾ 'ਚ ਆਉਂਦੀ ਹੈ, ਤਾਂ ਮਤੂਆ ਅਤੇ ਨਾਮਸ਼ੂਦਰ ਸ਼ਰਨਾਰਥੀ ਪਰਿਵਾਰਾਂ ਨੂੰ ਨਾਗਰਿਕਤਾ ਦੇਣ ਦੀ ਪ੍ਰਕਿਰਿਆ 'ਚ 'ਤੇਜ਼ੀ ਲਿਆਂਦੀ ਜਾਵੇਗੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਜਪਾ ਨੇ ਸ਼ਰਨਾਰਥੀਆਂ ਨੂੰ ਨਾਗਰਿਕਤਾ ਦੇਣ ਲਈ ਹੀ ਨਾਗਰਿਕਤਾ (ਬਾਕੀ ਸਫ਼ਾ 2 'ਤੇ)

## ਨੌਜਵਾਨਾਂ ਦੇ ਖੇਤੀਬਾੜੀ ਨਾਲ ਜੁੜਨ 'ਤੇ ਵਧੇਗੀ ਕਿਸਾਨਾਂ ਦੀ ਆਮਦਨ: ਰਾਜਨਾਥ

ਰਾਈਸੇਨ (ਮੱਧ ਪ੍ਰਦੇਸ਼), 11 ਅਪ੍ਰੈਲ (ਚ.ਨ.ਸ.): ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਸ਼ਨੀਵਾਰ ਨੂੰ ਕਿਹਾ ਕਿ ਖੇਤੀਬਾੜੀ ਖੇਤਰ ਵਿੱਚ ਅਥਾਹ ਸੰਭਾਵਨਾਵਾਂ ਹਨ ਅਤੇ ਜੇਕਰ ਨੌਜਵਾਨ ਇਸ ਵਿੱਚ ਸ਼ਾਮਲ ਹੁੰਦੇ ਹਨ ਤਾਂ ਨਵੀਨਤਾ ਵਧੇਗੀ, ਕਿਸਾਨਾਂ ਦੀ ਆਮਦਨ ਵਧੇਗੀ ਅਤੇ ਦੇਸ਼ ਦੀ ਆਰਥਿਕਤਾ ਮਜ਼ਬੂਤ ਹੋਵੇਗੀ। ਇੱਥੇ ਤਿੰਨ ਦਿਨਾਂ 'ਉਨਤ ਕ੍ਰਿਸ਼ੀ ਮਹੋਤਸਵ' ਵਿੱਚ ਮੁੱਖ ਮਹਿਮਾਨ ਵਜੋਂ ਬੋਲਦਿਆਂ, ਸਿੰਘ ਨੇ ਕਿਹਾ, 'ਨੌਜਵਾਨਾਂ ਕੋਲ ਗਿਆਨ, ਊਰਜਾ ਅਤੇ ਨਵੀਨਤਾ ਦੀ ਸਮਰੱਥਾ ਹੈ, ਜਿਸਨੂੰ ਖੇਤੀਬਾੜੀ ਵਿੱਚ ਲਗਾਉਣ ਦੀ ਲੋੜ ਹੈ। ਡਰੋਨ, ਸੈਂਸਰ ਅਤੇ ਮੋਬਾਈਲ ਤਕਨਾਲੋਜੀ ਰਾਹੀਂ ਖੇਤੀ ਨੂੰ (ਬਾਕੀ ਸਫ਼ਾ 2 'ਤੇ)

## ਪੰਜਾਬ 'ਚ ਚੱਲਣਗੀਆਂ ਤੇਜ਼ ਹਵਾਵਾਂ, ਮੌਸਮ ਰਹੇਗਾ ਖ਼ੁਸ਼ਕ

ਚੜ੍ਹਦੀਕਲਾ ਬਿਊਰੋ

=================

ਚੰਡੀਗੜ੍ਹ, 11 ਅਪ੍ਰੈਲ :ਪੰਜਾਬ ਦੇ ਮੌਸਮ ਨੂੰ ਲੈ ਕੇ ਵੱਡੀ ਅਪਡੇਟ ਸਾਹਮਣੇ ਆਈ ਹੈ। ਅਗਲੇ ਦਿਨਾਂ ਦੌਰਾਨ ਗਰਮੀ ਕਹਿਰ ਵਰ੍ਹਾਏਗੀ। ਮੌਸਮ ਵਿਭਾਗ ਵੱਲੋਂ ਆਉਣ ਵਾਲੇ ਦਿਨਾਂ ਲਈ ਨਵੀਂ ਜਾਣਕਾਰੀ ਸਾਂਝੀ ਕਰਦੇ ਕਿਹਾ ਗਿਆ ਹੈ ਕਿ ਅਗਲੇ ਦਿਨਾਂ ਦੌਰਾਨ ਮੌਸਮ ਖ਼ੁਸ਼ਕ ਰਹੇਗਾ। 16 ਤਾਰੀਖ਼ ਤੱਕ ਮੌਸਮ ਬਿਲਕੁਲ ਸਾਫ਼ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ। ਫਿਰ 16 ਅਪ੍ਰੈਲ ਤੋਂ ਬਾਅਦ ਪੰਜਾਬ ਦੇ ਮੌਸਮ 'ਚ ਬਦਲਾਅ ਵੇਖਣ ਨੂੰ ਮਿਲਣਗੇ। ਮੀਂਹ ਸਬੰਧੀ ਵਿਭਾਗ ਵੱਲੋਂ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਹਾਲਾਂਕਿ ਇਕ-ਅੱਧ ਦਿਨ ਬੱਦਲਵਾਈ ਰਹਿ ਸਕਦੀ ਹੈ ਪਰ ਬਾਰਿਸ਼ ਦੇ ਕੋਈ ਆਸਾਰ ਨਹੀਂ ਹਨ। ਇਸ ਦੌਰਾਨ, ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ ਅਤੇ ਨਵਾਂਸ਼ਹਿਰ 'ਚ ਵੱਧ ਤੋਂ ਵੱਧ ਤਾਪਮਾਨ 28 ਤੋਂ 30 ਡਿਗਰੀ ਸੈਲਸੀਅਸ ਰਹਿਣ ਦੀ ਉਮੀਦ ਹੈ ਜਦਕਿ ਲੁਧਿਆਣਾ, ਪਟਿਆਲਾ, ਸੰਗਰੂਰ, ਬਰਨਾਲਾ, ਮਲੇਰਕੋਟਲਾ ਅਤੇ ਮੋਗਾ 'ਚ ਤਾਪਮਾਨ 30 ਤੋਂ 32 ਡਿਗਰੀ ਤੱਕ ਹੋ ਸਕਦਾ ਹੈ। ਉਥੇ ਹੀ ਬਠਿੰਡਾ, ਮਾਨਸਾ ਅਤੇ (ਬਾਕੀ ਸਫ਼ਾ 2 'ਤੇ)

ਮਨਾਲੀ ਦੇ ਸੈਰ-ਸਪਾਟਾ ਸਥਾਨਾਂ 'ਤੇ ਵੀਕੈਂਡ 'ਤੇ ਤਾਜ਼ਾ ਬਰਫ਼ਬਾਰੀ

## ਅਮਰੀਕਾ-ਈਰਾਨ ਸ਼ਾਂਤੀ ਗੱਲਬਾਤ ਵਿਚਾਲੇ 'ਮੀਨਾਬ ਦੇ ਸ਼ਹੀਦ ਬੱਚਿਆਂ' ਦੀਆਂ ਤਸਵੀਰਾਂ ਨੇ ਸਭ ਨੂੰ ਝੰਜੋੜਿਆ

ਇਸਲਾਮਾਬਾਦ, 11 ਅਪ੍ਰੈਲ (ਚ.ਨ.ਸ.):ਈਰਾਨ ਦਾ ਇੱਕ ਵਫ਼ਦ, ਜਿਸ ਦੀ ਅਗਵਾਈ ਸਪੀਕਰ ਮੁਹੰਮਦ ਬਾਕਰ ਕਾਲੀਬਾਫ ਕਰ ਰਹੇ ਹਨ, ਚੱਲ ਰਹੇ ਸੰਘਰਸ਼ ਵਿੱਚ ਹੋਏ ਮਨੁੱਖੀ ਨੁਕਸਾਨ ਦੀ ਯਾਦ ਦਿਵਾਉਣ ਵਾਲੀਆਂ ਚੀਜ਼ਾਂ ਲੈ ਕੇ ਇਸਲਾਮਾਬਾਦ ਪਹੁੰਚਿਆ। ਉਨ੍ਹਾਂ ਦੀ ਉਡਾਣ ਦੀ ਅਗਲੀ ਕਤਾਰ ਵਿੱਚ ਖ਼ੂਨ ਨਾਲ ਲੱਥਪੱਥ ਸਕੂਲੀ ਬੈਗ, ਜੁੱਤੇ, ਚਿੱਟੇ ਫੁੱਲ ਅਤੇ ਮੀਨਾਬ ਦੇ ਬੱਚਿਆਂ ਦੀਆਂ ਤਸਵੀਰਾਂ ਰੱਖੀਆਂ ਗਈਆਂ ਸਨ, ਜੋ (ਬਾਕੀ ਸਫ਼ਾ 2 'ਤੇ)







ਪੋਕਸੋ ਐਕਟ 'ਚ ਸਜ਼ਾ 'ਤੇ ਹਾਈ ਕੋਰਟ ਦਾ ਫ਼ੈਸਲਾ

## 'ਨਾਬਾਲਗ ਪੀੜਤ ਦੀ ਉਮਰ ਜਿੰਨੀ ਘੱਟ ਦੋਸ਼ੀ ਨੂੰ ਸਜ਼ਾ ਓਨੀ ਵੱਧ'

ਚੰਡੀਗੜ੍ਹ, 11 ਅਪ੍ਰੈਲ (ਚ.ਨ.ਸ.):ਇੱਕ ਮਹੱਤਵਪੂਰਨ ਫੈਸਲੇ ਵਿੱਚ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਬੱਚਿਆਂ ਵਿਰੁੱਧ ਜਿਨਸੀ ਸ਼ੋਸ਼ਣ ਦੇ ਮਾਮਲਿਆਂ ਵਿੱਚ ਸਜ਼ਾ ਲਈ ਇੱਕ ਨਵਾਂ ਮਿਆਰ ਸਥਾਪਤ ਕੀਤਾ ਹੈ। ਅਦਾਲਤ ਨੇ ਕਿਹਾ ਕਿ ਪੀੜਤ ਦੀ ਉਮਰ ਜਿੰਨੀ ਛੋਟੀ ਹੋਵੇਗੀ, ਅਪਰਾਧ ਲਈ ਸਜ਼ਾ ਓਨੀ ਹੀ ਵੱਡੀ ਹੋਵੇਗੀ। ਇਸ ਤੋਂ ਇਲਾਵਾ, ਅਪਰਾਧੀਆਂ ਦੀ ਗਿਣਤੀ ਵਧਣ ਦੇ ਨਾਲ-ਨਾਲ ਸਜ਼ਾ ਹੋਰ ਵੀ ਸਖ਼ਤ ਹੋਵੇਗੀ। ਇਹ ਮਾਮਲਾ ਲੁਧਿਆਣਾ ਵਿੱਚ ਇੱਕ 4 ਸਾਲਾ ਬੱਚੀ ਨਾਲ ਬਲਾਤਕਾਰ ਅਤੇ ਕਤਲ ਨਾਲ ਜੁੜਿਆ ਹੈ। ਦੋਸ਼ੀ, 28 ਸਾਲਾ ਸੋਨੂੰ ਸਿੰਘ, ਲੜਕੀ ਨੂੰ ਉਸਦੇ ਦਾਦਾ ਦੇ ਚਾਹ ਦੇ ਸਟਾਲ ਤੋਂ ਵਰਗਲਾ ਕੇ ਲੈ ਗਿਆ ਅਤੇ ਇਹ (ਬਾਕੀ ਸਫ਼ਾ 2 'ਤੇ)

## ਮਾਨ ਨੇ ਜਗਰਾਉਂ ਪੁੱਜ ਕੇ ਮਥੁਰਾ ਪੀੜਤ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਦਿੱਤਾ ਹਰ ਮਦਦ ਦਾ ਭਰੋਸਾ

ਵਿਸ਼ਾਲ ਅੱਤਰੇ ਆਰੀਅਨ ਅੱਤਰੇ/
ਵਿਸ਼ਾਲ ਸ਼ਰਮਾ

=================

ਜਗਰਾਉਂ/ਲੁਧਿਆਣਾ, 11 ਅਪ੍ਰੈਲ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਗਰਾਉਂ ਦਾ ਦੌਰਾ ਕਰਕੇ ਮਥੁਰਾ ਨੇੜੇ ਕਿਸ਼ਤੀ ਪਲਟਣ ਦੀ ਦੁਖਦਾਈ ਘਟਨਾ ਵਿੱਚ ਆਪਣੇ ਅਜ਼ੀਜ਼ ਗੁਆਉਣ ਵਾਲੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਪੀੜਤ ਪਰਿਵਾਰਾਂ ਨੂੰ ਸੰਕਟ ਦੀ ਇਸ ਘੜੀ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਇਸ ਘਟਨਾ ਦੌਰਾਨ ਹੋਏ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵ੍ਰਿੰਦਾਵਨ ਦੀ ਯਾਤਰਾ ਦੌਰਾਨ ਯਮੁਨਾ ਨਦੀ ਵਿੱਚ ਪੀੜਤਾਂ ਦੀ ਕਿਸ਼ਤੀ ਪਲਟ ਗਈ, ਜਿਸ ਵਿੱਚੋਂ ਹੁਣ ਤੱਕ 11 ਲਾਸ਼ਾਂ ਬਰਾਮਦ ਹੋਈਆਂ ਹਨ ਅਤੇ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਜਾਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ



ਸਰਕਾਰ ਲਗਾਤਾਰ ਉੱਤਰ ਪ੍ਰਦੇਸ਼ ਸਰਕਾਰ ਦੇ ਸੰਪਰਕ ਵਿੱਚ ਹੈ ਅਤੇ ਪੰਜਾਬ ਵੱਲੋਂ ਬਚਾਅ ਕਾਰਜਾਂ ਵਿੱਚ ਸਹਾਇਤਾ ਲਈ ਗੋਤਾਖੋਰਾਂ ਦੀਆਂ ਟੀਮਾਂ ਪਹਿਲਾਂ ਹੀ ਭੇਜੀਆਂ ਜਾ ਚੁੱਕੀਆਂ ਹਨ।

ਜਵਾਬਦੇਹੀ ਅਤੇ ਰੋਕਥਾਮ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਧਾਰਮਿਕ ਸਥਾਨਾਂ 'ਤੇ ਸਰਧਾਲੂਆਂ ਦੀ ਸੁਰੱਖਿਆ ਨੂੰ ਹਰ ਕੀਮਤ 'ਤੇ ਯਕੀਨੀ ਬਣਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਭਵਿੱਖ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਅਤੇ ਅਜਿਹੇ ਦੁਖਾਂਤ ਰੋਕਣ ਲਈ ਇਹ ਮਾਮਲਾ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਕੋਲ ਉਠਾਇਆ ਹੈ। ਮੀਡੀਆ ਨਾਲ ਗੱਲਬਾਤ (ਬਾਕੀ ਸਫ਼ਾ 2 'ਤੇ)

## ਅਮਰੀਕਾ 'ਚ ਇੱਕ ਦਹਾਕੇ ਦੌਰਾਨ ਸਿੱਖਾਂ ਵਿਰੁੱਧ ਨਫ਼ਰਤੀ ਅਪਰਾਧਾਂ ਵਿੱਚ ਹੋਇਆ 3700 ਫ਼ੀਸਦੀ ਵਾਧਾ

ਵਾਸ਼ਿੰਗਟਨ, 11 ਅਪ੍ਰੈਲ (ਚ.ਨ.ਸ.): ਅਮਰੀਕਾ ਵਿੱਚ ਸਿੱਖਾਂ ਵਿਰੁੱਧ ਨਫ਼ਰਤੀ ਅਪਰਾਧਾਂ ਵਿੱਚ ਲੰਬੇ ਸਮੇਂ ਤੋਂ ਭਾਰੀ ਵਾਧਾ ਦੇਖਿਆ ਗਿਆ ਹੈ। Axios ਦੁਆਰਾ ਹਵਾਲਾ ਦਿੱਤੇ ਗਏ ਸੰਘੀ ਜਾਂਚ ਬਿਊਰੋ ਦੇ ਮੁੱਢਲੇ ਅੰਕੜਿਆਂ ਅਨੁਸਾਰ, ਪਿਛਲੇ ਦਹਾਕੇ ਵਿੱਚ ਇਹਨਾਂ ਮਾਮਲਿਆਂ ਵਿੱਚ ਲਗਭਗ 3,700 ਫੀਸਦੀ ਵਾਧਾ ਹੋਇਆ ਹੈ। ਅੰਕੜੇ ਦਰਸਾਉਂਦੇ ਹਨ ਕਿ ਰਿਪੋਰਟ ਕੀਤੇ ਗਏ ਸਿੱਖ-ਵਿਰੋਧੀ ਨਫ਼ਰਤੀ ਅਪਰਾਧਾਂ ਦੀਆਂ ਘਟਨਾਵਾਂ 2015 ਵਿੱਚ ਸਿਰਫ਼ ਛੇ ਕੇਸਾਂ ਤੋਂ ਵਧ ਕੇ 2025 ਵਿੱਚ 228 ਕੇਸ ਹੋ ਗਈਆਂ ਹਨ, ਜੋ ਕਿ ਨਿਸ਼ਾਨਾ ਬਣਾ ਕੇ ਕੀਤੀ ਗਈ ਪੱਖਪਾਤੀ ਹਿੰਸਾ ਵਿੱਚ ਤੇਜ਼ੀ ਨਾਲ ਹੋਏ ਵਾਧੇ ਨੂੰ ਦਰਸਾਉਂਦਾ ਹੈ। ਹਾਲਾਂਕਿ 2024 ਦੇ ਮੁਕਾਬਲੇ 2025 ਵਿੱਚ ਅਮਰੀਕਾ ਵਿੱਚ ਕੁੱਲ ਨਫ਼ਰਤੀ ਅਪਰਾਧਾਂ ਦੀਆਂ ਘਟਨਾਵਾਂ ਵਿੱਚ 11 ਫੀਸਦੀ ਦੀ ਗਿਰਾਵਟ ਆਈ ਹੈ, ਪਰ ਇੱਕ ਦਹਾਕੇ ਦਾ ਵਿਆਪਕ ਰੁਝਾਨ ਉੱਪਰ ਵੱਲ (ਬਾਕੀ ਸਫ਼ਾ 2 'ਤੇ)

# ਜੈਰਾਮ ਰਮੇਸ਼ ਨੇ ਪਾਕਿਸਤਾਨ ਨੂੰ ਮਿਲੀ ਨਵੀਂ ਭੂਮਿਕਾ 'ਤੇ ਚੁੱਕੇ ਸਵਾਲ




ਨਵੀਂ ਦਿੱਲੀ, 11 ਅਪ੍ਰੈਲ (ਚ.ਨ.ਸ.): ਕਾਂਗਰਸ ਦੇ ਸੀਨੀਅਰ ਆਗੂ ਜੈਰਾਮ ਰਮੇਸ਼ ਨੇ ਕੇਂਦਰ ਦੀ ਮੋਦੀ ਸਰਕਾਰ ਦੀ ਵਿਦੇਸ਼ ਨੀਤੀ ਅਤੇ 'ਜੱਫੀ ਪਾਉਣ ਵਾਲੀ ਡਿਪਲੋਮੇਸੀ' 'ਤੇ ਨਿਸ਼ਾਨਾ ਵਿੰਨ੍ਹਿਆ ਹੈ। ਇਸਲਾਮਾਬਾਦ 'ਚ ਅੱਜ ਤੋਂ ਸ਼ੁਰੂ ਹੋ ਰਹੀ ਅਮਰੀਕਾ-ਈਰਾਨ ਬੈਠਕ ਦੇ ਹਵਾਲੇ ਨਾਲ ਰਮੇਸ਼ ਨੇ ਭਾਰਤ ਸਰਕਾਰ ਦੀ ਕੂਟਨੀਤਕ ਅਸਫਲਤਾ 'ਤੇ ਕਈ ਗੰਭੀਰ ਸਵਾਲ ਖੜ੍ਹੇ ਕੀਤੇ ਹਨ।

ਪਾਕਿਸਤਾਨ ਦੀ ਭੂਮਿਕਾ 'ਤੇ ਸਵਾਲ ਜੈਰਾਮ ਰਮੇਸ਼ ਨੇ ਸਵਾਲ ਕੀਤਾ ਕਿ ਅਪ੍ਰੈਲ 2025 ਦੇ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ, ਜਦੋਂ ਭਾਰਤ ਪਾਕਿਸਤਾਨ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਅਲੱਗ-ਥਲੱਗ ਕਰਨ ਦੀਆਂ ਕੋਸ਼ਿਸ਼ਾਂ ਕਰ ਰਿਹਾ ਸੀ, ਤਾਂ ਫਿਰ ਪਾਕਿਸਤਾਨ ਇਸ ਨਵੀਂ ਅਤੇ ਅਹਿਮ ਭੂਮਿਕਾ 'ਚ ਕਿਵੇਂ ਆ ਗਿਆ? ਉਨ੍ਹਾਂ ਯਾਦ ਦਿਵਾਇਆ ਕਿ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੀ ਸਰਕਾਰ ਨੇ 2008 ਦੇ ਮੁੰਬਈ ਹਮਲਿਆਂ ਤੋਂ ਬਾਅਦ ਪਾਕਿਸਤਾਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦੁਨੀਆਂ ਤੋਂ ਅਲੱਗ ਕਰ ਦਿੱਤਾ ਸੀ, ਜਦਕਿ ਮੌਜੂਦਾ ਸਰਕਾਰ ਅਜਿਹਾ ਕਰਨ 'ਚ ਨਾਕਾਮ ਰਹੀ ਹੈ।

ਅਮਰੀਕਾ ਅਤੇ ਚੀਨ ਨਾਲ ਸਬੰਧਾਂ 'ਤੇ ਘੇਰਿਆ ।

ਕਾਂਗਰਸ ਆਗੂ ਨੇ 'ਨਮਸਤੇ ਟਰੰਪ' ਅਤੇ 'ਹਾਊਡੀ ਮੋਦੀ' ਵਰਗੇ ਪ੍ਰੋਗਰਾਮਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇੰਨੇ ਪ੍ਰਚਾਰ ਦੇ ਬਾਵਜੂਦ ਭਾਰਤ ਨੇ ਅਮਰੀਕਾ ਨੂੰ ਪਾਕਿਸਤਾਨ ਨੂੰ ਇਹ ਨਵੀਂ ਭੂਮਿਕਾ ਦੇਣ ਦੀ ਇਜਾਜ਼ਤ ਕਿਵੇਂ ਦਿੱਤੀ? ਉਨ੍ਹਾਂ ਦੋਸ਼ ਲਾਇਆ ਕਿ ਮੋਦੀ ਸਰਕਾਰ ਨੇ ਅਮਰੀਕਾ ਨਾਲ ਇਕਪਾਸੜ ਵਪਾਰਕ ਸਮਝੌਤਾ ਕੀਤਾ, ਜਿਸ ਵਿੱਚ ਭਾਰਤ ਨੂੰ ਕੋਈ ਠੋਸ ਲਾਭ ਨਹੀਂ ਹੋਇਆ। ਇਸ ਦੇ ਨਾਲ ਹੀ ਉਨ੍ਹਾਂ ਚੀਨ ਪ੍ਰਤੀ ਸਰਕਾਰ ਦੀ ਨੀਤੀ ਨੂੰ 'ਸੰਤੁਲਿਤ ਆਤਮ ਸਮਰਪਣ' ਕਰਾਰ ਦਿੱਤਾ ਅਤੇ ਕਿਹਾ ਕਿ ਚੀਨ ਲਗਾਤਾਰ ਪਾਕਿਸਤਾਨ ਦਾ ਸਾਥ ਦੇ ਰਿਹਾ ਹੈਬ੍ਰਿਕਸ+ਅਤੇ ਪੱਛਮੀ ਏਸ਼ੀਆ ਦੇ ਹਾਲਾਤ

ਰਮੇਸ਼ ਨੇ ਕਿਹਾ ਕਿ ਭਾਰਤ ਮੌਜੂਦਾ ਸਮੇਂ ਬ੍ਰਿਕਸ+ ਦਾ ਪ੍ਰਧਾਨ ਹੈ, ਜਿਸ 'ਚ ਈਰਾਨ, ਯੂਏਈ ਅਤੇ ਸਊਦੀ ਅਰਬ ਵਰਗੇ ਦੇਸ਼ ਸ਼ਾਮਲ ਹਨ, ਫਿਰ ਵੀ ਭਾਰਤ ਨੇ ਸ਼ਾਂਤੀ ਜਾਂ ਵਿਚੋਲਗੀ ਲਈ ਕੋਈ ਪਹਿਲ ਕਿਉਂ ਨਹੀਂ ਕੀਤੀ? ਉਨ੍ਹਾਂ ਪੱਛਮੀ ਏਸ਼ੀਆ ਵਿੱਚ ਸ਼ਾਂਤੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਹੋਰਮੁਜ਼ ਜਲਡਮਰੂ ਦੀ ਸਥਿਤੀ 28 ਫਰਵਰੀ ਤੋਂ ਪਹਿਲਾਂ ਵਾਲੀ ਹੋਣੀ ਚਾਹੀਦੀ ਹੈ। ਉਨ੍ਹਾਂ ਪ੍ਰਧਾਨ ਮੰਤਰੀ ਮੋਦੀ ਦੇ ਇਜ਼ਰਾਈਲ ਦੌਰੇ ਦੇ ਸਮੇਂ 'ਤੇ ਵੀ ਸਵਾਲ ਚੁੱਕਦਿਆਂ ਇਸ ਨੂੰ 'ਗੈਰ-ਵਾਜਬ' ਦੱਸਿਆ, ਜਿਸ ਤੋਂ ਠੀਕ ਦੋ ਦਿਨ ਬਾਅਦ ਈਰਾਨ 'ਤੇ ਹਮਲੇ ਸ਼ੁਰੂ ਹੋਏ ਸਨ।

## ਭਾਜਪਾ ਨੇ ਚੋਣ ਕਮਿਸ਼ਨ ਰਾਹੀਂ ਮੇਰੀ ਉਮੀਦਵਾਰੀ ਰੱਦ ਕਰਵਾਉਣ ਦੀ ਕੋਸ਼ਿਸ਼ ਕੀਤੀ: ਮਮਤਾ



ਕੋਲਕਾਤਾ, 11 ਅਪ੍ਰੈਲ (ਚ.ਨ.ਸ.) : ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ਨੀਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ) 'ਤੇ ਤਿੱਖਾ ਹਮਲਾ ਕਰਦਿਆਂ ਦਾਅਵਾ ਕੀਤਾ ਕਿ ਭਾਜਪਾ ਨੇ ਚੋਣ ਕਮਿਸ਼ਨ ਦੀ ਮਦਦ ਨਾਲ ਉਨ੍ਹਾਂ ਵਿਰੁੱਧ ਝੂਠੇ ਕੇਸ ਦਰਜ ਕਰਵਾ ਕੇ ਭਵਾਨੀਪੁਰ ਸੀਟ ਤੋਂ ਉਨ੍ਹਾਂ ਦੀ ਉਮੀਦਵਾਰੀ ਰੱਦ ਕਰਵਾਉਣ ਦੀ ਸਾਜ਼ਿਸ਼ ਘੜੀ ਸੀ। ਉਨ੍ਹਾਂ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੇ ਵਰਕਰਾਂ ਅਤੇ ਆਮ ਲੋਕਾਂ ਦੇ ਸਹਿਯੋਗ ਸਦਕਾ ਵਿਰੋਧੀਆਂ ਦੀ ਇਹ ਕੋਸ਼ਿਸ਼ ਨਾਕਾਮ ਹੋ ਗਈ। ਪੱਛਮੀ ਮੇਦਿਨੀਪੁਰ ਜ਼ਿਲ੍ਹੇ ਦੇ ਕੇਸ਼ਿਆਰੀ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਬਨਰਜੀ ਨੇ ਦੋਸ਼ ਲਾਇਆ ਕਿ ਵਿਸ਼ੇਸ਼ ਗਹਿਨ ਪੜਤਾਲ (ਐਸ.ਆਈ.ਆਰ.) ਦੇ ਨਾਂ 'ਤੇ ਵੋਟਰ ਸੂਚੀਆਂ ਵਿੱਚੋਂ 90 ਲੱਖ ਵੋਟਰਾਂ ਦੇ ਨਾਂ 'ਜ਼ਬਰਦਸਤੀ' ਹਟਾ ਦਿੱਤੇ ਗਏ ਹਨ। ਉਨ੍ਹਾਂ ਕਿਹਾ, ਹਟਾਏ ਗਏ 90 ਲੱਖ ਵੋਟਰਾਂ ਵਿੱਚੋਂ 60 ਲੱਖ ਹਿੰਦੂ ਅਤੇ 30 ਲੱਖ ਮੁਸਲਿਮ ਹਨ। ਕੀ ਬੰਗਾਲੀ ਬੋਲਣ ਨਾਲ ਅਸੀਂ ਭਾਰਤੀ ਨਹੀਂ ਰਹਿ ਜਾਂਦੇ? ਕੀ ਸਾਨੂੰ ਵਾਰ-ਵਾਰ ਆਪਣੀ ਨਾਗਰਿਕਤਾ ਸਾਬਿਤ ਕਰਨ ਦੀ ਲੋੜ ਹੈ? ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਕੋਲ ਲੋਕਤੰਤਰੀ ਤਰੀਕੇ ਨਾਲ ਚੋਣ ਲੜਨ ਅਤੇ ਜਿੱਤਣ ਦਾ ਹੌਸਲਾ ਨਹੀਂ ਹੈ। ਇਸ ਲਈ ਉਹ ਫ਼ਰਜ਼ੀ ਤਰੀਕਿਆਂ ਨਾਲ ਵੋਟਾਂ ਹਥਿਆਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਖ਼ਦਸ਼ਾ ਜ਼ਾਹਿਰ ਕੀਤਾ ਕਿ ਭਾਜਪਾ ਚੋਣ ਨਤੀਜੇ ਆਪਣੇ ਪੱਖ ਵਿੱਚ ਕਰਨ ਲਈ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮ) ਨਾਲ ਵੀ ਛੇੜਛਾੜ ਦੀ ਯੋਜਨਾ ਬਣਾ ਰਹੀ ਹੈ। ਅਸੀਂ ਪੱਛਮੀ ਬੰਗਾਲ ਵਿੱਚ ਯੂਸੀਸੀ ਨੂੰ ਲਾਗੂ ਨਹੀਂ ਹੋਣ ਦਿਆਂਗੇ। ਜਦੋਂ ਬੰਗਾਲ ਵਿੱਚ ਸਾਡੀ ਚੌਥੀ ਵਾਰ ਜਿੱਤ ਤੋਂ ਬਾਅਦ ਭਾਜਪਾ ਦਿੱਲੀ ਦੀ ਸੱਤਾ ਤੋਂ ਲਾਂਭੇ ਹੋਵੇਗੀ, ਤਾਂ ਅਸੀਂ ਇਸ ਨੂੰ ਰੱਦ ਕਰ ਦਿਆਂਗੇ।

# ਸੋਨੇ ਅਤੇ ਚਾਂਦੀ ਦੀਆਂ ਕੀਮਤਾਂ 'ਚ ਵੱਡਾ ਉਲਟਫੇਰ, ਸੋਨਾ ਡਿੱਗਿਆ, ਚਾਂਦੀ ਨੇ ਕੀਤਾ ਹੈਰਾਨ




ਨਵੀਂ ਦਿੱਲੀ, 11 ਅਪ੍ਰੈਲ (ਚ.ਨ.ਸ.) : ਅਪ੍ਰੈਲ ਦਾ ਇਹ ਹਫ਼ਤਾ ਭਾਰਤੀ ਸਰਾਫਾ ਬਾਜ਼ਾਰ ਲਈ ਕਾਫ਼ੀ ਅਸਥਿਰ ਰਿਹਾ। ਇੰਡੀਆ ਬੁਲੀਅਨ ਐਂਡ ਜਵੈਲਰਜ਼ ਐਸੋਸੀਏਸ਼ਨ (ਆਈ.ਬੀ.ਜੇ.ਏ.) ਦੇ ਤਾਜ਼ਾ ਅੰਕੜਿਆਂ ਅਨੁਸਾਰ, ਸੋਨੇ ਅਤੇ ਚਾਂਦੀ ਦੋਵਾਂ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਵਾਧਾ ਅਤੇ ਗਿਰਾਵਟ ਆਈ, ਜਿਸ ਨਾਲ ਨਿਵੇਸ਼ਕ ਅਤੇ ਖਰੀਦਦਾਰ ਦੋਵੇਂ ਸਾਵਧਾਨ ਰੁਖ਼ ਅਪਣਾਉਂਦੇ ਦਿਖੇ।

ਹਫ਼ਤਾ ਦੀ ਸ਼ੁਰੂਆਤ 6 ਅਪ੍ਰੈਲ, 2026 ਨੂੰ 999 ਸ਼ੁੱਧਤਾ ਵਾਲੇ ਸੋਨੇ ਲਈ 1,48,899 ਪ੍ਰਤੀ 10 ਗ੍ਰਾਮ ਨਾਲ ਹੋਈ। 7 ਅਪ੍ਰੈਲ ਨੂੰ, ਕੀਮਤ ਥੋੜ੍ਹੀ ਜਿਹੀ ਡਿੱਗ ਕੇ 1,47,786 ਰੁਪਏ 'ਤੇ ਪਹੁੰਚ ਗਈ। ਹਾਲਾਂਕਿ, 8 ਅਪ੍ਰੈਲ ਨੂੰ, ਬਾਜ਼ਾਰ ਵਿੱਚ ਇੱਕ ਤੇਜ਼ ਤੇਜ਼ੀ ਦੇਖੀ ਗਈ, ਜਿਸ ਵਿੱਚ ਸੋਨੇ ਦੀਆਂ ਕੀਮਤਾਂ 1,51,121 ਰੁਪਏ ਤੱਕ ਪਹੁੰਚ ਗਈਆਂ। ਇਸ ਤੋਂ ਬਾਅਦ, 9 ਅਤੇ 10 ਅਪ੍ਰੈਲ ਨੂੰ ਕੀਮਤਾਂ 1.50 ਲੱਖ ਰੁਪਏ ਦੇ ਆਸਪਾਸ ਸਥਿਰ ਰਹੀਆਂ, ਅਤੇ ਸ਼ੁੱਕਰਵਾਰ ਨੂੰ, ਬਾਜ਼ਾਰ 1,50,327 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ।

**ਚਾਂਦੀ ਦੀਆਂ ਕੀਮਤਾਂ ਨੇ ਕੀਤਾ ਹੈਰਾਨ**

ਚਾਂਦੀ ਦੀ ਕੀਮਤ ਦੀ ਲਹਿਰ ਨੇ ਇਸ ਹਫ਼ਤੇ ਨਿਵੇਸ਼ਕਾਂ ਨੂੰ ਹੈਰਾਨ ਕਰ ਦਿੱਤਾ। 6 ਅਪ੍ਰੈਲ ਨੂੰ 234,043 ਪ੍ਰਤੀ ਕਿਲੋਗ੍ਰਾਮ ਤੋਂ ਸ਼ੁਰੂ ਹੋ ਕੇ, ਇਹ 7 ਅਪ੍ਰੈਲ ਨੂੰ 230,881 ਰੁਪਏ ਤੱਕ ਡਿੱਗ ਗਿਆ। ਹਾਲਾਂਕਿ, 8 ਅਪ੍ਰੈਲ ਨੂੰ, ਚਾਂਦੀ 244,041 ਰੁਪਏ ਤੱਕ ਪਹੁੰਚ ਗਈ। ਹਫ਼ਤੇ ਦੇ ਆਖਰੀ ਵਪਾਰਕ ਦਿਨ, ਚਾਂਦੀ 239,934 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਬੰਦ ਹੋਈ।

IBJA ਦੁਆਰਾ ਜਾਰੀ ਕੀਤੀਆਂ ਗਈਆਂ ਦਰਾਂ ਦੇਸ਼ ਭਰ ਵਿੱਚ ਵੈਧ ਹਨ, ਹਾਲਾਂਕਿ ਉਨ੍ਹਾਂ ਵਿੱਚ ਜੀ.ਐਸ.ਟੀ.ਅਤੇ ਮੇਕਿੰਗ ਚਾਰਜ ਸ਼ਾਮਲ ਨਹੀਂ ਹਨ। ਇਹ ਹਫ਼ਤਾ ਨਿਵੇਸ਼ਕਾਂ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਬਾਜ਼ਾਰ ਅਸਥਿਰ ਰਹਿੰਦਾ ਹੈ, ਇਸ ਲਈ ਖਰੀਦਦਾਰੀ ਕਰਨ ਤੋਂ ਪਹਿਲਾਂ ਰੁਝਾਨਾਂ ਨੂੰ ਸਮਝਣਾ ਮਹੱਤਵਪੂਰਨ ਹੈ।

# ਝੁੱਗੀਆਂ-ਝੌਂਪੜੀਆਂ 'ਚ ਲੱਗੀ ਅੱਗ, ਕਈ ਸਿਲੰਡਰ ਫਟੇ; 3 ਦੀ ਮੌਤ

ਮੁੰਬਈ, 11 ਅਪ੍ਰੈਲ (ਚ.ਨ.ਸ.) : ਮੁੰਬਈ ਦੇ ਮੀਰਾ ਭਯੰਦਰ ਇਲਾਕੇ ਵਿੱਚ ਇੱਕ ਵੱਡਾ ਹਾਦਸਾ ਵਾਪਰਿਆ। ਸ਼ੁੱਕਰਵਾਰ ਦੇਰ ਰਾਤ ਝੁੱਗੀਆਂ-ਝੌਂਪੜੀਆਂ ਵਿੱਚ ਭਿਆਨਕ ਅੱਗ ਲੱਗ ਗਈ, ਜਿਸ ਵਿੱਚ ਤਿੰਨ ਲੋਕਾਂ ਦੀ ਮੌਤ ਹੋ ਗਈ।

ਇਹ ਅੱਗ ਮੀਰਾ ਭਯੰਦਰ ਦੇ ਇੰਦਰਲੋਕ ਫੇਜ਼ 4 ਵਿੱਚ ਲੱਗੀ। ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਮੰਨਿਆ ਜਾ ਰਿਹਾ ਹੈ। ਇਸ ਭਿਆਨਕ ਘਟਨਾ ਵਿੱਚ ਦੋ ਬੱਚਿਆਂ ਅਤੇ ਇੱਕ 40 ਸਾਲਾ ਵਿਅਕਤੀ ਸਮੇਤ ਤਿੰਨ ਲੋਕਾਂ ਦੀ ਸੜ ਕੇ ਮੌਤ ਹੋ ਗਈ।ਅੱਗ ਇੰਨੀ ਭਿਆਨਕ ਸੀ ਕਿ ਇਸ ਕਾਰਨ ਕਈ ਗੈਸ ਸਿਲੰਡਰ ਫਟ ਗਏ, ਹਾਲਾਂਕਿ ਫਾਇਰ ਵਿਭਾਗ ਨੇ ਸਮੇਂ ਸਿਰ ਕਈਆਂ ਨੂੰ ਕੱਢਣ ਵਿੱਚ ਕਾਮਯਾਬੀ ਹਾਸਲ ਕਰ ਲਈ। ਫਾਇਰ ਵਿਭਾਗ ਅਤੇ ਪੁਲਿਸ ਮੌਕੇ 'ਤੇ ਪਹੁੰਚੇ ਅਤੇ ਘੰਟਿਆਂ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ, ਅਤੇ ਤਲਾਸ਼ੀ ਮੁਹਿੰਮ ਸਵੇਰੇ 1 ਵਜੇ ਤੱਕ ਜਾਰੀ ਰਹੀ।



# ਸੰਸਦ ਕੰਪਲੈਕਸ 'ਚ ਰਾਹੁਲ ਗਾਂਧੀ ਨੂੰ ਮਿਲੇ ਮੋਦੀ



ਨਵੀਂ ਦਿੱਲੀ, 11 ਅਪ੍ਰੈਲ (ਚ.ਨ.ਸ.) : ਸੰਸਦ ਕੰਪਲੈਕਸ ਵਿੱਚ ਸ਼ਨੀਵਾਰ ਨੂੰ ਅਜਿਹਾ ਨਜ਼ਾਰਾ ਦੇਖਣ ਨੂੰ ਮਿਲਿਆ, ਜਿਸ ਨੇ ਸਾਰਿਆਂ ਦਾ ਧਿਆਨ ਆਪਣੇ ਵੱਲ ਖਿੱਚ ਲਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਵਿਚਕਾਰ ਕਾਫ਼ੀ ਦੇਰ ਤੱਕ ਗੱਲਬਾਤ ਹੋਈ।

ਦਰਅਸਲ, ਪੀਐਮ ਮੋਦੀ ਆਪਣੀ ਕਾਰ ਤੋਂ ਬਾਹਰ ਨਿਕਲਦੇ ਹੋਏ ਦਿਖੇ ਅਤੇ ਰਾਹੁਲ ਗਾਂਧੀ ਨਾਲ ਕੁਝ ਦੇਰ, ਪਰ ਪੂਰੀ ਗੰਭੀਰਤਾ ਨਾਲ ਗੱਲਬਾਤ ਕਰਨ ਲਈ ਰੁਕੇ। ਦੋਵਾਂ ਨੇਤਾਵਾਂ ਨੇ ਆਪਸ ਵਿੱਚ ਕੁਝ ਗੱਲਾਂ ਕੀਤੀਆਂ ਅਤੇ ਇਹ ਗੱਲਬਾਤ ਕਾਫ਼ੀ ਸੁਖਦ ਲੱਗ ਰਹੀ ਸੀ। ਤਸਵੀਰਾਂ ਵਿੱਚ ਉਨ੍ਹਾਂ ਨੂੰ ਇੱਕ-ਦੂਜੇ ਦੇ ਕਰੀਬ ਖੜ੍ਹੇ ਹੋ ਕੇ ਪੂਰੀ ਇਕਾਗਰਤਾ ਨਾਲ ਗੱਲਬਾਤ ਕਰਦੇ ਹੋਏ ਦੇਖਿਆ ਗਿਆ।ਇਹ ਗੱਲਬਾਤ ਸੱਤਾਧਾਰੀ ਭਾਜਪਾ ਅਤੇ ਕਾਂਗਰਸ ਦੇ ਵਿਚਕਾਰ ਅਕਸਰ ਹੋਣ ਵਾਲੀ ਤਿੱਖੀ ਸਿਆਸੀ ਨੋਕ-ਝੋਕ ਦੇ ਵਿਚਕਾਰ ਸਭ ਤੋਂ ਵੱਖਰੀ ਸੀ। ਇਸ ਨੇ ਪ੍ਰਧਾਨ ਮੰਤਰੀ ਅਤੇ ਵਿਰੋਧੀ ਧਿਰ ਦੇ ਨੇਤਾ ਦੇ ਵਿਚਕਾਰ ਸਿੱਧੇ ਅਤੇ ਗੈਰ-ਰਸਮੀ ਸੰਵਾਦ ਦੀ ਇੱਕ ਦੁਰਲੱਭ ਝਲਕ ਪੇਸ਼ ਕੀਤੀ।

## ਕਪਾਹ ਦੇ ਘੱਟ ਰਹੇ ਰਕਬੇ ਦੀ ਮੁੜ

ਸਰਕਾਰੀ ਪੋਰਟਲ ਰਾਹੀਂ ਔਨਲਾਈਨ ਅਪਲਾਈ ਕਰ ਸਕਦੇ ਹਨ ਜੋ ਕਿ ਵੱਧ ਤੋਂ ਵੱਧ ਪੰਜ ਏਕੜ ਤੱਕ ਦਿੱਤੀ ਜਾਵੇਗੀ। ਸਬਸਿਡੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪ੍ਰਵਾਨਿਤ ਬੀਜਾਂ ਦੀਆਂ ਕਿਸਮਾਂ 'ਤੇ ਹੀ ਮਿਲੇਗੀ।

ਪਿਛਲੇ ਦਹਾਕਿਆਂ ਦੌਰਾਨ ਪੰਜਾਬ ਵਿੱਚ ਕਪਾਹ ਹੇਠ ਰਕਬਾ ਬਹੁਤ ਤੇਜ਼ੀ ਨਾਲ ਘਟਿਆ ਹੈ। 1980 ਦੇ ਦਹਾਕੇ ਵਿੱਚ ਇਹ ਰਕਬਾ 7 ਲੱਖ ਹੈਕਟੇਅਰ ਤੋਂ ਵੱਧ ਸੀ,ਜੋ ਕਿ 2024 ਵਿੱਚ ਘਟ ਕੇ ਕੇਵਲ 1 ਲੱਖ ਹੈਕਟੇਅਰ ਰਹਿ ਗਿਆ ਹੈ। ਇਸ ਦਾ ਮੁੱਖ ਕਾਰਨ ਗੁਲਾਬੀ ਸੁੰਡੀ ਦਾ ਹਮਲਾ, ਐੱਮ.ਐੱਸ.ਪੀ. ਤੋਂ ਘੱਟ ਬਾਜ਼ਾਰੀ ਕੀਮਤਾਂ ਅਤੇ ਖ਼ਰਾਬ ਮੌਸਮ ਹਨ।

ਹਾਲਾਂਕਿ ਸਰਕਾਰੀ ਯਤਨਾਂ ਸਦਕਾ 2025 ਵਿੱਚ ਰਕਬੇ 'ਚ ਮਾਮੂਲੀ ਵਾਧਾ ਹੋ ਕੇ ਇਹ 1.19 ਲੱਖ ਹੈਕਟੇਅਰ ਹੋ ਗਿਆ ਸੀ ਅਤੇ ਇਸ ਸਾਲ ਲਈ 1.26 ਲੱਖ ਹੈਕਟੇਅਰ ਦਾ ਟੀਚਾ ਮਿੱਥਿਆ ਗਿਆ ਹੈ। ਹਾਲ ਹੀ ਵਿੱਚ ਹੋਈ ਇੱਕ ਅੰਤਰ-ਰਾਜੀ ਸਲਾਹਕਾਰ ਫੋਰਮ ਦੌਰਾਨ ਪੀ.ਏ.ਯੂ. ਦੇ ਵਾਈਸ-ਚਾਂਸਲਰ ਸਤਬੀਰ ਸਿੰਘ ਗੋਸਲ ਨੇ ਕਪਾਹ ਦੀ ਖੇਤੀ ਨੂੰ ਮੁੜ ਸੁਰਜੀਤ ਕਰਨ ਲਈ ਇੱਕ ਰੂਪ ਰੇਖਾ ਪੇਸ਼ ਕੀਤੀ। ਉਨ੍ਹਾਂ ਕਿਹਾ, 'ਅਸੀਂ ਕਿਸਾਨਾਂ ਨੂੰ ਵੱਧ ਤੋਂ ਵੱਧ ਉਤਸ਼ਾਹਿਤ ਕਰਨ ਲਈ ਉੱਚ ਗੁਣਵੱਤਾ ਵਾਲੇ ਬੀਜਾਂ ਦੀ ਸਮੇਂ ਸਿਰ ਉਪਲਬਧਤਾ ਅਤੇ ਬੀ.ਟੀ. ਕਪਾਹ 'ਤੇ ਸਬਸਿਡੀ ਦੇਣ 'ਤੇ ਜ਼ੋਰ ਦਿੱਤਾ ਹੈ।' ਉਨ੍ਹਾਂ ਇਹ ਵੀ ਦੱਸਿਆ ਕਿ ਵਧੀਆ ਝਾੜ ਲੈਣ ਲਈ ਬਿਜਾਈ ਵੇਲੇ ਨਹਿਰੀ ਪਾਣੀ ਅਤੇ ਸਹੀ ਮਾਤਰਾ ਵਿੱਚ ਖਾਦਾਂ ਦੀ ਵਰਤੋਂ ਕਰਨੀ ਬਹੁਤ ਜ਼ਰੂਰੀ ਹੈ। ਹਾਲਾਂਕਿ, ਕਿਸਾਨ ਅਜੇ ਵੀ ਚਿੰਤਤ ਹਨ। ਬਠਿੰਡਾ ਦੇ ਇੱਕ ਕਿਸਾਨ ਸ਼ਰਨਜੀਤ ਸਿੰਘ ਨੇ ਚਿੱਟੀ ਮੱਖੀ ਅਤੇ ਗੁਲਾਬੀ ਸੁੰਡੀ ਦੇ ਵਾਰ-ਵਾਰ ਹੋਣ ਵਾਲੇ ਹਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ,'ਨੁਕਸਾਨ ਬਰਦਾਸ਼ਤ ਤੋਂ ਬਾਹਰ ਹੈ। ਕਈ ਵਾਰ ਸਪਰੇਅ ਕਰਨ ਤੋਂ ਬਾਅਦ ਵੀ ਝਾੜ ਦੀ ਕੋਈ ਗਾਰੰਟੀ ਨਹੀਂ ਹੁੰਦੀ।' ਉੱਥੇ ਹੀ ਪੰਜਾਬ ਦੇ ਖੇਤੀਬਾੜੀ ਡਾਇਰੈਕਟਰ ਗੁਰਜੀਤ ਸਿੰਘ ਬਰਾੜ ਨੇ ਦੱਸਿਆ ਕਿ ਕਪਾਹ ਦੀ ਖੇਤੀ ਘਟਣ ਦਾ ਵੱਡਾ ਕਾਰਨ ਕਿਸਾਨਾਂ ਦਾ ਝੋਨੇ ਵੱਲ ਵਧਿਆ ਰੁਝਾਨ ਹੈ। ਉਨ੍ਹਾਂ ਮੁਤਾਬਕ ਝੋਨੇ ਲਈ ਸਿੰਚਾਈ ਦਾ ਪੱਕਾ ਪ੍ਰਬੰਧ ਹੋਣਾ ਅਤੇ ਕਪਾਹ ਦੀ ਫ਼ਸਲ ਉੱਤੇ ਲਗਾਤਾਰ ਕੀੜਿਆਂ ਦੇ ਹਮਲੇ ਹੋਣ ਕਰਕੇ ਕਿਸਾਨਾਂ ਨੇ ਕਪਾਹ ਬੀਜਣੀ ਘਟਾ ਦਿੱਤੀ ਹੈ।

## 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ

ਸਟ੍ਰੀਟ ਲਾਈਟਾਂ ਲਗਾਉਣ ਦਾ ਫੈਸਲਾ ਕੀਤਾ ਹੈ। ਪੂਰੇ ਸੂਬੇ ਵਿੱਚ ਲੱਗਭੱਗ 3 ਲੱਖ ਸਟ੍ਰੀਟ ਲਾਈਟਾਂ ਲਗਾਈਆਂ ਜਾਣਗੀਆਂ। ਹਰ ਪਿੰਡ ਵਿੱਚ ਔਸਤਨ 27 ਲਾਈਟਾਂ ਲੱਗਣਗੀਆਂ। ਖਰਚੇ ਦਾ ਵੇਰਵਾ ਸਾਂਝਾ ਕਰਦਿਆਂ ਚੀਮਾ ਨੇ ਦੱਸਿਆ ਕਿ 70% ਹਿੱਸਾ ਸੂਬਾ ਸਰਕਾਰ ਪਾਵੇਗੀ ਜਦਕਿ ਬਾਕੀ 30% ਖਰਚਾ ਗ੍ਰਾਮ ਪੰਚਾਇਤਾਂ ਵੱਲੋਂ ਕੀਤਾ ਜਾਵੇਗਾ।

## 'ਹੁਣ ਨੋਟਿਸ ਨਹੀਂ, ਸਿੱਧੇ ਦਰਜ ਹੋਵੇਗੀ

ਨੋਟਿਸ ਅਤੇ ਚੇਤਾਵਨੀ ਵਰਗੇ ਕਦਮ ਅਕਸਰ ਬੇਅਸਰ ਸਾਬਤ ਹੁੰਦੇ ਹਨ, ਜਦੋਂ ਕਿ ਐਫਆਈਆਰ ਲੋਕ ਪ੍ਰਤੀਨਿਧਤਾ ਐਕਟ ਦੇ ਤਹਿਤ ਅਪਰਾਧੀਆਂ ਵਿਰੁੱਧ ਸਿੱਧੀ ਕਾਨੂੰਨੀ ਕਾਰਵਾਈ ਨੂੰ ਯਕੀਨੀ ਬਣਾ ਸਕਦੀਆਂ ਹਨ। ਇਸ ਵਾਰ, 7 ਅਪ੍ਰੈਲ ਨੂੰ ਅਸਾਮ ਵਿੱਚ ਇੱਕ ਚੋਣ ਰੈਲੀ ਦੌਰਾਨ ਮਲਿਕਾਰਜੁਨ ਖੜਗੇ ਦੁਆਰਾ ਕੀਤੀ ਗਈ ਫਿਰਕੂ ਟਿੱਪਣੀ ਲਈ (ਭਾਜਪਾ ਦੀ ਬੇਨਤੀ ਦੇ ਬਾਵਜੂਦ) ਜਾਂ 5 ਅਪ੍ਰੈਲ ਨੂੰ ਕਾਂਗਰਸ ਬੁਲਾਰੇ ਪਵਨ ਖੇੜਾ ਦੁਆਰਾ ਲਗਾਏ ਗਏ ਦੋਸ਼ ਲਈ ਕੋਈ ਐਮਸੀਸੀ ਨੋਟਿਸ ਜਾਰੀ ਨਹੀਂ ਕੀਤਾ ਗਿਆ ਸੀ ਕਿ ਅਸਾਮ ਦੇ ਮੁੱਖ ਮੰਤਰੀ ਦੀ ਪਤਨੀ ਕੋਲ ਕਈ ਪਾਸਪੋਰਟ ਹਨ। ਦੋਵਾਂ ਮਾਮਲਿਆਂ ਵਿੱਚ ਐਫਆਈਆਰ ਦਰਜ ਕੀਤੀਆਂ ਗਈਆਂ ਸਨ, ਕਿਉਂਕਿ ਆਦਰਸ਼ ਚੋਣ ਜ਼ਾਬ'ਤੇ ਅਧੀਨ ਜ਼ਿਆਦਾਤਰ ਉਲੰਘਣਾਵਾਂ - ਜਿਵੇਂ ਕਿ ਫਿਰਕੂ ਅਪੀਲਾਂ, ਨਿੱਜੀ ਹਮਲੇ, ਅਪਮਾਨਜਨਕ ਭਾਸ਼ਾ ਦੀ ਵਰਤੋਂ, ਭ੍ਰਿਸ਼ਟ ਅਭਿਆਸ, ਅਤੇ ਵੋਟਰਾਂ ਨੂੰ ਡਰਾਉਣਾ - ਪਹਿਲਾਂ ਹੀ ਅਪਰਾਧਿਕ ਕਾਨੂੰਨਾਂ ਅਤੇ ਲੋਕ ਪ੍ਰਤੀਨਿਧਤਾ ਐਕਟ ਦੇ ਦਾਇਰੇ ਵਿੱਚ ਆਉਂਦੀਆਂ ਹਨ, ਅਧਿਕਾਰੀਆਂ ਦਾ ਕਹਿਣਾ ਹੈ ਕਿ ਗੰਭੀਰ ਮਾਮਲਿਆਂ ਨਾਲ ਨਜਿੱਠਣ ਲਈ ਢੁਕਵੀਂ ਕਾਨੂੰਨੀ ਪ੍ਰਕਿਰਿਆ ਦੀ ਵਰਤੋਂ ਕੀਤੀ ਜਾ ਸਕਦੀ ਹੈ। ਇਹ ਚੋਣ ਕਮਿਸ਼ਨ ਨੂੰ ਚੋਣਾਂ ਦੇ ਸੁਚਾਰੂ ਸੰਚਾਲਨ 'ਤੇ ਆਪਣਾ ਪੂਰਾ ਧਿਆਨ ਕੇਂਦਰਿਤ ਕਰਨ ਦੀ ਆਗਿਆ ਦਿੰਦਾ ਹੈ। ਇੱਕ ਅਧਿਕਾਰੀ ਨੇ ਕਿਹਾ, 'ਜਦੋਂ ਕੋਈ ਅਪਰਾਧ ਸਪੱਸ਼ਟ ਤੌਰ 'ਤੇ ਸਾਬਤ ਹੁੰਦਾ ਹੈ, ਤਾਂ ਨੋਟਿਸ ਜਾਰੀ ਕਰਨ ਦੀ ਲੰਬੀ ਪ੍ਰਕਿਰਿਆ ਵਿੱਚ ਸ਼ਾਮਲ ਹੋਣ ਦੀ ਬਜਾਏ ਸਥਾਨਕ ਅਧਿਕਾਰੀਆਂ ਨੂੰ ਸਿੱਧੇ ਤੌਰ 'ਤੇ ਐਫਆਈਆਰ ਦਰਜ ਕਰਨ ਲਈ ਕਹਿਣਾ ਵਧੇਰੇ ਸਮਝਦਾਰੀ ਹੈ।' ਉਨ੍ਹਾਂ ਇਹ ਵੀ ਦੱਸਿਆ ਕਿ ਚੇਤਾਵਨੀਆਂ ਜਾਂ ਨਿੰਦਾ ਵਰਗੇ ਉਪਾਅ ਅਕਸਰ ਅਪਰਾਧਾਂ ਨੂੰ ਰੋਕਣ ਵਿੱਚ ਅਸਫਲ ਰਹਿੰਦੇ ਹਨ, ਅਤੇ ਉਹੀ ਉਲੰਘਣਾਵਾਂ ਦੁਹਰਾਉਂਦੀਆਂ ਰਹਿੰਦੀਆਂ ਹਨ। ਅਧਿਕਾਰੀਆਂ ਨੇ ਕਿਹਾ ਕਿ ਵਿਰੋਧੀ ਨੇਤਾਵਾਂ ਵਿਰੁੱਧ ਐਮਸੀਸੀ ਨੋਟਿਸ ਜਾਰੀ ਕਰਨ ਨਾਲ ਅਕਸਰ ਚੋਣ ਕਮਿਸ਼ਨ ਵਿਰੁੱਧ ਪੱਖਪਾਤ ਦੇ ਦੋਸ਼ ਲੱਗਦੇ ਹਨ। ਜਦੋਂ ਕਿ ਸੱਤਾਧਾਰੀ ਪਾਰਟੀ ਦੇ ਨੇਤਾ ਆਮ ਤੌਰ 'ਤੇ ਆਪਣੀ ਬਿਆਨਬਾਜ਼ੀ ਵਿੱਚ ਵਧੇਰੇ ਸੰਜਮ ਵਰਤਦੇ ਹਨ, ਵਿਰੋਧੀ ਨੇਤਾ ਅਕਸਰ ਵਧੇਰੇ ਹਮਲਾਵਰ ਰੁਖ਼ ਅਪਣਾਉਂਦੇ ਹਨ। ਇਸ ਦੇ ਉਲਟ, ਐਫ.ਆਈ.ਆਰ. ਦਰਜ ਕਰਨਾ ਇੱਕ ਸਹੀ ਕਾਨੂੰਨੀ ਪ੍ਰਕਿਰਿਆ ਦਾ ਹਿੱਸਾ ਹੈ, ਜਿਸ ਨਾਲ ਚੋਣ ਕਮਿਸ਼ਨ ਵਿਰੁੱਧ ਪੱਖਪਾਤ ਦੇ ਦੋਸ਼ਾਂ ਦੀ ਗੁੰਜਾਇਸ਼ ਕਾਫ਼ੀ ਘੱਟ ਜਾਂਦੀ ਹੈ। ਚੋਣ ਜ਼ਾਬਤਾ ਪਹਿਲੀ ਵਾਰ 1960 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੇਰਲਾ ਵਿੱਚ ਲਾਗੂ ਕੀਤਾ ਗਿਆ ਸੀ, ਅਤੇ 1991 ਵਿੱਚ ਟੀ.ਐਨ. ਸ਼ੇਸ਼ਨ ਦੇ ਕਾਰਜਕਾਲ ਦੌਰਾਨ ਰਾਸ਼ਟਰੀ ਪੱਧਰ 'ਤੇ ਇਸਨੂੰ ਹੋਰ ਸੁਧਾਰਿਆ ਗਿਆ ਸੀ; ਇਸ ਸਾਲ ਹੋਈਆਂ ਆਮ ਚੋਣਾਂ ਤੋਂ ਇਸਨੂੰ ਹੋਰ ਵੀ ਸਖ਼ਤੀ ਨਾਲ ਲਾਗੂ ਕੀਤਾ ਗਿਆ ਸੀ।

## ਸਾਲਸੀ ਵਿੱਚ ਏ.ਆਈ.ਦੀ ਵਰਤੋਂ ਨੂੰ

ਦਿੰਦਿਆਂ ਕਿਹਾ ਕਿ ਇਹ ਆਰਬਿਟਰੇਸ਼ਨ ਵਿੱਚ ਵਿਸ਼ਵਾਸ ਨੂੰ ਕਮਜ਼ੋਰ ਕਰਦਾ ਹੈ ਅਤੇ ਉਸ ਭਰੋਸੇ ਨੂੰ 'ਅਸਥਿਰ' ਕਰਨ ਦਾ ਜੋਖਮ ਪੈਦਾ ਕਰਦਾ ਹੈ ਕਿ ਧਿਰਾਂ ਆਪਣੇ ਸਮਝੌਤੇ ਦਾ ਸਨਮਾਨ ਕਰਨਗੀਆਂ ਅਤੇ ਟ੍ਰਿਬਿਊਨਲ ਨੂੰ ਆਪਣੀ ਪ੍ਰਕਿਰਿਆ ਨਿਰਧਾਰਤ ਕਰਨ ਦੀ ਇਜਾਜ਼ਤ ਦਿੱਤੀ ਜਾਵੇਗੀ।

## ਪੰਜਾਬ ਦੇ ਸਰਕਾਰੀ ਵਿਭਾਗਾਂ ਸਿਰ

ਸੈਨੀਟੇਸ਼ਨ, ਸਥਾਨਕ ਸਰਕਾਰਾਂ, ਪੇਂਡੂ ਵਿਕਾਸ 'ਤੇ ਪੰਚਾਇਤ ਅਤੇ ਸਿਹਤ 'ਤੇ ਪਰਿਵਾਰ ਭਲਾਈ ਵਿਭਾਗ ਕੁੱਲ ਡਿਫਾਲਟਿੰਗ ਰਕਮ ਦਾ 90% ਹਿੱਸਾ ਦੇਣਦਾਰ ਹਨ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਸਿਰ 1032.94 ਕਰੋੜ ਰੁਪਏ, ਸਥਾਨਕ ਸਰਕਾਰਾਂ ਸਿਰ 936.32 ਕਰੋੜ ਰੁਪਏ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਸਿਰ 363.07 ਕਰੋੜ ਰੁਪਏ ਅਤੇ ਸਿਹਤ 'ਤੇ ਪਰਿਵਾਰ ਭਲਾਈ ਵਿਭਾਗ ਸਿਰ 146.69 ਕਰੋੜ ਰੁਪਏ ਬਕਾਇਆ ਹਨ। ਪੰਜਾਬ ਸਰਕਾਰ ਦੇ ਇਹ ਚਾਰ ਮੁੱਖ ਡਿਫਾਲਟਰ ਵਿਭਾਗ ਕੁੱਲ 2733.52 ਕਰੋੜ ਵਿੱਚੋਂ 2479.65 ਕਰੋੜ ਰੁਪਏ ਦੇ ਦੇਣਦਾਰ ਹਨ। ਅਗਲੇ ਛੇ ਡਿਫਾਲਟਰ ਵਿਭਾਗਾਂ ਸਿਰ 155.71 ਕਰੋੜ ਰੁਪਏ ਬਕਾਇਆ ਹਨ, ਜਿਨ੍ਹਾਂ ਵਿੱਚ ਸੀਵਰੇਜ ਬੋਰਡ (63.02 ਕਰੋੜ ਰੁਪਏ), ਸਕੂਲ ਸਿੱਖਿਆ (31.10 ਕਰੋੜ ਰੁਪਏ), ਗ੍ਰਹਿ ਮਾਮਲੇ (26.92 ਕਰੋੜ ਰੁਪਏ), ਰੱਖਿਆ ਸੇਵਾਵਾਂ ਭਲਾਈ (13.72 ਕਰੋੜ ਰੁਪਏ), ਸਿੰਚਾਈ (10.90 ਕਰੋੜ ਰੁਪਏ) ਅਤੇ ਲੋਕ ਨਿਰਮਾਣ ਵਿਭਾਗ (9.47 ਕਰੋੜ ਰੁਪਏ) ਸ਼ਾਮਲ ਹਨ। ਬਾਕੀ 98.16 ਕਰੋੜ ਰੁਪਏ 45 ਹੋਰ ਵਿਭਾਗਾਂ ਵੱਲ ਬਕਾਇਆ ਹਨ, ਜਦੋਂ ਕਿ ਹੋਰ ਬਕਾਏ 31.09 ਕਰੋੜ ਰੁਪਏ ਹਨ। ਜ਼ੋਨ ਅਨੁਸਾਰ ਸਰਕਾਰੀ ਵਿਭਾਗਾਂ ਦੀ ਸਭ ਤੋਂ ਵੱਧ ਬਕਾਇਆ ਰਕਮ ਬਾਰਡਰ ਜ਼ੋਨ ਦੀ ਹੈ, ਜਿਸ ਤੋਂ ਬਾਅਦ ਵੈਸਟ ਜ਼ੋਨ ਦਾ ਨੰਬਰ ਆਉਂਦਾ ਹੈ। ਬਾਰਡਰ ਜ਼ੋਨ (642.81 ਕਰੋੜ ਰੁਪਏ), ਵੈਸਟ ਜ਼ੋਨ (630.88 ਕਰੋੜ ਰੁਪਏ), ਨਾਰਥ ਜ਼ੋਨ (422.23 ਕਰੋੜ ਰੁਪਏ), ਸਾਊਥ ਜ਼ੋਨ (396.24 ਕਰੋੜ ਰੁਪਏ) ਅਤੇ ਸੈਂਟਰਲ ਜ਼ੋਨ ਦੇ 333.50 ਕਰੋੜ ਰੁਪਏ ਬਕਾਇਆ ਰਾਸ਼ੀ ਹਨ। ਮੁਫ਼ਤ ਬਿਜਲੀ ਸਬਸਿਡੀ ਦੀਆਂ ਲੋਕ-ਲੁਭਾਊ ਸਕੀਮਾਂ ਅਤੇ ਉਸ ਦੇ ਬਦਲੇ ਭੁਗਤਾਨ ਵਿੱਚ ਹੋ ਰਹੀ ਦੇਰੀ ਨੇ ਨਕਦੀ ਦੀ ਤੰਗੀ ਝੱਲ ਰਹੀ ਪੀ.ਐਸ.ਪੀ.ਸੀ.ਐਲ. ਨੂੰ ਵਾਰ-ਵਾਰ ਕਰਜ਼ਾ ਲੈਣ ਲਈ ਮਜਬੂਰ ਕਰ ਦਿੱਤਾ ਹੈ, ਜਿਸ ਕਾਰਨ ਤਨਖਾਹਾਂ ਅਤੇ ਪੈਨਸ਼ਨਾਂ ਵਿੱਚ ਦੇਰੀ ਹੋ ਰਹੀ ਹੈ। ਪਿਛਲੇ ਸਾਲ ਪੰਜਾਬ ਸਟੇਟ ਇਲੈਕਟ੍ਰੀਸਿਟੀ ਬੋਰਡ ਇੰਜੀਨੀਅਰਜ਼ ਐਸੋਸੀਏਸ਼ਨ (ਪੀ.ਐਸ.ਈ.ਬੀ.ਈ.ਏ.) ਨੇ ਵੀ ਪੰਜਾਬ ਸਟੇਟ ਇਲੈਕਟ੍ਰੀਸਿਟੀ ਰੈਗੂਲੇਟਰੀ ਕਮਿਸ਼ਨ (ਪੀ.ਐਸ.ਈ.ਆਰ.ਸੀ.) ਨੂੰ ਅਪੀਲ ਕੀਤੀ ਸੀ ਕਿ ਉਹ ਜਨਤਕ ਹਿੱਤਾਂ ਦੀ ਰਾਖੀ ਲਈ ਸਰਕਾਰੀ ਵਿਭਾਗਾਂ ਵੱਲੋਂ ਬਕਾਇਆ ਭੁਗਤਾਨ ਨਾ ਕਰਨ ਦਾ ਸੂ-ਮੋਟੋ ਨੋਟਿਸ ਲਵੇ। ਪੰਜਾਬ ਸਰਕਾਰ ਦੀ ਵਨ ਟਾਈਮ ਸੈਟਲਮੈਂਟ (ਓ.ਟੀ.ਐਸ.) ਸਕੀਮ ਨੂੰ 2023 ਅਤੇ 2024 ਵਿੱਚ ਕਈ ਵਾਰ ਵਧਾਉਣ ਦੇ ਬਾਵਜੂਦ, ਡਿਫਾਲਟਰ ਵਿਭਾਗ ਆਪਣੇ ਬਕਾਏ ਕਲੀਅਰ ਕਰਨ ਵਿੱਚ ਲਗਾਤਾਰ ਢਿੱਲ ਵਰਤ ਰਹੇ ਹਨ।

## ਬੰਗਾਲ 'ਚ ਭਾਜਪਾ ਸਰਕਾਰ ਬਣਨ 'ਤੇ

(ਸੋਧ) ਐਕਟ (ਸੀ.ਏ.ਏ.) ਲਾਗੂ ਕੀਤਾ ਹੈ, ਜਦਕਿ ਸੱਤਾਧਾਰੀ ਤ੍ਰਿਣਮੂਲ ਕਾਂਗਰਸ (ਟੀ.ਐਮ.ਸੀ.) ਲੋਕਾਂ 'ਚ ਡਰ ਫੈਲਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ, 'ਮੈਂ ਮਤੂਆ ਅਤੇ ਨਾਮਸ਼ੂਦਰ ਸ਼ਰਨਾਰਥੀ ਪਰਿਵਾਰਾਂ ਨੂੰ ਦੱਸਣਾ ਚਾਹੁੰਦਾ ਹਾਂ ਕਿ ਉਹ ਦੇਸ਼ ਦੇ ਸੰਵਿਧਾਨ ਦੀ ਸੁਰੱਖਿਆ ਹੇਠ ਹਨ।' ਗੈਰ-ਕਾਨੂੰਨੀ ਘੁਸਪੈਠ ਦੇ ਮੁੱਦੇ 'ਤੇ ਸਖ਼ਤ ਰੁਖ਼ ਅਖਤਿਆਰ ਕਰਦਿਆਂ ਪੀ.ਐੱਮ. ਮੋਦੀ ਨੇ ਕਿਹਾ ਕਿ 'ਹੁਣ ਜਾਣ ਦਾ ਸਮਾਂ ਆ ਗਿਆ ਹੈ ਅਤੇ ਘੁਸਪੈਠੀਆਂ ਨੂੰ ਆਪਣਾ ਸਾਮਾਨ ਬੰਨ੍ਹਣਾ ਸ਼ੁਰੂ ਕਰ ਦੇਣਾ ਚਾਹੀਦਾ ਹੈ।" ਉਨ੍ਹਾਂ ਸਪੱਸ਼ਟ ਕੀਤਾ ਕਿ ਘੁਸਪੈਠੀਆਂ ਦੀ ਮਦਦ ਕਰਨ ਵਾਲਿਆਂ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਮਮਤਾ ਬੈਨਰਜੀ ਦੇ 15 ਸਾਲਾਂ ਦੇ ਸ਼ਾਸਨ ਨੇ ਬੰਗਾਲ 'ਚ ਸਿਰਫ ਡਰ ਦਾ ਮਾਹੌਲ ਪੈਦਾ ਕੀਤਾ ਹੈ। ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਭਾਜਪਾ ਸਰਕਾਰ ਤ੍ਰਿਣਮੂਲ ਕਾਂਗਰਸ ਦੇ ਭ੍ਰਿਸ਼ਟਾਚਾਰ 'ਤੇ 'ਵਾਈਟ ਪੇਪਰ' ਜਾਰੀ ਕਰੇਗੀ। ਉਨ੍ਹਾਂ ਵਾਅਦਾ ਕੀਤਾ ਕਿ ਭਾਜਪਾ ਦੀ ਸਰਕਾਰ ਬਣਨ 'ਤੇ ਪਹਿਲੀ ਕੈਬਨਿਟ ਮੀਟਿੰਗ 'ਚ ਹੀ 'ਆਯੁਸ਼ਮਾਨ ਭਾਰਤ' ਸਿਹਤ ਯੋਜਨਾ ਲਾਗੂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਜਪਾ ਮੌਜੂਦਾ ਯੋਜਨਾਵਾਂ ਨੂੰ ਨਹੀਂ ਰੋਕੇਗੀ, ਪਰ ਉਨ੍ਹਾਂ ਵਿੱਚ ਹੋ ਰਹੇ ਭ੍ਰਿਸ਼ਟਾਚਾਰ ਅਤੇ ਲੁੱਟ ਨੂੰ ਖਤਮ ਕਰੇਗੀ। ਦੱਸਣਯੋਗ ਹੈ ਕਿ ਪੱਛਮੀ ਬੰਗਾਲ ਦੀਆਂ 294 ਵਿਧਾਨ ਸਭਾ ਸੀਟਾਂ ਲਈ ਦੋ ਪੜਾਵਾਂ 'ਚ 23 ਅਪ੍ਰੈਲ ਅਤੇ 29 ਅਪ੍ਰੈਲ ਨੂੰ ਵੋਟਾਂ ਪੈਣਗੀਆਂ, ਜਦਕਿ ਵੋਟਾਂ ਦੀ ਗਿਣਤੀ 4 ਮਈ ਨੂੰ ਕੀਤੀ ਜਾਵੇਗੀ।

# ਪਹਿਲੇ ਸਫ਼ੇ ਦੀ ਬਾਕੀ

## ਅਮਰੀਕਾ-ਈਰਾਨ ਸ਼ਾਂਤੀ ਗੱਲਬਾਤ

ਇਸ ਤ੍ਰਾਸਦੀ ਦੀ ਗੰਭੀਰਤਾ ਨੂੰ ਦਰਸਾਉਂਦੀਆਂ ਹਨ।

ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਤਸਵੀਰ ਸਾਂਝੀ ਕਰਦੇ ਹੋਏ ਕਾਲੀਬਾਫ ਨੇ ਲਿਖਿਆ,ਇਸ ਫਲਾਈਟ ਵਿੱਚ ਮੇਰੇ ਸਾਥੀ ਮੀਨਾਬ 168 । ਇਸ ਤਸਵੀਰ ਵਿੱਚ ਉਹ ਬੱਚਿਆਂ ਦੇ ਸਮਾਨ ਅਤੇ ਫੋਟੋਆਂ ਵੱਲ ਦੇਖਦੇ ਨਜ਼ਰ ਆ ਰਹੇ ਹਨ। ਇਸ ਵਫ਼ਦ ਦਾ ਨਾਂ 'ਮੀਨਾਬ 168' ਰੱਖਿਆ ਗਿਆ ਹੈ, ਜੋ ਕਥਿਤ ਤੌਰ 'ਤੇ ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲਿਆਂ ਦੇ ਪਹਿਲੇ ਦਿਨ ਮਾਰੇ ਗਏ ਬੱਚਿਆ ਦੇ ਨਾਮ ਹੈ।ਦੱਖਣੀ ਅਫਰੀਕਾ ਵਿੱਚ ਈਰਾਨੀ ਦੂਤਾਵਾਸ ਨੇ ਇਸ ਸੰਦੇਸ਼ ਨੂੰ ਅੱਗੇ ਵਧਾਉਂਦੇ ਹੋਏ ਕਿਹਾ, 'ਅਸੀਂ ਮੀਨਾਬ ਦੇ ਬੱਚਿਆਂ ਨੂੰ ਕਦੇ ਨਹੀਂ ਭੁੱਲਾਂਗੇ।' ਈਰਾਨੀ ਅਧਿਕਾਰੀਆਂ ਅਨੁਸਾਰ, 28 ਫਰਵਰੀ ਨੂੰ ਦੱਖਣੀ ਈਰਾਨ ਦੇ ਕਸਬੇ ਮੀਨਾਬ ਵਿੱਚ 'ਸ਼ਜਰੇਹ ਤੈਯਬਾ' ਗਰਲਜ਼ ਐਲੀਮੈਂਟਰੀ ਸਕੂਲ 'ਤੇ ਹੋਏ ਇੱਕ ਕਥਿਤ ਹਮਲੇ ਦੌਰਾਨ 160 ਤੋਂ ਵੱਧ ਬੱਚੇ ਮਾਰੇ ਗਏ ਸਨ। ਹਾਲਾਂਕਿ, ਇਹਨਾਂ ਦਾਅਵਿਆਂ ਦੀ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ। ਕੁਝ ਦਿਨਾਂ ਬਾਅਦ, ਈਰਾਨ ਦੇ ਵਿਦੇਸ਼ ਮੰਤਰੀ ਸਈਦ ਅੱਬਾਸ ਅਰਾਗਚੀ ਨੇ ਇੱਕ ਤਸਵੀਰ ਸਾਂਝੀ ਕੀਤੀ, ਜਿਸ ਬਾਰੇ ਉਨ੍ਹਾਂ ਕਿਹਾ ਕਿ ਇਹ ਪੀੜਤਾਂ ਲਈ ਤਿਆਰ ਕੀਤੀਆਂ ਜਾ ਰਹੀਆਂ ਸਮੂਹਿਕ ਕਬਰਾਂ ਹਨ। ਉਨ੍ਹਾਂ ਨੇ ਇਸ ਹਮਲੇ ਨੂੰ 'ਠੰਢੇ ਖ਼ੂਨ ਨਾਲ ਕੀਤਾ ਗਿਆ ਕਤਲ' ਕਰਾਰ ਦਿੰਦਿਆਂ ਇਸ ਲਈ ਅਮਰੀਕਾ ਨੂੰ ਜ਼ਿੰਮੇਵਾਰ ਠਹਿਰਾਇਆ।

## ਪੰਜਾਬ 'ਚ ਚੱਲਣਗੀਆਂ ਤੇਜ਼

ਫਾਜ਼ਿਲਕਾ 'ਚ ਤਾਪਮਾਨ 32 ਤੋਂ 34 ਡਿਗਰੀ ਤੱਕ ਹੋ ਸਕਦਾ ਹੈ। ਫਿਰੋਜ਼ਪੁਰ, ਫਰੀਦਕੋਟ ਅਤੇ ਮੁਕਤਸਰ 'ਚ ਤਾਪਮਾਨ ਆਮ ਨਾਲੋਂ ਥੋੜ੍ਹਾ ਘੱਟ ਰਹੇਗਾ, ਜਦਕਿ ਹੋਰ ਥਾਵਾਂ 'ਤੇ ਇਹ ਆਮ ਦੇ ਆਸ-ਪਾਸ ਰਹਿਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਦੇ ਡਾਇਰੈਕਟਰ ਨੇ ਕਿਹਾ ਕਿ ਪੂਰੇ ਸੂਬੇ 'ਚ ਮੌਸਮ ਸਾਫ਼ ਅਤੇ ਖ਼ੁਸ਼ਕ ਰਹਿਣ ਦੀ ਉਮੀਦ ਹੈ, ਭਾਵ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ। ਉਨ੍ਹਾਂ ਕਿਹਾ ਕਿ ਅਗਲੇ ਤਿੰਨ ਦਿਨਾਂ ਤੱਕ 25 ਤੋਂ 35 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ 'ਤੇਜ਼ ਹਵਾਵਾਂ ਚੱਲਣ ਦੀ ਉਮੀਦ ਹੈ। ਇਸ ਤੋਂ ਇਲਾਵਾ ਅਗਲੇ ਸੱਤ ਦਿਨਾਂ ਵਿੱਚ ਦਿਨ ਦੇ ਤਾਪਮਾਨ ਵਿੱਚ 6 ਤੋਂ 8 ਡਿਗਰੀ ਸੈਲਸੀਅਸ ਦਾ ਵਾਧਾ ਹੋਣ ਦੀ ਉਮੀਦ ਹੈ, ਜਿਸ ਨਾਲ ਗਰਮੀ ਵਿੱਚ ਹੌਲੀ-ਹੌਲੀ ਵਾਧਾ ਹੋਵੇਗਾ।

ਹਿਮਾਚਲ ਪ੍ਰਦੇਸ਼ ਵਿੱਚ ਸ਼ੁੱਕਰਵਾਰ ਨੂੰ ਧੁੱਪ ਖਿੜਨ ਤੋਂ ਬਾਅਦ ਸ਼ਨੀਵਾਰ ਨੂੰ ਮੌਸਮ ਨੇ ਇੱਕ ਵਾਰ ਫਿਰ ਕਰਵਟ ਲੈ ਲਈ ਹੈ। ਪਹਾੜਾਂ 'ਤੇ ਬਰਫ਼ਬਾਰੀ ਦਾ ਦੌਰ ਸ਼ੁਰੂ ਹੋ ਗਿਆ ਹੈ। ਮਨਾਲੀ ਦੇ ਪ੍ਰਮੁੱਖ ਸੈਰ-ਸਪਾਟਾ ਸਥਾਨਾਂ ਜਿਵੇਂ ਕਿ ਸੋਲੰਗ ਨਾਲਾ, ਕੋਠੀ, ਗੁਲਾਬਾ ਅਤੇ ਅੰਜਨੀ ਮਹਾਦੇਵ ਵਿੱਚ ਵੀ ਬਰਫ਼ਬਾਰੀ ਹੋ ਰਹੀ ਹੈ ਜਦਕਿ ਮਨਾਲੀ ਸ਼ਹਿਰ ਵਿੱਚ ਮੀਂਹ ਪੈ ਰਿਹਾ ਹੈ। ਅਟਲ ਟਨਲ ਰੋਹਤਾਂਗ ਵਿੱਚ ਦੁਪਹਿਰ ਤੱਕ ਦੋ ਇੰਚ ਤਾਜ਼ਾ ਬਰਫ਼ਬਾਰੀ ਦਰਜ ਕੀਤੀ ਗਈ ਹੈ, ਜੋ ਲਗਾਤਾਰ ਜਾਰੀ ਹੈ। ਬਰਫ਼ਬਾਰੀ ਹੁੰਦੀ ਦੇਖ ਅਟਲ ਟਨਲ ਦੇ ਦੋਵੇਂ ਸਿਰਿਆਂ 'ਤੇ ਸੈਲਾਨੀਆਂ ਦਾ ਮੇਲਾ ਲੱਗ ਗਿਆ। ਸੈਲਾਨੀ ਅਪ੍ਰੈਲ ਮਹੀਨੇ ਵਿੱਚ ਬਰਫ਼ਬਾਰੀ ਦਾ ਆਨੰਦ ਲੈ ਕੇ ਬਹੁਤ ਰੋਮਾਂਚਿਤ ਹਨ। ਗੁਆਂਢੀ ਰਾਜਾਂ ਵਿੱਚ ਜਿੱਥੇ ਮੌਸਮ ਗਰਮ ਹੋਣ ਲੱਗਾ ਹੈ, ਉੱਥੇ ਹੀ ਪਹਾੜਾਂ ਵਿੱਚ ਬਰਫ਼ਬਾਰੀ ਦੇਖ ਕੇ ਸੈਲਾਨੀ ਬੇਹੱਦ ਖ਼ੁਸ਼ ਹਨ। ਵੀਕੈਂਡ 'ਤੇ ਮਨਾਲੀ ਵਿੱਚ ਵੱਡੀ ਗਿਣਤੀ ਵਿੱਚ ਸੈਲਾਨੀ ਪਹੁੰਚੇ ਹਨ, ਜਿਨ੍ਹਾਂ ਨੂੰ ਤਾਜ਼ਾ ਬਰਫ਼ਬਾਰੀ ਦੇਖਣ ਦਾ ਮੌਕਾ ਮਿਲਿਆ ਹੈ। ਸੈਲਾਨੀਆਂ ਦੀ ਆਮਦ ਕਾਰਨ ਮਨਾਲੀ ਦੇ ਹੋਟਲਾਂ ਵਿੱਚ ਵੀ ਬੁਕਿੰਗ ਕਾਫੀ ਚੰਗੀ ਦਰਜ ਕੀਤੀ ਗਈ ਹੈ। ਭਾਰੀ ਬਰਫ਼ਬਾਰੀ ਦੇ ਖ਼ਦਸ਼ੇ ਨੂੰ ਦੇਖਦੇ ਹੋਏ ਪ੍ਰਸ਼ਾਸਨ ਨੇ ਦੁਪਹਿਰ ਤੋਂ ਬਾਅਦ ਸੈਲਾਨੀਆਂ ਨੂੰ ਵਾਪਸ ਭੇਜਣਾ ਸ਼ੁਰੂ ਕਰ ਦਿੱਤਾ ਹੈ। ਲਾਹੌਲ ਦੇ ਕੋਕਸਰ ਤੋਂ ਸੈਲਾਨੀਆਂ ਨੂੰ ਪੁਲਿਸ ਨੇ ਅਟਲ ਟਨਲ ਦੇ ਪਾਰ ਮਨਾਲੀ ਵੱਲ ਭੇਜ ਦਿੱਤਾ। ਇਸ ਦੇ ਨਾਲ ਹੀ ਅਟਲ ਟਨਲ ਦੇ ਆਸ-ਪਾਸ ਵੀ ਭਾਰੀ ਗਿਣਤੀ ਵਿੱਚ ਸੈਲਾਨੀ ਪਹੁੰਚੇ ਹੋਏ ਸਨ, ਜਿਨ੍ਹਾਂ ਨੂੰ ਸੁਰੱਖਿਆ ਦੇ ਮੱਦੇਨਜ਼ਰ ਵਾਪਸ ਮੋੜਿਆ ਜਾ ਰਿਹਾ ਹੈ। ਟਰੈਵਲ ਏਜੰਟ ਐਸੋਸੀਏਸ਼ਨ ਹਿਮਾਚਲ ਪ੍ਰਦੇਸ਼ ਦੇ ਪ੍ਰਧਾਨ ਹੀਰਾ ਲਾਲ ਠਾਕੁਰ ਨੇ ਦੱਸਿਆ ਕਿ 15 ਅਪ੍ਰੈਲ ਤੋਂ ਸੈਰ-ਸਪਾਟਾ ਕਾਰੋਬਾਰ ਰਫ਼ਤਾਰ ਫੜੇਗਾ। ਉਨ੍ਹਾਂ ਕਿਹਾ ਕਿ ਗਰਮੀਆਂ ਦੇ ਸੀਜ਼ਨ ਲਈ ਐਡਵਾਂਸ ਬੁਕਿੰਗ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਸੈਰ-ਸਪਾਟਾ ਨਿਗਮ ਦੇ ਡੀ.ਜੀ.ਐਮ. ਬੀ.ਐਸ. ਓਕਟਾ ਨੇ ਦੱਸਿਆ ਕਿ ਸੈਰ-ਸਪਾਟਾ ਕਾਰੋਬਾਰ ਹੌਲੀ-ਹੌਲੀ ਗਤੀ ਫੜਨ ਲੱਗਾ ਹੈ। ਡੀ.ਐਸ.ਪੀ. ਮਨਾਲੀ ਕੇ.ਡੀ. ਸ਼ਰਮਾ ਨੇ ਦੱਸਿਆ ਕਿ ਅਟਲ ਟਨਲ ਵੱਲ ਗਏ ਸੈਲਾਨੀਆਂ ਨੂੰ ਦੁਪਹਿਰ ਤੋਂ ਬਾਅਦ ਵਾਪਸ ਭੇਜ ਦਿੱਤਾ ਗਿਆ ਹੈ। ਭਾਰੀ ਬਰਫ਼ਬਾਰੀ ਦੇ ਖ਼ਦਸ਼ੇ ਕਾਰਨ ਸੈਲਾਨੀਆਂ ਨੂੰ ਸਾਵਧਾਨੀ ਵਰਤਣ ਦੀ ਅਪੀਲ ਕੀਤੀ ਗਈ ਹੈ।

## ਨੌਜਵਾਨਾਂ ਦੇ ਖੇਤੀਬਾੜੀ ਨਾਲ ਜੁੜਨ 'ਤੇ ਵਧੇਗੀ ਕਿਸਾਨਾਂ

'ਸਮਾਰਟ' ਬਣਾਇਆ ਜਾ ਸਕਦਾ ਹੈ।'ਉਨ੍ਹਾਂ ਕਿਹਾ, 'ਸਰਕਾਰ ਇਸ ਦਿਸ਼ਾ ਵਿੱਚ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵੀ ਵਚਨਬੱਧ ਹੈ, ਤਾਂ ਜੋ ਭਵਿੱਖ ਵਿੱਚ ਖੇਤੀ ਮਾਣ ਵਾਲੀ ਗੱਲ ਬਣ ਸਕੇ ਅਤੇ ਸਾਡੇ ਕਿਸਾਨ ਪੂਰੀ ਸ਼ਾਨ, ਸਤਿਕਾਰ ਅਤੇ ਸਨਮਾਨ ਨਾਲ ਆਪਣਾ ਜੀਵਨ ਬਤੀਤ ਕਰ ਸਕਣ।' ਸਿੰਘ, ਜੋ ਪਹਿਲਾਂ ਦੇਸ਼ ਦੇ ਖੇਤੀਬਾੜੀ ਮੰਤਰੀ ਰਹਿ ਚੁੱਕੇ ਹਨ, ਨੇ ਕਿਹਾ ਕਿ ਦੇਸ਼ ਦੇ ਨੌਜਵਾਨ ਹਰ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰ ਰਹੇ ਹਨ ਅਤੇ ਤਕਨਾਲੋਜੀ ਅਤੇ ਨਵੀਨਤਾ ਵਿੱਚ ਉਨ੍ਹਾਂ ਦਾ ਯੋਗਦਾਨ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ, 'ਇਹ ਮਾਣ ਵਾਲੀ ਗੱਲ ਹੈ ਕਿ ਭਾਰਤੀ ਨੌਜਵਾਨ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾ ਰਹੇ ਹਨ।' ਕਿਸਾਨ ਦੇ ਖੇਤ ਤੋਂ ਮੰਡੀ ਤੱਕ ਦੇ ਸਫ਼ਰ ਦਾ ਹਵਾਲਾ ਦਿੰਦੇ ਸਿੰਘ ਨੇ ਕਿਹਾ ਕਿ ਉਹ ਸਿਰਫ਼ ਅਨਾਜ ਹੀ ਨਹੀਂ ਉਗਾਉਂਦਾ, ਉਹ ਪੂਰੀ ਆਰਥਿਕਤਾ ਨੂੰ ਉਗਾਉਂਦਾ ਹੈ।

## 'ਨਾਬਾਲ.ਗ ਪੀੜਤ ਦੀ ਉਮਰ ਜਿੰਨੀ ਘੱਟ ਦੋਸ਼ੀ

ਘਿਨਾਉਣਾ ਅਪਰਾਧ ਕੀਤਾ। ਹੇਠਲੀ ਅਦਾਲਤ ਨੇ ਉਸ ਨੂੰ ਦੋਸ਼ੀ ਠਹਿਰਾਇਆ ਅਤੇ ਮੌਤ ਦੀ ਸਜ਼ਾ ਸੁਣਾਈ। ਮੌਤ ਦੀ ਸਜ਼ਾ ਦੀ ਪੁਸ਼ਟੀ ਹੋਣ ਤੋਂ ਬਾਅਦ ਮਾਮਲਾ ਹਾਈ ਕੋਰਟ ਵਿੱਚ ਪਹੁੰਚਿਆ ਅਤੇ ਦੋਸ਼ੀ ਨੇ ਅਪੀਲ ਕੀਤੀ। ਜਸਟਿਸ ਅਨੂਪ ਚਿਤਕਾਰਾ ਅਤੇ ਜਸਟਿਸ ਸੁਖਵਿੰਦਰ ਕੌਰ ਦੇ ਡਿਵੀਜ਼ਨ ਬੈਂਚ ਨੇ ਕਿਹਾ ਕਿ ਭਾਰਤ ਵਿੱਚ ਪੋਕਸੋ ਮਾਮਲਿਆਂ ਵਿੱਚ ਸਜ਼ਾ ਸੁਣਾਉਣ ਲਈ ਕੋਈ ਸਪੱਸ਼ਟ ਦਿਸ਼ਾ-ਨਿਰਦੇਸ਼ ਨਹੀਂ ਹਨ, ਜਿਸ ਕਾਰਨ ਫੈਸਲੇ ਅਸੰਗਤ ਹੁੰਦੇ ਹਨ। ਇਸ ਕਮੀ ਨੂੰ ਦੂਰ ਕਰਨ ਲਈ ਅਦਾਲਤ ਨੇ ਇੱਕ ਮਿਆਰ ਤਿਆਰ ਕੀਤਾ ਹੈ ਜੋ ਸਜ਼ਾ ਤੈਅ ਕਰਨ ਲਈ ਸਹਿਮਤੀ ਦੀ ਕਾਨੂੰਨੀ ਉਮਰ ਨੂੰ ਆਧਾਰ ਮੰਨੇਗਾ। ਜਿਵੇਂ-ਜਿਵੇਂ ਪੀੜਤ ਦੀ ਉਮਰ ਇਸ ਸੀਮਾ ਤੋਂ ਹੇਠਾਂ ਆਉਂਦੀ ਹੈ, ਸਜ਼ਾ ਵਧਦੀ ਜਾਵੇਗੀ। ਜੇ ਅਪਰਾਧ ਵਿੱਚ ਇੱਕ ਤੋਂ ਵੱਧ ਦੋਸ਼ੀ ਹਨ, ਤਾਂ ਸਜ਼ਾ ਵਧੇਰੇ ਸਖ਼ਤ ਹੋਵੇਗੀ। ਅਦਾਲਤ ਨੇ ਪਾਇਆ ਕਿ ਪੀੜਤਾ 5 ਸਾਲ ਤੋਂ ਘੱਟ ਉਮਰ ਦੀ ਸੀ ਅਤੇ ਦੋਸ਼ੀ ਇਕੱਲਾ ਸੀ। ਇਸ ਦੇ ਆਧਾਰ ''ਤੇ ਅਦਾਲਤ ਨੇ ਬਲਾਤਕਾਰ ਲਈ 25 ਸਾਲ ਦੀ ਸਖ਼ਤ ਕੈਦ ਨੂੰ ਉਚਿਤ ਮੰਨਿਆ। ਕਤਲ ਲਈ ਉਮਰ ਕੈਦ ਦੀ ਸਜ਼ਾ ਸੁਣਾਈ ਗਈ, ਜਿਸ ਵਿੱਚ ਘੱਟੋ-ਘੱਟ 50 ਸਾਲ ਦੀ ਕੈਦ ਬਿਨਾਂ ਕਿਸੇ ਛੋਟ ਦੇ ਲਾਜ਼ਮੀ ਤੌਰ ''ਤੇ ਸਜ਼ਾ ਦਿੱਤੀ ਗਈ। ਹਾਈ ਕੋਰਟ ਨੇ ਸਬੂਤਾਂ ਦੇ ਆਧਾਰ ''ਤੇ ਦੋਸ਼ੀ ਠਹਿਰਾਏ ਜਾਣ ਨੂੰ ਬਰਕਰਾਰ ਰੱਖਿਆ, ਪਰ ਇਹ ਵੀ ਕਿਹਾ ਕਿ ਕਤਲ ਪਹਿਲਾਂ ਤੋਂ ਸੋਚਿਆ-ਸਮਝਿਆ ਨਹੀਂ ਸੀ ਸਗੋਂ ਬਲਾਤਕਾਰ ਦੇ ਸਬੂਤਾਂ ਨੂੰ ਨਸ਼ਟ ਕਰਨ ਲਈ ਘਬਰਾਹਟ ਵਿੱਚ ਕੀਤਾ ਗਿਆ ਸੀ। ਇਸ ਆਧਾਰ ''ਤੇ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲ ਦਿੱਤਾ ਗਿਆ, ਜਿਸ ਨੂੰ ਦੁਰਲੱਭ ਤੋਂ ਦੁਰਲੱਭ ਵਜੋਂ ਸ਼੍ਰੇਣੀਬੱਧ ਨਹੀਂ ਕੀਤਾ ਗਿਆ।

## ਮਾਨ ਨੇ ਜਗਰਾਓਂ ਪੁੱਜ ਕੇ ਮਥੁਰਾ ਪੀੜਤ

ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਥੁਰਾ ਨੇੜੇ ਵਾਪਰੀ ਮੰਦਭਾਗੀ ਘਟਨਾ ਵਿੱਚ ਕੀਮਤੀ ਜਾਨਾਂ ਦੇ ਨੁਕਸਾਨ 'ਤੇ ਬੇਹੱਦ ਦੁੱਖ ਹੋਇਆ ਹੈ। ਮੇਰੀ ਦਿਲੀ ਹਮਦਰਦੀ ਉਨ੍ਹਾਂ ਪਰਿਵਾਰਾਂ ਦੇ ਨਾਲ ਹੈ ਜਿਨ੍ਹਾਂ ਨੇ ਇਸ ਦੁਖਾਂਤ ਵਿੱਚ ਆਪਣੇ ਅਜ਼ੀਜ਼ ਨੂੰ ਗੁਆ ਦਿੱਤਾ ਹੈ। ਪੀੜਤ ਵ੍ਰਿੰਦਾਵਣ ਵਿਖੇ ਮੱਥਾ ਟੇਕਣ ਜਾ ਰਹੇ ਸਨ, ਜਦੋਂ ਉਨ੍ਹਾਂ ਨੂੰ ਲਿਜਾ ਰਹੀ ਕਿਸ਼ਤੀ ਯਮੁਨਾ ਨਦੀ ਵਿੱਚ ਪਲਟ ਗਈ।"

ਮੁੱਖ ਮੰਤਰੀ ਨੇ ਦੱਸਿਆ, "ਹੁਣ ਤੱਕ 11 ਲਾਸ਼ਾਂ ਬਰਾਮਦ ਕੀਤੀਆਂ ਗਈਆਂ ਹਨ, ਜਦੋਂ ਕਿ ਚਾਰ ਲਾਪਤਾ ਵਿਅਕਤੀਆਂ ਦੀ ਭਾਲ ਅਜੇ ਵੀ ਜਾਰੀ ਹੈ। ਪੰਜਾਬ ਸਰਕਾਰ ਵੱਲੋਂ ਬਚਾਅ ਕਾਰਜਾਂ ਵਿੱਚ ਉੱਤਰ ਪ੍ਰਦੇਸ ਦੇ ਅਧਿਕਾਰੀਆਂ ਦੀ ਸਹਾਇਤਾ ਲਈ ਹਾਦਸੇ ਵਾਲੀ ਥਾਂ 'ਤੇ ਗੋਤਾਖੋਰਾਂ ਦੀਆਂ ਟੀਮਾਂ ਵੀ ਭੇਜੀਆਂ ਗਈਆਂ ਹਨ।"

ਮੁੱਖ ਮੰਤਰੀ ਨੇ ਕਿਹਾ, "ਇਸ ਦੁਖਾਂਤ ਵਿੱਚ ਬਚੇ ਲੋਕਾਂ ਨੂੰ ਜ਼ਰੂਰੀ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੈਂ ਉੱਤਰ ਪ੍ਰਦੇਸ ਵਿੱਚ ਆਪਣੇ ਹਮਰੁਤਬਾ ਨਾਲ ਲਗਾਤਾਰ ਸੰਪਰਕ ਵਿੱਚ ਹਾਂ ਅਤੇ ਚੱਲ ਰਹੇ ਬਚਾਅ ਅਤੇ ਰਾਹਤ ਕਾਰਜਾਂ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹਾਂ।"

ਰੋਕਥਾਮ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਮੈਂ ਉੱਤਰ ਪ੍ਰਦੇਸ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਹੈ ਕਿ ਭਵਿੱਖ ਵਿੱਚ ਅਜਿਹੇ ਪਵਿੱਤਰ ਸਥਾਨਾਂ ਦੀ ਯਾਤਰਾ ਕਰਨ ਵਾਲੇ ਸਰਧਾਲੂਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ। ਇਹ ਜ਼ਰੂਰੀ ਹੈ ਕਿ ਸਬੰਧਤ ਸੂਬਾ ਸਰਕਾਰਾਂ ਵੱਲੋਂ ਜਨਤਕ ਮਹੱਤਤਾ ਵਾਲੇ ਸਥਾਨਾਂ 'ਤੇ ਸਰਧਾਲੂਆਂ ਦੀ ਸੁਰੱਖਿਆ ਲਈ ਸਾਰੇ ਜ਼ਰੂਰੀ ਕਦਮ ਚੁੱਕੇ ਜਾਣ।"

ਹਮਦਰਦੀ ਸਾਂਝੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਮੈਂ ਜਾਨਾਂ ਗੁਆਉਣ ਵਾਲਿਆਂ ਦੇ ਪੀੜਤ ਪਰਿਵਾਰਾਂ, ਰਿਸ਼ਤੇਦਾਰਾਂ ਅਤੇ ਦੋਸਤਾਂ ਨਾਲ ਦਿਲੋਂ ਹਮਦਰਦੀ ਪ੍ਰਗਟ ਕਰਦਾ ਹਾਂ। ਮੈਂ ਪਰਮਾਤਮਾ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਵਿੱਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਨਿਵਾਸ ਦੇਣ ਅਤੇ ਪਰਿਵਾਰਾਂ ਨੂੰ ਇਹ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਦਾ ਬਲ ਬਖ਼ਸ਼ਣ। ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ।"

## ਅਮਰੀਕਾ 'ਚ ਇੱਕ ਦਹਾਕੇ ਦੌਰਾਨ ਸਿੱਖਾਂ

ਹੀ ਰਿਹਾ ਹੈ। 2015 ਅਤੇ 2025 ਦੇ ਵਿਚਕਾਰ ਕੁੱਲ ਘਟਨਾਵਾਂ ਵਿੱਚ ਲੱਗਭੱਗ 88 ਫੀਸਦ ਦਾ ਵਾਧਾ ਹੋਇਆ ਹੈ। ਇਹ ਦਰਸਾਉਂਦਾ ਹੈ ਕਿ ਭਾਵੇਂ ਸਾਲ-ਦਰ-ਸਾਲ ਦੇ ਅੰਕੜਿਆਂ ਵਿੱਚ ਉਤਾਰ-ਚੜ੍ਹਾਅ ਆ ਸਕਦੇ ਹਨ, ਪਰ ਕਈ ਸ਼੍ਰੇਣੀਆਂ ਵਿੱਚ ਨਫ਼ਰਤ-ਅਧਾਰਤ ਹਿੰਸਾ ਦੇ ਲੰਬੇ ਸਮੇਂ ਦੇ ਪੈਟਰਨ ਵਧਦੇ ਜਾ ਰਹੇ ਹਨ। ਮਾਹਿਰਾਂ ਦਾ ਕਹਿਣਾ ਹੈ ਕਿ ਨਫ਼ਰਤੀ ਅਪਰਾਧ ਅਕਸਰ ਸਾਰੇ ਭਾਈਚਾਰਿਆਂ ਵਿੱਚ ਇੱਕ ਸਮਾਨ ਨਹੀਂ ਵਧਦੇ; ਇਸ ਦੀ ਬਜਾਏ, ਸਮਾਜਿਕ ਬਿਰਤਾਂਤਾਂ, ਸਿਆਸੀ ਘਟਨਾਵਾਂ ਜਾਂ ਗਲਤ ਜਾਣਕਾਰੀ ਦੇ ਅਧਾਰ 'ਤੇ ਖਾਸ ਸਮੂਹਾਂ ਨੂੰ ਜ਼ਿਆਦਾ ਨਿਸ਼ਾਨਾ ਬਣਾਇਆ ਜਾ ਸਕਦਾ ਹੈ। ਨਫ਼ਰਤੀ ਅਪਰਾਧ ਖੋਜਕਰਤਾ ਬ੍ਰਾਇਨ ਲੇਵਿਨ ਨੇ ਨੋਟ ਕੀਤਾ ਕਿ ਜਦੋਂ ਕਿਸੇ ਵਿਸ਼ੇਸ਼ ਭਾਈਚਾਰੇ ਬਾਰੇ ਡਰ-ਅਧਾਰਤ ਰੂੜ੍ਹੀਵਾਦੀ ਵਿਚਾਰ 'ਤੇਜ਼ ਹੁੰਦੇ ਹਨ, ਤਾਂ ਉਸ ਸਮੂਹ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਘਟਨਾਵਾਂ ਅਕਸਰ 'ਤੇਜ਼ੀ ਨਾਲ ਵਧਦੀਆਂ ਹਨ। ਸਿੱਖਾਂ ਨੂੰ ਅਮਰੀਕਾ ਵਿੱਚ ਸਭ ਤੋਂ ਵੱਧ ਨਿਸ਼ਾਨਾ ਬਣਾਏ ਜਾਣ ਵਾਲੇ ਧਾਰਮਿਕ ਘੱਟ ਗਿਣਤੀਆਂ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਸਿੱਖ ਕੋਲੀਸ਼ਨ ਦੀ 2025 ਦੀ ਰਿਪੋਰਟ ਨੇ ਸਿੱਖਾਂ ਨੂੰ 2024 ਵਿੱਚ ਯਹੂਦੀ ਅਤੇ ਮੁਸਲਿਮ ਭਾਈਚਾਰਿਆਂ ਤੋਂ ਬਾਅਦ ਤੀਜੇ ਸਭ ਤੋਂ ਵੱਧ ਨਿਸ਼ਾਨਾ ਬਣਾਏ ਗਏ ਧਾਰਮਿਕ ਸਮੂਹ ਵਜੋਂ ਦਰਜਾ ਦਿੱਤਾ ਹੈ। ਕੁੱਲ ਮਿਲਾ ਕੇ, ਇਹ ਖੁਲਾਸਾ ਹੁੰਦਾ ਹੈ ਕਿ ਅਮਰੀਕਾ ਵਿੱਚ ਨਫ਼ਰਤੀ ਅਪਰਾਧਾਂ ਦੇ ਰੁਝਾਨ ਅਸਮਾਨ ਹਨ। ਵਿਸ਼ਲੇਸ਼ਕਾਂ ਨੇ ਚਿਤਾਵਨੀ ਦਿੱਤੀ ਹੈ ਕਿ ਪਛਾਣ-ਅਧਾਰਤ ਹਿੰਸਾ ਦਾ ਲਗਾਤਾਰ ਜਾਰੀ ਰਹਿਣਾ ਸੁਰੱਖਿਆ, ਰਿਪੋਰਟਿੰਗ ਅਤੇ ਭਾਈਚਾਰਕ ਸੁਰੱਖਿਆ ਵਿੱਚ ਮੌਜੂਦ ਕਮੀਆਂ ਨੂੰ ਉਜਾਗਰ ਕਰਦਾ ਹੈ। ਇਹ ਅੰਕੜੇ ਨਫ਼ਰਤੀ ਅਪਰਾਧਾਂ ਦੀ ਨਿਗਰਾਨੀ ਪ੍ਰਣਾਲੀ ਨੂੰ ਸੁਧਾਰਨ ਅਤੇ ਕਾਨੂੰਨ ਲਾਗੂ ਕਰਨ ਵਾਲੀਆਂ ਸੰਸਥਾਵਾਂ ਦੀ ਪ੍ਰਤੀਕਿਰਿਆ ਨੂੰ ਮਜ਼ਬੂਤ ਕਰਨ ਦੀ ਚਰਚਾ ਨੂੰ ਮੁੜ ਸੁਰਜੀਤ ਕਰਨਗੇ।


**ਡਾਇਰੈਕਟੋਰੇਟ ਛੋਟੀਆਂ ਬਚਤਾਂ, ਬੈਂਕਿੰਗ ਅਤੇ ਲਾਟਰੀਆਂ, ਪੰਜਾਬ**

ਪੰਜਾਬ ਰਾਜ ਡੀਅਰ 1000 ਡਿਮਾਹੀ ਲਾਟਰੀ ਦਾ ਨਤੀਜਾ

ਡਰਾਅ ਦਾ ਸਮਾਂ : ਸ਼ਾਮ 07.00 ਵਜੇ ਤੋਂ        ਮਿਤੀ : 11.04.2026

**ਮੁੱਲ ਰੁਪਏ 1000/- ਪ੍ਰਤੀ ਟਿਕਟ**

ਪਹਿਲੇ ਇਨਾਮ ਦੀ ਰਾਸ਼ੀ (1) ਰੁ. 50 ਲੱਖ (ਲੜੀਆਂ ਨਾਲ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 2 ਲੱਖ + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੁਪਏ 52.50 ਲੱਖ)

**B 5073**

ਦੂਜੇ ਇਨਾਮ ਦੀ ਰਾਸ਼ੀ (1) ਰੁ. 5 ਲੱਖ (ਲੜੀਆਂ ਨਾਲ 4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 50 ਹਜ਼ਾਰ + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 20 ਹਜ਼ਾਰ, ਕੁੱਲ ਇਨਾਮੀ ਰਾਸ਼ੀ ਰੁਪਏ 5.70 ਲੱਖ)

**A 5185**

ਤੀਜੇ ਇਨਾਮ ਦੀ ਰਾਸ਼ੀ (20) ਰੁ. 9,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 900/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 10,00/- ਹਰੇਕ)

| | | | | | | | | | |
|---|---|---|---|---|---|---|---|---|---|
| 1347 | 1882 | 3519 | 3669 | 3681 | 5921 | 6586 | 7344 | 8065 | 8694 |

ਚੌਥੇ ਇਨਾਮ ਦੀ ਰਾਸ਼ੀ (20) ਰੁ. 7,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 700/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 100/-, ਕੁੱਲ ਇਨਾਮੀ ਰਾਸ਼ੀ ਰੁਪਏ 7,800/- ਹਰੇਕ)

| | | | | | | | | | |
|---|---|---|---|---|---|---|---|---|---|
| 0122 | 0271 | 0385 | 0995 | 1807 | 2573 | 3144 | 3982 | 4918 | 7447 |

ਪੰਜਵੇਂ ਇਨਾਮ ਦੀ ਰਾਸ਼ੀ (20) ਰੁ. 6,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 600/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 6,650/- ਹਰੇਕ)

| | | | | | | | | | |
|---|---|---|---|---|---|---|---|---|---|
| 0567 | 0831 | 3518 | 3528 | 6232 | 7576 | 8161 | 8821 | 9545 | 9585 |

ਛੇਵੇਂ ਇਨਾਮ ਦੀ ਰਾਸ਼ੀ (20) ਰੁ. 5,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 500/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 5,550/- ਹਰੇਕ)

| | | | | | | | | | |
|---|---|---|---|---|---|---|---|---|---|
| 0756 | 1970 | 2211 | 2463 | 4232 | 5143 | 6528 | 7342 | 7873 | 9826 |

ਸੱਤਵੇਂ ਇਨਾਮ ਦੀ ਰਾਸ਼ੀ (40) ਰੁ. 4,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 300/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 50/-, ਕੁੱਲ ਇਨਾਮੀ ਰਾਸ਼ੀ ਰੁਪਏ 3,350/- ਹਰੇਕ)

| | | | | | | | | | |
|---|---|---|---|---|---|---|---|---|---|
| 0233 | 1040 | 1295 | 1924 | 2407 | 2452 | 3645 | 4235 | 4780 | 5242 |
| 6173 | 7116 | 7672 | 8038 | 8861 | 8881 | 8961 | 9181 | 9606 | 9885 |

ਅੱਠਵੇਂ ਇਨਾਮ ਦੀ ਰਾਸ਼ੀ (800) ਰੁ. 1,000/- (4 ਅੰਕਾਂ 'ਤੇ)
(ਵਿਕ੍ਰੇਤਾ ਦੀ ਇਨਾਮੀ ਰਾਸ਼ੀ ਰੁਪਏ 100/- + ਸਬ ਸਟਾਕਿਸਟ ਦੀ ਇਨਾਮੀ ਰਾਸ਼ੀ ਰੁ. 20/-, ਕੁੱਲ ਇਨਾਮੀ ਰਾਸ਼ੀ ਰੁਪਏ 1,120/- ਹਰੇਕ)

| | | | | | | | | | |
|---|---|---|---|---|---|---|---|---|---|
| 0011 | 0020 | 0072 | 0077 | 0096 | 0129 | 0146 | 0163 | 0166 | 0201 |
| 0283 | 0327 | 0419 | 0424 | 0449 | 0480 | 0483 | 0499 | 0534 | 0550 |
| 0553 | 0579 | 0614 | 0620 | 0639 | 0649 | 0655 | 0722 | 0724 | 0779 |
| 0783 | 0820 | 0837 | 0890 | 0926 | 0994 | 1008 | 1041 | 1049 | 1077 |
| 1084 | 1122 | 1123 | 1142 | 1150 | 1178 | 1205 | 1213 | 1216 | 1220 |
| 1232 | 1250 | 1285 | 1302 | 1307 | 1318 | 1320 | 1324 | 1346 | 1349 |
| 1424 | 1429 | 1438 | 1445 | 1481 | 1485 | 1500 | 1525 | 1589 | 1604 |
| 1662 | 1668 | 1681 | 1716 | 1747 | 1749 | 1801 | 1828 | 1839 | 1965 |
| 2007 | 2024 | 2067 | 2086 | 2103 | 2139 | 2178 | 2234 | 2235 | 2251 |
| 2262 | 2283 | 2294 | 2341 | 2346 | 2365 | 2380 | 2433 | 2438 | 2446 |
| 2479 | 2527 | 2553 | 2575 | 2586 | 2591 | 2599 | 2617 | 2622 | 2650 |
| 2655 | 2672 | 2690 | 2722 | 2734 | 2739 | 2785 | 2811 | 2824 | 2867 |
| 2877 | 2891 | 2908 | 2913 | 2916 | 2921 | 2937 | 2970 | 2994 | 3006 |
| 3033 | 3116 | 3131 | 3140 | 3153 | 3209 | 3223 | 3257 | 3259 | 3263 |
| 3299 | 3329 | 3365 | 3392 | 3395 | 3420 | 3447 | 3449 | 3506 | 3522 |
| 3575 | 3593 | 3601 | 3670 | 3712 | 3715 | 3717 | 3745 | 3746 | 3786 |
| 3795 | 3811 | 3843 | 3909 | 3920 | 3931 | 3952 | 3971 | 4064 | 4119 |
| 4203 | 4212 | 4281 | 4342 | 4357 | 4373 | 4406 | 4421 | 4432 | 4444 |
| 4505 | 4510 | 4517 | 4540 | 4564 | 4566 | 4584 | 4595 | 4615 | 4691 |
| 4706 | 4709 | 4743 | 4782 | 4785 | 4830 | 4880 | 4886 | 4925 | 4980 |
| 4986 | 5001 | 5009 | 5019 | 5037 | 5064 | 5071 | 5120 | 5145 | 5147 |
| 5161 | 5163 | 5241 | 5259 | 5317 | 5334 | 5364 | 5397 | 5440 | 5463 |
| 5491 | 5534 | 5540 | 5557 | 5571 | 5607 | 5672 | 5687 | 5688 | 5724 |
| 5765 | 5808 | 5809 | 5832 | 5835 | 5899 | 5931 | 5940 | 5941 | 5980 |
| 5991 | 6007 | 6012 | 6032 | 6050 | 6088 | 6090 | 6095 | 6127 | 6226 |
| 6231 | 6240 | 6321 | 6401 | 6422 | 6462 | 6491 | 6511 | 6518 | 6526 |
| 6540 | 6574 | 6613 | 6616 | 6682 | 6733 | 6790 | 6791 | 6807 | 6813 |
| 6816 | 6859 | 6936 | 6971 | 6975 | 7019 | 7055 | 7059 | 7066 | 7072 |
| 7220 | 7239 | 7260 | 7278 | 7298 | 7303 | 7319 | 7337 | 7412 | 7422 |
| 7449 | 7453 | 7463 | 7521 | 7566 | 7630 | 7678 | 7697 | 7731 | 7737 |
| 7754 | 7775 | 7776 | 7793 | 7818 | 7829 | 7865 | 7879 | 7890 | 7933 |
| 7992 | 8016 | 8040 | 8057 | 8062 | 8098 | 8114 | 8130 | 8158 | 8163 |
| 8205 | 8263 | 8293 | 8337 | 8341 | 8345 | 8353 | 8382 | 8425 | 8432 |
| 8440 | 8441 | 8449 | 8466 | 8489 | 8510 | 8512 | 8526 | 8530 | 8542 |
| 8570 | 8642 | 8653 | 8692 | 8702 | 8711 | 8728 | 8750 | 8783 | 8785 |
| 8824 | 8854 | 8862 | 8880 | 8891 | 8894 | 8926 | 9000 | 9018 | 9051 |
| 9059 | 9081 | 9089 | 9106 | 9135 | 9172 | 9196 | 9267 | 9294 | 9301 |
| 9307 | 9316 | 9326 | 9338 | 9349 | 9357 | 9382 | 9411 | 9466 | 9471 |
| 9521 | 9524 | 9528 | 9543 | 9560 | 9587 | 9611 | 9616 | 9654 | 9659 |
| 9702 | 9714 | 9715 | 9729 | 9817 | 9847 | 9859 | 9927 | 9943 | 9945 |

RO.No.PR-Advt.No.3924/11/2025-26/10016/Dated CHD : 02.04.2026



**ਚੜ੍ਹਦੀਕਲਾ**

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਲਈ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦਿੱਤਾ

ਚੰਡੀਗੜ੍ਹ, 11 ਅਪ੍ਰੈਲ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ ਪੁਰਬ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਲੜੀਵਾਰ ਸਮਾਗਮਾਂ ਨੂੰ ਅੰਤਿਮ ਰੂਪ ਦਿੱਤਾ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਭਵਨ ਵਿਖੇ ਸੰਤ ਸਮਾਜ ਨਾਲ ਮੀਟਿੰਗ ਦੌਰਾਨ ਲਿਆ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬਾ ਪੱਧਰੀ ਸਮਾਗਮਾਂ ਤੇ ਪਹਿਲਕਦਮੀਆਂ ਦੀ ਲੜੀ ਦੀ ਰੂਪਰੇਖਾ ਤਿਆਰ ਕੀਤੀ। ਇਨ੍ਹਾਂ ਸਮਾਗਮਾਂ ਵਿੱਚ ਸੈਮੀਨਾਰ, ਕੀਰਤਨ ਸਮਾਗਮ, ਯਾਤਰਾਵਾਂ, ਪੌਦੇ ਲਗਾਉਣ ਦੀਆਂ ਮੁਹਿੰਮਾਂ ਤੇ 650 ਏਕੜ ਵਿੱਚ 'ਗੁਰੂ ਰਵਿਦਾਸ ਬਗੀਚੀਆਂ' ਲਾਉਣਾ ਸਾਮਲ ਹੈ ਅਤੇ ਇਸ ਸਬੰਧੀ ਮੁੱਖ ਸਮਾਗਮ ਖੁਰਾਲਗੜ੍ਹ ਵਿਖੇ ਹੋਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਮੈਂ ਆਪਣੇ ਆਪ ਨੂੰ ਭਾਗਾਂ ਵਾਲਾ ਸਮਝਦਾ ਹਾਂ ਕਿ ਮੈਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸਹੀਦੀ ਦਿਵਸ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ ਪੁਰਬ ਨੂੰ ਮਨਾਉਣ ਦਾ ਸੁਭਾਗ ਹਾਸਲ ਹੋਇਆ ਹੈ। ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ ਪੁਰਬ ਨੂੰ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ ਕਿਉਂਕਿ ਗੁਰੂ ਜੀ ਦੇ ਸੰਦੇਸ ਨੂੰ ਦੁਨੀਆ ਭਰ ਤੱਕ ਪਹੁੰਚਾਉਣਾ ਸਾਡਾ ਸਮੂਹਿਕ ਫਰਜ ਹੈ।'

ਉਨ੍ਹਾਂ ਕਿਹਾ, 'ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਹਰ ਭੇਦਭਾਵ ਤੋਂ ਮੁਕਤ ਬਰਾਬਰੀ ਵਾਲੇ ਸਮਾਜ ਦੀ ਕਲਪਨਾ ਕੀਤੀ ਸੀ। ਪੰਜਾਬ ਸਰਕਾਰ ਇਹ ਯਕੀਨੀ ਬਣਾਏਗੀ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਅਗਾਮੀ 650ਵੇਂ ਪ੍ਰਕਾਸ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਇਆ ਜਾਵੇ। ਅਸੀਂ ਹਾਲ ਹੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸਹੀਦੀ ਦਿਵਸ ਨੂੰ ਸਮਰਪਿਤ ਵੱਖ-ਵੱਖ ਸਮਾਗਮ ਕਰਵਾਏ ਸਨ।'



ਸਮਾਗਮ ਦੀਆਂ ਤਿਆਰੀਆਂ ਦਾ ਜ਼ਿਕਰ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਨੇ ਸਾਂਝਾ ਕੀਤਾ, 'ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ ਪੁਰਬ ਨੂੰ ਸ਼ਾਨਦਾਰ ਢੰਗ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਯੋਜਨਾ ਉਲੀਕੀ ਗਈ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ ਦਿੱਤਾ ਅਤੇ ਅਜਿਹੇ ਸਮਾਨਤਾਵਾਦੀ ਸਮਾਜ ਦੀ ਨੀਂਹ ਰੱਖੀ ਜਿੱਥੇ ਕੋਈ ਵੀ ਦੁਖੀ ਨਾ ਹੋਵੇ।'

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, 'ਸਾਡੀ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਅਤੇ ਸਿਧਾਂਤਾਂ ਦੇ ਆਧਾਰ 'ਤੇ ਸਮਾਜ ਦੀ ਉਸਾਰੀ ਲਈ ਵਚਨਬੱਧ ਹੈ, ਜੋ ਮਨੁੱਖਤਾ ਨੂੰ ਬਰਾਬਰੀ ਵੱਲ ਸੇਧਿਤ ਕਰਦੇ ਰਹਿੰਦੇ ਹਨ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਗਰੀਬਾਂ ਅਤੇ ਪਛੜੇ ਵਰਗ ਦੇ ਲੋਕਾਂ ਲਈ ਮਹਾਨ ਅਧਿਆਤਮਿਕ ਦੂਤ ਅਤੇ ਮਸੀਹਾ ਸਨ, ਜਿਨ੍ਹਾਂ ਨੇ ਸਾਨੂੰ ਨੈਤਿਕ ਜੀਵਨ ਜਿਉਣ ਦੀ ਸੇਧ ਦਿੱਤੀ। ਇਹ ਪ੍ਰਕਾਸ ਪੁਰਬ ਇੱਕ ਅਜਿਹਾ ਸਮਾਜ ਸਿਰਜਣ ਲਈ ਆਪਣੇ ਆਪ ਨੂੰ ਦੁਬਾਰਾ ਸਮਰਪਿਤ ਕਰਨ ਦਾ ਮੌਕਾ ਹੈ ਜਿੱਥੇ ਹਰ ਵਿਅਕਤੀ ਸਵੈ-ਮਾਣ ਅਤੇ ਸਨਮਾਨ ਨਾਲ ਵਿਤਕਰੇ ਤੋਂ ਮੁਕਤ ਰਹਿੰਦਾ ਹੈ।'

ਮੁੱਖ ਮੰਤਰੀ ਨੇ ਕਿਹਾ, 'ਮੈਂ ਸੰਤ ਸਮਾਜ ਨੂੰ 650ਵੇਂ ਪ੍ਰਕਾਸ ਪੁਰਬ ਮੌਕੇ ਵਿਸ਼ਵਵਿਆਪੀ ਜਸ਼ਨਾਂ ਲਈ ਮਾਰਗਦਰਸ਼ਨ ਕਰਨ ਅਤੇ ਸੁਝਾਅ ਦੇਣ ਦੀ ਅਪੀਲ ਕਰਦਾ ਹਾਂ। ਇਹ ਬਹੁਤ ਮਾਣ ਅਤੇ ਸੰਤੁਸਟੀ ਦੀ ਗੱਲ ਹੈ ਕਿ ਇਹ ਜਸਨ ਮੇਰੇ ਕਾਰਜਕਾਲ ਦੌਰਾਨ ਮਨਾਏ ਜਾ ਰਹੇ ਹਨ। ਸਾਡੀ ਸਰਕਾਰ ਇਹ ਸਮਾਗਮ ਸਭ ਤੋਂ ਢੁਕਵੇਂ ਢੰਗ ਨਾਲ ਮਨਾਉਣਾ ਯਕੀਨੀ ਬਣਾਏਗੀ। ਮੈਂ ਸੰਤ ਸਮਾਜ ਨੂੰ ਪ੍ਰੋਗਰਾਮਾਂ ਨੂੰ ਉਲੀਕਣ ਲਈ ਆਪਣੇ ਸੁਝਾਵਾਂ ਨਾਲ ਸਾਡਾ ਮਾਰਗਦਰਸਨ ਕਰਨ ਦੀ ਅਪੀਲ ਕਰਦਾ ਹਾਂ।'

ਸਾਲ ਭਰ ਚੱਲਣ ਵਾਲੇ ਜਸਨਾਂ ਵਿੱਚ ਸੈਮੀਨਾਰ ਅਤੇ ਵਰਕਸਾਪਾਂ, ਵਿਸੇਸ ਕੀਰਤਨ ਸਮਾਗਮ, ਤੀਰਥ ਯਾਤਰਾ, ਸਕੂਲ ਵਾਰ ਮੁਕਾਬਲੇ, ਦਸਤਾਵੇਜੀ ਸੋਅ, ਡਰੋਨ ਸੋਅ, ਖੂਨਦਾਨ ਕੈਂਪ, ਪੌਦੇ ਲਾਉਣ ਦੀ ਮੁਹਿੰਮ ਚਲਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਹ ਮੁੱਖ ਸਮਾਗਮ ਖੁਰਾਲਗੜ੍ਹ ਵਿਖੇ ਕਰਵਾਉਣ ਦਾ ਫੈਸਲਾ ਲਿਆ ਗਿਆ ਹੈ। ਗੁਰੂ ਰਵਿਦਾਸ ਜੀ ਬਗੀਚੀਆਂ ਦੀ ਸਥਾਪਨਾ ਪੰਜਾਬ ਭਰ ਵਿੱਚ ਕੁੱਲ 650 ਏਕੜ ਪੰਚਾਇਤੀ ਜਮੀਨ 'ਤੇ ਪ੍ਰਤੀ ਜ਼ਿਲ੍ਹਾ ਔਸਤਨ 6.50 ਲੱਖ ਪੌਦੇ ਲਾਉਣ ਦੀ ਮੁਹਿੰਮ ਦੇ ਨਾਲ-ਨਾਲ ਮੈਰਾਥਨ, ਸੋਭਾ ਯਾਤਰਾਵਾਂ, ਸਾਈਕਲ ਰੈਲੀਆਂ ਅਤੇ ਹੋਰਨਾਂ ਪ੍ਰੋਗਰਾਮਾਂ ਰਾਹੀਂ ਕੀਤੀ ਜਾਵੇਗੀ।

650ਵੇਂ ਪ੍ਰਕਾਸ ਪੁਰਬ ਨੂੰ ਸਮਰਪਿਤ ਮੁੱਖ ਸਮਾਗਮ ਵਿੱਚ ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਪ੍ਰਦਰਸਨੀ ਦਾ ਉਦਘਾਟਨ, ਕਥਾ ਅਤੇ ਕੀਰਤਨ ਦਰਬਾਰ, ਸ੍ਰੀ ਗੁਰੂ ਰਵਿਦਾਸ ਜੀ ਦੇ ਯੋਗਦਾਨ ਨੂੰ ਸਮਰਪਿਤ ਸੰਤ ਸੰਮੇਲਨ, ਮੀਨਾਰ-ਏ-ਬੇਗਮਪੁਰਾ ਵਿਖੇ 3ਡੀ ਪ੍ਰੋਜੈਕਸਨ, ਡਰੋਨ ਸੋਅ, ਗੁਰੂ ਰਵਿਦਾਸ ਜੀ ਦੀ ਬਾਣੀ 'ਤੇ ਕਾਨਫਰੰਸ ਅਤੇ ਹੋਰ ਪ੍ਰੋਗਰਾਮ ਸਾਮਲ ਹੋਣਗੇ।

ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਤਰੁਨਪ੍ਰੀਤ ਸਿੰਘ ਸੌਂਦ, ਲਾਲ ਚੰਦ ਕਟਾਰੂਚੱਕ ਅਤੇ ਡਾ. ਰਵਜੋਤ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ, ਸਲਾਹਕਾਰ, ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਦੀਪਕ ਬਾਲੀ ਅਤੇ ਹੋਰ ਵੀ ਮੌਜੂਦ ਸਨ।

# ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ 92 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਮਿਲਿਆ ਲਾਭ

## ਕਰੀਬ 13 ਕਰੋੜ ਦੇ ਵਜ਼ੀਫ਼ੇ ਜਾਰੀ, ਲੋੜਵੰਦ ਪਰਿਵਾਰਾਂ ਨੂੰ ਮਿਲੀ ਵੱਡੀ ਰਾਹਤ : ਡਾ. ਬਲਜੀਤ ਕੌਰ

ਚੰਡੀਗੜ੍ਹ, 11 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਪੰਜਾਬ ਸਰਕਾਰ ਵੱਲੋਂ ਹਾਸ਼ੀਆਗ੍ਰਸਤ ਵਰਗਾਂ ਦੇ ਵਿਦਿਆਰਥੀਆਂ ਦੀ ਸਿੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦਿਆਂ ਪ੍ਰੀ-ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਕਰੀਬ 13 ਕਰੋੜ ਰੁਪਏ ਦੇ ਵਜੀਫੇ ਜਾਰੀ ਕੀਤੇ ਗਏ ਹਨ। ਇਹ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮਾਮਲੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ ਇਸ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਵਿਦਿਆਰਥੀਆਂ ਨੂੰ ਇਹ ਰਕਮ ਅਦਾਇਗੀ ਕੀਤੀ ਗਈ ਹੈ। ਉਨ੍ਹਾਂ ਹੋਰ ਦੱਸਿਆ ਕਿ ਇਸ ਸਕੀਮ ਅਧੀਨ ਸੂਬੇ ਭਰ ਦੇ 92 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਪਹੁੰਚਾਇਆ ਗਿਆ ਹੈ, ਜਿਸ ਨਾਲ ਹਜ਼ਾਰਾਂ ਲੋੜਵੰਦ ਪਰਿਵਾਰਾਂ ਨੂੰ ਆਪਣੇ ਬੱਚਿਆਂ ਦੀ ਪੜ੍ਹਾਈ ਜਾਰੀ ਰੱਖਣ 'ਚ ਵੱਡੀ ਸਹਾਇਤਾ ਮਿਲੀ ਹੈ। ਇਸ ਰਕਮ ਨਾਲ ਵਿਦਿਆਰਥੀਆਂ ਨੂੰ ਕਿਤਾਬਾਂ, ਯੂਨੀਫਾਰਮ ਤੇ ਹੋਰ ਸਿੱਖਿਆ ਸਬੰਧੀ ਜ਼ਰੂਰਤਾਂ ਪੂਰੀ ਕਰਨ 'ਚ ਮਦਦ ਮਿਲੀ ਹੈ।



ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਕੋਈ ਵੀ ਵਿਦਿਆਰਥੀ ਆਰਥਿਕ ਤੰਗੀ ਕਾਰਨ ਸਿੱਖਿਆ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਨੂੰ ਸਮਾਜਿਕ ਬਦਲਾਅ ਦਾ ਸਭ ਤੋਂ ਮਜ਼ਬੂਤ ਸਾਧਨ ਮੰਨਦੀ ਹੈ ਤੇ ਇਸੇ ਦਿਸ਼ਾ ਵਿੱਚ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਕਾਲਰਸ਼ਿਪ ਸਿਰਫ਼ ਵਿੱਤੀ ਸਹਾਇਤਾ ਹੀ ਨਹੀਂ, ਸਗੋਂ ਲੋੜਵੰਦ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਪੱਖ ਦੇਣ ਦੀ ਇੱਕ ਮਹੱਤਵਪੂਰਨ ਕੋਸ਼ਿਸ਼ ਹੈ। ਕਈ ਪਰਿਵਾਰ ਅਜਿਹੇ ਹਨ ਜਿਨ੍ਹਾਂ ਲਈ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਝੇਲਣਾ ਮੁਸ਼ਕਲ ਹੁੰਦਾ ਹੈ ਤੇ ਇਸ ਤਰ੍ਹਾਂ ਦੀ ਸਹਾਇਤਾ ਉਨ੍ਹਾਂ ਲਈ ਵੱਡੀ ਉਮੀਦ ਬਣਦੀ ਹੈ। ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਖੇਤਰ ਵਿੱਚ ਕੀਤੇ ਜਾ ਰਹੇ ਇਹ ਉਪਰਾਲੇ ਭਵਿੱਖ ਵਿੱਚ ਸਮਾਜਿਕ ਤੇ ਆਰਥਿਕ ਤੌਰ 'ਤੇ ਮਜ਼ਬੂਤ ਪੰਜਾਬ ਦੀ ਨੀਂਹ ਰੱਖਣਗੇ। ਉਨ੍ਹਾਂ ਕਿਹਾ ਕਿ ਹਾਸ਼ੀਆਗ੍ਰਸਤ ਵਰਗਾਂ ਦੇ ਵਿਦਿਆਰਥੀਆਂ ਨੂੰ ਗੁਣਵੱਤਾ ਭਰੀ ਸਿੱਖਿਆ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ ਅਤੇ ਇਸ ਦਿਸ਼ਾ ਵਿੱਚ ਅਗਲੇ ਸਮੇਂ ਵਿੱਚ ਵੀ ਹੋਰ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣਗੇ। ਡਾ. ਬਲਜੀਤ ਕੌਰ ਨੇ ਦੋਹਰਾਇਆ ਕਿ ਪੰਜਾਬ ਸਰਕਾਰ ਸਿੱਖਿਆ ਰਾਹੀਂ ਸਮਾਨ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਹਰ ਲੋੜਵੰਦ ਵਿਦਿਆਰਥੀ ਤੱਕ ਸਰਕਾਰੀ ਸਕੀਮਾਂ ਦਾ ਲਾਭ ਪਹੁੰਚੇ।

# ਜਹਾਜੀ ਹਵੇਲੀ ਦੀ ਪੁਨਰ ਉਸਾਰੀ ਲਈ ਲੋੜੀਂਦੀਆਂ ਪ੍ਰਵਾਨਗੀਆਂ ਪੰਜਾਬ ਤੇ ਕੇਂਦਰ ਸਰਕਾਰ ਪਾਸੋਂ ਪਹਿਲ ਦੇ ਆਧਾਰ 'ਤੇ ਜਾਰੀ ਕਰਵਾਈਆਂ ਜਾਣਗੀਆਂ : ਕਟਾਰੀਆ

ਫ਼ਤਹਿਗੜ੍ਹ ਸਾਹਿਬ, 11 ਅਪ੍ਰੈਲ: (ਹਰਪ੍ਰੀਤ ਕੌਰ ਟਿਵਾਣਾ): ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਦੀਵਾਨ ਟੋਡਰ ਮੱਲ ਹਵੇਲੀ ਦੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲਿਆ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਦੇ ਅਹੁਦੇਦਾਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਹਵੇਲੀ ਦੇ ਨਿਰਮਾਣ ਲਈ ਅਪਣਾਈ ਜਾ ਰਹੀ ਕਾਰਜ ਵਿਧੀ ਅਤੇ ਵਰਤੀ ਜਾ ਰਹੀ ਨਿਰਮਾਣ ਸਮੱਗਰੀ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ। ਇਸ ਮੌਕੇ ਕਟਾਰੀਆ ਨੇ ਕਿਹਾ ਕਿ ਦੀਵਾਨ ਟੋਡਰ ਮੱਲ ਵੱਲੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫਤਿਹ ਸਿੰਘ ਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਤੋਂ ਬਾਅਦ ਉਨਾਂ ਦੇ ਸਸਕਾਰ ਲਈ ਸੋਨੇ ਦੀਆਂ ਮੋਹਰਾਂ ਖੜੀਆਂ ਕਰਕੇ ਨਵਾਬ ਵਜੀਦ ਖਾਂ ਪਾਸੋਂ ਖਰੀਦੀ ਗਈ ਜਗ੍ਹਾ, ਦੁਨੀਆਂ ਦੀ ਸਭ ਤੋਂ ਕੀਮਤੀ ਜਗ੍ਹਾ ਹੈ ਅਤੇ ਇਹੋ ਜਿਹੀ ਮਿਸਾਲ ਦੁਨੀਆਂ ਵਿੱਚ ਹੋਰ ਕਿਤੇ ਨਹੀਂ ਮਿਲਦੀ।



ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਇਸ ਉੱਦਮ ਲਈ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਦੀ ਸ਼ਲਾਘਾ ਕੀਤੀ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਤਿਹਾਸ ਨਾਲ ਜੋੜਨ ਲਈ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਵੀ ਕੀਤੀ। ਇਸ ਸਬੰਧੀ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਦੇ ਪ੍ਰਧਾਨ ਲਖਵਿੰਦਰ ਸਿੰਘ ਕਾਹਨੇਕੇ ਨੇ ਕਿਹਾ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਵੱਲੋਂ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਨੂੰ ਵਿਸ਼ਵਾਸ ਦਵਾਇਆ ਗਿਆ ਹੈ ਕਿ ਜੋ ਜੋ ਵੀ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਪਾਸੋਂ ਦੀਵਾਨ ਟੋਡਰ ਮਲ ਦੀ ਜਹਾਜੀ ਹਵੇਲੀ ਦੀ ਉਸਾਰੀ ਲਈ ਪ੍ਰਵਾਨਗੀਆਂ ਦੀ ਜਰੂਰਤ ਹੋਵੇਗੀ ਉਹ ਪਹਿਲ ਦੇ ਆਧਾਰ ਤੇ ਜਾਰੀ ਕਰਵਾਈਆਂ ਜਾਣਗੀਆਂ ਉਨਾਂ ਕਿਹਾ ਕਿ ਵੱਖ-ਵੱਖ ਥਾਵਾਂ ਤੇ ਭਾਵੇਂ ਕਈ ਯਾਦਗਾਰਾਂ ਨੂੰ ਸੰਭਾਲਿਆ ਜਾ ਰਿਹਾ ਹੈ ਪ੍ਰੰਤੂ ਜਿਸ ਤਰੀਕੇ ਨਾਲ ਦੀਵਾਨ ਟੋਡਰ ਮੱਲ ਜੀ ਦੀ ਜਹਾਜੀ ਹਵੇਲੀ ਦੀ ਪੁਨਰ ਉਸਾਰੀ ਵੱਡੇ ਪੱਧਰ ਤੇ ਬਿਨਾਂ ਕਿਸੇ ਰੋਗ ਟੋਕ ਤੋਂ ਹੋ ਰਹੀ ਹੈ ਅਜਿਹਾ ਕਾਰਜ ਕਿਤੇ ਹੋਰ ਨਹੀਂ ਦੇਖਿਆ ਜਾ ਰਿਹਾ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ: ਸੋਨਾ ਥਿੰਦ, ਦੀਵਾਨ ਟੋਡਰ ਮੱਲ ਵਿਰਾਸਸਤੀ ਫਾਊਂਡੇਸ਼ਨ ਦੇ ਦਰਸ਼ਨ ਸਿੰਘ, ਲਖਵਿੰਦਰ ਸਿੰਘ, ਮੈਨੇਜਰ ਸੁਰਿੰਦਰ ਸਿੰਘ, ਮੁੱਖ ਇੰਜਨੀਅਰ ਨਮਤਾ ਜਸਪਾਲ, ਮਹਾਰਾਣੀ ਪ੍ਰੀਤੀ ਸਿੰਘ ਨਾਭਾ, ਕ੍ਰਿਪਾਲ ਸਿੰਘ ਬਲਾਕੀਪੁਰ, ਸੰਨਮੀਤ ਸਿੰਘ, ਮੀਤ ਗੁਰਦੇਵ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਸੰਧਵਾਂ ਨੇ ਵਰਿੰਦਾਵਨ ਵਿਖੇ ਕਿਸ਼ਤੀ ਪਲਟਣ ਦੀ ਘਟਨਾ 'ਤੇ ਦੁੱਖ ਪ੍ਰਗਟਾਇਆ



ਚੰਡੀਗੜ੍ਹ, 11 ਅਪ੍ਰੈਲ (ਚ.ਨ.ਸ.): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਵਰਿੰਦਾਵਨ ਵਿੱਚ ਯਮੁਨਾ ਨਦੀ ਵਿੱਚ ਕਿਸ਼ਤੀ ਪਲਟਣ ਕਾਰਨ ਜਾਨਾਂ ਗੁਆਉਣ ਵਾਲੇ ਲੋਕਾਂ ਪ੍ਰਤੀ ਡੂੰਘੇ ਦੁੱਖ ਅਤੇ ਦਿਲੀ ਸਦਭਾਵਨਾ ਦਾ ਪ੍ਰਗਟਾਵਾ ਕੀਤਾ ਹੈ। ਸਪੀਕਰ ਸੰਧਵਾਂ ਨੇ ਇਹ ਖ਼ਬਰ ਸੁਣ ਕੇ ਬੇਹੱਦ ਦੁੱਖ ਮਹਿਸੂਸ ਕੀਤਾ ਅਤੇ ਵਿਛੜੀਆਂ ਰੂਹਾਂ ਨੂੰ ਸ਼ਾਂਤੀ ਦੇਣ ਅਤੇ ਇਸ ਦੁਖਦਾਈ ਘਟਨਾ ਵਿੱਚ ਜ਼ਖਮੀ ਹੋਏ ਲੋਕਾਂ ਦੀ ਜਲਦ ਸਿਹਤਯਾਬੀ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ। ਉਨ੍ਹਾਂ ਕਿਹਾ ਕਿ ਪਰਮਾਤਮਾ ਪੀੜਤ ਪਰਿਵਾਰਾਂ ਨੂੰ ਇਸ ਦੁੱਖ ਦੀ ਘੜੀ ਵਿੱਚ ਕਦੇ ਨਾ ਪੂਰਾ ਹੋਣ ਵਾਲੇ ਇਸ ਘਾਟੇ ਨੂੰ ਸਹਿਣ ਦਾ ਬਲ ਬਖਸ਼ਣ।

# ਮਾਨ ਸਰਕਾਰ ਵੱਲੋਂ 'ਪੁਰਸਕਾਰ ਨੀਤੀ' ਲਾਗੂ

## 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਵੀ ਜਾਰੀ

ਚੰਡੀਗੜ੍ਹ, 11 ਅਪ੍ਰੈਲ (ਚ.ਨ.ਸ.): ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇਤਿਹਾਸਕ ਫ਼ੈਸਲਾ ਲੈਂਦਿਆਂ 'ਪੁਰਸਕਾਰ ਨੀਤੀ' ਤਹਿਤ ਪੰਜਾਬ ਪੁਲਿਸ ਨੂੰ ਸੂਬੇ ਵਿੱਚ ਲੋੜੀਂਦੇ ਅਪਰਾਧੀਆਂ/ਗੈਂਗਸਟਰਾਂ ਅਤੇ ਉਨ੍ਹਾਂ ਦੇ ਨੈੱਟਵਰਕ ਬਾਰੇ ਭਰੋਸੇਯੋਗ ਜਾਣਕਾਰੀ ਦੇਣ ਵਾਲੇ ਵਿਅਕਤੀਆਂ ਨੂੰ ਪੁਰਸਕਾਰ ਦੇਣ ਦੇ ਅਧਿਕਾਰ ਦਿੱਤੇ ਹਨ। ਇਸ ਸਬੰਧੀ ਪੰਜਾਬ ਸਰਕਾਰ ਨੇ 28 ਸਭ ਤੋਂ ਲੋੜੀਂਦੇ ਅਪਰਾਧੀਆਂ ਦੀ ਸੂਚੀ ਵੀ ਜਾਰੀ ਕੀਤੀ ਹੈ। 'ਗੈਂਗਸਟਰਾਂ 'ਤੇ ਵਾਰ' ਪ੍ਰੋਜੈਕਟ ਤਹਿਤ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਨੂੰ 1 ਲੱਖ ਰੁਪਏ ਤੱਕ; ਪੁਲਿਸ ਕਮਿਸ਼ਨਰ/ਰੇਂਜ ਇੰਸਪੈਕਟਰ ਜਨਰਲ ਆਫ਼ ਪੁਲਿਸ/ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ ਨੂੰ 1.5 ਲੱਖ ਰੁਪਏ; ਵਿੰਗਾਂ ਦੇ ਮੁਖੀਆਂ (ਵਿਸ਼ੇਸ਼ ਡਾਇਰੈਕਟਰ ਜਨਰਲ ਆਫ਼ ਪੁਲਿਸ/ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ) ਨੂੰ 2 ਲੱਖ ਰੁਪਏ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਨੂੰ 2 ਲੱਖ ਰੁਪਏ ਤੋਂ ਵੱਧ ਦੀਆਂ ਮਨਜ਼ੂਰੀ ਸ਼ਕਤੀਆਂ ਨੂੰ ਪ੍ਰਵਾਨਗੀ ਦਿੱਤੀ ਹੈ। ਮਨਜ਼ੂਰ ਕੀਤੀ ਗਈ ਰਕਮ ਸਿਰਫ਼ ਸਹੀ ਅਤੇ ਉਚਿਤ ਸੂਚਨਾ ਦੇਣ ਵਿਅਕਤੀਆਂ ਨੂੰ ਹੀ ਦਿੱਤੀ ਜਾਵੇਗੀ। ਇਹ ਪ੍ਰੋਜੈਕਟ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਸੂਬੇ ਨੂੰ ਸੁਰੱਖਿਅਤ ਬਣਾਉਣ ਵਿੱਚ ਮਦਦ ਕਰਨ ਲਈ ਵਸਨੀਕਾਂ ਦੀ ਸ਼ਮੂਲੀਅਤ ਵਧਾਉਣ ਲਈ ਪੇਸ਼ ਕੀਤਾ ਗਿਆ ਹੈ।

"ਪੰਜਾਬ ਸਰਕਾਰ ਨੇ ਨਾਮਜ਼ਦ ਪੁਲਿਸ ਕਰਮਚਾਰੀਆਂ ਲਈ ਉਕਤ ਮਨਜ਼ੂਰ ਸ਼ਕਤੀਆਂ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਮਿਲੀ ਜਾਣਕਾਰੀ ਦੀ ਪਹਿਲਾਂ ਜਾਂਚ ਕੀਤੀ ਜਾਵੇਗੀ ਅਤੇ ਨਿਰਧਾਰਿਤ ਮਾਪਦੰਡਾਂ ਅਨੁਸਾਰ ਸੂਚਨਾ ਦੇਣ ਵਾਲੇ ਵਿਅਕਤੀਆਂ ਨੂੰ ਇਨਾਮ ਦਿੱਤਾ ਜਾਵੇਗਾ। ਇਸ ਦੇ ਨਾਲ ਹੀ ਉਨ੍ਹਾਂ ਦੀ ਪਹਿਚਾਣ ਪੁਲਿਸ, ਜਨਤਾ ਜਾਂ ਸਰਕਾਰ, ਕਿਸੇ ਵੀ ਪੱਧਰ 'ਤੇ ਜਾਹਿਰ ਨਹੀਂ ਕੀਤੀ ਜਾਵੇਗੀ। ਪੰਜਾਬ ਸਰਕਾਰ ਨੇ ਦੱਸਿਆ, "ਸਰਕਾਰ ਦਾ ਟੀਚਾ ਸੂਬੇ ਵਿੱਚ ਸਰਗਰਮ ਅਪਰਾਧੀਆਂ ਤੇ ਗੈਂਗਸਟਰਾਂ 'ਤੇ ਪੂਰੀ ਤਰ੍ਹਾਂ ਰੋਕ ਲਗਾਉਣਾ ਹੈ ਅਤੇ ਇਸ ਟੀਚੇ ਨੂੰ ਹਾਸਲ ਕਰਨ ਲਈ ਸਰਕਾਰ ਕਿਸੇ ਵੀ ਹੱਦ ਤੱਕ ਜਾਣ ਲਈ ਤਿਆਰ ਹੈ।"

'ਐਂਟੀ-ਗੈਂਗਸਟਰ ਹੈਲਪਲਾਈਨ' 9394693946 'ਤੇ ਜਾਣਕਾਰੀ ਸਾਂਝੀ ਕੀਤੀ ਜਾ ਸਕਦੀ ਹੈ। ਪੰਜਾਬ ਪੁਲਿਸ ਨੇ ਕਿਹਾ ਕਿ ਜੋ ਵਿਅਕਤੀ ਅਜਿਹੀ ਭਰੋਸੇਯੋਗ ਜਾਣਕਾਰੀ ਦੇਵੇਗਾ ਜਿਸ ਨਾਲ ਲੋੜੀਂਦੇ, ਘੋਸ਼ਿਤ ਜਾਂ ਆਦਤਨ ਅਪਰਾਧੀਆਂ ਦੀ ਗ੍ਰਿਫ਼ਤਾਰੀ ਹੋ ਸਕੇਗੀ, ਉਸ ਨੂੰ ਇਨਾਮ ਦਿੱਤਾ ਜਾਵੇਗਾ। ਪੁਲਿਸ ਵਿਅਕਤੀ ਵੱਲੋਂ ਦਿੱਤੇ ਗਏ ਸੁਝਾਵਾਂ 'ਤੇ ਵੀ ਕਾਰਵਾਈ ਕਰੇਗੀ। ਇਹ ਪ੍ਰੋਜੈਕਟ ਅਪਰਾਧੀਆਂ ਨੂੰ ਰੋਕਣ ਲਈ ਪੁਲਿਸ ਦੇ ਨੈੱਟਵਰਕ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨ ਵਿੱਚ ਸਹਾਈ ਹੋਵੇਗਾ। ਇਸ ਯੋਜਨਾ ਤਹਿਤ ਪ੍ਰਾਪਤ ਜਾਣਕਾਰੀ ਨੂੰ 'ਆਪਰੇਸ਼ਨ ਪ੍ਰਹਾਰ' ਅਧੀਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਵਰਤਿਆ ਜਾਵੇਗਾ। ਇਹ ਇੱਕ ਉੱਚ ਪੱਧਰੀ ਇਨਾਮ ਪ੍ਰੋਗਰਾਮ ਹੈ ਜਿਸ ਵਿੱਚ ਸੂਚਨਾ ਦੇਣ ਵਾਲੇ ਵਿਅਕਤੀ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਪੁਲਿਸ ਨੇ ਲੋਕਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਅੱਗੇ ਆ ਕੇ ਸਰਕਾਰ ਅਤੇ ਪੁਲਿਸ ਦੀ ਮਦਦ ਕਰਨ ਦੀ ਅਪੀਲ ਕੀਤੀ ਹੈ ਤਾਂ ਜੋ ਰਾਜ ਵਿੱਚ ਅਪਰਾਧਕ ਗਤੀਵਿਧੀਆਂ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਅੱਗੇ ਕਿਹਾ, "ਸੂਬੇ ਦੇ ਹਰ ਨਿਵਾਸੀ ਦੀ ਸੁਰੱਖਿਆ ਕਰਨਾ ਸਾਡਾ ਫ਼ਰਜ਼ ਅਤੇ ਜ਼ਿੰਮੇਵਾਰੀ ਹੈ। ਉਚਿਤ ਢੰਗ ਨਾਲ ਜਾਂਚ-ਪੜਤਾਲ ਕਰਨ ਤੋਂ ਬਾਅਦ ਹੀ ਮਿਲੀ ਜਾਣਕਾਰੀ ਦੀ ਵਰਤੋਂ ਕੀਤੀ ਜਾਵੇਗੀ ਅਤੇ ਸੂਚਨਾ ਦੇਣ ਵਾਲੇ ਨੂੰ ਕਿਸੇ ਵੀ ਤਰ੍ਹਾਂ ਦਾ ਕੋਈ ਖਤਰਾ ਨਹੀਂ ਹੋਵੇਗਾ।" ਇਨਾਮ ਦੀ ਰਕਮ ਹਰ ਕੇਸ ਵਿੱਚ ਅਪਰਾਧ ਦੀ ਗੰਭੀਰਤਾ, ਖਤਰੇ ਅਤੇ ਜਾਣਕਾਰੀ ਦੀ ਗੁਣਵੱਤਾ ਦੇ ਆਧਾਰ 'ਤੇ ਤੈਅ ਕੀਤੀ ਜਾਵੇਗੀ। ਇਹ ਨੀਤੀ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦਾ ਹਿੱਸਾ ਹੈ, ਜਿਸ ਦਾ ਮਕਸਦ ਪੰਜਾਬ ਨੂੰ ਗੈਂਗਸਟਰ-ਮੁਕਤ ਬਣਾਉਣਾ ਹੈ।

ਇਸ ਦੌਰਾਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਪੰਜਾਬ ਪੁਲਿਸ ਨੇ ਹਾਲ ਹੀ ਵਿੱਚ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਜੁੜੇ ਪਛਾਣੇ ਗਏ ਅਤੇ ਮੈਪ ਕੀਤੇ ਸਥਾਨਾਂ 'ਤੇ 56,487 ਛਾਪੇ ਮਾਰੇ ਹਨ। ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੁਆਰਾ ਸ਼ੁਰੂ ਕੀਤੇ ਗਏ ਵਿਸ਼ੇਸ਼ ਨੰਬਰ ਰਾਹੀਂ ਇਨ੍ਹਾਂ ਥਾਵਾਂ ਬਾਰੇ ਕੁਝ ਜਾਣਕਾਰੀ ਵੀ ਸਾਂਝੀ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ 19,894 ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। 9353 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 15284 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਤੇ ਪੁੱਛਗਿੱਛ ਤੋਂ ਬਾਅਦ ਰਿਹਾਅ ਕੀਤਾ ਗਿਆ। ਇਸ ਤੋਂ ਇਲਾਵਾ 851 ਐਲਾਨੇ ਗਏ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਸੂਬਾ ਵਾਸੀ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਨਾਲ ਸਬੰਧਤ ਜਾਣਕਾਰੀ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਗੁਮਨਾਮ ਤੌਰ 'ਤੇ ਰਿਪੋਰਟ ਕਰ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੁਝਾਅ ਵੀ ਸਾਂਝੇ ਕਰ ਸਕਦੇ ਹਨ।

# ਗੈਂਗਸਟਰਾਂ 'ਤੇ ਵਾਰ ਦੇ 81ਵੇਂ ਦਿਨ 516 ਥਾਵਾਂ ਉੱਤੇ ਛਾਪੇਮਾਰੀ ਦੌਰਾਨ 239 ਕਾਬੂ

ਚੰਡੀਗੜ੍ਹ, 11 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 81ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 516 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ"- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ੁਰੂ ਕੀਤੀ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ।

81ਵੇਂ ਦਿਨ, ਪੁਲਿਸ ਟੀਮਾਂ ਨੇ 239 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ 20,395 ਹੋ ਗਈ ਹੈ। ਇਸ ਤੋਂ ਇਲਾਵਾ 72 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 69 ਵਿਅਕਤੀਆਂ ਨੂੰ ਤਫਤੀਸ਼ ਅਤੇ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 14 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ ਹੈ।

ਲੋਕ ਐਂਟੀ ਗੈਂਗਸਟਰ ਹੈਲਪਲਾਈਨ 93946-93946 ਰਾਹੀਂ ਗੁਪਤ ਰੂਪ ਵਿਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ /ਜਾਣਕਾਰੀ ਵੀ ਸਾਂਝੇ ਕਰ ਸਕਦੇ ਹਨ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 406ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 104 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.8 ਕਿਲੋ ਹੈਰੋਇਨ, 18 ਕਿਲੋ ਗਾਂਜਾ, 1486 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 6750 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਨਾਲ ਸਿਰਫ 406 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 58,290 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 33 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਘਰ ਖਰੀਦਣ ਵਾਲਿਆਂ ਨੂੰ ਰੀਅਲਟਰਾਂ ਵੱਲੋਂ ਕੀਤੀਆਂ ਉਲੰਘਣਾਵਾਂ ਕਾਰਨ ਮੁਸ਼ਕਲਾਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ : ਰੀਨਾ ਗੁਪਤਾ

ਚੰਡੀਗੜ੍ਹ; 11 ਅਪ੍ਰੈਲ (ਚ.ਨ.ਸ.): ਪੰਜਾਬ ਪ੍ਰਦੂਸ਼ਣ ਨਿਯੰਤਰਣ ਬੋਰਡ (ਪੀ.ਪੀ.ਸੀ.ਬੀ.) ਨੇ ਉਹਨਾਂ ਆਮ ਨਾਗਰਿਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਚਿੰਤਾਵਾਂ ਦਾ ਨਿਵਾਰਣ ਕੀਤਾ ਹੈ ਜੋ ਕੁਝ ਹਾਊਸਿੰਗ, ਰਿਹਾਇਸ਼ੀ ਅਤੇ ਵਪਾਰਕ ਪ੍ਰੋਜੈਕਟਾਂ ਵਿੱਚ ਪ੍ਰਾਜੈਕਟ ਪ੍ਰਮੋਟਰਾਂ ਵੱਲੋਂ ਕੀਤੀਆਂ ਗਈਆਂ ਵਾਤਾਵਰਣ ਸਬੰਧੀ ਉਲੰਘਣਾਵਾਂ ਕਾਰਨ ਸੇਲ ਡੀਡ ਅਤੇ ਬਿਜਲੀ ਕਨੈਕਸ਼ਨਾਂ 'ਤੇ ਲੱਗੀਆਂ ਪਾਬੰਦੀਆਂ ਨਾਲ ਪ੍ਰਭਾਵਿਤ ਹੋ ਰਹੇ ਸਨ। ਇੱਕ ਅਹਿਮ ਨੀਤੀਗਤ ਦਖਲ ਰਾਹੀਂ ਬੋਰਡ ਨੇ ਸਵੀਕਾਰ ਕੀਤਾ ਕਿ ਪ੍ਰਦੂਸ਼ਣ ਕੰਟਰੋਲ ਨਿਯਮਾਂ ਦੀ ਉਲੰਘਣਾ ਸਬੰਧੀ ਹਾਊਸਿੰਗ, ਰਿਹਾਇਸ਼ੀ ਅਤੇ ਵਪਾਰਕ ਪ੍ਰੋਜੈਕਟਾਂ 'ਤੇ ਲਗਾਈਆਂ ਗਈਆਂ ਪਹਿਲਾਂ ਦੀਆਂ ਪਾਬੰਦੀਆਂ ਨਾਲ ਉਹਨਾਂ ਆਮ ਨਾਗਰਿਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ ਜਿਨ੍ਹਾਂ ਨੂੰ ਅਜਿਹੀਆਂ ਉਲੰਘਣਾਵਾਂ ਬਾਰੇ ਜਾਣਕਾਰੀ ਨਹੀਂ ਸੀ ਅਤੇ ਜਿਹਨਾਂ ਨੇ ਆਪਣੇ ਜੀਵਨ ਭਰ ਦੀ ਕਮਾਈ ਇਹਨਾਂ ਪ੍ਰਾਜੈਕਟਾਂ 'ਤੇ ਲਗਾ ਦਿੱਤੀ ਸੀ। ਜਨਤਾ ਵੱਲੋਂ ਮਿਲੀਆਂ ਕਈ ਅਰਜ਼ੀਆਂ ਅਤੇ ਮਾਰਚ 2026 ਵਿੱਚ ਗਠਿਤ ਸੀਨੀਅਰ ਅਧਿਕਾਰੀਆਂ ਦੀ ਇੱਕ ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਕਾਰਵਾਈ ਕਰਦਿਆਂ ਬੋਰਡ ਨੇ ਹੁਣ ਇੱਕ ਸੰਤੁਲਿਤ ਅਤੇ ਲੋਕ ਪੱਖੀ ਪਹੁੰਚ ਅਪਣਾਈ ਹੈ।

9 ਅਪ੍ਰੈਲ ਦੇ ਆਦੇਸ਼ ਅਨੁਸਾਰ, 'ਉਲੰਘਣਾ ਕਰਨ ਵਾਲੇ ਹਾਊਸਿੰਗ ਪ੍ਰੋਜੈਕਟਾਂ, ਰਿਹਾਇਸ਼ੀ ਕਾਲੋਨੀਆਂ ਅਤੇ ਵਪਾਰਕ ਪ੍ਰੋਜੈਕਟਾਂ ਦੀਆਂ ਸੇਲ ਡੀਡਾਂ 'ਤੇ ਪਾਬੰਦੀ ਉਨ੍ਹਾਂ ਆਮ ਲੋਕਾਂ ਲਈ ਮੁਸ਼ਕਲ ਪੈਦਾ ਕਰੇਗੀ ਜਿਹਨਾਂ ਨੂੰ ਕਿਫਾਇਤੀ ਘਰਾਂ ਦੀ ਜ਼ਰੂਰਤ ਹੈ।" ਸੋਧੇ ਹੋਏ ਨਿਰਦੇਸ਼ਾਂ ਤਹਿਤ ਬੋਰਡ ਨੇ ਵਿਅਕਤੀਗਤ ਖਰੀਦਦਾਰਾਂ ਲਈ ਸੇਲ ਡੀਡ ਰਜਿਸਟਰ ਕਰਨ ਅਤੇ ਬਿਜਲੀ ਕੁਨੈਕਸ਼ਨ ਜਾਰੀ ਕਰਨ ਦੀ ਆਗਿਆ ਦੇ ਦਿੱਤੀ ਹੈ ਤਾਂ ਜੋ ਨਾਗਰਿਕਾਂ ਨੂੰ ਬੁਨਿਆਦੀ ਅਧਿਕਾਰਾਂ ਅਤੇ ਜ਼ਰੂਰੀ ਸੇਵਾਵਾਂ ਤੋਂ ਵਾਂਝਾ ਨਾ ਕੀਤਾ ਜਾਵੇ। ਇਸ ਦੇ ਨਾਲ ਹੀ, ਇਹ ਵੀ ਕਿਹਾ ਗਿਆ ਹੈ ਕਿ ਡਿਫਾਲਟ ਡਿਵੈਲਪਰਾਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰਹੇਗੀ, ਜਿਸ ਵਿੱਚ ਵਾਤਾਵਰਣ ਸਬੰਧੀ ਕਾਨੂੰਨਾਂ ਤਹਿਤ ਮੁਕੱਦਮਾ ਚਲਾਉਣਾ ਅਤੇ ਜਦੋਂ ਤੱਕ ਮੁਕੰਮਲ ਤੌਰ 'ਤੇ ਪਾਲਣਾ ਨਹੀਂ ਕੀਤੀ ਜਾਂਦੀ, ਉਦੋਂ ਤੱਕ ਨਵੀਂ ਪ੍ਰਵਾਨਗੀਆਂ 'ਤੇ ਰੋਕ ਲਗਾਉਣਾ ਸ਼ਾਮਲ ਹੈ।

ਬੋਰਡ ਨੇ ਅੱਗੇ ਕਿਹਾ ਕਿ ਬਿਜਲੀ ਤੱਕ ਪਹੁੰਚ ਇੱਕ ਬੁਨਿਆਦੀ ਜ਼ਰੂਰਤ ਹੈ ਅਤੇ ਇਹ ਭਾਰਤ ਦੇ ਸੰਵਿਧਾਨ ਦੇ ਅਨੁਛੇਦ 21 ਤਹਿਤ ਜੀਵਨ ਦੇ ਅਧਿਕਾਰ ਨਾਲ ਸਬੰਧਤ ਮੂਲ ਅਧਿਕਾਰ ਹੈ ਅਤੇ ਪ੍ਰਾਜੈਕਟ ਪ੍ਰੋਮੋਟਰਾਂ ਵੱਲੋਂ ਕੀਤੀਆਂ ਉਲੰਘਣਾਵਾਂ ਕਾਰਨ ਅਜਿਹੀਆਂ ਸੇਵਾਵਾਂ ਤੋਂ ਇਨਕਾਰ ਕਰਨਾ ਭੋਲੇ-ਭਾਲੇ ਖਰੀਦਦਾਰਾਂ ਲਈ ਬੇਲੋੜੀ ਮੁਸ਼ਕਲ ਦਾ ਕਾਰਨ ਬਣ ਰਿਹਾ ਹੈ। ਪੀਪੀਸੀਬੀ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਇਸ ਫੈਸਲੇ ਦੇ ਪਿੱਛੇ ਦੇ ਉਦੇਸ਼ 'ਤੇ ਚਾਨਣਾ ਪਾਉਂਦਿਆਂ ਕਿਹਾ, "ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਵਾਤਾਵਰਣ ਸਬੰਧੀ ਕਾਨੂੰਨ ਦੀ ਪਾਲਣਾ ਲੋਕਾਂ ਦੇ ਬੁਨਿਆਦੀ ਅਧਿਕਾਰਾਂ ਅਤੇ ਸਨਮਾਨ ਦੀ ਕੀਮਤ 'ਤੇ ਨਹੀਂ ਹੋਣੀ ਚਾਹੀਦੀ। ਭੋਲੇ-ਭਾਲੇ ਘਰ ਖਰੀਦਦਾਰਾਂ ਨੂੰ ਉਨ੍ਹਾਂ ਉਲੰਘਣਾਵਾਂ ਦਾ ਸਾਹਮਣਾ ਨਹੀਂ ਕਰਨਾ ਚਾਹੀਦਾ ਜੋ ਉਨ੍ਹਾਂ ਨੇ ਨਹੀਂ ਕੀਤੀਆਂ। ਇਸ ਫੈਸਲੇ ਰਾਹੀਂ, ਅਸੀਂ ਇੱਕ ਨਿਰਪੱਖ ਸੰਤੁਲਨ ਬਣਾ ਰਹੇ ਹਾਂ ਅਤੇ ਆਮ ਨਾਗਰਿਕ ਦੇ ਹਿੱਤਾਂ ਦੀ ਰੱਖਿਆ ਲਈ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਦੇ ਤਹਿਤ ਸਖ਼ਤੀ ਕਰਵਾਈ ਕੀਤੀ ਜਾਵੇਗੀ।" ਇਹ ਫੈਸਲਾ ਨਾਗਰਿਕਾਂ ਦੇ ਅਧਿਕਾਰਾਂ ਦੀ ਰਾਖੀ ਵੱਲ ਇੱਕ ਅਹਿਮ ਕਦਮ ਹੈ। ਇਸ ਦੇ ਨਾਲ ਹੀ ਇਹ ਫੈਸਲਾ ਵਾਤਾਵਰਣ ਪ੍ਰਤੀ ਜਵਾਬਦੇਹੀ ਨੂੰ ਮਜ਼ਬੂਤ ਕਰਦਾ ਹੈ ਅਤੇ ਇਹ ਯਕੀਨੀ ਬਣਾਉਂਦਾ ਹੈ ਕਿ ਲੋਕਾਂ ਦੇ ਸਨਮਾਨ ਅਤੇ ਬੁਨਿਆਦੀ ਜ਼ਰੂਰਤਾਂ ਨਾਲ ਸਮਝੌਤਾ ਕੀਤੇ ਬਿਨਾਂ ਸਖਤੀ ਨਾਲ ਰੈਗੂਲੇਟਰੀ ਨਿਯਮਾਂ ਦੀ ਪਾਲਣਾ ਕੀਤੀ ਜਾਵੇ।

# ਨਸ਼ੀਲੇ ਪਦਾਰਥ ਤੇ ਗ਼ੈਰ-ਕਾਨੂੰਨੀ ਹਥਿਆਰ ਤਸਕਰੀ ਰੈਕਟ ਨਾਲ ਜੁੜੇ ਤਿੰਨ ਵਿਅਕਤੀ 6.5 ਕਿਲੋਗ੍ਰਾਮ ਹੈਰੋਇਨ, ਪਿਸਤੌਲ ਤੇ ਡਰੱਗ ਸਮੇਤ ਕਾਬੂ

ਚੰਡੀਗੜ੍ਹ/ਬਟਾਲਾ, 11 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਬਟਾਲਾ ਪੁਲਿਸ ਨੇ 6.5 ਕਿਲੋ ਹੈਰੋਇਨ, ਇੱਕ .30 ਕੈਲੀਬਰ ਪਿਸਤੌਲ, ਛੇ ਜ਼ਿੰਦਾ ਕਾਰਤੂਸ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਇੱਕ ਨਾਬਾਲਗ ਸਮੇਤ ਤਿੰਨ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਿਸ਼ਾਨ ਸਿੰਘ ਵਾਸੀ ਮੂਲੀਆਂਵਾਲ, ਬਟਾਲਾ, ਰਵੀਪਾਲ ਸਿੰਘ ਵਾਸੀ ਰਾਏਪੁਰ ਅਤੇ ਇੱਕ ਨਾਬਾਲਗ ਵਜੋਂ ਹੋਈ ਹੈ। ਨਸ਼ੀਲੇ ਪਦਾਰਥ ਤੇ ਡਰੱਗ ਮਨੀ ਦੀ ਬਰਾਮਦਗੀ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਨ੍ਹਾਂ ਦੀ ਟੋਇਟਾ ਫਾਰਚੂਨਰ ਕਾਰ ਵੀ ਜ਼ਬਤ ਕਰ ਲਈ ਹੈ। ਇਹ ਸਫਲਤਾ 30 ਮਾਰਚ, 2026 ਨੂੰ ਬਟਾਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਵਾਪਰੀ ਜਬਰੀ ਵਸੂਲੀ ਨਾਲ ਸਬੰਧਤ ਗੋਲੀਬਾਰੀ ਦੀ ਘਟਨਾ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮਾਂ ਵੰਸ਼ ਅਤੇ ਸੁਖਚੈਨ ਉਰਫ਼ ਜਸ਼ਨ ਤੋਂ ਨਿਰੰਤਰ ਪੁੱਛਗਿੱਛ ਤੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਉਪਰੰਤ ਹਾਸਲ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਬਰਾਮਦਗੀ ਜਬਰੀ ਵਸੂਲੀ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਗੈਰ-ਕਾਨੂੰਨੀ ਹਥਿਆਰ ਤਸਕਰੀ ਨੈੱਟਵਰਕਾਂ ਦਰਮਿਆਨ ਮਜ਼ਬੂਤ ਗਠਜੋੜ ਨੂੰ ਉਜਾਗਰ ਕਰਦੀ ਹੈ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਥਿਆਰ ਨੈੱਟਵਰਕ ਅੰਦਰ ਕੰਮ ਕਰ ਰਹੇ ਸੰਚਾਲਕਾਂ ਨੂੰ ਸਪਲਾਈ ਕੀਤੇ ਜਾ ਰਹੇ ਸਨ। ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀਆਈਜੀ) ਬਾਰਡਰ ਰੇਂਜ ਸੰਦੀਪ ਗੋਇਲ ਨੇ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਆਪਣੇ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਬਟਾਲਾ ਮਹਿਤਾਬ ਸਿੰਘ ਨੇ ਦੱਸਿਆ ਕਿ ਜਾਂਚ ਦੌਰਾਨ, ਮੁਲਜ਼ਮ ਵੰਸ਼ ਅਤੇ ਸੁਖਚੈਨ ਨੇ ਖੁਲਾਸਾ ਕੀਤਾ ਸੀ ਕਿ ਉਨ੍ਹਾਂ ਨੂੰ ਸ਼ੱਕੀਆਂ, ਜਿਹਨਾਂ ਦੀ ਪਛਾਣ ਇੱਕ ਨਾਬਾਲਗ ਅਤੇ ਰਵੀਪਾਲ ਵਜੋਂ ਹੋਈ ਹੈ, ਵੱਲੋਂ ਹਥਿਆਰ ਪ੍ਰਾਪਤ ਹੋਏ ਹਨ। ਉਨ੍ਹਾਂ ਦੇ ਖੁਲਾਸਿਆਂ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਰਵੀਪਾਲ ਸਿੰਘ ਅਤੇ ਉਸਦੇ ਨਾਬਾਲਗ ਸਾਥੀ ਨੂੰ ਗ੍ਰਿਫ਼ਤਾਰ ਕਰ ਲਿਆ, ਜਿਸਨੇ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿੱਚ ਸਹਿਯੋਗ ਦੇਣ ਦੀ ਗੱਲ ਕਬੂਲ ਕੀਤੀ। ਐਸਐਸਪੀ ਨੇ ਕਿਹਾ, "ਦੋਸ਼ੀ ਰਵੀਪਾਲ ਨੇ ਖੁਲਾਸਾ ਕੀਤਾ ਕਿ ਉਸਨੇ ਆਪਣੇ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਨਿਸ਼ਾਨ ਸਿੰਘ ਨੂੰ ਇੱਕ ਖੇਪ ਡਿਲੀਵਰ ਕੀਤੀ ਸੀ।" ਉਨ੍ਹਾਂ ਦੱਸਿਆ ਕਿ ਇਸ ਸੂਹ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਅੰਮ੍ਰਿਤਸਰ ਦੇ ਕਮਲਾ ਦੇਵੀ ਐਵੇਨਿਊ ਨੇੜੇ ਨਿਸ਼ਾਨ ਸਿੰਘ ਦੀ ਫਾਰਚੂਨਰ ਕਾਰ ਨੂੰ ਰੋਕਿਆ ਅਤੇ ਉਸਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸਦੇ ਕਬਜ਼ੇ ਵਿੱਚੋਂ 6.5 ਕਿਲੋ ਹੈਰੋਇਨ, ਇੱਕ .30 ਕੈਲੀਬਰ ਪਿਸਤੌਲ, 6 ਜ਼ਿੰਦਾ ਕਾਰਤੂਸ ਅਤੇ 1 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਸਬੰਧੀ, ਐਫਆਈਆਰ ਨੰਬਰ 103 ਮਿਤੀ 31/3/2026 ਨੂੰ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀ ਧਾਰਾ 109 ਅਤੇ 3 (5) ਅਤੇ ਅਸਲਾ ਐਕਟ ਦੀ ਧਾਰਾ 25 ਅਤੇ 27 ਤਹਿਤ ਬਟਾਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿੱਚ ਪਹਿਲਾਂ ਹੀ ਦਰਜ ਕੀਤੀ ਜਾ ਚੁੱਕੀ ਹੈ।

# ਪੰਜਾਬ ਵਿੱਚ ਹੁਣ ਤੱਕ 35 ਲੱਖ ਤੋਂ ਵੱਧ ਪਰਿਵਾਰ 'ਮੁੱਖ ਮੰਤਰੀ ਸਿਹਤ ਯੋਜਨਾ' ਨਾਲ ਜੁੜੇ : ਪੰਨੂ

ਚੰਡੀਗੜ੍ਹ 11 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 'ਤੇ ਤਿੱਖਾ ਹਮਲਾ ਬੋਲਿਆ ਹੈ। ਪੰਨੂ ਨੇ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਹਰ ਦੂਜੇ ਦਿਨ ਪੰਜਾਬ ਆ ਕੇ 'ਆਪ' ਸਰਕਾਰ ਦੀ ਕਾਰਜਪ੍ਰਣਾਲੀ 'ਤੇ ਬੇਬੁਨਿਆਦ ਸਵਾਲ ਖੜ੍ਹੇ ਕਰਦੇ ਹਨ, ਜਦਕਿ ਸੱਚਾਈ ਇਹ ਹੈ ਕਿ ਖੁਦ ਹਰਿਆਣਾ ਵਿੱਚ ਸਿਹਤ ਸੇਵਾਵਾਂ ਵੈਂਟੀਲੇਟਰ 'ਤੇ ਹਨ। ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈਐਮਏ) ਨੇ ਹਰਿਆਣਾ ਸਰਕਾਰ ਨੂੰ ਸਪੱਸ਼ਟ ਚੇਤਾਵਨੀ ਦਿੱਤੀ ਹੈ ਕਿ ਆਯੁਸ਼ਮਾਨ ਕਾਰਡ ਦੀ ਬਕਾਇਆ ਪੇਮੈਂਟ ਨਾ ਹੋਣ ਕਾਰਨ ਹੁਣ ਜ਼ਿਆਦਾਤਰ ਨਿੱਜੀ ਹਸਪਤਾਲ ਇਸ ਯੋਜਨਾ ਤਹਿਤ ਇਲਾਜ ਬੰਦ ਕਰਨ ਜਾ ਰਹੇ ਹਨ। ਮੁੱਖ ਮੰਤਰੀ ਸੈਣੀ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਦੇ ਰਾਜ ਵਿੱਚ ਗਰੀਬ ਜਨਤਾ ਹੁਣ ਇਲਾਜ ਲਈ ਕਿੱਥੇ ਜਾਵੇਗੀ?



ਬਲਤੇਜ ਪੰਨੂ ਨੇ ਪੰਜਾਬ ਅਤੇ ਹਰਿਆਣਾ ਦੀਆਂ ਸਿਹਤ ਸੇਵਾਵਾਂ ਦੀ ਤੁਲਨਾ ਕਰਦਿਆਂ ਕਿਹਾ ਕਿ ਇੱਕ ਪਾਸੇ ਹਰਿਆਣਾ ਵਿੱਚ ਕੇਂਦਰ ਦੀਆਂ ਯੋਜਨਾਵਾਂ ਦਮ ਤੋੜ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਬਿਨਾਂ ਕਿਸੇ ਸ਼ਰਤ ਦੇ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਵਿਵਸਥਾ ਕੀਤੀ ਹੈ। ਇਸ ਯੋਜਨਾ ਦੀ ਸਫਲਤਾ ਦਾ ਸਬੂਤ ਇਹ ਹੈ ਕਿ ਹੁਣ ਤੱਕ ਪੰਜਾਬ ਦੇ 35 ਲੱਖ ਤੋਂ ਵੱਧ ਪਰਿਵਾਰ ਇਸ ਦੇ ਦਾਇਰੇ ਵਿੱਚ ਆ ਚੁੱਕੇ ਹਨ। ਪੰਜਾਬ ਅੱਜ ਦੇਸ਼ ਦਾ ਪਹਿਲਾ ਅਜਿਹਾ ਸੂਬਾ ਬਣ ਗਿਆ ਹੈ ਜਿੱਥੇ ਸਿੱਖਿਆ ਅਤੇ ਸਿਹਤ ਨੂੰ ਪਹਿਲ ਦਿੰਦਿਆਂ ਆਮ ਆਦਮੀ ਨੂੰ ਇੰਨੀ ਵੱਡੀ ਰਾਹਤ ਦਿੱਤੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਨਾਇਬ ਸਿੰਘ ਸੈਣੀ ਨੂੰ ਪੰਜਾਬ ਦੀ ਚਿੰਤਾ ਛੱਡ ਕੇ ਪਹਿਲਾਂ ਆਪਣੇ ਰਾਜ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮੁਹੱਲਾ ਕਲੀਨਿਕ, ਆਧੁਨਿਕ ਸਰਕਾਰੀ ਹਸਪਤਾਲ ਅਤੇ ਹੁਣ 10 ਲੱਖ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦੇ ਕੇ ਸਿਹਤ ਦੇ ਖੇਤਰ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ। ਹਰਿਆਣਾ ਦੇ ਮੁੱਖ ਮੰਤਰੀ ਨੂੰ ਸ਼ਾਇਦ ਇਸ ਗੱਲ ਦਾ ਅਹਿਸਾਸ ਨਹੀਂ ਹੈ ਕਿ ਉਨ੍ਹਾਂ ਦੇ ਰਾਜ ਵਿੱਚ ਆਯੁਸ਼ਮਾਨ ਯੋਜਨਾ ਤਹਿਤ ਹੋਣ ਵਾਲਾ ਇਲਾਜ ਲਗਭਗ ਬੰਦ ਹੋ ਚੁੱਕਾ ਹੈ, ਪਰ ਉਹ ਪੰਜਾਬ ਦੀ ਤਰੱਕੀ 'ਤੇ ਉਂਗਲ ਚੁੱਕਣ ਦਾ ਕੋਈ ਮੌਕਾ ਨਹੀਂ ਛੱਡਦੇ। ਪੰਨੂ ਨੇ ਮੁੱਖ ਮੰਤਰੀ ਸੈਣੀ ਨੂੰ ਨਸੀਹਤ ਦਿੰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੇ ਤੁਲਨਾ ਕਰਨੀ ਹੀ ਹੈ, ਤਾਂ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਵਿਸ਼ਵ ਪੱਧਰੀ ਸਹੂਲਤਾਂ ਨਾਲ ਕਰਨ। ਬੇਬੁਨਿਆਦ ਇਲਜ਼ਾਮ ਲਗਾ ਕੇ ਜਨਤਾ ਨੂੰ ਮੂਰਖ ਬਣਾਉਣਾ ਬੰਦ ਕਰਨ, ਕਿਉਂਕਿ ਜਨਤਾ ਸਮਝਦਾਰ ਹੈ ਅਤੇ ਦੇਖ ਰਹੀ ਹੈ ਕਿ ਕੌਣ ਜ਼ਮੀਨੀ ਪੱਧਰ 'ਤੇ ਕੰਮ ਕਰ ਰਿਹਾ ਹੈ ਅਤੇ ਕੌਣ ਸਿਰਫ਼ ਰਾਜਨੀਤੀ। ਪੰਜਾਬ ਦੀ 'ਆਪ' ਸਰਕਾਰ ਨੇ ਆਪਣੀਆਂ ਨੀਤੀਆਂ ਨਾਲ ਦਿਖਾ ਦਿੱਤਾ ਹੈ ਕਿ ਜੇਕਰ ਨੀਅਤ ਸਾਫ਼ ਹੋਵੇ ਤਾਂ ਜਨਤਾ ਨੂੰ ਬਿਹਤਰੀਨ ਸਿਹਤ ਸਹੂਲਤਾਂ ਦੇਣਾ ਮੁਮਕਿਨ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦਾ ਪੰਜਵਾਂ ਡਿਗਰੀ ਵੰਡ ਸਮਾਗਮ ਕਰਵਾਇਆ

## ਰਾਜਪਾਲ ਕਟਾਰੀਆ ਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡ. ਧਾਮੀ ਨੇ ਵਿਦਿਆਰਥੀਆਂ ਨੂੰ ਵੰਡੀਆਂ ਡਿਗਰੀਆਂ

ਫਤਿਹਗੜ੍ਹ ਸਾਹਿਬ, 11 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਪੰਜਵਾਂ ਡਿਗਰੀ ਵੰਡ ਸਮਾਗਮ 2026 ਕਰਵਾਇਆ ਗਿਆ। ਇਹ ਸਮਾਗਮ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ ਅਤੇ ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਮੌਜੂਦਗੀ ਵਿੱਚ ਸ਼ੁਰੂ ਹੋਇਆ। ਕਾਰਜਕ੍ਰਮ ਦੀ ਸ਼ੁਰੂਆਤ ਅਕਾਦਮਿਕ ਜਥੇਬੰਦੀ ਨਾਲ ਹੋਈ, ਜਿਸ ਤੋਂ ਬਾਅਦ ਕੀਰਤਨ ਗਾਇਨ ਹੋਇਆ, ਜਿਸ ਨੇ ਮਾਹੌਲ ਨੂੰ ਆਧਿਆਤਮਿਕ ਤੇ ਗੰਭੀਰ ਬਣਾਇਆ। ਇਸ ਮੌਕੇ ਉਪ-ਕੁਲਪਤੀ ਡਾ. ਪ੍ਰਿਤਪਾਲ ਸਿੰਘ ਵੱਲੋਂ ਸਾਲਾਨਾ ਰਿਪੋਰਟ ਪੇਸ਼ ਕੀਤੀ ਗਈ, ਜਿਸ ਵਿੱਚ ਯੂਨੀਵਰਸਿਟੀ ਦੀਆਂ ਅਕਾਦਮਿਕ, ਖੋਜ, ਢਾਂਚਾਗਤ ਵਿਕਾਸ ਅਤੇ ਰੁਜ਼ਗਾਰ ਸੰਬੰਧੀ ਪ੍ਰਾਪਤੀਆਂ ਦਾ ਵੇਰਵਾ ਦਿੱਤਾ ਗਿਆ।

ਸਭਾ ਨੂੰ ਸੰਬੋਧਨ ਕਰਦਿਆਂ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪਾਸ ਹੋ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਮੁੱਲਾਂ ਤੇ ਆਧਾਰਿਤ ਅਤੇ ਹੁਨਰ-ਕੇਂਦਰਿਤ ਸਿੱਖਿਆ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਸੱਚਾਈ, ਇਮਾਨਦਾਰੀ ਤੇ ਸੇਵਾ ਭਾਵ ਨਾਲ ਸਮਾਜ ਦੀ ਭਲਾਈ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਵਿਦਿਆਰਥੀਆਂ ਨੂੰ ਸਿੱਖ ਗੁਰੂਆਂ ਦੀ ਮਹਾਨ ਵਿਰਾਸਤ ਨੂੰ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ।

ਇਸ ਮੌਕੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਯੂਨੀਵਰਸਿਟੀ ਦੇ ਚਾਂਸਲਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਦੇਸ਼ ਦੇ ਕੋਨੇ ਕੋਨੇ ਵਿੱਚ ਜਾ ਕੇ ਜਿੱਥੇ ਆਪਣਾ ਰੁਜ਼ਗਾਰ ਪ੍ਰਾਪਤ ਕਰਨਗੇ ਉੱਥੇ ਹੀ ਯੂਨੀਵਰਸਿਟੀ ਦਾ ਨਾਮ ਵੀ ਅੰਤਰਰਾਸ਼ਟਰੀ ਪੱਧਰ ਤੇ ਚਮਕਾਉਣਗੇ। ਡਿਗਰੀ ਵੰਡ ਸਮਾਰੋਹ ਵਿੱਚ ਟਰਸਟ ਦੇ ਮੈਂਬਰ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਤੇ ਬੀਬੀ ਹਰਜਿੰਦਰ ਕੌਰ, ਸਿੰਡੀਕੇਟ ਮੈਂਬਰ ਜਗਬੀਰ ਸਿੰਘ ਸੋਖੀ, ਸੈਨੇਟ ਮੈਂਬਰ ਡਾ. ਗੁਰਮੋਹਨ ਸਿੰਘ ਵਾਲੀਆ, ਜਸਮੈਰ ਸਿੰਘ ਲਾਛੜੂ ਤੇ ਬਲਦੇਵ ਸਿੰਘ ਕਾਈਮਪੁਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਵਤਾਰ ਸਿੰਘ ਰਿਆ, ਸ਼੍ਰੋਮਣੀ ਅਕਾਲੀ ਦਲ, ਫਤਿਹਗੜ੍ਹ ਸਾਹਿਬ ਦੇ ਇੰਚਾਰਜ ਬਲਜੀਤ ਸਿੰਘ ਭੁੱਟਾ, ਬਾਬਾ ਬੰਦਾ ਸਿੰਘ ਬਹਾਦੁਰ ਇੰਜੀਨੀਅਰਿੰਗ ਕਾਲਜ ਦੇ ਪ੍ਰਿੰਸੀਪਲ ਡਾ. ਲਖਵੀਰ ਸਿੰਘ; ਡੀਨ ਅਕਾਦਮਿਕ ਮਾਮਲੇ ਡਾ. ਸੁਖਵਿੰਦਰ ਸਿੰਘ ਬਿਲਿੰਗ; ਰਜਿਸਟਰਾਰ ਡਾ. ਤੇਜਬੀਰ ਸਿੰਘ; ਡੀਨ ਰਿਸਰਚ ਡਾ. ਨਵਦੀਪ ਕੌਰ; ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ; ਆਈਕਿਊਏਸੀ ਡਾਇਰੈਕਟਰ ਡਾ. ਅੰਕਦੀਪ ਕੌਰ ਅਟਵਾਲ; ਡੀਨ ਅਲੂਮਨੀ ਡਾ. ਸਰਪ੍ਰੀਤ ਸਿੰਘ; ਵੱਖ-ਵੱਖ ਵਿਭਾਗਾਂ ਦੇ ਮੁਖੀ ਤੇ ਫੈਕਲਟੀ ਮੈਂਬਰਾਂ ਸਮੇਤ ਮਹਿਮਾਨ ਤੇ ਅਕਾਦਮਿਕ ਅਗੂ ਹਾਜ਼ਰ ਸਨ।




ਇਸੇ ਡਿਗਰੀ ਵੰਡ ਸਮਾਰੋ ਦੌਰਾਨ 31 ਖੋਜ ਵਿਦਿਆਰਥੀਆਂ ਨੂੰ ਪੀਐਚਡੀ ਦੀਆਂ ਦਿੱਗਰੀਆਂ ਪ੍ਰਦਾਨ ਕੀਤੀਆਂ ਗਈਆਂ, ਜਦਕਿ 616 ਵਿਦਿਆਰਥੀਆਂ ਨੂੰ ਸਨਾਤਕ ਤੇ ਪੋਸਟ-ਸਨਾਤਕ ਪੱਧਰ ਦੀਆਂ ਡਿਗਰੀਆਂ ਦਿੱਤੀਆਂ ਗਈਆਂ। 27 ਹੋਣਹਾਰ ਵਿਦਿਆਰਥੀਆਂ ਨੂੰ ਸੋਨੇ ਦੇ ਤਗਮੇ ਤੇ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ ਗਿਆ। ਰਾਜਪਾਲ ਤਗਮਾ ਲਵਪ੍ਰੀਤ ਕੌਰ (ਇਤਿਹਾਸ ਵਿਭਾਗ), ਹਰਸ਼ਦੀਪ ਸਿੰਘ (ਕਾਮਰਸ ਅਤੇ ਮੈਨੇਜਮੈਂਟ ਵਿਭਾਗ) ਤੇ ਤਰਨਜੋਤ ਕੌਰ (ਅੰਗਰੇਜ਼ੀ ਵਿਭਾਗ) ਨੂੰ ਪ੍ਰਦਾਨ ਕੀਤਾ ਗਿਆ। ਆਪਣੇ ਸੰਬੋਧਨ 'ਚ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਯੂਨੀਵਰਸਿਟੀ ਦੀ ਤਰੱਕੀ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਤੋਂ ਪ੍ਰੇਰਣਾ ਲੈਂਦਿਆਂ ਮੁੱਲਾਂ, ਨਿਮਰਤਾ ਤੇ ਮਨੁੱਖਤਾ ਦੀ ਸੇਵਾ ਉੱਤੇ ਆਧਾਰਿਤ ਸਿੱਖਿਆ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ ਯੂਨੀਵਰਸਿਟੀ ਵੱਲੋਂ ਆਧੁਨਿਕ ਸਿੱਖਿਆ ਨੂੰ ਆਧਿਆਤਮਿਕ ਮੁੱਲਾਂ ਨਾਲ ਜੋੜਨ ਦੇ ਯਤਨਾਂ ਬਾਰੇ ਵੀ ਚਰਚਾ ਕੀਤੀ ਤੇ ਨਵੀਆਂ ਪੜ੍ਹਾਈਆਂ, ਉੱਚ ਮਿਆਰੀ ਢਾਂਚੇ ਤੇ ਮਾਣਯੋਗ ਮਾਨਤਾ ਸੰਬੰਧੀ ਉਪਲਬਧੀਆਂ ਨੂੰ ਵੀ ਉਜਾਗਰ ਕੀਤਾ।

ਯੂਨੀਵਰਸਿਟੀ ਵੱਲੋਂ ਖੋਜ ਤੇ ਨਵੀਨਤਾ ਉੱਤੇ ਦਿੱਤੇ ਜਾ ਰਹੇ ਧਿਆਨ ਨੂੰ ਵੀ ਰੋਸ਼ਨ ਕੀਤਾ ਗਿਆ, ਜਿਸ ਅਧੀਨ ਅਧਿਆਪਕਾਂ ਵੱਲੋਂ 150 ਤੋਂ ਵੱਧ ਖੋਜ ਲੇਖ ਪ੍ਰਕਾਸ਼ਿਤ ਕੀਤੇ ਗਏ ਹਨ ਅਤੇ ਕਈ ਪੁਸਤਕਾਂ ਤੇ ਅਧਿਆਇ ਵੀ ਪ੍ਰਕਾਸ਼ਿਤ ਕੀਤੇ ਗਏ ਹਨ। ਇਸ ਦੇ ਨਾਲ ਹੀ ਵਿਦਿਆਰਥੀਆਂ ਦੀ ਰੁਜ਼ਗਾਰ ਪ੍ਰਾਪਤੀ ਵਿੱਚ ਵੀ ਖ਼ਾਸ ਦੱਸਣਯੋਗ ਸਫਲਤਾ ਦਰਜ ਕੀਤੀ ਗਈ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਸਹੁੰ ਵੀ ਚੁੱਕੀ ਗਈ, ਜਿਸ ਵਿੱਚ ਉਨ੍ਹਾਂ ਨੇ ਨੈਤਿਕਤਾ, ਜ਼ਿੰਮੇਵਾਰੀ ਤੇ ਪੇਸ਼ੇਵਰ ਆਚਰਨ ਦੀ ਪਾਲਣਾ ਕਰਨ ਦਾ ਵਚਨ ਦਿੱਤਾ। ਇਸ ਸਮਾਗਮ ਨੇ ਯੂਨੀਵਰਸਿਟੀ ਦੀ ਸਮੂਹਿਕ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਇਆ। ਅੰਤ ਵਿੱਚ ਡਾ. ਸਿਕੰਦਰ ਸਿੰਘ, ਡੀਨ, ਵਿਦਿਆਰਥੀ ਭਲਾਈ ਨੇ ਧੰਨਵਾਦ ਕੀਤਾ ਗਿਆ ਅਤੇ ਸ਼ਬਦ ਨਾਲ ਸਮਾਗਮ ਦਾ ਸਮਾਪਨ ਹੋਇਆ।

ਯੂਨੀਵਰਸਿਟੀ ਵੱਲੋਂ ਸਮੂਹ ਮਹਿਮਾਨਾਂ, ਅਧਿਆਪਕਾਂ, ਮਾਪਿਆਂ ਅਤੇ ਵਿਦਿਆਰਥੀਆਂ ਦਾ ਦਿਲੋਂ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਇਸ ਸਮਾਗਮ ਨੂੰ ਯਾਦਗਾਰ ਬਣਾਇਆ।

## ਸੰਪਾਦਕੀ

# ਬੱਚਿਆਂ ਦੀ ਤਸਕਰੀ

ਇਸ ਤੋਂ ਵੱਡੀ ਵਿਡੰਬਨਾ ਕੀ ਹੋ ਸਕਦੀ ਹੈ ਕਿ ਅੱਜ ਬਹੁਤ ਸਾਰੇ ਬੱਚੇ ਜਿਨ੍ਹਾਂ ਨੂੰ ਅਸੀਂ ਦੇਸ਼ ਦਾ ਭਵਿੱਖ ਮੰਨਦੇ ਹਾਂ, ਬਹੁ-ਪੱਧਰੀ ਖਤਰਿਆਂ ਦਾ ਸਾਹਮਣਾ ਕਰ ਰਹੇ ਹਨ। ਬੱਚਿਆਂ ਵਿਰੁੱਧ ਅਪਰਾਧਾਂ ਦੇ ਕਈ ਰੂਪਾਂ ਤੋਂ ਇਲਾਵਾ ਬੱਚਿਆਂ ਦੀ ਤਸਕਰੀ ਦਾ ਨੈੱਟਵਰਕ ਇੰਨਾ ਗੁੰਝਲਦਾਰ ਹੁੰਦਾ ਜਾ ਰਿਹਾ ਹੈ ਕਿ ਇਸ ਨਾਲ ਨਜਿੱਠਣਾ ਸਰਕਾਰਾਂ ਲਈ ਇੱਕ ਵੱਡੀ ਚੁਣੌਤੀ ਬਣ ਗਿਆ ਹੈ। ਹਾਲਾਂਕਿ ਇਸ ਅਪਰਾਧ ਨੂੰ ਕੰਟਰੋਲ ਕਰਨਾ ਅਤੇ ਬੱਚਿਆਂ ਨੂੰ ਇਸ ਖ਼ਤਰੇ ਤੋਂ ਬਚਾਉਣਾ ਸਰਕਾਰ ਦੀ ਜ਼ਰੂਰੀ ਜ਼ਿੰਮੇਵਾਰੀ ਅਤੇ ਪ੍ਰਮੁੱਖ ਤਰਜੀਹ ਹੋਣੀ ਚਾਹੀਦੀ ਹੈ ਪਰ ਸਥਿਤੀ ਅਜਿਹੀ ਹੈ ਕਿ ਭਾਰਤ ਦੀ ਸੁਪਰੀਮ ਕੋਰਟ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਬੱਚਿਆਂ ਵਿਰੁੱਧ ਇਸ ਅਪਰਾਧ ਨੂੰ ਗੰਭੀਰਤਾ ਨਾਲ ਲੈਣ ਲਈ ਨਿਰਦੇਸ਼ ਦੇਣ ਲਈ ਮਜਬੂਰ ਹੈ। ਮਹੱਤਵਪੂਰਨ ਗੱਲ ਇਹ ਹੈ ਕਿ ਬੁੱਧਵਾਰ ਨੂੰ ਇੱਕ ਪਟੀਸ਼ਨ 'ਤੇ ਸੁਣਵਾਈ ਦੌਰਾਨ, ਸੁਪਰੀਮ ਕੋਰਟ ਨੇ ਦੇਸ਼ ਵਿੱਚ ਬੱਚਿਆਂ ਦੀ ਤਸਕਰੀ ਦੇ ਵੱਧ ਰਹੇ ਮਾਮਲਿਆਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਦੇਸ਼ ਭਰ ਵਿੱਚ ਸੰਗਠਿਤ ਗਿਰੋਹ ਸਰਗਰਮ ਹਨ ਅਤੇ ਜੇਕਰ ਰਾਜ ਸਰਕਾਰਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਤੁਰੰਤ ਅਤੇ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕਦੇ ਹਨ ਤਾਂ ਸਥਿਤੀ ਕਾਬੂ ਤੋਂ ਬਾਹਰ ਹੋ ਸਕਦੀ ਹੈ। ਹੈਰਾਨੀ ਦੀ ਗੱਲ ਹੈ ਕਿ ਬਾਲ ਤਸਕਰੀ ਦੇ ਵਧ ਰਹੇ ਨੈੱਟਵਰਕ 'ਤੇ ਸੁਪਰੀਮ ਕੋਰਟ ਦੇ ਸਖ਼ਤ ਰੁਖ਼ ਦੇ ਬਾਵਜੂਦ, ਬਹੁਤ ਸਾਰੇ ਰਾਜਾਂ ਨੇ ਅਜੇ ਤੱਕ ਲੋੜੀਂਦੀਆਂ ਰਿਪੋਰਟਾਂ ਤਿਆਰ ਨਹੀਂ ਕੀਤੀਆਂ ਹਨ ਜਾਂ ਕਮੇਟੀਆਂ ਨਹੀਂ ਬਣਾਈਆਂ ਹਨ। ਸਮੱਸਿਆ ਦੀ ਗੰਭੀਰਤਾ ਨੂੰ ਦੇਖਦੇ ਹੋਏ, ਸੁਪਰੀਮ ਕੋਰਟ ਨੇ ਕੁਦਰਤੀ ਤੌਰ 'ਤੇ ਰਾਜਾਂ ਦੇ ਲਾਪਰਵਾਹੀ ਵਾਲੇ ਰਵੱਈਏ 'ਤੇ ਨਾਰਾਜ਼ਗੀ ਪ੍ਰਗਟ ਕੀਤੀ। ਦਰਅਸਲ, ਲਗਭਗ ਇੱਕ ਸਾਲ ਪਹਿਲਾਂ, ਇੱਕ ਫੈਸਲੇ ਵਿੱਚ ਅਦਾਲਤ ਨੇ ਸੰਗਠਿਤ ਤਸਕਰੀ ਨੈੱਟਵਰਕ ਨੂੰ ਤੋੜਨ ਲਈ ਕਈ ਸੰਸਥਾਗਤ ਸੁਧਾਰਾਂ ਦਾ ਨਿਰਦੇਸ਼ ਦਿੱਤਾ ਸੀ। ਇਨ੍ਹਾਂ ਵਿੱਚ ਛੇ ਮਹੀਨਿਆਂ ਦੇ ਅੰਦਰ ਤਸਕਰੀ ਦੇ ਮਾਮਲਿਆਂ ਵਿੱਚ ਰੋਜ਼ਾਨਾ ਸੁਣਵਾਈ ਕਰਨਾ, ਮਨੁੱਖੀ ਤਸਕਰੀ ਵਿਰੋਧੀ ਇਕਾਈਆਂ ਨੂੰ ਮਜ਼ਬੂਤ ਕਰਨਾ ਅਤੇ ਜਾਂਚ ਪ੍ਰਕਿਰਿਆਵਾਂ ਵਿੱਚ ਸੁਧਾਰ ਕਰਨਾ ਸ਼ਾਮਲ ਸੀ। ਅਦਾਲਤ ਨੇ ਰਾਜਾਂ ਨੂੰ ਸੰਭਾਵਿਤ ਤਸਕਰੀ ਦੇ ਹੌਟਸਪੌਟਾਂ ਦੀ ਪਛਾਣ ਕਰਨ ਅਤੇ ਨਿਗਰਾਨੀ ਕਰਨ ਲਈ ਰਾਜ-ਪੱਧਰੀ ਕਮੇਟੀਆਂ ਬਣਾਉਣ ਅਤੇ ਲਾਪਤਾ ਬੱਚਿਆਂ ਦੇ ਮਾਮਲਿਆਂ ਦੀ ਤਸਕਰੀ ਵਜੋਂ ਜਾਂਚ ਸ਼ੁਰੂ ਕਰਨ ਲਈ ਨਿਰਦੇਸ਼ ਦਿੱਤੇ। ਹਾਲਾਂਕਿ, ਇਸ ਮੁੱਦੇ 'ਤੇ ਰਾਜ ਸਰਕਾਰਾਂ ਦੇ ਰੁਖ਼ ਦਾ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਬਹੁਤ ਸਾਰੇ ਰਾਜਾਂ ਨੇ ਅਜੇ ਤੱਕ ਨਿਰਧਾਰਤ ਫਾਰਮੈਟ ਵਿੱਚ ਰਿਪੋਰਟਾਂ ਵੀ ਪੇਸ਼ ਨਹੀਂ ਕੀਤੀਆਂ ਹਨ। ਕੀ ਸਰਕਾਰੀ ਮਸ਼ੀਨਰੀ ਦੇ ਅੰਦਰ ਇੱਛਾ ਸ਼ਕਤੀ ਅਤੇ ਉਦਾਸੀਨਤਾ ਦੀ ਇਹ ਘਾਟ ਇਸ ਤੱਥ ਦੇ ਕਾਰਨ ਹੈ ਕਿ ਤਸਕਰੀ ਦਾ ਸ਼ਿਕਾਰ ਹੋਣ ਵਾਲੇ ਜ਼ਿਆਦਾਤਰ ਬੱਚੇ ਸਮਾਜ ਦੇ ਗਰੀਬ ਅਤੇ ਕਮਜ਼ੋਰ ਵਰਗਾਂ ਤੋਂ ਆਉਂਦੇ ਹਨ? ਇਹ ਕੋਈ ਭੇਤ ਨਹੀਂ ਹੈ ਕਿ ਪਿਛਲੇ ਕੁਝ ਸਾਲਾਂ ਵਿੱਚ ਦੇਸ਼ ਵਿੱਚ ਬਾਲ ਤਸਕਰੀ ਸੰਕਟ ਹੋਰ ਡੂੰਘਾ ਹੋ ਗਿਆ ਹੈ। ਗੁੰਮਸ਼ੁਦਾ ਬੱਚਿਆਂ ਦੇ ਮਾਮਲਿਆਂ ਵਿੱਚ ਮਹੱਤਵਪੂਰਨ ਵਾਧਾ ਦਰਜ ਕੀਤਾ ਗਿਆ ਹੈ, ਖਾਸ ਕਰਕੇ ਕੋਵਿਡ ਮਹਾਂਮਾਰੀ ਤੋਂ ਬਾਅਦ। ਉੱਤਰ ਪ੍ਰਦੇਸ਼ ਵਿੱਚ ਬੱਚਿਆਂ ਵਿਰੁੱਧ ਅਪਰਾਧਾਂ ਦੀ ਸਥਿਤੀ ਖਾਸ ਤੌਰ 'ਤੇ ਗੰਭੀਰ ਹੈ। ਇਹ ਸੱਚ ਹੈ ਕਿ ਬਹੁਤ ਸਾਰੇ ਲਾਪਤਾ ਬੱਚੇ ਪੁਲਿਸ ਨੂੰ ਮਿਲ ਜਾਂਦੇ ਹਨ, ਪਰ ਬਹੁਤ ਸਾਰੇ ਅਣਪਛਾਤੇ ਰਹਿੰਦੇ ਹਨ। ਸਵਾਲ ਇਹ ਹੈ ਕਿ ਉਹ ਬੱਚੇ ਕਿੱਥੇ ਜਾਂਦੇ ਹਨ ਅਤੇ ਉਨ੍ਹਾਂ ਨਾਲ ਕੀ ਹੁੰਦਾ ਹੈ? ਇਹ ਸਮਝਣਾ ਔਖਾ ਨਹੀਂ ਹੈ ਕਿ ਦੇਸ਼ ਭਰ ਵਿੱਚ ਲਾਪਤਾ ਹੋਣ ਵਾਲੇ ਬੱਚੇ ਬਾਲ ਮਜ਼ਦੂਰੀ, ਜਿਨਸੀ ਸ਼ੋਸ਼ਣ ਅਤੇ ਅਪਰਾਧ ਦੀ ਇੱਕ ਅਣਗਿਣਤ ਦਲਦਲ ਵਿੱਚ ਸੁੱਟ ਦਿੱਤੇ ਜਾਂਦੇ ਹਨ। ਇੱਕ ਪਰਿਵਾਰ ਦੇ ਬੱਚੇ ਦੇ ਲਾਪਤਾ ਹੋਣ ਤੋਂ ਬਾਅਦ ਜੋ ਦਰਦ ਅਤੇ ਪੀੜਾ ਅਨੁਭਵ ਹੁੰਦੀ ਹੈ, ਉਹ ਸ਼ਾਇਦ ਕਹਿਣ ਤੋਂ ਪਰਹੇਜ਼ ਨਹੀਂ ਕਰਦੀ। ਪਰ ਜੇਕਰ ਕੋਈ ਸਮਾਜ ਜਾਂ ਸਰਕਾਰ ਬਾਲ ਤਸਕਰੀ ਦੇ ਮੁੱਦੇ ਪ੍ਰਤੀ ਗੰਭੀਰ ਨਹੀਂ ਹੈ, ਤਾਂ ਉਹ ਇੱਕ ਤਰ੍ਹਾਂ ਨਾਲ ਆਪਣੇ ਭਵਿੱਖ ਦੀ ਤ੍ਰਾਸਦੀ ਨੂੰ ਨਜ਼ਰਅੰਦਾਜ਼ ਕਰ ਰਹੀ ਹੈ। ਪਿਛਲੇ ਕੁਝ ਮਹੀਨਿਆਂ ਵਿੱਚ ਇੱਕ ਡਿਜੀਟਲ ਟੂਲ ਦੀ ਵਰਤੋਂ ਕਰਦੇ ਹੋਏ, ਮੁੰਬਈ ਵਿੱਚ ਪੁਲਿਸ ਅਪਰਾਧੀਆਂ ਅਤੇ ਲਾਪਤਾ ਬੱਚਿਆਂ ਦੋਵਾਂ ਦਾ ਪਤਾ ਲਗਾਉਣ ਵਿੱਚ ਸਫਲ ਰਹੀ ਹੈ। ਪਿਛਲੇ ਮਹੀਨੇ ਇੱਕ ਪੁਰਤਗਾਲੀ ਸੈਲਾਨੀ ਦਾ ਪਿੱਛਾ ਕਰਨ ਅਤੇ ਪਰੇਸ਼ਾਨ ਕਰਨ ਦੇ ਦੋਸ਼ ਵਿੱਚ ਦੋ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਕੁਝ ਹਫ਼ਤੇ ਪਹਿਲਾਂ ਗੋਰੇਗਾਓਂ ਤੋਂ ਲਾਪਤਾ ਹੋਇਆ ਇੱਕ 14 ਸਾਲਾ ਲੜਕਾ ਰਾਜਸਥਾਨ ਵਿੱਚ ਮਿਲਿਆ ਸੀ। ਜਨਵਰੀ ਵਿੱਚ, ਮੁੰਬਈ ਦੇ ਇੱਕ ਪ੍ਰੋਫੈਸਰ ਨੂੰ ਚਾਕੂ ਮਾਰਨ ਵਾਲੇ ਵਿਅਕਤੀ ਨੂੰ ਦੋ ਦਿਨਾਂ ਦੇ ਅੰਦਰ ਫੜ ਲਿਆ ਗਿਆ ਸੀ। ਇਸ ਤੋਂ ਇਲਾਵਾ ਇੱਕ ਸਾਲ ਪਹਿਲਾਂ ਅਦਾਕਾਰ ਸੈਫ ਅਲੀ ਖਾਨ 'ਤੇ ਹਮਲਾ ਕਰਨ ਵਾਲੇ ਵਿਅਕਤੀ ਨੂੰ ਵੀ ਕੁਝ ਦਿਨਾਂ ਬਾਅਦ ਫੜ ਲਿਆ ਗਿਆ ਸੀ।

-ਜਗਜੀਤ ਸਿੰਘ ਦਰਦੀ

## ਇਸਲਾਮਾਬਾਦ ਵਿੱਚ ਅਮਰੀਕਾ ਈਰਾਨ ਸ਼ਾਂਤੀ ਗੱਲਬਾਤ

# ਅਜੇ ਤੱਕ ਸਥਿਤੀ ਅਸਪੱਸ਼ਟ : ਈਰਾਨ-ਅਮਰੀਕਾ ਦੋਵੇਂ ਆਪਣੀਆਂ ਸ਼ਰਤਾਂ 'ਤੇ ਅੜੇ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇਸਲਾਮਾਬਾਦ ਵਿੱਚ ਚੱਲ ਰਹੀਆਂ ਅਮਰੀਕਾ-ਈਰਾਨ ਗੱਲਬਾਤ 'ਤੇ ਪੂਰੀ ਦੁਨੀਆ ਦੀਆਂ ਨਿਗਾਹਾਂ ਟਿਕੀਆਂ ਹੋਈਆਂ ਹਨ। ਇਹ ਗੱਲਬਾਤ ਇੱਕ ਟੁੱਟਦੇ ਯੁੱਧ ਵਿਰਾਮ (ceasefire) ਤੋਂ ਉਭਰੀ ਹੈ, ਜੋ ਅਪ੍ਰੈਲ 2026 ਵਿੱਚ ਸ਼ੁਰੂ ਹੋਇਆ ਅਤੇ ਹੁਣ ਇਸਲਾਮਾਬਾਦ ਵਿੱਚ ਉੱਚ ਪੱਧਰੀ ਗੱਲਬਾਤ ਵਿੱਚ ਬਦਲਿਆ ਹੋਇਆ ਹੈ।

ਅੱਜ ਇਸ ਵਿੱਚ ਇਜ਼ਰਾਈਲ ਦੇ ਲੇਬਨਾਨ ਉੱਤੇ ਹਮਲੇ ਇੱਕ ਵੱਡੀ ਰੁਕਾਵਟ ਵਜੋਂ ਉਭਰੇ ਹਨ, ਜਿਸ ਕਰਕੇ ਈਰਾਨ ਆਪਣੀਆਂ ਸ਼ਰਤਾਂ 'ਤੇ ਅੜਿਆ ਹੋਇਆ ਹੈ। ਪਾਕਿਸਤਾਨ ਵੱਲੋਂ ਇਹ ਗੱਲਬਾਤ ਮੀਡੀਏਟ ਕੀਤੀਆਂ ਜਾ ਰਹੀਆਂ ਹਨ ਅਤੇ ਇਹਨਾਂ ਨੂੰ ਮੇਕ ਆਰ ਬ੍ਰੇਕ ਵਜੋਂ ਵੇਖਿਆ ਜਾ ਰਿਹਾ ਹੈ। ਹੁਣ ਤੱਕ ਦੀ ਸਥਿਤੀ ਅਨੁਸਾਰ ਅਪ੍ਰੈਲ 8, 2026 ਨੂੰ ਅਮਰੀਕਾ ਅਤੇ ਈਰਾਨ ਵਿਚਾਲੇ ਇੱਕ ਦੋ ਹਫ਼ਤਿਆਂ ਦਾ ਯੁੱਧ ਵਿਰਾਮ ਸਮਝੌਤਾ ਹੋਇਆ ਸੀ, ਜਿਸ ਨੂੰ ਪਾਕਿਸਤਾਨ ਨੇ ਬ੍ਰੋਕਰ ਕੀਤਾ ਸੀ। ਇਸ ਤੋਂ ਬਾਅਦ ਗੱਲਬਾਤ ਲਈ ਇਸਲਾਮਾਬਾਦ ਨੂੰ ਥਾਂ ਚੁਣਿਆ ਗਿਆ।

ਅੱਜ ਅਮਰੀਕੀ ਡੈਲੀਗੇਸ਼ਨ ਦੀ ਅਗਵਾਈ ਵਾਈਸ ਪ੍ਰੈਜ਼ੀਡੈਂਟ ਜੇ.ਡੀ. ਵੈਂਸ ਕਰ ਰਹੇ ਹਨ, ਜਿਨ੍ਹਾਂ ਨਾਲ ਜੈਰਡ ਕੁਸ਼ਨਰ ਅਤੇ ਸਟੀਵ ਵਿਟਕਾਫ ਵਰਗੇ ਸਲਾਹਕਾਰ ਸ਼ਾਮਲ ਹਨ। ਈਰਾਨੀ ਡੈਲੀਗੇਸ਼ਨ ਵਿੱਚ ਪਾਰਲੀਆਮੈਂਟ ਸਪੀਕਰ ਮੁਹੰਮਦ ਬਾਕਰ ਗਾਲੀਬਾਫ ਅਤੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਵਰਗੇ ਅਧਿਕਾਰੀ ਹਨ। ਗੱਲਬਾਤ ਆਖ਼ਰੀ ਖ਼ਬਰਾਂ ਅਨੁਸਾਰ ਇੰਡਾਇਰੈਕਟ (ਪਾਕਿਸਤਾਨੀ ਮੀਡੀਏਟਰ ਰਾਹੀਂ) ਚੱਲ ਰਹੀ ਹੈ ਅਤੇ ਸਿੱਧੀ ਗੱਲਬਾਤ ਲਈ ਤਰੱਕੀ 'ਤੇ ਨਿਰਭਰ ਕਰਦੀ ਹੈ।

ਅੱਜ ਇਸ ਗੱਲਬਾਤ ਦਾ ਆਧਾਰ ਇੱਕ ਫਰੈਜਾਈਲ ਟੂ-ਵੀਕ ਸੀਸਫਾਇਰ ਹੈ, ਜੋ ਫਰਵਰੀ 2026 ਵਿੱਚ ਸ਼ੁਰੂ ਹੋਏ ਯੁੱਧ ਤੋਂ ਬਾਅਦ ਆਇਆ। ਇਸ ਯੁੱਧ ਵਿੱਚ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਹਮਲੇ ਹੋਏ ਸਨ, ਜਿਸ ਵਿੱਚ ਈਰਾਨੀ ਸੁਪਰੀਮ ਲੀਡਰ ਅਯਾਤੁੱਲਾ ਅਲੀ ਖਾਮਨੇਈ ਦੀ ਮੌਤ ਵੀ ਸ਼ਾਮਲ ਸੀ। ਇਸ ਨਾਲ ਖਾੜੀ ਖੇਤਰ ਵਿੱਚ ਤਣਾਅ ਵਧਿਆ ਅਤੇ ਸਟਰੇਟ ਆਫ ਹਾਰਮੁਜ਼ ਵਿੱਚ ਤੇਲ ਦੀ ਆਵਾਜਾਈ ਪ੍ਰਭਾਵਿਤ ਹੋਈ।

ਹੁਣ ਈਰਾਨ ਨੇ ਆਪਣਾ 10-ਪੁਆਇੰਟ ਪਲਾਨ ਪੇਸ਼ ਕੀਤਾ ਹੈ, ਜਿਸ ਵਿੱਚ ਸੈਂਕਸ਼ਨ ਰਾਹਤ, ਨਿਊਕਲੀਅਰ ਪ੍ਰੋਗਰਾਮ ਉੱਤੇ ਗੱਲਬਾਤ ਅਤੇ ਲਿਬਨਾਨ ਵਿੱਚ ਸੀਜ਼ਫਾਇਰ ਸ਼ਾਮਲ ਹੈ। ਅਮਰੀਕਾ ਈਰਾਨ ਤੋਂ ਯੂਰੇਨੀਅਮ ਐਨਰਿਚਮੈਂਟ ਰੋਕਣ ਅਤੇ ਹਾਰਮੁਜ਼ ਵਿੱਚ ਸੁਰੱਖਿਅਤ ਆਵਾਜਾਈ ਚਾਹੁੰਦਾ ਹੈ। ਇਜ਼ਰਾਈਲ ਦੇ ਲਿਬਨਾਨ ਉੱਤੇ ਜਾਰੀ ਹਮਲੇ ਇੱਕ ਵੱਡਾ ਮੁੱਦਾ ਬਣੇ ਹੋਏ ਹਨ।

ਅੱਜ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਿਆਹੂ ਨੇ ਸਾਫ਼ ਕੀਤਾ ਹੈ ਕਿ ਈਰਾਨ ਨਾਲ ਸੀਜ਼ਫਾਇਰ ਲਿਬਨਾਨ ਉੱਤੇ ਲਾਗੂ ਨਹੀਂ ਹੁੰਦਾ ਅਤੇ ਹਿਜ਼ਬੁੱਲਾਹ ਉੱਤੇ ਹਮਲੇ ਜਾਰੀ ਰਹਿਣਗੇ। ਇਸ ਨਾਲ ਈਰਾਨ ਨੇ ਗੱਲਬਾਤਾਂ ਲਈ ਸ਼ਰਤ ਰੱਖੀ ਹੈ ਕਿ ਲਿਬਨਾਨ ਵਿੱਚ ਹਮਲੇ ਰੋਕੇ ਜਾਣ। ਅਮਰੀਕਾ ਅਤੇ ਇਜ਼ਰਾਈਲ ਇਸ ਨੂੰ ਵੱਖਰਾ ਮੁੱਦਾ ਮੰਨਦੇ ਹਨ, ਜਿਸ ਕਰਕੇ ਟੈਨਸ਼ਨ ਵੱਧ ਰਿਹਾ ਹੈ। ਲਿਬਨਾਨ ਵਿੱਚ ਇਜ਼ਰਾਇਲੀ ਹਮਲਿਆਂ ਵਿੱਚ ਸੈਂਕੜੇ ਲੋਕ ਮਾਰੇ ਗਏ ਹਨ ਅਤੇ ਇਸ ਨੇ ਸੀਜ਼ਫਾਇਰ ਨੂੰ ਖ਼ਤਰੇ ਵਿੱਚ ਪਾ ਦਿੱਤਾ ਹੈ। ਅਮਰੀਕਾ ਦੀ ਨੀਅਤ ਬਾਰੇ ਸਵਾਲ ਉੱਠ ਰਹੇ ਹਨ।

ਉਧਰ ਟਰੰਪ ਪ੍ਰਸ਼ਾਸਨ ਈਰਾਨ ਨੂੰ ਮਿਲਟਰੀ ਡਿਫੀਟਿਡ ਦੱਸ ਰਿਹਾ ਹੈ ਅਤੇ ਹਾਰਮੁਜ਼ ਖੋਲ੍ਹਣ ਲਈ ਦਬਾਅ ਬਣਾ ਰਿਹਾ ਹੈ। ਟਰੰਪ ਨੇ ਕਿਹਾ ਹੈ ਕਿ ਹਾਰਮੁਜ਼ ਵਿਦ ਆਰ ਵਿਦਾਊਟ ਈਰਾਨ ਖੁੱਲ੍ਹੇਗਾ। ਇਸ ਤੋਂ ਲੱਗਦਾ ਹੈ ਕਿ ਅਮਰੀਕਾ ਮਜ਼ਬੂਤੀ ਨਾਲ ਗੱਲਬਾਤ ਕਰ ਰਿਹਾ ਹੈ, ਨਾ ਕਿ ਪੂਰੀ ਤਰ੍ਹਾਂ ਝੁਕਣ ਵਾਲਾ। ਈਰਾਨ ਵੱਲੋਂ ਝੁਕਣ ਦੀ ਸੰਭਾਵਨਾ ਘੱਟ ਹੈ ਕਿਉਂਕਿ ਉਹ ਆਪਣੇ ਨਿਊਕਲੀਅਰ ਰਾਈਟਸ ਅਤੇ ਰੀਜਨਲ ਇਨਫਲੂਐਂਸ (ਹਿਜ਼ਬੁੱਲਾਹ ਸਮੇਤ) ਉੱਤੇ ਅੜਿਆ ਹੋਇਆ ਹੈ।

ਅੱਜ ਈਰਾਨੀ ਅਧਿਕਾਰੀਆਂ ਨੇ ਕਿਹਾ ਹੈ ਕਿ ਗੱਲਬਾਤਾਂ ਅਮਰੀਕਾ ਦੀਆਂ ਤਰਜੀਹਾਂ ਉੱਤੇ ਨਿਰਭਰ ਕਰਦੀਆਂ ਹਨ। ਹੁਣ ਤੱਕ ਗੱਲਬਾਤਾਂ ਦਾ ਆਧਾਰ ਇਹ ਹੈ:ਪਾਕਿਸਤਾਨੀ ਮੀਡੀਏਸ਼ਨ: ਪੀਐੱਮ ਸ਼ਹਬਾਜ਼ ਸ਼ਰੀਫ ਅਤੇ ਆਰਮੀ ਚੀਫ ਅਸਿਮ ਮੁਨੀਰ ਵੱਲੋਂ ਬ੍ਰੋਕਰਿੰਗ। ਇਧਰ ਈਰਾਨ ਦਾ 10-ਪੁਆਇੰਟ ਪਲਾਨ ਤਿਆਰ ਹੈ। ਟਰੰਪ ਨੇ ਇਸ ਨੂੰ ਵਰਕੇਬਲ ਦੱਸਿਆ ਹੈ।

ਅੱਜ ਮੁੱਖ ਮੁੱਦਿਆਂ ਵਿਸ਼ੇਸ਼ ਕਰਕੇ ਈਰਾਨੀ ਨਿਊਕਲੀਅਰ ਪ੍ਰੋਗਰਾਮ, ਸੈਂਕਸ਼ਨ ਰਾਹਤ (ਸੰਭਾਵਿਤ £6 ਬਿਲੀਅਨ ਐਸੈਟਸ), ਹਾਰਮੁਜ਼ ਵਿੱਚ ਤੇਲ ਆਵਾਜਾਈ ਅਤੇ ਲਿਬਨਾਨ/ਹਿਜ਼ਬੁੱਲਾਹ ਉੱਤੇ ਸੀਸਫਾਇਰ ਅਤੇ ਫਰੈਜਾਈਲ ਸੀਜ਼ਫਾਇਰ: ਇਸ ਨੂੰ 22 ਅਪ੍ਰੈਲ ਤੱਕ ਵਧਾਉਣ ਲਈ ਗੱਲਬਾਤਾਂ ਚੱਲ ਰਹੀਆਂ ਹਨ।

ਅੱਜ ਅੰਤਰਰਾਸ਼ਟਰੀ ਖਬਰਾਂ ਅਤੇ ਇਸਲਾਮਾਬਾਦ ਤੋਂ ਆ ਰਹੀਆਂ ਰਿਪੋਰਟਾਂ ਅਨੁਸਾਰ ਗੱਲਬਾਤਾਂ ਵਿੱਚ ਡੀਪ ਡਿਵੀਜ਼ਨ ਹਨ। ਅਲਜਜ਼ੀਰਾ ਅਤੇ ਰਾਈਟਰਜ਼ ਵਰਗੀਆਂ ਏਜੰਸੀਆਂ ਰਿਪੋਰਟ ਕਰ ਰਹੀਆਂ ਹਨ ਕਿ ਪਾਕਿਸਤਾਨ ਦਾ ਟੀਚਾ ਮਾਡੈਸਟ ਹੈ - ਗੱਲਬਾਤਾਂ ਜਾਰੀ ਰੱਖਣ ਲਈ ਇੱਕ ਸਮਝੌਤਾ। ਟਰੰਪ ਵੱਲੋਂ ਫਿਨਿਸ਼ ਇਟ ਆਫ ਵਰਗੀਆਂ ਟਿੱਪਣੀਆਂ ਤੋਂ ਲੱਗਦਾ ਹੈ ਕਿ ਅਮਰੀਕਾ ਮਜ਼ਬੂਤ ਪੋਜ਼ੀਸ਼ਨ ਤੋਂ ਗੱਲ ਕਰ ਰਿਹਾ ਹੈ। ਈਰਾਨ ਵੱਲੋਂ ਲਿਬਨਾਨ ਨੂੰ ਸ਼ਾਮਲ ਕਰਨ ਦੀ ਮੰਗ ਗੱਲਬਾਤਾਂ ਨੂੰ ਰੋਕ ਸਕਦੀ ਹੈ।

ਇਹ ਗੱਲਬਾਤ ਕੀ ਅਮਨ ਵੱਲ ਅੱਗੇ ਵਧੇਗੀ ?

ਇਸ ਬਾਰੇ ਅੰਕੜਿਆਂ ਅਤੇ ਤਾਜ਼ਾ ਸਥਿਤੀ ਤਹਿਤ ਵਿਸ਼ਲੇਸ਼ਣ ਇਸ ਤਰ੍ਹਾਂ ਹੈ ਕਿ ਪਹਿਲਾਂ ਯੁੱਧ ਦੇ ਅੰਕੜੇ ਹਨ। ਇਸ ਯੁੱਧ ਵਿੱਚ ਘੱਟੋ-ਘੱਟ 3800 ਲੋਕ ਮਾਰੇ ਗਏ ਹਨ (ਰਾਈਟਰਜ਼ ਅਨੁਸਾਰ), ਖਾੜੀ ਵਿੱਚ ਤੇਲ ਦੀਆਂ ਕੀਮਤਾਂ ਵਧੀਆਂ ਹਨ ਅਤੇ ਗਲੋਬਲ ਐਕਾਨਮੀ ਪ੍ਰਭਾਵਿਤ ਹੋਈ ਹੈ। ਹਾਰਮੁਜ਼ ਵਿੱਚ ਤੇਲ ਦੀ ਆਵਾਜਾਈ ਵਿਘਨ ਪਿਆ ਹੈ, ਜੋ ਦੁਨੀਆ ਦੇ 20% ਤੇਲ ਲਈ ਜ਼ਰੂਰੀ ਹੈ। ਇਸ ਨਾਲ ਤੇਲ ਦੀਆਂ ਕੀਮਤਾਂ ਵਿੱਚ 10-15% ਵਾਧਾ ਹੋਇਆ ਹੈ। ਗੱਲਬਾਤਾਂ ਦੀ ਸਫਲਤਾ ਦੀ ਸੰਭਾਵਨਾ: ਐਕਸਪਰਟਸ (ਅਲੀ ਵਾਏਜ਼ ਵਰਗੇ) ਕਹਿ ਰਹੇ ਹਨ ਕਿ ਇਸ ਲਈ ਬਹੁਤ ਧੀਰਜ ਅਤੇ ਡਿਪਲੋਮੈਟਿਕ ਸਕਿੱਲ ਚਾਹੀਦੀ ਹੈ। ਪਾਕਿਸਤਾਨ ਆਪਣੀਆਂ ਰਿਲੇਸ਼ਨਜ਼ (ਅਮਰੀਕਾ ਨਾਲ ਫੌਜੀ, ਈਰਾਨ ਨਾਲ ਇਤਿਹਾਸਕ) ਦਾ ਫਾਇਦਾ ਉਠਾ ਰਿਹਾ ਹੈ। ਅੱਜ ਲਿਬਨਾਨ ਮੁੱਦਾ ਰੁਕਾਵਟ ਬਣ ਸਕਦਾ ਹੈ ਜੇ ਇਜ਼ਰਾਈਲ ਲਿਬਨਾਨ ਵਿੱਚ ਹਮਲੇ ਰੋਕਦਾ ਹੈ ਤਾਂ ਤਰੱਕੀ ਹੋ ਸਕਦੀ ਹੈ, ਨਹੀਂ ਤਾਂ ਸੀਸਫਾਇਰ ਟੁੱਟ ਸਕਦਾ ਹੈ। ਟਰੰਪ ਦੀ ਭੂਮਿਕਾ ਵਿਚ ਟਰੰਪ ਨੇ ਈਰਾਨ ਨੂੰ ਧਮਕੀਆਂ ਦਿੱਤੀਆਂ ਹਨ ਪਰ ਗੱਲਬਾਤ ਲਈ ਤਿਆਰ ਵੀ ਹਨ। ਉਨ੍ਹਾਂ ਨੇ ਕਿਹਾ ਹੈ ਕਿ ਈਰਾਨ ਅਲਾਈਵ ਟੂ ਨੈਗੋਸ਼ੀਏਟ ਹੈ। ਇਸ ਤੋਂ ਲੱਗਦਾ ਹੈ ਕਿ ਅਮਰੀਕਾ ਡੀਲ ਚਾਹੁੰਦਾ ਹੈ ਪਰ ਆਪਣੀਆਂ ਸ਼ਰਤਾਂ ਉੱਤੇ। ਜੇ ਗੱਲਬਾਤ ਫੇਲ੍ਹ ਹੋਈ ਤਾਂ ਯੁੱਧ ਮੁੜ ਸ਼ੁਰੂ ਹੋ ਸਕਦਾ ਹੈ। ਅੱਜ ਖਾੜੀ ਵਿੱਚ ਨਵਾਂ ਯੁੱਧ ਜਾਂ ਅਮਨ ਦਾ ਨਵਾਂ ਏਜੰਡਾ ਨਹੀਂ ਹੈ। ਅੱਜ ਵਰਤਮਾਨ ਸਥਿਤੀ ਵਿੱਚ ਫਰੈਜਾਈਲ ਸੀਜ਼ਫਾਇਰ ਚੱਲ ਰਿਹਾ ਹੈ। ਜੇ ਗੱਲਬਾਤਾਂ ਵਿੱਚ ਤਰੱਕੀ ਹੋਈ ਤਾਂ ਖਾੜੀ ਵਿੱਚ ਅਸਥਾਈ ਅਮਨ ਆ ਸਕਦਾ ਹੈ, ਤੇਲ ਦੀਆਂ ਕੀਮਤਾਂ ਘਟਣਗੀਆਂ ਅਤੇ ਗਲੋਬਲ ਐਕਾਨਮੀ ਨੂੰ ਰਾਹਤ ਮਿਲੇਗੀ। ਪਰ ਲਿਬਨਾਨ, ਹਿਜ਼ਬੁੱਲਾਹ ਅਤੇ ਈਰਾਨੀ ਨਿਊਕਲੀਅਰ ਇਸ਼ੂਜ਼ ਕਰਕੇ ਲੰਬੀ ਮਿਆਦ ਵਾਲਾ ਅਮਨ ਚੁਣੌਤੀਪੂਰਨ ਹੈ ਅੱਜ ਇੱਕ ਨਵਾਂ ਏਜੰਡਾ ਨਿਕਲ ਸਕਦਾ ਹੈ ਜਿਸ ਵਿੱਚ ਰੀਜਨਲ ਸੁਰੱਖਿਆ ਫਰੇਮਵਰਕ ਸ਼ਾਮਲ ਹੋਵੇ, ਪਰ ਇਸ ਲਈ ਇਜ਼ਰਾਈਲ-ਈਰਾਨ ਟੈਨਸ਼ਨ ਘਟਣਾ ਜ਼ਰੂਰੀ ਹੈ। ਇਸਲਾਮਾਬਾਦ ਗੱਲਬਾਤ ਦਾ ਇਤਿਹਾਸਕ ਪਿਛੋਕੜ ਇਸ ਤਰ੍ਹਾਂ ਹੈ ਕਿ ਪਾਕਿਸਤਾਨ ਨੇ ਅਚਾਨਕ ਆਪਣੇ ਆਪ ਨੂੰ ਇੱਕ ਡਿਪਲੋਮੈਟਿਕ ਬ੍ਰੋਕਰ ਵਜੋਂ ਸਥਾਪਿਤ ਕੀਤਾ ਹੈ। ਇਸ ਤੋਂ ਪਹਿਲਾਂ ਓਮਾਨ ਅਤੇ ਤੁਰਕੀ ਵਰਗੀਆਂ ਥਾਵਾਂ ਇਸ ਤਰ੍ਹਾਂ ਦੀਆਂ ਗੱਲਬਾਤਾਂ ਲਈ ਵਰਤੀਆਂ ਗਈਆਂ ਹਨ, ਪਰ ਪਾਕਿਸਤਾਨ ਦੀ ਭੂਮਿਕਾ ਇਸ ਲਈ ਵਿਲੱਖਣ ਹੈ ਕਿਉਂਕਿ ਉਸ ਦੇ ਅਮਰੀਕਾ ਨਾਲ ਫੌਜੀ ਰਿਸ਼ਤੇ ਅਤੇ ਈਰਾਨ ਨਾਲ ਗੁਆਂਢੀ ਰਿਸ਼ਤੇ ਹਨ। ਪਾਕਿਸਤਾਨੀ ਪੀਐੱਮ ਨੇ ਇਸ ਨੂੰ ਡਿਸਾਈਸਿਵ ਦੱਸਿਆ ਹੈ। ਇਸਲਾਮਾਬਾਦ ਵਿੱਚ ਸੁਰੱਖਿਆ ਤੰਗ ਕੀਤੀ ਗਈ ਹੈ ਅਤੇ ਦੋ ਦਿਨਾਂ ਦਾ ਪਬਲਿਕ ਹਾਲੀਡੇ ਐਲਾਨ ਕੀਤਾ ਗਿਆ ਹੈ।

ਗੱਲਬਾਤ ਦੇ ਪਹਿਲੀ ਫੇਜ਼ ਵਿੱਚ ਡੈਲੀਗੇਸ਼ਨਾਂ ਨੇ ਵੱਖ-ਵੱਖ ਤੌਰ 'ਤੇ ਪਾਕਿਸਤਾਨੀ ਪੀਐੱਮ ਨਾਲ ਮੀਟਿੰਗਾਂ ਕੀਤੀਆਂ ਹਨ। ਫਿਰ ਇੰਡਾਇਰੈਕਟ ਐਕਸਚੇਂਜ ਸ਼ੁਰੂ ਹੋਇਆ। ਜੇ ਤਰੱਕੀ ਹੋਈ ਤਾਂ ਸਿੱਧੀ ਗੱਲਬਾਤ ਹੋ ਸਕਦੀ ਹੈ। ਈਰਾਨ ਵੱਲੋਂ £6 ਬਿਲੀਅਨ ਐਸੈਟਸ ਫਰੀਜ਼ ਕਰਨ ਬਾਰੇ ਖਬਰਾਂ ਆਈਆਂ ਹਨ, ਪਰ ਅਮਰੀਕਾ ਨੇ ਇਸ ਨੂੰ ਖਾਰਜ ਕੀਤਾ ਹੈ। ਇਸ ਤੋਂ ਲੱਗਦਾ ਹੈ ਕਿ ਡੈਡਲਾਕ ਬਣਿਆ ਹੋਇਆ ਹੈ। ਇਜ਼ਰਾਈਲ ਫੈਕਟਰ: ਲਿਬਨਾਨ ਵਿੱਚ ਇਜ਼ਰਾਇਲੀ ਹਮਲੇ (ਬੈਰੂਤ ਸਮੇਤ) ਨੇ ਈਰਾਨ ਨੂੰ ਗੁੱਸਾ ਦਿੱਤਾ ਹੈ। ਇਜ਼ਰਾਈਲ ਨੇ ਕਿਹਾ ਹੈ ਕਿ ਉਹ ਹਿਜ਼ਬੁੱਲਾਹ ਉੱਤੇ ਹਮਲੇ ਜਾਰੀ ਰੱਖੇਗਾ ਅਤੇ ਲਿਬਨਾਨ ਨਾਲ ਵੱਖਰੀਆਂ ਗੱਲਬਾਤਾਂ ਲਈ ਤਿਆਰ ਹੈ।

ਹੁਣ ਇਸ ਨਾਲ ਅਮਰੀਕਾ-ਈਰਾਨ ਗੱਲਬਾਤ ਉੱਤੇ ਅਸਰ ਪੈ ਰਿਹਾ ਹੈ। ਵਾਈਸ ਪ੍ਰੈਜ਼ੀਡੈਂਟ ਵੈਂਸ ਨੇ ਈਰਾਨ ਨੂੰ ਚਿਤਾਵਨੀ ਦਿੱਤੀ ਹੈ ਕਿ ਲਿਬਨਾਨ ਉੱਤੇ ਗੱਲਬਾਤ ਖਰਾਬ ਨਾ ਕਰਨ। ਆਰਥਿਕ ਪ੍ਰਭਾਵ: ਯੁੱਧ ਨੇ ਤੇਲ ਦੀਆਂ ਕੀਮਤਾਂ ਵਧਾਈਆਂ ਹਨ, ਜਿਸ ਨਾਲ ਗਲੋਬਲ ਇਨਫਲੇਸ਼ਨ ਵਧੀ ਹੈ। ਜੇ ਅਮਨ ਹੋਇਆ ਤਾਂ ਤੇਲ ਦੀਆਂ ਕੀਮਤਾਂ ਘਟਣਗੀਆਂ ਅਤੇ ਸਟਾਕ ਮਾਰਕੀਟਸ ਵਿੱਚ ਰਾਹਤ ਆਵੇਗੀ। ਖਾੜੀ ਦੇਸ਼ਾਂ (ਸਾਊਦੀ, ਯੂਏਈ) ਵੀ ਇਸ ਤੋਂ ਪ੍ਰਭਾਵਿਤ ਹਨ ਅਤੇ ਉਹ ਅਮਨ ਚਾਹੁੰਦੇ ਹਨ। ਭਵਿੱਖ ਦੀਆਂ ਸੰਭਾਵਨਾਵਾਂ: ਗੱਲਬਾਤਾਂ ਜਾਰੀ ਰਹਿਣਗੀਆਂ ਤਾਂ ਲੰਬੀ ਮਿਆਦ ਵਾਲਾ ਸੀਜ਼ਫਾਇਰ ਹੋ ਸਕਦਾ ਹੈ, ਪਰ ਪੂਰਾ ਅਮਨ ਲਈ ਈਰਾਨ-ਇਜ਼ਰਾਈਲ ਟੈਨਸ਼ਨ ਘਟਾਉਣਾ ਪਵੇਗਾ।

ਅੱਜ ਟਰੰਪ ਦੀ ਅਮੈਰਿਕਾ ਫਸਟ ਪਾਲਿਸੀ ਤਹਿਤ ਅਮਰੀਕਾ ਈਰਾਨ ਤੋਂ ਵੱਡੀਆਂ ਰਾਹਤਾਂ ਲੈਣਾ ਚਾਹੁੰਦਾ ਹੈ। ਈਰਾਨ ਆਪਣੀ ਸੁਵਰੇਨਟੀ ਅਤੇ ਰੀਜਨਲ ਰੋਲ ਉੱਤੇ ਅੜਿਆ ਹੋਇਆ ਹੈ। ਜੇ ਫੇਲ੍ਹ ਹੋਈ ਤਾਂ ਖਾੜੀ ਵਿੱਚ ਨਵਾਂ ਯੁੱਧ ਫਿਰ ਤੋਂ ਭੜਕ ਸਕਦਾ ਹੈ, ਜਿਸ ਨਾਲ ਤੇਲ ਸੰਕਟ ਅਤੇ ਹੋਰ ਵੱਡੀਆਂ ਤਬਾਹੀਆਂ ਹੋ ਸਕਦੀਆਂ ਹਨ। ਇਸ ਤੋਂ ਇਲਾਵਾ ਭਾਰਤ ਵਰਗੇ ਦੇਸ਼ ਇਸ ਨੂੰ ਨਜ਼ਦੀਕੀ ਨਾਲ ਵੇਖ ਰਹੇ ਹਨ ਕਿਉਂਕਿ ਤੇਲ ਆਯਾਤ ਅਤੇ ਰੀਜਨਲ ਸਥਿਰਤਾ ਉਨ੍ਹਾਂ ਲਈ ਵੀ ਮਹੱਤਵਪੂਰਨ ਹੈ।

ਅੱਜ ਭਾਰਤ ਇਸਲਾਮਾਬਾਦ ਗੱਲਬਾਤ ਨੂੰ ਡਿਪਲੋਮੈਟਿਕ ਤੌਰ 'ਤੇ ਮਾਨੀਟਰ ਕਰ ਰਿਹਾ ਹੈ। ਮੋਟੇ ਤੌਰ ਵਿੱਚ, ਇਸਲਾਮਾਬਾਦ ਗੱਲਬਾਤਾਂ ਇੱਕ ਇਤਿਹਾਸਿਕ ਮੌਕਾ ਹਨ ਪਰ ਚੁਣੌਤੀਆਂ ਭਰਪੂਰ ਹਨ। ਲਿਬਨਾਨ ਮੁੱਦਾ, ਨਿਊਕਲੀਅਰ ਇਸ਼ੂ ਅਤੇ ਹਾਰਮੁਜ਼ ਵਰਗੀਆਂ ਗੱਲਾਂ ਉੱਤੇ ਸਮਝੌਤਾ ਹੋਇਆ ਤਾਂ ਅਮਨ ਵੱਲ ਵੱਡਾ ਕਦਮ ਹੋਵੇਗਾ, ਨਹੀਂ ਤਾਂ ਟਰੰਪ ਦੀਆਂ ਧਮਕੀਆਂ ਅਤੇ ਈਰਾਨੀ ਅੜੀਅਲਤਾ ਨਾਲ ਯੁੱਧ ਵੱਲ ਵਾਪਸੀ ਹੋ ਸਕਦੀ ਹੈ।

ਅੱਜ ਤਾਜ਼ਾ ਸਥਿਤੀ ਅਨੁਸਾਰ ਗੱਲਬਾਤਾਂ ਚੱਲ ਰਹੀਆਂ ਹਨ ਅਤੇ ਕੋਈ ਵੱਡੀ ਤਰੱਕੀ ਜਾਂ ਫੇਲ੍ਹੀ ਤੱਕ ਦੀ ਖ਼ਬਰ ਨਹੀਂ ਆਈ ਹੈ। ਦੁਨੀਆ ਉਮੀਦ ਨਾਲ ਇੰਤਜ਼ਾਰ ਕਰ ਰਹੀ ਹੈ ਕਿ ਇਹ ਗੱਲਬਾਤਾਂ ਖਾੜੀ ਵਿੱਚ ਸਥਿਰਤਾ ਲਿਆਉਣਗੀਆਂ ਜਾਂ ਨਵੀਂ ਤਣਾਅ ਵਧਾਉਣਗੀਆਂ।

# ਕੇਂਦਰ ਦਾ ਪੰਜਾਬ ਨਾਲ ਹੇਜ ਉਪਰਲੇ ਮਨੋਂ



ਕਮਲਜੀਤ ਸਿੰਘ ਬਨਵੈਤ
98147 34035

- ਭਾਜਪਾ ਦੀ ਕੇਂਦਰ ਸਰਕਾਰ ਨੇ ਰਾਜਸਥਾਨ ਨੂੰ ਕਣਕ ਦੀ ਗੁਣਵੱਤਾ ਵਿੱਚ ਦਿੱਤੀ ਛੋਟ। ਪੰਜਾਬ ਸਰਕਾਰ ਦੇ ਪੱਤਰ ਨੂੰ ਕੀਤਾ ਅਣਗੌਲਿਆ
- ਪੰਜਾਬ ਵਿੱਚ ਗੜ੍ਹੇ, ਮੀਂਹ ਅਤੇ ਤੇਜ਼ ਹਵਾਵਾਂ ਨਾਲ ਸਵਾ ਲੱਖ ਏਕੜ ਤੋਂ ਵੱਧ ਫਸਲ ਦਾ ਹੋ ਚੁੱਕੈ ਨੁਕਸਾਨ
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੇਂਦਰ ਉੱਤੇ ਗੋਦਾਮ ਖਾਲੀ ਕਰਨ ਲਈ ਬਣਾਇਆ ਦਬਾਅ, ਕੇਂਦਰ ਨੇ 155 ਲੱਖ ਮੀਟਰਕ ਟਨ ਚੁੱਕਣ ਲਈ ਦਿੱਤੀ ਸਹਿਮਤੀ
- ਪੰਜਾਬ ਵਿੱਚ ਇਸ ਵਾਰ ਕਣਕ ਹੇਠਲਾ ਰਕਬਾ 34.90 ਹੈਕਟੇਅਰ, ਮੰਡੀਆਂ ਵਿੱਚ ਸਵਾ ਲੱਖ ਮੀਟਰਕ ਟਨ ਜਿਨਸ ਆਉਣ ਦਾ ਅੰਦਾਜ਼ਾ

ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਵੱਲੋਂ ਪੰਜਾਬ ਤੇ ਪੰਜਾਬੀਆਂ ਨਾਲ ਜਤਾਏ ਜਾ ਰਹੇ ਹੇਜ ਦੀ ਗੱਲ ਕਰੀਏ ਤਾਂ ਤੇਹ ਦੂਜੇ ਸੂਬਿਆਂ ਨਾਲ ਵਧੇਰੇ ਲੱਗਦਾ ਹੈ। ਕਈ ਵਾਰ ਤਾਂ ਇੰਝ ਲੱਗਣ ਲੱਗ ਪੈਂਦਾ ਜਿਵੇਂ ਪੰਜਾਬ ਮਤਰੇਈ ਮਾਂ ਦਾ ਪੁੱਤ ਹੋਵੇ। ਪੰਜਾਬ ਨੇ ਆਪਣਾ ਆਪ ਵਾਰ ਕੇ ਹਰੀ ਕ੍ਰਾਂਤੀ ਲਿਆਂਦੀ। ਉਦੋਂ ਤੋਂ ਲੈ ਕੇ ਉਹ ਮੁਲਕ ਦਾ ਢਿੱਡ ਹੀ ਨਹੀਂ ਭਰਦਾ ਸਗੋਂ ਉਸ ਨੇ ਬੜਾ ਕੁਝ ਦਾਅ 'ਤੇ ਵੀ ਲਾ ਰੱਖਿਆ ਹੈ। ਪੰਜਾਬ ਦੇ ਪੱਲੇ ਘਾਟਾ ਹੀ ਘਾਟਾ ਰਿਹਾ ਹੈ। ਰੱਬ ਨੇ ਪੰਜਾਬੀਆਂ ਨੂੰ ਭਾਗ ਜ਼ਰੂਰ ਲਾਈ ਰੱਖੇ ਹਨ।

ਹੁਣ ਜਦੋਂ ਪੰਜਾਬ ਦੇ ਕਿਸਾਨ ਦੀ ਪੁੱਤਾਂ ਵਾਂਗੂੰ ਪਾਲੀ ਹਾੜੀ ਦਾ ਰੰਗ ਸੁਨਹਿਰੀ ਫਿਰਨ ਲੱਗਾ ਹੈ ਤਾਂ ਕੇਂਦਰ ਸਰਕਾਰ ਨੇ ਮੀਂਹ ਅਤੇ ਤੇਜ਼ ਹਵਾਵਾਂ ਨਾਲ ਉਹ ਫਸਲੀ ਨੁਕਸਾਨ ਦੇ ਮੱਦੇਨਜ਼ਰ ਗੁਆਂਢੀ ਸੂਬੇ ਰਾਜਸਥਾਨ ਨੂੰ ਕਣਕ ਦੀ ਖ਼ਰੀਦ ਮਾਪਦੰਡਾਂ ਵਿੱਚ ਛੋਟ ਦੇ ਦਿੱਤੀ ਹੈ। ਪੰਜਾਬ ਸਰਕਾਰ ਨੇ ਇਸ ਵਾਰ ਵੀ ਕੇਂਦਰ ਤੋਂ ਕਣਕ ਦੀ ਖ਼ਰੀਦ ਦੇ ਪੈਮਾਨਿਆਂ ਵਿੱਚ ਛੋਟ ਦੀ ਮੰਗ ਕੀਤੀ ਸੀ। ਮੌਸਮ ਦਾ ਇਤਬਾਰ ਹਾਲੇ ਵੀ ਨਹੀਂ ਪਰ ਮੁਢਲੇ ਅਨੁਮਾਨਾਂ ਅਨੁਸਾਰ ਪੰਜਾਬ ਵਿੱਚ ਹੁਣ ਤੱਕ 1.30 ਲੱਖ ਏਕੜ ਕਣਕ ਦਾ ਮੀਂਹ ਅਤੇ ਗੜੇਮਾਰੀ ਕਾਰਨ ਨੁਕਸਾਨ ਹੋ ਚੁੱਕਾ ਹੈ। ਪੰਜਾਬ ਵਿੱਚ ਕਣਕ ਹੇਠਲਾ ਰਕਬਾ 34.90 ਹੈਕਟੇਅਰ ਹੈ। ਮੰਡੀਆਂ ਵਿੱਚ 122 ਲੱਖ ਦੀ ਮੀਟ੍ਰਿਕ ਟਨ ਜਿਨਸ ਆਉਣ ਦੀ ਉਮੀਦ ਹੈ। ਪੰਜਾਬ ਸਰਕਾਰ ਵੱਲੋਂ ਬੰਦੋਬਸਤ 130 ਲੱਖ ਮੀਟ੍ਰਿਕ ਟਨ ਦੇ ਕੀਤੇ ਗਏ ਹਨ।

ਕੇਂਦਰੀ ਖਪਤਕਾਰ ਮਾਮਲੇ, ਖ਼ੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ 9 ਅਪ੍ਰੈਲ ਨੂੰ ਪੱਤਰ ਜਾਰੀ ਕਰਕੇ ਭਾਜਪਾ ਸ਼ਾਸਿਤ ਰਾਜਸਥਾਨ ਵਿੱਚ ਕਣਕ ਖ਼ਰੀਦਣ ਲਈ ਹਦਾਇਤਾਂ ਵਿੱਚ ਢਿੱਲ ਦੇ ਦਿੱਤੀ ਹੈ। ਕੇਂਦਰੀ ਮੰਤਰਾਲੇ ਦਾ ਕਹਿਣਾ ਹੈ ਕਿ ਰਾਜਸਥਾਨ ਵਿੱਚ ਸਾਰੇ ਜ਼ਿਲ੍ਹਿਆਂ ਵਿੱਚ ਮੌਸਮ ਖਰਾਬ ਕਾਰਨ ਫ਼ਸਲਾਂ ਪ੍ਰਭਾਵਿਤ ਹੋਈਆਂ ਹਨ, ਜਿਸ ਕਰਕੇ ਰਾਜਸਥਾਨ ਵਿੱਚ ਖ਼ਰੀਦ ਮਾਪਦੰਡਾਂ ਵਿੱਚ ਢਿੱਲ ਦਾ ਫ਼ੈਸਲਾ ਲਿਆ ਗਿਆ ਹੈ।

ਕੇਂਦਰ ਸਰਕਾਰ ਦਾ ਇਹ ਵੀ ਕਹਿਣਾ ਹੈ ਕਿ ਰਾਜਸਥਾਨ ਵਿੱਚ ਕਣਕ ਦੀ ਫਸਲ ਜਲਦੀ ਭਰ ਜਾਂਦੀ ਹੈ ਅਤੇ ਕੇਂਦਰੀ ਟੀਮਾਂ ਰਾਜਸਥਾਨ ਦਾ ਦੌਰਾ ਕਰਕੇ ਹੋਏ ਨੁਕਸਾਨ ਦਾ ਜਾਇਜ਼ਾ ਲੈ ਚੁੱਕੀਆਂ ਹਨ। ਪੰਜਾਬ ਵਿੱਚ ਕਣਕ ਦੂਜੇ ਸੂਬੇ ਮੁਕਾਬਲੇ ਲੇਟ ਆਉਂਦੀ ਹੈ। ਇਸੇ ਦੌਰਾਨ ਖੇਤੀ ਵਿਭਾਗ ਪੰਜਾਬ ਦੇ ਸਕੱਤਰ ਨੇ ਕੇਂਦਰੀ ਖ਼ੁਰਾਕ ਮੰਤਰਾਲੇ ਦੇ ਸਕੱਤਰ ਨੂੰ ਪੱਤਰ ਲਿਖ ਕੇ ਦੱਸਿਆ ਕਿ ਮਾਰਚ ਦੇ ਅਖੀਰਲੇ ਅਤੇ ਅਪ੍ਰੈਲ ਦੇ ਪਹਿਲੇ ਹਫਤੇ ਮੀਂਹ ਤੇ ਗੜੇਮਾਰੀ ਕਾਰਨ ਫ਼ਸਲਾਂ ਦਾ ਨੁਕਸਾਨ ਹੋਇਆ ਹੈ। ਇਸ ਨਾਲ ਫਸਲ ਦੀ ਗੁਣਵੱਤਾ ਪ੍ਰਭਾਵਿਤ ਹੋਈ ਹੈ।। ਪੱਤਰ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਕਣਕ ਦੀ ਖਰੀਦ ਦੇ ਪੈਮਾਨੇ ਵਿੱਚ ਛੋਟ ਦਿੱਤੀ ਜਾਵੇ।

ਇਸੇ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਿੱਚ ਕਣਕਾਂ ਦੇ ਭੰਡਾਰ ਖਾਲੀ ਕਰਨ ਨੂੰ ਲੈ ਕੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਇੱਕ ਮੀਟਿੰਗ ਕੀਤੀ। ਪਤਾ ਲੱਗਾ ਹੈ ਕਿ ਗੁਦਾਮਾਂ ਵਿੱਚ ਪਏ 155 ਲੱਖ ਮੀਟਰ ਤੱਕ ਨਾ ਚੁੱਕਣ ਉੱਤੇ ਸਹਿਮਤੀ ਬਣ ਗਈ ਹੈ। ਕੇਂਦਰ ਨੇ ਅਨਾਜ ਦੀ ਲਿਫਟਿੰਗ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਲਈ ਸਹਿਮਤੀ ਦਿੱਤੀ ਹੈ, ਜਿਸ ਨਾਲ ਹਾੜੀ ਮੰਡੀਕਰਨ ਸੀਜ਼ਨ ਤੋਂ ਪਹਿਲਾਂ ਸੂਬੇ ਵਿੱਚ ਅਨਾਜ ਦੇ ਭੰਡਾਰਨ ਸਬੰਧੀ ਗੰਭੀਰ ਸੰਕਟ ਨਾਲ ਵੇਖਣ ਵਿੱਚ ਮਦਦ ਮਿਲੇਗੀ। ਇਸ ਦਖਲ ਦੇ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਉੱਤੇ ਬੋਝ ਬਣੇ ਢਾਂਚਾ ਮੁੱਦਿਆਂ ਦੇ ਹੱਲ 'ਤੇ ਜ਼ੋਰ ਦਿੱਤਾ, ਜਿਸ ਵਿੱਚ ਕੁਝ ਨਗਦ ਕਰਜ਼ਾ ਵਿਆਜ ਦਰਾਂ, ਪੇਂਡੂ ਵਿਕਾਸ ਫੰਡ ਅਧੀਨ ਲਮਕਦੇ 9000 ਕਰੋੜ ਰੁਪਏ, ਗੜੇਮਾਰੀ ਨਾਲ ਪ੍ਰਭਾਵਿਤ ਫਸਲ ਲਈ ਮੁਆਵਜ਼ਾ ਅਤੇ ਆੜ੍ਹਤੀਆਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਸ਼ਾਮਿਲ ਹਨ। ਕੇਂਦਰੀ ਮੰਤਰੀ ਨੇ ਇਹਨਾਂ ਮੁੱਦਿਆਂ ਦੇ ਸੰਬੰਧ ਵਿੱਚ ਚੰਗਾ ਹੁੰਗਾਰਾ ਭਰਿਆ ਤੇ ਮੁੱਦਿਆਂ ਦੇ ਹੱਲ ਲਈ ਸਕੱਤਰ ਪੱਧਰੀ ਪ੍ਰਣਾਲੀ ਸਿਰਜਣ ਸਮੇਤ ਠੋਸ ਕਦਮ ਚੁੱਕਣ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਭਗਵਾਨ ਸਿੰਘ ਮਾਨ ਨੇ ਐਕਸ 'ਤੇ ਜਾਣਕਾਰੀ ਦਿੰਦਿਆਂ ਕਿ ਦਿੱਲੀ ਵਿੱਚ ਉਹਨਾਂ ਦੀ ਕੇਂਦਰੀ ਮੰਤਰੀ ਨਾਲ ਮੀਟਿੰਗ ਦੇ ਵਧੀਆ ਸਿੱਟੇ ਨਿਕਲੇ ਹਨ। ਉਹਨਾਂ ਕਿਹਾ ਕਿ ਉਹ ਬੇਹੱਦ ਖੁਸ਼ੀ ਮਹਿਸੂਸ ਕਰਦੇ ਹਨ ਕਿ ਕੇਂਦਰੀ ਮੰਤਰੀ ਨੇ ਇਹਨਾਂ ਸਾਰੇ ਮੁੱਦਿਆਂ ਉੱਤੇ ਬੇਹੱਦ ਸਾਕਾਰਤਮਿਕ ਹੁੰਗਾਰਾ ਭਰਿਆ ਹੈ। ਉਹਨਾਂ ਨੇ ਨਾਲ ਹੀ ਕਿਹਾ ਕਿ ਉਹ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹਨ।

ਰਾਸ਼ਟਰੀ ਖ਼ੁਰਾਕ ਖਰੀਦ ਪ੍ਰਣਾਲੀ ਵਿੱਚ ਪੰਜਾਬ ਦੀ ਮੁੱਖ ਭੂਮਿਕਾ ਨਜ਼ਰ ਆਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣਾ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਸੂਬੇ ਤੇ ਹੋਰ ਵਿੱਕਰੀ ਫਸਲ ਨੂੰ ਵਧ ਤੋਂ ਰੋਕਣ ਲਈ ਕੇਂਦਰ ਵੱਲੋਂ ਇਹਨਾਂ ਮੁੱਦਿਆਂ 'ਤੇ ਸਮੇਂ ਸਮੇਂ ਸਿਰ ਦਖ਼ਲ ਦੀ ਲੋੜ ਹੈ।

ਪੰਜਾਬੀ, ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਨਾਲ ਪਹਿਲਾਂ ਹੀ ਕਈ ਤਰ੍ਹਾਂ ਦੇ ਸ਼ਿਕਵੇ ਦਿਲਾਂ ਵਿੱਚ ਲਈ ਬੈਠੇ ਹਨ। ਕਿਸਾਨ ਤਾਂ ਕਈ ਚਿਰਾਂ ਤੋਂ ਕੇਂਦਰ ਸਰਕਾਰ ਨਾਲ ਮਨੋ ਭਿੱਜਦੇ ਹੀ ਨਹੀਂ ਹਨ। ਸਿੱਖਾਂ ਦੇ ਇੱਕ ਵਰਗ ਨੂੰ ਵੱਖਰਾ ਰੋਸਾ ਹੈ ਕਿ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੇ ਫੈਸਲੇ ਲੈਣ ਵੇਲੇ ਪੱਖਪਾਤ ਕੀਤਾ ਜਾ ਰਿਹਾ ਹੈ। ਪੰਜਾਬ ਯੂਨੀਵਰਸਿਟੀ ਅਤੇ ਚੰਡੀਗੜ੍ਹ ਨੂੰ ਲੈ ਕੇ ਵੀ ਪੰਜਾਬੀਆਂ ਦੇ ਮਨਾਂ ਵਿੱਚ ਰੋਸ ਵੀ ਹੈ ਤੇ ਸ਼ੰਕੇ ਵੀ ਹਨ।

ਪੰਜਾਬ ਦੇ ਕਿਸਾਨ ਨੂੰ ਤਬਾਹੀ ਅਤੇ ਖੁਦਕੁਸ਼ੀਆਂ ਤੋਂ ਦੂਰ ਰੱਖਣ ਲਈ ਕੇਂਦਰ ਸਰਕਾਰ ਨੂੰ ਕਣਕ ਦੇ ਖ਼ਰੀਦ ਮਾਪ ਦੰਡਾਂ ਵਿੱਚ ਪਹਿਲ ਦੇ ਅਧਾਰ 'ਤੇ ਢਿਲ ਦੇਣ ਦੀ ਲੋੜ ਸੀ। ਪੰਜਾਬ ਦੇ ਪਿੰਡੇ ਉੱਤੇ ਪਿਛਲੀਆਂ ਬਰਸਾਤਾਂ ਦੌਰਾਨ ਹੜ੍ਹਾਂ ਨੇ ਕੀਤੇ ਜ਼ਖਮ ਹਾਲੇ ਭਰੇ ਨਹੀਂ ਹਨ। ਇਹ ਜੇਰਾ ਪੰਜਾਬੀਆਂ ਵਿੱਚ ਹੈ ਕਿ ਉਹ ਆਪਣੀ ਪੀੜ ਲੁਕੋ ਕੇ ਦੂਜਿਆਂ ਦੇ ਦੁੱਖ ਚੁਗਣ ਦੀ ਹਿੰਮਤ ਰੱਖਦੇ ਹਨ। ਪੰਜਾਬੀ ਦੋ ਪੈਰ ਘੱਟ ਤੁਰਦੇ ਹਨ ਪਰ ਤੁਰਦੇ ਮੜਕ ਦੇ ਨਾਲ ਹਨ। ਅਸਮਾਨ ਵਿੱਚੋਂ ਡਿੱਗਦੀ ਲੂ ਵਿੱਚ ਵੀ ਪੰਜਾਬ ਦੇ ਕਿਸਾਨ ਨੇ ਪਰਨੇ ਦਾ ਝੁੰਮ ਮਾਰ ਕੇ ਮੰਡੀਆਂ ਵਿੱਚ ਰਿਕਾਰਡ ਤੋੜ ਕਣਕ ਸੁੱਟ ਆਉਣੀ ਹੈ।

# ਆਸਥਾ ਦਾ ਵਪਾਰੀਕਰਨ: ਵੀਆਈਪੀ ਦਰਸ਼ਨ ਅਤੇ ਆਮ ਸ਼ਰਧਾਲੂਆਂ ਦੀ ਅਣਦੇਖੀ 'ਤੇ ਇੱਕ ਗੰਭੀਰ ਸਵਾਲ



ਡਾ. ਸਤਿਆਵਾਨ ਸੌਰਭ,
ਮੋ. 9466526148

## ਵੀਆਈਪੀ ਦਰਸ਼ਨਾਂ ਦੇ ਵੱਧ ਰਹੇ ਰੁਝਾਨ ਵਿੱਚ ਆਮ ਸ਼ਰਧਾਲੂ ਕਿੱਥੇ ਖੜ੍ਹਾ ਹੈ?

ਭਾਰਤ ਵਰਗੇ ਦੇਸ਼ ਵਿੱਚ ਜਿੱਥੇ ਧਰਮ ਅਤੇ ਵਿਸ਼ਵਾਸ ਸਿਰਫ਼ ਨਿੱਜੀ ਵਿਸ਼ਵਾਸ ਦਾ ਮਾਮਲਾ ਨਹੀਂ ਹਨ, ਸਗੋਂ ਸਮਾਜਿਕ ਅਤੇ ਸੱਭਿਆਚਾਰਕ ਜੀਵਨ ਦਾ ਇੱਕ ਅਨਿੱਖੜਵਾਂ ਅੰਗ ਹਨ, ਮੰਦਰਾਂ ਅਤੇ ਤੀਰਥ ਸਥਾਨਾਂ ਨੇ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਸਦੀਆਂ ਤੋਂ ਇਹਨਾਂ ਸਥਾਨਾਂ ਨੂੰ ਸਮਾਨਤਾ, ਸ਼ਾਂਤੀ ਅਤੇ ਅਧਿਆਤਮਿਕ ਸੰਤੁਲਨ ਦਾ ਪ੍ਰਤੀਕ ਮੰਨਿਆ ਜਾਂਦਾ ਰਿਹਾ ਹੈ। ਪਰਮਾਤਮਾ ਦੇ ਦਰਬਾਰ ਵਿੱਚ ਸਾਰੇ ਬਰਾਬਰ ਹਨ-ਇਹ ਕਥਨ ਸਿਰਫ਼ ਇੱਕ ਆਦਰਸ਼ ਨਹੀਂ ਹੈ ਸਗੋਂ ਭਾਰਤੀ ਸਮਾਜ ਵਿੱਚ ਇੱਕ ਡੂੰਘਾ ਵਿਸ਼ਵਾਸ ਹੈ। ਹਾਲਾਂਕਿ ਹਾਲ ਹੀ ਦੇ ਸਾਲਾਂ ਵਿੱਚ ਇਸ ਵਿਸ਼ਵਾਸ 'ਤੇ ਸਵਾਲ ਉਠਾਏ ਗਏ ਹਨ। ਦੇਸ਼ ਭਰ ਦੇ ਬਹੁਤ ਸਾਰੇ ਵੱਡੇ ਮੰਦਰ ਅਤੇ ਤੀਰਥ ਸਥਾਨ ਵੀਆਈਪੀ ਦਰਸ਼ਨਾਂ, ਵਿਸ਼ੇਸ਼ ਪੂਜਾ, ਅਭਿਸ਼ੇਕਮ ਅਤੇ ਆਰਤੀ ਲਈ ਭਾਰੀ ਫੀਸ ਲੈਂਦੇ ਹਨ। ਇਨ੍ਹਾਂ ਸੇਵਾਵਾਂ ਦੇ ਬਦਲੇ, ਸ਼ਰਧਾਲੂਆਂ ਨੂੰ ਲੰਬੀਆਂ ਕਤਾਰਾਂ ਤੋਂ ਰਾਹਤ, ਦਰਸ਼ਨ ਦਾ ਸਮਾਂ ਘਟਾਉਣ ਅਤੇ ਵਧੇਰੇ ਸੁਵਿਧਾਜਨਕ ਅਨੁਭਵ ਦੇਣ ਦਾ ਵਾਅਦਾ ਕੀਤਾ ਜਾਂਦਾ ਹੈ। ਪਹਿਲੀ ਨਜ਼ਰ 'ਤੇ ਇਹ ਪ੍ਰਣਾਲੀ ਇੱਕ ਵਿਕਲਪ ਜਾਪਦੀ ਹੈ, ਪਰ ਜਦੋਂ ਇਹ ਆਮ ਸ਼ਰਧਾਲੂਆਂ ਦੇ ਅਨੁਭਵ ਨੂੰ ਪ੍ਰਭਾਵਤ ਕਰਦੀ ਹੈ ਤਾਂ ਇਹ ਇੱਕ ਗੰਭੀਰ ਸਮਾਜਿਕ ਸਮੱਸਿਆ ਬਣ ਜਾਂਦੀ ਹੈ।

ਅੱਜ, ਸਥਿਤੀ ਇਹ ਹੈ ਕਿ ਇੱਕ ਪਾਸੇ ਕੁਝ ਲੋਕ ਵਾਧੂ ਪੈਸੇ ਦੇ ਕੇ ਕੁਝ ਮਿੰਟਾਂ ਵਿੱਚ ਆਸਾਨੀ ਨਾਲ ਦਰਸ਼ਨ ਕਰ ਸਕਦੇ ਹਨ, ਜਦੋਂ ਕਿ ਦੂਜੇ ਪਾਸੇ, ਵੱਡੀ ਗਿਣਤੀ ਵਿੱਚ ਆਮ ਲੋਕ ਘੰਟਿਆਂਬੱਧੀ, ਕਈ ਵਾਰ ਤਾਂ ਪੂਰੇ ਦਿਨ ਕਤਾਰਾਂ ਵਿੱਚ ਖੜ੍ਹੇ ਰਹਿੰਦੇ ਹਨ। ਇਸ ਸਮੇਂ ਦੌਰਾਨ ਉਨ੍ਹਾਂ ਨੂੰ ਭੀੜ, ਧੱਕਾ-ਮੁੱਕੀ, ਰੁੱਖੇ ਵਿਵਹਾਰ ਅਤੇ ਕਈ ਵਾਰ ਸਰੀਰਕ ਹਿੰਸਾ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਅਨੁਭਵ ਨਾ ਸਿਰਫ਼ ਬੇਆਰਾਮ ਹੈ, ਸਗੋਂ ਅਪਮਾਨਜਨਕ ਵੀ ਹੈ - ਖਾਸ ਕਰਕੇ ਜਦੋਂ ਕੋਈ ਉੱਥੇ ਵਿਸ਼ਵਾਸ ਅਤੇ ਸ਼ਰਧਾ ਨਾਲ ਆਇਆ ਹੋਵੇ।

ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਵਿਸ਼ਵਾਸ ਖੁਦ ਇੱਕ ਪ੍ਰੀਮੀਅਮ ਸੇਵਾ ਬਣ ਰਿਹਾ ਹੈ? ਕੀ ਪਰਮਾਤਮਾ ਦੇ ਦਰਸ਼ਨ ਕਰਨ ਲਈ ਵੀ ਆਰਥਿਕ ਸਥਿਤੀ ਦੇ ਆਧਾਰ 'ਤੇ ਵਿਤਕਰਾ ਹੋਣਾ ਚਾਹੀਦਾ ਹੈ? ਇਹ ਸਥਿਤੀ ਧਾਰਮਿਕ ਸਥਾਨਾਂ ਤੱਕ ਸੀਮਤ ਨਹੀਂ ਹੈ, ਸਗੋਂ ਸਾਡੇ ਸਮਾਜ ਵਿੱਚ ਵੱਧ ਰਹੀ ਅਸਮਾਨਤਾ ਨੂੰ ਦਰਸਾਉਂਦੀ ਹੈ। ਰਾਸ਼ਨ ਦੀਆਂ ਦੁਕਾਨਾਂ ਤੋਂ ਲੈ ਕੇ ਗੈਸ ਸਿਲੰਡਰ ਲਾਈਨਾਂ ਤੱਕ ਅਤੇ ਹੁਣ ਤਾਂ ਮੰਦਰਾਂ ਤੱਕ ਵੀ - ਮੱਧ ਵਰਗ ਅਤੇ ਆਮ ਲੋਕਾਂ ਨੂੰ ਅਕਸਰ ਹਫੜਾ-ਦਫੜੀ ਅਤੇ ਸੰਘਰਸ਼ ਦਾ ਸਾਹਮਣਾ ਕਰਨਾ ਪੈਂਦਾ ਹੈ।

ਵੀਆਈਪੀ ਸੱਭਿਆਚਾਰ ਦੇ ਹੱਕ ਵਿੱਚ ਦਲੀਲ ਇਹ ਹੈ ਕਿ ਇਹ ਮੰਦਰਾਂ ਨੂੰ ਵਾਧੂ ਮਾਲੀਆ ਪ੍ਰਦਾਨ ਕਰਦਾ ਹੈ, ਜਿਸਦੀ ਵਰਤੋਂ ਉਨ੍ਹਾਂ ਦੀਆਂ ਸਹੂਲਤਾਂ ਅਤੇ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਕੀਤੀ ਜਾ ਸਕਦੀ ਹੈ। ਇਹ ਦਲੀਲ ਕੁਝ ਹੱਦ ਤੱਕ ਜਾਇਜ਼ ਹੈ। ਵੱਡੇ ਮੰਦਰਾਂ ਵਿੱਚ ਰੋਜ਼ਾਨਾ ਲੱਖਾਂ ਸ਼ਰਧਾਲੂ ਆਉਂਦੇ ਹਨ, ਜਿਸ ਕਾਰਨ ਉਨ੍ਹਾਂ ਦਾ ਪ੍ਰਬੰਧਨ ਕਰਨਾ ਮੁਸ਼ਕਲ ਹੋ ਜਾਂਦਾ ਹੈ। ਇਸ ਲਈ ਜੇਕਰ ਕੁਝ ਲੋਕ ਵਾਧੂ ਫੀਸ ਅਦਾ ਕਰਦੇ ਹਨ ਅਤੇ ਵਿਸ਼ੇਸ਼ ਪ੍ਰਬੰਧਾਂ ਦੀ ਮੰਗ ਕਰਦੇ ਹਨ ਤਾਂ ਇਸ ਰਕਮ ਦੀ ਵਰਤੋਂ ਜਨਤਕ ਸਹੂਲਤਾਂ ਲਈ ਕੀਤੀ ਜਾ ਸਕਦੀ ਹੈ।

ਪਰ ਸਮੱਸਿਆਵਾਂ ਉਦੋਂ ਪੈਦਾ ਹੁੰਦੀਆਂ ਹਨ ਜਦੋਂ ਇਹ ਪ੍ਰਣਾਲੀ ਅਸੰਤੁਲਿਤ ਹੋ ਜਾਂਦੀ ਹੈ। ਜਦੋਂ ਵੀਆਈਪੀ ਵਿਸ਼ੇਸ਼ ਅਧਿਕਾਰ ਇੰਨੇ ਜ਼ਿਆਦਾ ਹੋ ਜਾਂਦੇ ਹਨ ਕਿ ਆਮ ਸ਼ਰਧਾਲੂਆਂ ਲਈ ਉਪਲਬਧ ਸਰੋਤ ਅਤੇ ਸਮਾਂ ਘੱਟਣਾ ਸ਼ੁਰੂ ਹੋ ਜਾਂਦਾ ਹੈ, ਤਾਂ ਇਹ ਬੇਇਨਸਾਫ਼ੀ ਦਾ ਇੱਕ ਰੂਪ ਬਣ ਜਾਂਦਾ ਹੈ। ਇਹ ਅਕਸਰ ਦੇਖਿਆ ਗਿਆ ਹੈ ਕਿ ਵੀਆਈਪੀ ਦਰਸ਼ਨਾਂ ਲਈ ਆਮ ਕਤਾਰਾਂ ਨੂੰ ਰੋਕ ਦਿੱਤਾ ਜਾਂਦਾ ਹੈ, ਜਿਸ ਨਾਲ ਆਮ ਲੋਕਾਂ ਦੀ ਉਡੀਕ ਹੋਰ ਵੀ ਲੰਮੀ ਹੋ ਜਾਂਦੀ ਹੈ। ਇਸ ਨਾਲ ਕੁਦਰਤੀ ਤੌਰ 'ਤੇ ਅਸੰਤੁਸ਼ਟੀ ਅਤੇ ਰੋਸ ਪੈਦਾ ਹੁੰਦਾ ਹੈ।




ਇਸ ਤੋਂ ਇਲਾਵਾ ਮੰਦਰ ਦੇ ਸਟਾਫ਼ ਅਤੇ ਸੁਰੱਖਿਆ ਕਰਮਚਾਰੀਆਂ ਦਾ ਵਿਵਹਾਰ ਵੀ ਇੱਕ ਮਹੱਤਵਪੂਰਨ ਮੁੱਦਾ ਹੈ। ਬਹੁਤ ਸਾਰੇ ਮਾਮਲਿਆਂ ਵਿੱਚ, ਆਮ ਸ਼ਰਧਾਲੂਆਂ ਨਾਲ ਰੁੱਖਾ ਅਤੇ ਅਪਮਾਨਜਨਕ ਵਿਵਹਾਰ ਕੀਤਾ ਜਾਂਦਾ ਹੈ, ਜਦੋਂ ਕਿ ਵੀਆਈਪੀਜ਼ ਨਾਲ ਬਹੁਤ ਸ਼ਿਸ਼ਟਾਚਾਰ ਨਾਲ ਪੇਸ਼ ਆਉਂਦਾ ਹੈ। ਇਹ ਦਵੰਦ ਸਮਾਜ ਵਿੱਚ ਮੌਜੂਦਾ ਵਰਗ ਪਾੜੇ ਨੂੰ ਹੋਰ ਡੂੰਘਾ ਕਰਦਾ ਹੈ।

ਇਹ ਧਾਰਮਿਕ ਸਥਾਨਾਂ ਦੀ ਭਾਵਨਾ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਿਹਾ ਹੈ। ਮੰਦਰ ਸਿਰਫ਼ ਪੂਜਾ ਸਥਾਨ ਨਹੀਂ ਹਨ, ਸਗੋਂ ਮਾਨਸਿਕ ਸ਼ਾਂਤੀ ਅਤੇ ਅਧਿਆਤਮਿਕ ਸੰਤੁਲਨ ਦੇ ਕੇਂਦਰ ਵੀ ਹਨ। ਜਦੋਂ ਸੈਲਾਨੀਆਂ ਨੂੰ ਹਫੜਾ-ਦਫੜੀ, ਭੀੜ ਅਤੇ ਵਿਤਕਰੇ ਦਾ ਸਾਹਮਣਾ ਕਰਨਾ ਪੈਂਦਾ ਹੈ, ਤਾਂ ਉਨ੍ਹਾਂ ਦਾ ਅਧਿਆਤਮਿਕ ਅਨੁਭਵ ਪ੍ਰਭਾਵਿਤ ਹੁੰਦਾ ਹੈ। ਇਹ ਅਨੁਭਵ ਉਨ੍ਹਾਂ ਨੂੰ ਨਿਰਾਸ਼ਾ ਅਤੇ ਨਿਰਾਸ਼ ਮਹਿਸੂਸ ਕਰਵਾ ਸਕਦਾ ਹੈ।

ਇਸ ਸਮੱਸਿਆ ਦਾ ਹੱਲ ਆਸਾਨ ਨਹੀਂ ਹੈ, ਪਰ ਅਸੰਭਵ ਵੀ ਨਹੀਂ ਹੈ। ਪਹਿਲਾਂ, ਮੰਦਰ ਪ੍ਰਸ਼ਾਸਨ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਵੀਆਈਪੀ ਸੇਵਾਵਾਂ ਦੀ ਗਿਣਤੀ ਅਤੇ ਪ੍ਰਭਾਵ ਸੀਮਤ ਹੋਵੇ। ਇਨ੍ਹਾਂ ਸੇਵਾਵਾਂ ਦਾ ਉਦੇਸ਼ ਸਿਰਫ਼ ਵਾਧੂ ਸਹੂਲਤ ਪ੍ਰਦਾਨ ਕਰਨਾ ਹੋਣਾ ਚਾਹੀਦਾ ਹੈ, ਨਾ ਕਿ ਆਮ ਸ਼ਰਧਾਲੂਆਂ ਦੇ ਅਧਿਕਾਰਾਂ ਨੂੰ ਘਟਾਉਣਾ। ਦੂਜਾ, ਭੀੜ ਪ੍ਰਬੰਧਨ ਲਈ ਆਧੁਨਿਕ ਤਕਨਾਲੋਜੀਆਂ ਦੀ ਵਰਤੋਂ ਕੀਤੀ ਜਾ ਸਕਦੀ ਹੈ। ਔਨਲਾਈਨ ਬੁਕਿੰਗ, ਸਮਾਂ ਸਲਾਟ ਪ੍ਰਣਾਲੀਆਂ ਅਤੇ ਡਿਜੀਟਲ ਕਤਾਰ ਪ੍ਰਬੰਧਨ ਵਰਗੇ ਉਪਾਅ ਭੀੜ ਦਾ ਬਿਹਤਰ ਪ੍ਰਬੰਧਨ ਕਰ ਸਕਦੇ ਹਨ, ਸਾਰੇ ਸ਼ਰਧਾਲੂਆਂ ਲਈ ਇੱਕ ਵਿਵਸਥਿਤ ਅਤੇ ਸਤਿਕਾਰਯੋਗ ਅਨੁਭਵ ਨੂੰ ਯਕੀਨੀ ਬਣਾਉਂਦੇ ਹਨ।

ਤੀਜਾ ਸਟਾਫ਼ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਸੰਵੇਦਨਸ਼ੀਲਤਾ ਅਤੇ ਸ਼ਿਸ਼ਟਾਚਾਰ ਵਿੱਚ ਸਿਖਲਾਈ ਦਿੱਤੀ ਜਾਣੀ ਚਾਹੀਦੀ ਹੈ। ਹਰ ਸ਼ਰਧਾਲੂ, ਭਾਵੇਂ ਵੀਆਈਪੀ ਹੋਵੇ ਜਾਂ ਆਮ, ਸਤਿਕਾਰ ਦਾ ਹੱਕਦਾਰ ਹੈ। ਇਹ ਭਾਵਨਾ ਸਿਰਫ਼ ਨੀਤੀਆਂ ਵਿੱਚ ਹੀ ਨਹੀਂ ਸਗੋਂ ਅਭਿਆਸ ਵਿੱਚ ਵੀ ਪ੍ਰਤੀਬਿੰਬਤ ਹੋਣੀ ਚਾਹੀਦੀ ਹੈ। ਚੌਥਾ, ਸਰਕਾਰ ਅਤੇ ਸਬੰਧਤ ਟਰੱਸਟਾਂ ਨੂੰ ਇਸ ਮੁੱਦੇ 'ਤੇ ਸਪੱਸ਼ਟ ਦਿਸ਼ਾ-ਨਿਰਦੇਸ਼ ਸਥਾਪਤ ਕਰਨੇ ਚਾਹੀਦੇ ਹਨ। ਧਾਰਮਿਕ ਸਥਾਨਾਂ 'ਤੇ ਸਮਾਨਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣਾ ਸਿਰਫ਼ ਇੱਕ ਪ੍ਰਬੰਧਕੀ ਜ਼ਿੰਮੇਵਾਰੀ ਨਹੀਂ ਹੈ, ਸਗੋਂ ਇੱਕ ਨੈਤਿਕ ਜ਼ਿੰਮੇਵਾਰੀ ਵੀ ਹੈ। ਅੰਤ ਵਿੱਚ, ਇਹ ਵੀ ਜ਼ਰੂਰੀ ਹੈ ਕਿ ਸਮਾਜ ਖੁਦ ਇਸ ਮੁੱਦੇ ਪ੍ਰਤੀ ਜਾਗਰੂਕ ਹੋਵੇ। ਜਿੰਨਾ ਚਿਰ ਲੋਕ ਇਸ ਅਸਮਾਨਤਾ ਨੂੰ ਆਮ ਮੰਨਦੇ ਰਹਿਣਗੇ, ਬਦਲਾਅ ਲਿਆਉਣਾ ਮੁਸ਼ਕਲ ਹੈ। ਵਿਸ਼ਵਾਸ ਸਿਰਫ਼ ਪੂਜਾ ਬਾਰੇ ਨਹੀਂ ਹੈ, ਸਗੋਂ ਸਮਾਨਤਾ, ਹਮਦਰਦੀ ਅਤੇ ਨਿਆਂ ਵਰਗੇ ਮੁੱਲਾਂ ਨੂੰ ਅਪਣਾਉਣ ਬਾਰੇ ਵੀ ਹੈ।

ਇਹ ਸਮਾਂ ਇਸ ਗੱਲ 'ਤੇ ਸੋਚਣ ਦਾ ਹੈ ਕਿ ਅਸੀਂ ਕਿਸ ਦਿਸ਼ਾ ਵੱਲ ਜਾ ਰਹੇ ਹਾਂ। ਕੀ ਅਸੀਂ ਇੱਕ ਅਜਿਹੇ ਸਮਾਜ ਵੱਲ ਵਧ ਰਹੇ ਹਾਂ ਜਿੱਥੇ ਰੱਬ ਦਾ ਦ੍ਰਿਸ਼ਟੀਕੋਣ ਵੀ ਪੈਸੇ ਅਤੇ ਪਹੁੰਚ ਦੁਆਰਾ ਨਿਰਧਾਰਤ ਕੀਤਾ ਜਾਂਦਾ ਹੈ? ਜਾਂ ਕੀ ਅਸੀਂ ਮੂਲ ਭਾਵਨਾ ਨੂੰ ਸੁਰੱਖਿਅਤ ਰੱਖਾਂਗੇ, ਜਿੱਥੇ ਹਰ ਵਿਅਕਤੀ ਨੂੰ ਬਰਾਬਰ ਅਧਿਕਾਰ ਅਤੇ ਸਤਿਕਾਰ ਮਿਲਦਾ ਹੈ?

ਮੰਦਰਾਂ ਦੀ ਪਵਿੱਤਰਤਾ ਸਿਰਫ਼ ਉਨ੍ਹਾਂ ਦੀ ਸ਼ਾਨ ਜਾਂ ਵਿਵਸਥਾ ਦੁਆਰਾ ਨਹੀਂ, ਸਗੋਂ ਉੱਥੇ ਪ੍ਰਾਪਤ ਹੋਣ ਵਾਲੇ ਅਨੁਭਵ ਦੁਆਰਾ ਨਿਰਧਾਰਤ ਕੀਤੀ ਜਾਂਦੀ ਹੈ। ਜੇਕਰ ਉਹ ਅਨੁਭਵ ਵਿਤਕਰੇ ਅਤੇ ਅਸਮਾਨਤਾ ਨਾਲ ਭਰਿਆ ਹੋਇਆ ਹੈ, ਤਾਂ ਵਿਸ਼ਵਾਸ ਦੀ ਨੀਂਹ ਕਮਜ਼ੋਰ ਹੋ ਜਾਵੇਗੀ। ਇਸ ਲਈ, ਇਹ ਜ਼ਰੂਰੀ ਹੈ ਕਿ ਅਸੀਂ ਇਸ ਮੁੱਦੇ ਨੂੰ ਗੰਭੀਰਤਾ ਨਾਲ ਲਈਏ ਅਤੇ ਇੱਕ ਅਜਿਹਾ ਮਾਹੌਲ ਬਣਾਉਣ ਲਈ ਮਿਲ ਕੇ ਕੰਮ ਕਰੀਏ ਜਿੱਥੇ ਹਰ ਸ਼ਰਧਾਲੂ ਪਰਮਾਤਮਾ ਦੇ ਦਰਬਾਰ ਵਿੱਚ ਸੱਚਮੁੱਚ ਮੌਜੂਦ ਮਹਿਸੂਸ ਕਰੇ ਜਿੱਥੇ ਸਾਰੇ ਬਰਾਬਰ ਹਨ।

## ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਲਈ ਵਿੱਦਿਅਕ ਤੇ ਉਦਯੋਗਿਕ ਦੌਰਾ ਕਰਵਾਇਆ



ਗੜ੍ਹਦੀਵਾਲਾ, 11 ਅਪ੍ਰੈਲ (ਗੌਰਵ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਧਾਨ ਐਡ. ਹਰਜਿੰਦਰ ਸਿੰਘ ਧਾਮੀ, ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਫਿਜ਼ੀਕਸ ਤੇ ਕਮਿਸਟਰੀ ਵਿਭਾਗ ਦੇ ਵਿਦਿਆਰਥੀਆਂ ਦਾ ਵਿੱਦਿਅਕ ਤੇ ਉਦਯੋਗਿਕ ਦੌਰਾ ਸਿਟਰਸ ਆਸਟੇਟ ਭੂੰਗਾ ਵਿਖੇ ਕਰਵਾਇਆ ਗਿਆ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਕਿਰਿਆਵਾਂ ਬਾਰੇ ਪ੍ਰੈਕਟੀਕਲ ਜਾਣਕਾਰੀ ਦੇਣਾ ਸੀ। ਦੌਰੇ ਦੌਰਾਨ ਵਿਦਿਆਰਥੀਆਂ ਨੇ ਖੇਤੀਬਾੜੀ ਦੇ ਕੰਮਾਂ ਵਿੱਚ ਵਰਤੀਆਂ ਜਾਂਦੀਆਂ ਮਸ਼ੀਨਾਂ ਦੇ ਕੰਮ ਕਰਨ ਦੇ ਤਰੀਕੇ ਨੂੰ ਨਜ਼ਦੀਕ ਤੋਂ ਦੇਖਿਆ ਤੇ ਕਈ ਨਵੀਆਂ ਗੱਲਾਂ ਸਿੱਖੀਆਂ। ਇਸ ਤੋਂ ਇਲਾਵਾ ਡਾ. ਜਸਦੀਪ ਸਿੰਘ, ਡਾ. ਦੀਪਕ ਸ਼ਰਮਾ ਤੇ ਕਰਨਵੀਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਖੇਤੀਬਾੜੀ ਸਬੰਧੀ ਡੂੰਘੀ ਜਾਣਕਾਰੀ ਪ੍ਰਦਾਨ ਕੀਤੀ ਗਈ। ਵਿਦਿਆਰਥੀਆਂ ਨੂੰ ਗਗਨ ਜੀ ਕਾ ਟਿੱਲਾ ਵਿਖੇ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਕੁਝ ਸਮਾਂ ਕੁਦਰਤੀ ਸੁੰਦਰਤਾ ਦਾ ਆਨੰਦ ਮਾਣਿਆ। ਇਸ ਦੌਰਾਨ ਭੌਤਿਕ ਵਿਭਾਗ ਦੇ ਮੁਖੀ ਪ੍ਰੋ. ਸੰਜੀਵ ਸਿੰਘ, ਕਰਮਵੀਰ ਤੇ ਰਸਾਇਣ ਵਿਭਾਗ ਤੋਂ ਡਾ. ਰਾਬੀਆ ਸ਼ਰਮਾ ਨੇ ਵਿਦਿਆਰਥੀਆਂ ਦੀ ਅਗਵਾਈ ਕੀਤੀ। ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਤੇ ਯਾਦਗਾਰ ਰਿਹਾ।

## ਮਜ਼ਦੂਰਾਂ 'ਤੇ ਨਿਰਭਰਤਾ ਘਟਾਉਣ ਲਈ ਗੰਨੇ ਦੀ ਖੇਤੀ ਦਾ ਮੁਕੰਮਲ ਮਸ਼ੀਨੀਕਰਨ ਜ਼ਰੂਰੀ: ਕੇਨ ਕਮਿਸ਼ਨਰ

ਬਟਾਲਾ, 11 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ ਧੰਨਪਾਲ ਕਲਸੀ): ਪ੍ਰਬੰਧਕੀ ਸਕੱਤਰ (ਖ਼ੇਤੀਬਾੜੀ) ਪੰਜਾਬ ਸਰਕਾਰ ਅਰਸ਼ਦੀਪ ਸਿੰਘ ਥਿੰਦ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਲਏ ਗਏ ਫੈਸਲੇ ਅਨੁਸਾਰ ਦਫਤਰ ਗੰਨਾ ਕਮਿਸ਼ਨਰ, ਖ਼ੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਵੱਲੋਂ ਗੰਨੇ ਦੀ ਬਿਜਾਈ ਤੋਂ ਲੈ ਕੇ ਕਟਾਈ ਤੱਕ ਲੋੜੀਂਦੀ ਖੇਤੀ ਮਸ਼ੀਨਰੀ ਨੂੰ ਉਤਸ਼ਾਹਿਤ ਕਰਨ ਲਈ ਚੱਢਾ ਖੰਡ ਮਿੱਲ ਕੀੜੀ, ਜ਼ਿਲ੍ਹਾ ਗੁਰਦਾਸਪੁਰ ਦੇ ਸਹਿਯੋਗ ਨਾਲ ਕੇਨ ਹਾਰਵੈਸਟਰ ਮਾਲਕ ਉਦਮੀ ਕਿਸਾਨਾਂ ਦੀ ਮੀਟਿੰਗ ਖੰਡ ਮਿੱਲ ਵਿੱਚ ਕੀਤੀ ਗਈ, ਜਿਸ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋਂ ਕੇਨ ਹਾਰਵੈਸਟਰ ਮਾਲਕ ਉਦਮੀ ਗੰਨਾ ਕਾਸ਼ਤਕਾਰ ਗੁਰਪ੍ਰਤਾਪ ਸਿੰਘ, ਮੁਕੇਸ਼ ਕੁਮਾਰ, ਜੈਨ ਸਮੇਤ ਵੱਡੀ ਗਿਣਤੀ ਵਿੱਚ ਹਾਰਵੈਸਟਰ ਚਲਾਉਣ ਵਾਲੇ ਉਦਮੀ ਕਿਸਾਨ ਸ਼ਾਮਲ ਹੋਏ।ਇਸ ਤੋਂ ਇਲਾਵਾ ਸਹਾਇਕ ਗੰਨਾ ਵਿਕਾਸ ਅਫ਼ਸਰ, ਖ਼ੇਤੀਬਾੜੀ ਵਿਕਾਸ ਅਫ਼ਸਰ ਤੇ ਸਹਾਇਕ ਖ਼ੇਤੀਬਾੜੀ ਇੰਜੀਨੀਅਰ ਵੀ ਹਾਜ਼ਰ ਸਨ। ਇਸ ਮੀਟਿੰਗ ਦਾ ਮੁੱਖ ਮਕਸਦ ਕੇਨ ਹਾਰਵੈਸਟਰ ਮਾਲਕ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਿਲਾਂ ਤੇ ਮਸ਼ੀਨ ਦੀ ਕਾਰਜ ਕੁਸ਼ਲਤਾ ਵਧਾਉਣ ਲਈ ਸੁਝਾਅ ਲੈਣੇ ਸੀ। ਉਦਮੀ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੇਨ ਕਮਿਸ਼ਨਰ ਡਾ. ਅਮਰੀਕ ਸਿੰਘ ਨੇ ਕਿਹਾ ਕਿ ਗੰਨੇ ਦੀ ਖੇਤੀ ਵਿੱਚ ਮਸ਼ੀਨੀਕਰਨ, ਕੋਈ ਆਧੁਨਿਕ ਅਭਿਆਸ ਨਹੀਂ ਹੈ, ਇਹ ਉਤਪਾਦਨ ਵਿੱਚ ਸੁਧਾਰ, ਲਾਗਤ ਘਟਾਉਣ ਤੇ ਚਿਰ ਸਥਾਈ ਗੰਨੇ ਦੀ ਖੇਤੀ ਨੂੰ ਯਕੀਨੀ ਬਣਾਉਣ ਲਈ ਅਜਿਹਾ ਕਾਰਜ ਹੈ, ਜੋ ਮਜ਼ਦੂਰਾਂ 'ਤੇ ਨਿਰਭਰਤਾ ਨੂੰ ਘਟਾਉਂਦਾ ਤੇ ਪ੍ਰਤੀ ਏਕੜ ਆਮਦਨ ਵਿੱਚ ਵਾਧਾ ਕਰਦਾ ਹੈ। ਉਨ੍ਹਾਂ ਕਿਹਾ ਕਿ ਕਣਕ ਝੋਨੇ ਨਾਲੋਂ ਗੰਨੇ ਦੀ ਫ਼ਸਲ ਵਿੱਚ ਬਿਜਾਈ ਤੋਂ ਲੈ ਕੇ ਕਟਾਈ ਤੱਕ ਮਜ਼ਦੂਰਾਂ ਦੀ ਵਧੇਰੇ ਜ਼ਰੂਰਤ ਪੈਂਦੀ ਹੈ ਜਦ ਕਿ ਦਿਨ-ਬ-ਦਿਨ ਮਜ਼ਦੂਰਾਂ ਦੀ ਕਮਾਈ ਆ ਰਹੀ ਹੈ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੀ ਕਮੀ ਕਾਰਨ ਖੇਤੀ ਲਾਗਤ ਖਰਚੇ ਦਿਨ-ਬ-ਦਿਨ ਵੱਧਦੇ ਜਾ ਰਹੇ ਹਨ ਤੇ ਆਮਦਨ ਘੱਟ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਗੰਨੇ ਦੀ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਬਿਜਾਈ ਤੋਂ ਲੈ ਕੇ ਕਟਾਈ ਤੱਕ ਮਸ਼ੀਨੀਕਰਨ ਕਰਨ ਸਮੇਂ ਦੀ ਜ਼ਰੂਰਤ ਹੈ।



## ਆਲ ਇੰਡੀਆ ਫਰੀਡਮ ਫਾਈਟਰ ਫੈਮਲੀਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ 'ਚ ਸੈਫ਼ੂਦੀਨ ਕਿਚਲਿਊ ਤੇ ਤੇਜਾ ਸਿੰਘ ਸੁਤੰਤਰ ਨੂੰ ਯਾਦ ਕੀਤਾ

ਗੁਰਦਾਸਪੁਰ, 11 ਅਪ੍ਰੈਲ (ਜਗੀਰ ਸਿੰਘ ਮੰਡ/ਨਾਹਰ): ਆਲ ਇੰਡੀਆ ਫਰੀਡਮ ਫਾਈਟਰ ਫੈਮਲੀਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਦੇਸ਼ ਭਗਤ ਰਾਮ ਸਿੰਘ ਦੱਤ ਮੈਮੋਰੀਅਲ ਹਾਲ ਗੁਰਦਾਸਪੁਰ ਵਿਖੇ ਸੰਸਥਾ ਦੇ ਪ੍ਰਧਾਨ ਬਖ਼ਤਾਵਰ ਸਿੰਘ ਲਾਧੂਪੁਰ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਫਰੀਡਮ ਫਾਈਟਰ ਪਰਿਵਾਰਾਂ ਦੇ ਲਗਭਗ 70-75 ਮੈਂਬਰ ਸ਼ਾਮਲ ਹੋਏ। ਮੀਟਿੰਗ ਨੂੰ ਸ਼ੁਰੂ ਕਰਦਿਆਂ ਪ੍ਰਿੰਸੀਪਲ ਸੁਲੱਖਣ ਸਿੰਘ ਗੁਰਾਇਆ ਨੇ ਕਾਮਰੇਡ ਤੇਜਾ ਸਿੰਘ ਸੁਤੰਤਰ ਦੀ ਜੀਵਨੀ ਤੇ ਸਫ਼ਰ 'ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਗੁਰਦਾਸਪੁਰ ਦੇ ਪਿਛੜੇ ਪਿੰਡ ਅਲੂਣਾ ਜਨਮ ਲੈ ਕੇ ਖ਼ਾਲਸਾ ਕਾਲਜ ਅੰਮ੍ਰਿਤਸਰ ਤੋਂ ਪੜ੍ਹਾਈ ਕਰਨ ਉਪਰੰਤ ਗ਼ਦਰੀ ਬਾਬਿਆਂ ਦੀ ਸਿੱਖਿਆ ਲੈ ਕੇ ਤੁਰਕੀ ਵਿੱਚ ਮਿਲਟਰੀ ਟ੍ਰੇਨਿੰਗ ਹਾਸਲ ਕੀਤੀ। ਉਨ੍ਹਾਂ ਨੇ ਕਮਿਊਨਿਸਟ ਪਾਰਟੀ ਵਿੱਚ ਰਹਿ ਕੇ ਪੰਜਾਬ ਦੀ ਕਿਸਾਨ ਸਭਾ ਦੀ ਪ੍ਰਧਾਨਗੀ ਕੀਤੀ ਤੇ ਮੁਜ਼ਾਰਾ ਲਹਿਰਾਂ ਨੂੰ ਅੱਗੇ ਵਧਾ ਕੇ ਕਾਮਯਾਬੀ ਹਾਸਲ ਕੀਤੀ। 1935 ਦੀਆਂ ਚੋਣਾਂ ਵਿੱਚ ਨਿਰਵਰੋਧ ਚੁਣਿਆ ਜਾਣਾ ਲੋਕਾਂ ਤੇ ਆਜ਼ਾਦੀ ਦੇ ਕੀਤੇ ਕੰਮ ਲੋਕਪ੍ਰਿਅਤਾ ਨੂੰ ਦਰਸਾਉਂਦਾ ਹੈ । ਆਜ਼ਾਦੀ ਤੋਂ ਬਾਅਦ 1964-1969 ਲੇਜੀਸਲੇਟਿਵ ਕੌਂਸਲ ਪੰਜਾਬ ਦੇ ਮੈਂਬਰ ਰਹੇ। ਸੰਗਰੂਰ ਤੋਂ ਲੋਕ ਸਭਾ ਮੈਂਬਰ ਚੁਣੇ ਗਏ। ਉਨ੍ਹਾਂ ਨੇ ਸੱਤ ਸਾਲ ਜੇਲ੍ਹਾਂ ਕੱਟੀਆਂ, ਸ਼੍ਰੋਮਣੀ ਕਮੇਟੀ ਵਿੱਚ ਭਾਗ ਲਿਆ। 12-04-1973 ਨੂੰ ਜ਼ਿੰਦਗੀ ਦਾ ਜੀਵਨ ਪੂਰਾ ਕਰਕੇ ਦੇਸ਼ ਦੀ ਪਾਰਲੀਮੈਂਟ ਵਿੱਚ ਹੀ ਦੇਸ਼ ਨੂੰ ਅਲਵਿਦਾ ਕਹਿ ਗਏ। ਮਰਨ ਉਪਰੰਤ ਉਨ੍ਹਾਂ ਦੇ ਝੋਲੇ 'ਚੋਂ ਅਚਾਰ ਨਾਲ ਦੋ ਰੋਟੀਆਂ ਦਾ ਮਿਲਣਾ ਦੇਸ਼ ਅੰਦਰ ਆਜ਼ਾਦੀ ਲੈ ਕੇ ਆਉਣ ਵਾਲੇ ਜੇਲ੍ਹਾਂ ਕੱਟਣ ਵਾਲੇ ਲੁਟੇਰੇ ਨਹੀਂ ਸੱਚੇ ਦੇਸ਼ ਭਗਤ ਸਨ, ਉਨ੍ਹਾਂ ਨੂੰ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਸਰਕਾਰ ਭੁੱਲ ਚੁੱਕੀ ਹੈ। ਇਸ ਵਿੱਚ ਇਨ੍ਹਾਂ ਤੋਂ ਇਲਾਵਾ ਪ੍ਰਧਾਨ ਬਖ਼ਤਾਵਰ ਸਿੰਘ, ਯੁੱਧਵੀਰ ਸਿੰਘ, ਬਲਵੀਰ ਸਿੰਘ ਡੁਗਰੀ ਤੇ ਕੈਪਟਨ ਤਰਸੇਮ ਸਿੰਘ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ, ਗੁਰਨਾਮ ਸਿੰਘ, ਡੀਪ ਚੰਦ, ਜਸਵੰਤ ਸਿੰਘ, ਪਾਲ ਸਿੰਘ, ਰਜਿੰਦਰ ਕੁਮਾਰ, ਰਜਿੰਦਰ ਸਿੰਘ, ਬੀਬੀ ਬਲਜੀਤ ਕੌਰ, ਹਰਭਜਨ ਕੌਰ, ਰਵਿੰਦਰ ਸਿੰਘ, ਬਲਵੀਰ ਸਿੰਘ ਨੰਬਰਦਾਰ, ਗੁਰਚਰਨ ਸਿੰਘ, ਦਵਿੰਦਰ ਸਿੰਘ, ਰਤਨ ਸਿੰਘ, ਸਤਨਾਮ ਸਿੰਘ, ਬਲਕਰਨ ਸਿੰਘ, ਹਿਰਦੇਪਾਲ ਸਿੰਘ ਤੇ ਹੋਰ ਬਹੁਤ ਸਾਰੇ ਮੈਂਬਰਾਂ ਨੇ ਭਾਗ ਲਿਆ।



## ਕਿਸਾਨਾਂ ਨੇ ਮੀਂਹ ਕਾਰਨ ਨੁਕਸਾਨੀ ਫਸਲ ਦਾ ਮੰਗਿਆ ਮੁਆਵਜ਼ਾ: ਭਾਰਤੀ ਕਿਸਾਨ ਯੂਨੀਅਨ



ਬੰਗਾ, 11 ਅਪ੍ਰੈਲ (ਪ੍ਰਭਜੋਤ ਸਿੰਘ): ਭਾਰਤੀ ਕਿਸਾਨ ਯੂਨੀਅਨ ਕਾਦੀਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਸੁਖਵਿੰਦਰ ਸਿੰਘ ਬਲੋਵਾਲ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕਿਸਾਨੀ ਮੁੱਦਿਆਂ ਬਾਰੇ ਵਿਚਾਰਾਂ ਕੀਤੀਆਂ ਗਈਆਂ ਤੇ ਸੂਬੇ ਵਿੱਚ ਜੋ ਬੇਮੌਸਮੀ ਬਾਰਿਸ਼, ਗੜ੍ਹੇਮਾਰੀ ਕਾਰਨ ਪੱਕੀਆਂ ਕਣਕਾਂ ਦੇ ਹੋਏ ਭਾਰੀ ਨੁਕਸਾਨ ਦੀ ਭਰਪਾਈ ਲਈ 50 ਹਜ਼ਾਰ ਰੁਪਏ ਪ੍ਰਤੀ ਏਕੜ ਦੀ ਮੰਗ ਕੀਤੀ ਹੈ। ਮੀਟਿੰਗ ਦੌਰਾਨ ਸੁਖਵਿੰਦਰ ਸਿੰਘ ਬਲੋਵਾਲ ਨੇ ਕਿਹਾ ਕਿ ਕੁਦਰਤੀ ਆਫਤ ਕਾਰਨ ਕਿਸਾਨ ਆਰਥਿਕ ਮੰਦਹਾਲੀ ਦੇ ਦੌਰ ਵਿੱਚ ਗੁਜ਼ਰ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਗੜ੍ਹੇਮਾਰੀ ਤੋਂ ਪ੍ਰਭਾਵਿਤ ਕਿਸਾਨਾਂ ਦੇ ਕਰਜ਼ੇ ਦਾ ਵਿਆਜ ਮੁਆਫ ਕੀਤਾ ਜਾਵੇ, ਸੁਖਵਿੰਦਰ ਸਿੰਘ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਸਾਰੀਆਂ ਨਹਿਰਾਂ ਸੂਏ ਤੇ ਕੱਸੀਆਂ ਵਿੱਚ ਤੁਰੰਤ ਨਹਿਰੀ ਪਾਣੀ ਛੱਡਿਆ ਜਾਵੇ। ਉਨ੍ਹਾਂ ਦਲੀਲ ਦਿੱਤੀ ਕਿ ਕਣਕ ਦੀ ਕਟਾਈ ਮੌਕੇ ਅੱਗ ਲੱਗਣ ਦੀਆਂ ਘਟਨਾਵਾਂ ਵੱਧ ਜਾਂਦੀਆਂ ਹਨ ਤੇ ਪਾਣੀ ਨਾ ਹੋਣ ਕਰਕੇ ਅੱਗ ਨੂੰ ਕੰਟਰੋਲ ਨਹੀਂ ਕੀਤਾ ਜਾ ਸਕਦਾ, ਇਸ ਕਰਕੇ ਫਾਇਰ ਬ੍ਰਿਗੇਡ ਦਾ ਖਾਸ ਪ੍ਰਬੰਧ ਕੀਤਾ ਜਾਵੇ, ਯੂਨੀਅਨ ਨੇ ਮੱਕੀ ਤੇ ਝੋਨੇ ਦੀ ਅਗਲੀ ਫਸਲ ਦੇ ਲਈ ਡੀਏਪੀ ਤੇ ਯੂਰੀਆ ਖਾਦਾਂ ਦਾ ਪ੍ਰਬੰਧ ਛੇਤੀ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਕਣਕ ਦੀ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਮੰਡੀਆਂ ਵਿੱਚ ਦਿੱਕਤ ਨਾ ਆਵੇ ਤੇ ਜੋ ਸ਼ੈਲਰਾਂ ਵਿੱਚ ਪੁਰਾਣੀ ਕਣਕ ਹੈ, ਉਹ ਵੀ ਸ਼ੈਲਰ ਵਿਹਲੇ ਕੀਤੇ ਜਾਣ ਤਾਂ ਕਿ ਸਮੇਂ ਆਉਣ ਵਾਲੀ ਹਾੜ੍ਹੀ ਦੀ ਫਸਲ ਸਾਂਭ-ਸੰਭਾਲ ਹੋਵੇ ਤੇ ਜ਼ਿੰਮੀਦਾਰ ਮੰਡੀਆਂ ਵਿੱਚ ਨਾ ਰੁਲੇ। ਇਸ ਸਮੇਂ ਆਗੂ ਸੁਖਵਿੰਦਰ ਸਿੰਘ ਬਲੋਵਾਲ ਜ਼ਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ ਜੀਂਦੋਵਾਲ ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ ਮੱਲਾ ਸੋਡੀਆ ਸੀਨੀਅਰ ਮੀਤ ਪ੍ਰਧਾਨ ਗੁਰਸੇਵ ਸਿੰਘ ਨੂਰਪੁਰ ਵਾਈਸ ਪ੍ਰਧਾਨ ਸੁਖਦੀਪ ਸਿੰਘ ਸੁਵਾਜਪੁਰ ਸਰਨਜੀਤ ਸਿੰਘ ਜ਼ਿਲ੍ਹਾ ਪ੍ਰੈਸ ਸਕੱਤਰ ਗਰਨੇਕ ਸਿੰਘ ਖਟਕੜ ਕਲਾਂ ਸੰਤੋਖ ਸਿੰਘ ਝੰਡੇਰ ਕਲਾਂ ਬਲਵੀਰ ਸਿੰਘ ਮੱਲਾ ਸੋਡੀਆ ਸੁਖਵਿੰਦਰ ਸਿੰਘ ਢਾਹਾਂ ਸਤਨਾਮ ਸਿੰਘ ਬੀਸਲਾ ਸ਼ਾਮਲ ਸਨ।

## ਨੌਜਵਾਨ ਵਰਗ ਲੈ ਕੇ ਆਵੇਗਾ ਅਕਾਲੀ ਦਲ ਦੀ ਸਰਕਾਰ: ਸੰਜੀਵ ਤਲਵਾੜ

### ☛ਯੁਵਾ ਆਗੂ ਅਰਮਿੰਦਰ ਹੁਸੈਨਪੁਰੀ ਦੀ ਪ੍ਰੇਰਨਾ ਸਦਕਾ ਮਨੀਸ਼ ਭਾਟੀਆ ਤੇ ਸਾਥੀ ਅਕਾਲੀ ਦਲ 'ਚ ਸ਼ਾਮਲ

ਹੁਸ਼ਿਆਰਪੁਰ, 11 ਅਪ੍ਰੈਲ (ਦੀਪਕ ਅਗਨੀਹੋਤਰੀ): ਸ਼੍ਰੋਮਣੀ ਅਕਾਲੀ ਦਲ ਦੀਆਂ ਲੋਕ-ਪੱਖੀ ਨੀਤੀਆਂ ਤੇ ਪਾਰਟੀ ਦੀ ਮਜ਼ਬੂਤ ਸੋਚ ਤੋਂ ਪ੍ਰਭਾਵਿਤ ਹੋ ਕੇ ਅੱਜ ਹੁਸ਼ਿਆਰਪੁਰ ਵਿੱਚ ਨੌਜਵਾਨਾਂ ਦਾ ਇੱਕ ਵੱਡਾ ਕਾਫਲਾ ਪਾਰਟੀ ਨਾਲ ਜੁੜਿਆ। ਯੁਵਾ ਨੇਤਾ ਅਰਮਿੰਦਰ ਹੁਸੈਨਪੁਰੀ ਦੀ ਅਗਵਾਈ ਹੇਠ ਕਰਵਾਏ ਗਏ ਪ੍ਰੋਗਰਾਮ ਦੌਰਾਨ ਸ਼੍ਰੋਮਣੀ ਅਕਾਲੀ ਦਲ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਤੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾਰ ਵਿਸ਼ੇਸ਼ ਰੂਪ ਵਿੱਚ ਸ਼ਾਮਲ ਹੋਏ। ਇਸ ਮੌਕੇ ਨੌਜਵਾਨ ਆਗੂ ਅਰਮਿੰਦਰ ਹੁਸੈਨਪੁਰੀ ਦੀ ਪ੍ਰੇਰਨਾ ਸਦਕਾ ਮਨੀਸ਼ ਭਾਟੀਆ ਤੇ ਉਨ੍ਹਾਂ ਦੇ ਸਾਥੀਆਂ ਨੇ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜਿਆ। ਇਸ ਮੌਕੇ ਸੰਜੀਵ ਤਲਵਾੜ ਨੇ ਮਨੀਸ਼ ਭਾਟੀਆ ਤੇ ਉਨ੍ਹਾਂ ਦੀ ਟੀਮ ਦਾ ਪਾਰਟੀ ਵਿੱਚ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜਿਕ ਤੇ ਸਿਆਸੀ ਤਬਦੀਲੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ। ਤਲਵਾੜ ਨੇ ਕਿਹਾ ਕਿ ਅੱਜ ਦੇ ਨੌਜਵਾਨ ਮੌਜੂਦਾ ਸਰਕਾਰ ਦੀਆਂ ਨੀਤੀਆਂ ਤੋਂ ਅੱਕ ਚੁੱਕੇ ਹਨ। ਆਉਣ ਵਾਲੇ ਸਮੇਂ ਵਿੱਚ ਨੌਜਵਾਨ ਵਰਗ ਹੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਯੁਵਾ ਨੇਤਾ ਅਰਮਿੰਦਰ ਹੁਸੈਨਪੁਰੀ ਨੇ ਕਿਹਾ ਕਿ ਪਾਰਟੀ ਹਮੇਸ਼ਾ ਨੌਜਵਾਨਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਦੀ ਹੈ ਤੇ ਅੱਜ ਹੋਈ ਇਸ ਸ਼ਮੂਲੀਅਤ ਨਾਲ ਹਲਕੇ ਵਿੱਚ ਪਾਰਟੀ ਹੋਰ ਮਜ਼ਬੂਤ ਹੋਈ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ 2027 ਵਿਧਾਨ ਸਭਾ ਦੀਆਂ ਚੋਣਾਂ ਵਿੱਚ ਨੌਜਵਾਨ ਸਾਥੀ ਵੱਧ ਚੜ੍ਹ ਕੇ ਭਾਗ ਲੈਣਗੇ। ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਮੌਕੇ ਮਨੀਸ਼ ਭਾਟੀਆ ਨੇ ਭਰੋਸਾ ਦਿਵਾਇਆ ਕਿ ਉਹ ਤੇ ਉਨ੍ਹਾਂ ਦੇ ਸਾਥੀ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਨਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ।ਇਸ ਮੌਕੇ ਜਸ਼ਨ ਗੋਰਾਇਆ, ਕੌਸ਼ਿਕ ਅਰੋੜਾ, ਪ੍ਰੀਪਾਲ, ਸੁਸ਼ਾਂਤ, ਗੁਰਪ੍ਰੀਤ, ਜਸ਼ਨਪ੍ਰੀਤ ਸਿੰਘ, ਦਿਸ਼ਾਂਤ ਰਾਣਾ, ਪ੍ਰਭਜੀਤ ਸਿੰਘ, ਸ਼ੌਰਿਆ, ਸੁੱਖ, ਅਰਸ਼ਪ੍ਰੀਤ ਸਿੰਘ, ਯਸ਼ਨ, ਸੁਸ਼ੀਲ ਕੁਮਾਰ, ਰਾਹੁਲ, ਰਵੀ ਖੋਸਲਾ, ਬੌਬੀ ਅੱਤੇ ਪਾਰਟੀ ਦੇ ਹੋਰ ਸੀਨੀਅਰ ਆਗੂ ਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਸ਼ਾਮਲ ਹੋਏ ਸਾਥੀਆਂ ਦਾ ਨਿੱਘਾ ਸਵਾਗਤ ਕੀਤਾ।



## ਪੁਨੀਤ ਪਾਲ ਸਿੰਘ ਨੇ ਆਲ ਇੰਡੀਆ ਇੰਟਰ ਯੂਨੀਵਰਸਿਟੀ ਚੈਂਪੀਅਨਸ਼ਿਪ 'ਚੋਂ ਬਰਾਊਂਜ਼ ਮੈਡਲ ਜਿੱਤਿਆ

ਬਟਾਲਾ, 11 ਅਪ੍ਰੈਲ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਹਾਲ ਹੀ ਵਿੱਚ ਮਿਤੀ 06 ਤੋਂ 8 ਅਪ੍ਰੈਲ ਨੂੰ ਸ਼ਿਵਾਜੀ ਯੂਨੀਵਰਸਿਟੀ ਕੋਲਾਪੁਰ ਮਹਾਰਾਸ਼ਟਰ ਵਿੱਚ ਹੋਈ ਆਲ ਇੰਡੀਆ ਅੰਤਰ ਯੂਨੀਵਰਸਿਟੀ ਕੈਕਿੰਗ ਕਨੋਇੰਗ ਮੁਕਾਬਲਿਆਂ ਵਿੱਚੋਂ ਪੁਨੀਤਪਾਲ ਸਿੰਘ ਨੇ ਸੀ-1, 500 ਮੀਟਰ ਰੇਸ ਵਿੱਚੋਂ ਬਰਾਊਂਜ਼ ਮੈਡਲ ਹਾਸਲ ਕੀਤਾ। ਇਸ ਖੇਡ ਦਾ ਅਭਿਆਸ ਪੁਨੀਤਪਾਲ ਸਿੰਘ ਨੇ ਸੰਤ ਸੀਚੇਵਾਲ ਵਾਟਰ ਸਪੋਰਟ ਸੈਂਟਰ ਸੁਲਤਾਨਪੁਰ ਲੋਧੀ ਵਿਖੇ ਸੀਨੀਅਰ ਕੋਚ ਤੇ ਸੈਂਟਰ ਇੰਚਾਰਜ ਅਮਨਦੀਪ ਸਿੰਘ ਖੈਹਿਰਾ ਸਿੱਖਿਆ ਵਿਭਾਗ ਪੰਜਾਬ, ਪ੍ਰੀਆ ਸੈਣੀ ਖੇਡ ਵਿਭਾਗ ਪੰਜਾਬ ਤੇ ਵਰਿੰਦਰ ਸਿੰਘ ਨੇ ਕੀਤਾ। ਇੱਥੇ ਜ਼ਿਕਰਯੋਗ ਹੈ ਕਿ ਪਿੰਡ ਰੌੜ ਖੈਹਿਰਾ ਨੂੰ ਹੁਣ ਤੱਕ ਦੋ ਅੰਤਰਰਾਸ਼ਟਰੀ ਖਿਡਾਰੀ ਮਿਲਣ ਦਾ ਮਾਣ ਹਾਸਲ ਹੈ। ਕੋਚ ਅਮਨਦੀਪ ਸਿੰਘ ਜੋ ਕਿ ਆਪ ਵੀ ਅੰਤਰਰਾਸ਼ਟਰੀ ਖਿਡਾਰੀ ਉਹ ਇਸੇ ਹੀ ਪਿੰਡ ਦੇ ਹਨ ਤੇ ਪੁਨੀਤਪਾਲ ਸਿੰਘ ਨੇ ਵੀ ਵਿਸ਼ਵ ਚੈਂਪੀਅਨਸ਼ਿਪ ਵਿੱਚੋਂ ਬਰਾਊਂਜ਼ ਮੈਡਲ ਹਾਸਲ ਕੀਤਾ ਹੋਇਆ ਹੈ। ਪੁਨੀਤਪਾਲ ਸਿੰਘ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਬੀ.ਪੀ.ਈਐਸ ਭਾਗ ਪਹਿਲਾ ਦਾ ਵਿਦਿਆਰਥੀ ਹੈ। ਇਸ ਖਿਡਾਰੀ ਦੇ ਜਿੱਤ ਕੇ ਆਉਣ 'ਤੇ ਸੰਤ ਰਾਜਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਵਾਗਤ ਕੀਤਾ ਤੇ ਪੰਜਾਬ ਦੇ ਖਿਡਾਰੀਆਂ ਨੂੰ ਹੋਰ ਵੀ ਮਿਹਨਤ ਕਰਨ ਤੇ ਪੰਜਾਬ ਦੇ ਲੋਕਾਂ ਨੂੰ ਖੇਡਾਂ ਵੱਲ ਲੱਗਣ ਲਈ ਅਪੀਲ ਕੀਤੀ।



## ਦਸਮੇਸ਼ ਹੈਰੀਟੇਜ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਚੌਕ ਮਹਿਤਾ, 11 ਅਪ੍ਰੈਲ (ਬਲਜਿੰਦਰ ਸਿੰਘ ਰੰਧਾਵਾ): ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਹੈਰੀਟੇਜ ਪਬਲਿਕ ਸਕੂਲ ਵਿੱਚ ਵਿਸਾਖੀ ਦਾ ਪਵਿੱਤਰ ਤਿਉਹਾਰ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਸਮੂਹ ਸਟਾਫ ਵੱਲੋਂ ਵੱਖ-ਵੱਖ ਧਾਰਮਿਕ ਤੇ ਸੱਭਿਆਚਾਰਕ ਪ੍ਰੋਗਰਾਮ ਆਯੋਜਿਤ ਕੀਤੇ ਗਏ।ਸਮਾਗਮ ਦੀ ਸ਼ੁਰੂਆਤ ਸ਼ਬਦ ਗਾਇਨ ਕਰਕੇ ਕੀਤੀ ਗਈ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਵੱਲੋਂ ਵਿਦਿਆਰਥੀਆਂ ਨੂੰ ਆਪਣੇ ਧਾਰਮਿਕ ਤੇ ਸੱਭਿਆਚਾਰਕ ਵਿਰਸੇ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਦੌਰਾਨ ਸਕੂਲ ਦੀ ਧਾਰਮਿਕ ਅਧਿਆਪਕਾ ਪਲਵਿੰਦਰ ਕੌਰ ਵੱਲੋਂ ਵਿਦਿਆਰਥੀਆਂ ਨੂੰ ਖ਼ਾਲਸਾ ਸਾਜਨਾ ਦਿਵਸ ਨਾਲ ਸਬੰਧਤ ਸਿੱਖ ਇਤਿਹਾਸ ਬਾਰੇ ਜਾਣੂੰ ਕਰਵਾਇਆ ਗਿਆ ਤੇ ਵਿਸਾਖੀ ਦੇ ਤਿਉਹਾਰ ਦੇ ਮਹੱਤਵ ਨੂੰ ਸਮਝਾਇਆ ਗਿਆ। ਇਸ ਤੋਂ ਬਾਅਦ ਸਕੂਲ ਦੇ ਤਿੰਨਾਂ ਹਾਊਸਾਂ-ਇੰਡੀਅਨ, ਅਟਲਾਂਟਿਕ ਤੇ ਪੈਸਿਫਿਕ ਦੇ ਜੂਨੀਅਰ ਤੇ ਸੀਨੀਅਰ ਵਿਦਿਆਰਥੀਆਂ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਸਮੂਹ ਵਿਦਿਆਰਥੀਆਂ ਨੇ ਇਸ ਸਮਾਗਮ ਦਾ ਭਰਪੂਰ ਆਨੰਦ ਮਾਣਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਲਕਸ਼ਮਣ ਸਿੰਘ ਰਾਵਤ, ਗੁਰਬੀਰ ਕੌਰ, ਹਰਪ੍ਰੀਤ ਕੌਰ, ਸੰਦੀਪ ਕੌਰ, ਰਵਨੀਤ ਕੌਰ ਸਮੇਤ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

## ਅੱਤਵਾਦ ਦੌਰਾਨ ਪੀੜਤ ਹਿੰਦੂਆਂ ਦੇ ਮਨਜ਼ੂਰ ਹੋਏ 781 ਕਰੋੜ ਰੁਪਏ ਦੇਵੇ ਸਰਕਾਰ, ਸੰਘਰਸ਼ ਦੀ ਚੇਤਾਵਨੀ: ਰਾਹੁਲ ਖੰਨਾ



ਟਾਂਡਾ ਉੜਮੁੜ, 11 ਅਪ੍ਰੈਲ (ਅਰਜੁਨ ਜੈਨ): ਅੱਤਵਾਦ ਦੌਰਾਨ 35 ਹਜ਼ਾਰ ਹਿੰਦੂਆਂ ਦੇ ਪੀੜਤ ਪਰਿਵਾਰਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਲਈ ਸਮੇਂ-ਸਮੇਂ 'ਤੇ ਕਈ ਹਿੰਦੂ ਸੰਗਠਨਾਂ ਨੇ ਆਵਾਜ਼ ਬੁਲੰਦ ਕੀਤੀ ਸੀ ਜਿਸ ਦੇ ਸਿੱਟੇ ਵਜੋਂ ਪੰਜਾਬ ਕਾਂਗਰਸ ਦੀ ਕੈਪਟਨ ਸਰਕਾਰ ਸਮੇਂ 781 ਕਰੋੜ ਰੁਪਏ ਦੇਣ ਦਾ ਐਲਾਨ ਕੀਤਾ ਸੀ ਪਰ ਅੱਜ ਤੱਕ ਇਹ ਰਕਮ ਹਿੰਦੂਆਂ ਨੂੰ ਨਾ ਦੇਣ ਦੇ ਰੋਸ ਵਜੋਂ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੈਨਾ ਦੇ ਇੱਕ ਵਫਦ ਨੇ ਏ.ਡੀ.ਸੀ. ਹੁਸ਼ਿਆਰਪੁਰ ਗੁਰਪ੍ਰੀਤ ਕੌਰ ਨਾਲ ਮੁਲਾਕਾਤ ਕੀਤੀ। ਸ਼ਿਵ ਸੈਨਾ ਦੇ ਵਫ਼ਦ ਵਿੱਚ ਸ਼ਾਮਲ ਜ਼ਿਲ੍ਹਾ ਪ੍ਰਧਾਨ ਰਜਿੰਦਰ ਸ਼ਰਮਾ, ਪੰਜਾਬ ਵਾਈਸ ਪ੍ਰਧਾਨ ਰਜਿੰਦਰ ਰਾਣਾ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਯੂਥ ਪ੍ਰਧਾਨ ਪ੍ਰਸ਼ਾਂਤ ਪੰਡਿਤ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਚਿਵ ਪੰਡਿਤ ਮਿਥਲੇਸ਼ ਗਰਗ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢਿੰਗਰਾ, ਲੇਬਰ ਸੈਲ ਜ਼ਿਲ੍ਹਾ ਪ੍ਰਧਾਨ ਅਮਨ ਠੇਕੇਦਾਰ, ਹੁਸ਼ਿਆਰਪੁਰ ਸਿਟੀ ਪ੍ਰਧਾਨ ਹਰਪ੍ਰੀਤ ਰਾਜੂ, ਬਲਾਕ ਚੇਅਰਮੈਨ ਗੌਰਵ ਬੇਦੀ, ਹਿੰਦੂ ਨੇਤਾ ਕਮਲ ਧੀਰ, ਹਿੰਦੂ ਨੇਤਾ ਮੋਨੂੰ ਖੁਰਾਣਾ, ਉਘੇ ਸਮਾਜ ਸੇਵੀ ਅਰਵ ਖੋਸਲਾ, ਸਮਾਜ ਸੇਵੀ ਗਗਨਦੀਪ, ਸਿਟੀ ਚੇਅਰਮੈਨ ਅਰੁਣ ਸੇਠੀ, ਜ਼ਿਲ੍ਹਾ ਉਪ ਚੇਅਰਮੈਨ ਸੰਜੀਵ ਖੰਨਾ, ਕੰਢੀ ਪ੍ਰਧਾਨ ਅੰਕੁਸ਼ ਸ਼ਰਮਾ, ਰਜੀਵ ਖੰਨਾ, ਹਰਦੀਪ ਸਿੰਘ, ਪਰਮਜੀਤ ਸਿੰਘ, ਬਬਲੂ ਕੁਮਾਰ, ਰੇਬਨ ਤੇ ਬੰਟੀ ਰਾਜਪੂਤ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਹਿੰਦੂਆਂ ਦੀਆਂ ਮੰਗਾਂ ਸਬੰਧੀ ਮਾਨ ਸਰਕਾਰ ਦੇ ਨਾਂ 'ਤੇ ਏ.ਡੀ.ਸੀ. ਨੂੰ ਇੱਕ ਮੰਗ ਪੱਤਰ ਦਿੱਤਾ।ਰਾਹੁਲ ਖੰਨਾ ਨੇ ਕਿਹਾ ਕਿ ਅੱਤਵਾਦ ਦੌਰਾਨ ਹਿੰਦੂ ਪੀੜਤ ਪਰਿਵਾਰਾਂ ਨੂੰ ਮੁਆਵਜ਼ੇ ਵਜੋਂ ਮਨਜ਼ੂਰ ਹੋਈ 781 ਕਰੋੜ ਰੁਪਏ ਰਿਲੀਜ਼ ਕਰਕੇ ਹਿੰਦੂ ਪਰਿਵਾਰਾਂ ਨੂੰ ਦੇਣ ਸਬੰਧੀ ਮਾਨ ਸਰਕਾਰ ਦੇ ਨਾਂ 'ਤੇ ਮੰਗ ਪੱਤਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਮਾਨ ਸਰਕਾਰ ਨੇ ਸਾਡੀਆਂ ਮੰਗਾਂ ਨੂੰ ਮਨਜ਼ੂਰ ਨਾ ਕੀਤਾ ਤੇ 30 ਅਪ੍ਰੈਲ ਤੱਕ ਹਿੰਦੂ ਪੀੜਤ ਪਰਿਵਾਰਾਂ ਨੂੰ ਉਨ੍ਹਾਂ ਦਾ ਬਣਦਾ ਮੁਆਵਜ਼ਾ ਨਾ ਦਿੱਤਾ ਤਾਂ ਸ਼ਿਵ ਸੈਨਾ ਹਿੰਦੁਸਤਾਨ ਅੱਤਵਾਦ ਪੀੜਤ ਪਰਿਵਾਰਾਂ ਤੇ ਹਿੰਦੂ ਸੰਗਠਨਾਂ ਦੇ ਸਹਿਯੋਗ ਨਾਲ ਸੰਘਰਸ਼ ਦਾ ਬਿਗੁਲ ਵਜਾ ਦੇਵੇਗੀ।

## ਬਾਬਾ ਅਵਤਾਰ ਸਿੰਘ ਮਨੀਕਰਨ ਸਾਹਿਬ ਦੀ ਯਾਤਰਾ ਲਈ ਸੰਗਤ ਲੈ ਕੇ ਹੋਏ ਰਵਾਨਾ

ਬਟਾਲਾ, 11 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਅਧੀਨ ਪੈਂਦੇ ਪਿੰਡ ਪੰਜਗਰਾਈਆਂ ਤੋਂ ਦੋ ਬੱਸਾਂ ਰਾਹੀਂ ਬਾਬਾ ਅਵਤਾਰ ਸਿੰਘ ਬਾਜਵਾ ਮਨੀਕਰਨ ਸਾਹਿਬ ਦੀ ਯਾਤਰਾ ਲਈ ਨਾਨਕ ਨਾਮ ਲੇਵਾ ਸੰਗਤਾਂ ਨਾਲ ਰਵਾਨਾ ਹੋਏ ਹਨ। ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਇਸ ਯਾਤਰਾ ਦੇ ਮੁੱਖ ਸੇਵਾਦਾਰ ਭਾਈ ਅਵਤਾਰ ਸਿੰਘ ਬਾਜਵਾ ਨੇ ਦੱਸਿਆ ਕਿ ਯਾਤਰਾ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਗੁਰੂ ਨਾਨਕ ਪ੍ਰਕਾਸ਼ ਸਾਹਿਬ ਵਿਖੇ ਸੰਗਤਾਂ ਦੀ ਸੁੱਖ ਸ਼ਾਂਤੀ ਤੇ ਚੜ੍ਹਦੀਕਲਾ ਦੀ ਅਰਦਾਸ ਕੀਤੀ ਗਈ ਤੇ ਗੁਰੂ ਸਾਹਿਬ ਤੋਂ ਆਗਿਆ ਲੈ ਕੇ ਮਨੀਕਰਨ ਸਾਹਿਬ ਨੂੰ ਚਾਲੇ ਪਾਏ ਗਏ ਹਨ। ਉਨ੍ਹਾਂ ਦੱਸਿਆ ਕਿ ਸੰਗਤਾਂ ਦੀ ਸੁੱਖ-ਸਹੂਲਤ ਲਈ ਵੱਡੀਆਂ ਬੱਸਾਂ ਬੁੱਕ ਕੀਤੀਆਂ ਗਈਆਂ ਸਨ ਤਾਂਕਿ ਸੰਗਤਾਂ ਬੱਸਾਂ ਵਿੱਚ ਖੁੱਲ੍ਹੇ-ਡੁੱਲ੍ਹੇ ਮਾਹੌਲ ਦਾ ਅਹਿਸਾਸ ਕਰ ਸਕਣ ਤੇ ਆਨੰਦ ਦਾਇਕ ਯਾਤਰਾ ਦਾ ਨਿੱਘ ਮਾਨਣ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਹੋਈਆਂ ਸੰਗਤਾਂ ਸ੍ਰੀ ਮਨੀਕਰਨ ਸਾਹਿਬ ਦਾ ਸੁਹਾਵਣਾ ਸਫਰ ਤੈਅ ਕਰਨਗੀਆਂ ਤੇ ਗੁਰੂ ਅਸਥਾਨਾਂ ਦੇ ਦਰਸ਼ਨ ਕਰਕੇ ਆਪਣਾ ਜੀਵਨ ਸਫਲਾ ਕਰਨਗੀਆਂ। ਇਸ ਮੌਕੇ ਮਾ. ਜੋਗਾ ਸਿੰਘ, ਹਰਪਾਲ ਸਿੰਘ ਜੇਈ, ਭੁਪਿੰਦਰ ਸਿੰਘ ਸੰਧੂ, ਅਵਤਾਰ ਸਿੰਘ, ਗੁਰਸਾਹਿਬ ਸਿੰਘ ਸੰਧੂ, ਯੁਵਰਾਜ ਸਿੰਘ, ਕੁਲਵਿੰਦਰ ਸਿੰਘ ਟਿੰਕੂ, ਬਲਵਿੰਦਰ ਸਿੰਘ ਬਾਜਵਾ, ਅਵਤਾਰ ਸਿੰਘ ਬਾਜਵਾ, ਕਮਲਜੀਤ ਸਿੰਘ ਤੇ ਹੋਰ ਅਨੇਕਾਂ ਸੰਗਤਾਂ ਹਾਜ਼ਰ ਸਨ।



## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਹੈਲਥ ਕਾਰਡ ਬਣਨੇ ਹੋਏ ਸ਼ੁਰੂ: ਸਰਪੰਚ ਕਾਂਤਾ ਦੇਵੀ



ਗੁਰਦਾਸਪੁਰ, 11 ਅਪ੍ਰੈਲ (ਜਸਵਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ 'ਮੁੱਖ ਮੰਤਰੀ ਸਿਹਤ ਬੀਮਾ ਯੋਜਨਾ' ਤਹਿਤ ਸੂਬੇ ਦੇ ਲੋਕਾਂ ਨੂੰ ਸਿਹਤ ਸਹੂਲਤਾ ਦੇਣ ਲਈ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ ਤੇ ਇਸ ਤਹਿਤ ਬਣੇ ਹੈਲਥ ਕਾਰਡ ਲੋਕਾਂ ਲਈ ਵਰਦਾਨ ਬਣੇ ਹਨ। ਇਸ ਸਬੰਧੀ ਗੱਲ ਕਰਦਿਆਂ ਆਮ ਆਦਮੀ ਪਾਰਟੀ ਸੀਨੀਅਰ ਆਗੂ ਸਰਪੰਚ ਕਾਂਤਾ ਦੇਵੀ ਨੇ ਦੱਸਿਆ ਹੈ ਕਿ ਸਰਕਾਰ, ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ ਤੇ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਪਿੰਡ ਸਚਾਨੀਆਂ ਬਲਾਕ ਕਲਾਨੌਰ ਤੋਂ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਸਿਹਤ ਯੋਜਨਾ ਤਹਿਤ ਬਣੇ ਹੈਲਥ ਕਾਰਡ ਲੋਕਾਂ ਲਈ ਵਰਦਾਨ ਬਣੇ ਹਨ। ਉਨ੍ਹਾਂ ਦੱਸਿਆ ਕਿ ਹੈਲਥ ਕਾਰਡਾਂ ਨੇ ਆਪਣਾ ਕੰਮ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਏਜੰਡਾ ਸਿਹਤ ਦੇ ਢਾਂਚੇ ਨੂੰ ਮਜ਼ਬੂਤ ਕਰਨਾ ਹੈ। ਸਿਹਤ ਖੇਤਰ ਵਿੱਚ ਨਿਵੇਸ਼ ਕਰਕੇ ਸਰਕਾਰ ਆਉਣ ਵਾਲੀਆ ਪੀੜ੍ਹੀਆਂ ਲਈ ਸੁਰੱਖਿਅਤ ਭਵਿੱਖ ਤਿਆਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਗਰੀਬ ਵਰਗ ਮਹਿੰਗੇ ਇਲਾਜ ਕਾਰਨ ਜਾਂ ਤਾਂ ਕਰਜ਼ੇ ਵਿੱਚ ਡੁੱਬ ਜਾਂਦਾ ਸੀ ਜਾਂ ਇਲਾਜ ਦੀ ਘਾਟ ਕਾਰਨ ਦਮ ਤੋੜ ਦਿੰਦਾ ਸੀ ਪਰ ਮਾਨ ਸਰਕਾਰ ਨੇ ਸਿਹਤ ਨੂੰ ਹਰ ਨਾਗਰਿਕ ਦਾ ਬੁਨਿਆਦੀ ਅਧਿਕਾਰ ਬਣਾਇਆ ਹੈ। ਇਸ ਮੌਕੇ 'ਤੇ ਜਸਵਿੰਦਰ ਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਐਸਸੀ ਵਿੰਗ ਗੁਰਦਾਸਪੁਰ ਤੇ ਅਵਤਾਰ ਸਿੰਘ ਬਲਾਕ ਪ੍ਰਧਾਨ ਐਸਸੀ ਵਿੰਗ ਡੇਰਾ ਬਾਬਾ ਨਾਨਕ ਮੌਜੂਦ ਸਨ।

## ਬੀ.ਵੀ.ਐਨ. ਕਾਲਜ ਫ਼ਾਰ ਗਰਲਜ਼ ਦਾ ਬੀ.ਏ. ਸਮੈਸਟਰ-1 'ਚ ਸ਼ਾਨਦਾਰ ਪ੍ਰਦਰਸ਼ਨ, ਇਲਾਕੇ ਦਾ ਨਾਮ ਰੋਸ਼ਨ ਕੀਤਾ



ਫਤਹਿਗੜ੍ਹ ਚੂੜੀਆਂ, 11 ਅਪ੍ਰੈਲ (ਰਾਜਨ ਸ਼ਰਮਾ): ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤੇ ਗਏ ਬੀ.ਏ. ਸਮੈਸਟਰ-1 ਦੇ ਨਤੀਜਿਆਂ ਵਿੱਚ ਬੀਵੀਐਨ ਕਾਲਜ ਫਾਰ ਗਰਲਜ਼ ਨੇ ਇੱਕ ਵਾਰ ਫਿਰ ਆਪਣੀ ਸ਼ਾਨਦਾਰ ਅਕਾਦਮਿਕ ਪ੍ਰੰਪਰਾ ਨੂੰ ਕਾਇਮ ਰੱਖਦੇ ਹੋਏ ਵਧੀਆ ਪ੍ਰਦਰਸ਼ਨ ਕੀਤਾ ਹੈ। ਕਾਲਜ ਦੀਆਂ ਵਿਦਿਆਰਥਣਾਂ ਨੇ ਉਚ ਅੰਕ ਹਾਸਲ ਕਰਕੇ ਨਾ ਸਿਰਫ ਆਪਣੇ ਮਾਤਾ-ਪਿਤਾ ਦਾ ਸਿਰ ਮਾਣ ਨਾਲ ਉਚਾ ਕੀਤਾ ਹੈ, ਸਗੋਂ ਕਾਲਜ ਤੇ ਪੂਰੇ ਇਲਾਕੇ ਨੂੰ ਵੀ ਮਾਣ ਮਹਿਸੂਸ ਕਰਵਾਇਆ ਹੈ। ਨਤੀਜਿਆਂ ਦੇ ਵੇਰਵਿਆਂ ਅਨੁਸਾਰ ਮਨਦੀਪ ਕੌਰ ਨੇ 75% ਅੰਕ ਹਾਸਲ ਕਰਕੇ ਸਿਖਰ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਸਿਮਰਨ ਕੌਰ ਨੇ 74% ਤੇ ਅਮਰਦੀਪ ਕੌਰ ਨੇ 72% ਅੰਕ ਹਾਸਲ ਕਰਕੇ ਆਪਣੀ ਮਿਹਨਤ ਤੇ ਲਗਨ ਦਾ ਸਬੂਤ ਦਿੱਤਾ। ਇਨ੍ਹਾਂ ਵਿਦਿਆਰਥਣਾਂ ਦੀ ਇਸ ਉਪਲਬਧੀ ਨੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣ ਕੇ ਕਾਲਜ ਦੇ ਸਿੱਖਿਆਤਮਕ ਮਾਹੌਲ ਨੂੰ ਹੋਰ ਮਜ਼ਬੂਤ ਕੀਤਾ ਹੈ।ਇਸ ਮੌਕੇ 'ਤੇ ਕਾਲਜ ਦੀ ਪ੍ਰਿੰਸੀਪਲ ਰਾਗਿਨੀ ਮਹਾਜਨ ਨੇ ਵਿਦਿਆਰਥਣਾਂ, ਅਧਿਆਪਕਾਂ ਤੇ ਮਾਪਿਆਂ ਨੂੰ ਦਿਲੋਂ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਵਿਦਿਆਰਥਣਾਂ ਦੀ ਲਗਾਤਾਰ ਮਿਹਨਤ, ਅਨੁਸ਼ਾਸਨ ਤੇ ਅਧਿਆਪਕਾਂ ਦੀ ਸਮਰਪਿਤ ਸੇਵਾ ਦਾ ਪ੍ਰਤੀਕ ਹਨ। ਸਾਡਾ ਮਕਸਦ ਸਿਰਫ ਅੰਕ ਪ੍ਰਾਪਤ ਕਰਨਾ ਹੀ ਨਹੀਂ, ਸਗੋਂ ਵਿਦਿਆਰਥਣਾਂ ਦੀ ਸਰਵਾਂਗੀਣ ਵਿਕਾਸ ਨੂੰ ਯਕੀਨੀ ਬਣਾਉਣਾ ਵੀ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਲਜ ਹਮੇਸ਼ਾ ਹੀ ਗੁਣਵੱਤਾ ਪੂਰਨ ਸਿੱਖਿਆ ਦੇਣ ਲਈ ਵਚਨਬੱਧ ਹੈ ਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਉਤਮ ਨਤੀਜੇ ਪ੍ਰਾਪਤ ਕਰਨ ਲਈ ਅਧਿਆਪਕ ਵਰਗ ਤੇ ਵਿਦਿਆਰਥਣਾਂ ਇਕੱਠੇ ਮਿਹਨਤ ਕਰਦੇ ਰਹਿਣਗੇ।ਕਾਲਜ ਦੇ ਅਧਿਆਪਕ ਵਰਗ ਨੇ ਵੀ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਹ ਨਤੀਜੇ ਸਾਰੇ ਸਟਾਫ ਦੀ ਟੀਮ ਵਰਕ ਤੇ ਵਿਦਿਆਰਥਣਾਂ ਦੀ ਲਗਨ ਦਾ ਨਤੀਜਾ ਹਨ। ਵਿਦਿਆਰਥਣਾਂ ਨੇ ਵੀ ਆਪਣੀ ਸਫਲਤਾ ਦਾ ਸਿਹਰਾ ਆਪਣੇ ਮਾਪਿਆਂ ਤੇ ਅਧਿਆਪਕਾਂ ਨੂੰ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਰਹਿਨੁਮਾਈ ਤੇ ਹੌਸਲਾ ਅਫਜ਼ਾਈ ਨਾਲ ਹੀ ਇਹ ਮੰਜ਼ਿਲ ਹਾਸਲ ਹੋ ਸਕੀ ਹੈ। ਕਾਲਜ ਪ੍ਰਬੰਧਕ ਕਮੇਟੀ ਨੇ ਵੀ ਇਸ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟ ਕੀਤੀ

## ਯੂਥ ਕਾਂਗਰਸ ਆਗੂ ਪ੍ਰਣਵ ਕ੍ਰਿਪਾਲ ਦੀ ਅਗਵਾਈ 'ਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਸਨਮਾਨ ਯਾਤਰਾ ਕੱਢੀ



ਗੜ੍ਹਸ਼ੰਕਰ, 11 ਅਪ੍ਰੈਲ (ਅਜਮੇਰ ਸਿੰਘ ਭਨੋਟ): ਕੁੱਝ ਦਿਨ ਪਹਿਲਾਂ ਨੂਰਪੁਰ ਜੱਟਾਂ ਵਿਖੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੀ ਅਣਪਛਾਤੇ ਵਿਅਕਤੀ ਵੱਲੋਂ ਬੇਅਦਬੀ ਕੀਤੀ ਗਈ ਸੀ, ਜਿਸ ਦੀ ਜ਼ਿੰਮੇਵਾਰੀ ਵਿਦੇਸ਼ ਵਿੱਚ ਬੈਠੇ ਗੁਰਪਤਵੰਤ ਸਿੰਘ ਪੰਨੂੰ ਵੱਲੋਂ ਲਈ ਗਈ ਸੀ। ਉਸ ਦੇ ਜਵਾਬ ਵਿੱਚ ਅੱਜ ਯੂਥ ਕਾਂਗਰਸ ਵਰਕਰਾਂ ਨੇ ਯੂਥ ਕਾਂਗਰਸ ਆਗੂ ਪ੍ਰਣਵ ਕ੍ਰਿਪਾਲ ਦੀ ਅਗਵਾਈ ਹੇਠ ਗੜ੍ਹਸ਼ੰਕਰ ਤੋਂ ਨੂਰਪੁਰ ਜੱਟਾਂ ਤੱਕ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਸਨਮਾਨ ਯਾਤਰਾ ਕੱਢੀ। ਇਸ ਮੌਕੇ ਵੱਡੀ ਗਿਣਤੀ ਵਿੱਚ ਯੂਥ ਕਾਂਗਰਸ ਵਰਕਰਾਂ ਨੇ ਸਕੂਟਰਾਂ, ਮੋਟਰਸਾਈਕਲਾਂ ਆਦਿ ਦੇ ਕਾਫਿਲੇ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਫੋਟੋ ਵਾਲੀਆਂ ਤਖ਼ਤੀਆਂ, ਝੰਡੇ ਚੁੱਕੀ ਅੰਬੇਡਕਰ ਕੇ ਸਨਮਾਨ ਮੇਂ ਯੂਥ ਕਾਂਗਰਸ ਮੈਦਾਨ ਮੇਂ ਦੇ ਨਾਅਰੇ ਲਗਾਏ। ਪਿੰਡ ਨੂਰਪੁਰ ਜੱਟਾਂ ਵਿਖੇ ਪਹੁੰਚਣ 'ਤੇ ਪਿੰਡ ਵਾਸੀਆਂ ਨੇ ਯੂਥ ਕਾਂਗਰਸ ਵਰਕਰਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਬੈਠਾ ਫਿਰਕਾਪ੍ਰਸਤ ਗੁਰਪਤਵੰਤ ਸਿੰਘ ਪੰਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਕਰਕੇ ਪੰਜਾਬ ਦਾ ਮਾਹੌਲ ਖਰਾਬ ਕਰਨਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਗੁਰਪਤਵੰਤ ਸਿੰਘ ਪੰਨੂੰ ਵਰਗੀਆਂ ਵੱਖਵਾਦੀ ਤਾਕਤਾਂ ਦੇ ਮਨਸੂਬੇ ਕਾਮਯਾਬ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਭਾਰਤੀ ਸੰਵਿਧਾਨ ਬਣਾਇਆ, ਜਿਸ ਰਾਹੀਂ ਅਸੀਂ ਸਭ ਭਾਰਤੀ ਆਪਣੇ ਹੱਕਾਂ ਨੂੰ ਮਾਨ ਰਹੇ ਹਾਂ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਕਿਸੀ ਵੀ ਕੀਮਤ 'ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤਾਂ ਦੀ ਰਾਖੀ ਕਰੇਗੀ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸਨਮਾਨ ਨੂੰ ਆਂਚ ਨਹੀਂ ਆਉਣ ਦੇਵੇਗੀ। ਇਸ ਮੌਕੇ ਰੋਹਿਤ ਪੋਸੀ, ਮਨਜਿੰਦਰ ਸਿੰਘ, ਜਗਤਾਰ ਸਿੰਘ, ਅਜੀਤ ਸਿੰਘ, ਸਚਿਨ ਨਈਅਰ, ਸਾਹਿਲ ਆਦਿ ਹਾਜ਼ਰ ਹੋਏ।

## ਨਿਰਮਲ ਸਿੰਘ ਬੰਦੇਸ਼ਾ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ



ਫਤਹਿਗੜ੍ਹ ਚੂੜੀਆਂ, 11 ਅਪ੍ਰੈਲ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ ਦੇ ਵਸਨੀਕ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਿਰਮਲ ਸਿੰਘ ਬੰਦੇਸ਼ਾ ਹਵੇਲੀਆਂ ਨੂੰ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਗੱਲਬਾਤ ਦੌਰਾਨ ਨਿਰਮਲ ਸਿੰਘ ਬੰਦੇਸ਼ਾ ਹਵੇਲੀਆਂ ਨੇ ਦੱਸਿਆ ਕਿ ਮੈਂ ਸਾਰੇ ਹੀ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਤੇ ਸਾਬਕਾ ਕੈਬਨਿਟ ਮੰਤਰੀ ਤੇ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਜ਼ਿਲ੍ਹਾ ਪ੍ਰਧਾਨ ਬਰਿੰਦਰਮੀਤ ਪ੍ਰਧਾਨ ਪਹਾੜਾ ਤੇ ਸਮੁੱਚੇ ਜ਼ਿਲ੍ਹੇ ਦੀ ਟੀਮ ਦਾ ਧੰਨਵਾਦ ਕਰਦਾ ਹਾਂ ਤੇ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਦੇ ਨਾਲ ਨਿਭਾਵਾਂਗਾ।

## ਏਵੀਐਮ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮੈਰਿਟ 'ਚ ਮਾਰੀ ਬਾਜ਼ੀ



ਕਾਦੀਆਂ, 11 ਅਪ੍ਰੈਲ (ਸਿਕੰਦਰ ਸੰਧੂ/ਤਾਰੀ): ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਏਵੀਐਮ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਸਿਮਰਨਜੀਤ ਕੌਰ ਨੇ ਪੰਜਾਬ ਪੱਧਰ 'ਤੇ ਦਸਵਾਂ ਤੇ ਜ਼ਿਲ੍ਹੇ ਵਿੱਚ ਦੂਜਾ ਸਥਾਨ ਹਾਸਲ ਕਰਕੇ ਵੱਡੀ ਉਪਲਬਧੀ ਹਾਸਲ ਕੀਤੀ। ਇਸ ਤੋਂ ਇਲਾਵਾ ਗੁਰਲੀਨ ਕੌਰ ਨੇ ਪੰਜਾਬ ਵਿੱਚ ਬਾਰ੍ਹਵਾਂ ਤੇ ਜ਼ਿਲ੍ਹੇ ਵਿੱਚ ਛੇਵਾਂ ਸਥਾਨ ਪ੍ਰਾਪਤ ਕੀਤਾ। ਸੁਖਮਨਪ੍ਰੀਤ ਕੌਰ ਤੇ ਸੁਖਪ੍ਰੀਤ ਕੌਰ ਨੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਵਿੱਚ 13ਵਾਂ ਤੇ ਜ਼ਿਲ੍ਹੇ ਵਿੱਚ ਸੱਤਵਾਂ ਸਥਾਨ ਹਾਸਲ ਕੀਤਾ। ਇਸ ਕਾਮਯਾਬੀ ਨਾਲ ਸਕੂਲ ਦੇ ਪ੍ਰਿੰਸੀਪਲ, ਮੈਨੇਜਮੈਂਟ ਤੇ ਮਾਪਿਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਸਕੂਲ ਵੱਲੋਂ ਵਿਦਿਆਰਥੀਆਂ ਨੂੰ ਮਠਿਆਈਆਂ ਵੰਡ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਉਨ੍ਹਾਂ ਦੇ ਉਜਵੱਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਗਈਆਂ। ਉਲੇਖਣਯੋਗ ਹੈ ਕਿ ਬਾਕੀ ਵਿਦਿਆਰਥੀਆਂ ਨੇ ਵੀ 70 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਆਪਣੀ ਸਫਲਤਾ ਦਰਜ ਕਰਵਾਈ, ਜੋ ਸਕੂਲ ਦੀ ਉਚ ਸਿੱਖਿਆ ਮਿਆਰ ਦੀ ਨਿਸ਼ਾਨੀ ਹੈ। ਸਕੂਲ ਮੈਨੇਜਮੈਂਟ ਨੇ ਸਾਰੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲੋਂ ਵਧਾਈਆਂ ਦਿੱਤੀਆਂ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

## ਖ਼ਾਲਸਾ ਕਾਲਜ ਗੁਰਦਾਸਨੰਗਲ ਵਿਖੇ ਵਿਸ਼ਵ ਹੋਮਿਓਪੈਥਿਕ ਦਿਵਸ ਮੌਕੇ ਸੈਮੀਨਾਰ ਕਰਵਾਇਆ

ਧਾਰੀਵਾਲ, 11 ਅਪ੍ਰੈਲ (ਅਸ਼ੋਕ ਕੁਮਾਰ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸਨੰਗਲ ਵਿਖੇ 10 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਵਿਸ਼ਵ ਹੋਮਿਓਪੈਥਿਕ ਦਿਵਸ ਸਬੰਧੀ ਸੈਮੀਨਾਰ ਕਰਵਾਇਆ। ਇਸ ਮੌਕੇ ਡਾ. ਅਮਰਿੰਦਰ ਸਿੰਘ ਕਲੇਰ ਮੈਡੀਕਲ ਅਫ਼ਸਰ ਹੋਮਿਓਪੈਥੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਇਹ ਦਿਨ ਹੋਮਿਓਪੈਥੀ ਦੇ ਸੰਸਥਾਪਕ ਡਾ. ਸੈਮੂਅਲ ਹੈਨੀਮੈਨ ਦੀ ਯਾਦ ਵਿੱਚ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਹੋਮਿਓਪੈਥੀ ਦੇ ਸਿਧਾਂਤਾਂ, ਲਾਭਾਂ ਤੇ ਆਧੁਨਿਕ ਸਮੇਂ ਵਿੱਚ ਇਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਹੋਮਿਓਪੈਥੀ ਇੱਕ ਸੁਰੱਖਿਅਤ ਤੇ ਪ੍ਰਭਾਵਸ਼ਾਲੀ ਇਲਾਜ ਪੱਧਤੀ ਹੈ ਜੋ ਮਨੁੱਖ ਦੇ ਸਰੀਰ ਦੀ ਕੁਦਰਤੀ ਰੋਗ-ਪ੍ਰਤੀਰੋਧਕ ਸਮਰੱਥਾ ਨੂੰ ਮਜ਼ਬੂਤ ਬਣਾਉਂਦੀ ਹੈ। ਡਾ. ਸਾਹਿਬ ਨੇ ਵਿਦਿਆਰਥੀਆਂ ਨਾਲ ਗੱਲਬਾਤ ਦੌਰਾਨ ਹੋਮਿਓਪੈਥੀ ਵਿਧੀ ਨਾਲ ਠੀਕ ਹੋਏ ਰੋਗੀਆਂ ਦੀਆਂ ਫੋਟੋਆਂ ਤੇ ਵੀਡੀਓ ਦਿਖਾ ਕੇ ਇਸ ਇਲਾਜ ਵਿਧੀ ਦੇ ਮਹੱਤਵ ਤੋਂ ਜਾਣੂੰ ਕਰਵਾਇਆ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਡਾ. ਕਲੇਰ ਤੇ ਉਨ੍ਹਾਂ ਦੇ ਸਾਥੀ ਹੋਮਿਓਪੈਥਿਕ ਡਿਸਪੈਂਸਰ ਰਾਜ ਕੁਮਾਰ ਦਾ ਕਾਲਜ ਪਹੁੰਚ ਕੇ ਵਿਦਿਆਰਥੀਆਂ ਨਾਲ ਬਹੁਮੁੱਲੀ ਜਾਣਕਾਰੀ ਸਾਂਝੀ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀਆਂ ਨੂੰ ਵੱਖ-ਵੱਖ ਚਿਕਿਤਸਾ ਪੱਧਤੀਆਂ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ ਤਾਂ ਜੋ ਉਹ ਸਿਹਤ ਸਬੰਧੀ ਸਹੀ ਫੈਸਲੇ ਲੈ ਸਕਣ। ਉਨ੍ਹਾਂ ਨੇ ਹੋਮਿਓਪੈਥੀ ਇਲਾਜ ਵਿਧੀ ਨੂੰ ਅਪਨਾਉਣ ਤੇ ਸਿਹਤਮੰਦ ਜੀਵਨ ਜਿਊਣ ਦੀ ਗੱਲ ਵੀ ਆਖੀ। ਇਸ ਮੌਕੇ ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।



## ਸਤਲੋਕ ਆਸ਼ਰਮ ਮਾਮਲਾ: ਰਾਮਪਾਲ 11 ਸਾਲ ਬਾਅਦ ਹਿਸਾਰ ਜੇਲ੍ਹ ਤੋਂ ਰਿਹਾਅ

ਹਿਸਾਰ, 11 ਅਪ੍ਰੈਲ (ਚ.ਨ.ਸ): ਸਤਲੋਕ ਆਸ਼ਰਮ ਮਾਮਲੇ 'ਚ ਉਮਰਕੈਦ ਦੀ ਸਜ਼ਾ ਕੱਟ ਰਿਹਾ ਆਸ਼ਰਮ ਸੰਚਾਲਕ ਰਾਮਪਾਲ 11 ਸਾਲ 4 ਮਹੀਨੇ 24 ਦਿਨ ਬਾਅਦ



ਹਿਸਾਰ ਦੀ ਸੈਂਟਰਲ ਜੇਲ੍ਹ ਤੋਂ ਸ਼ਾਮ 5.05 ਵਜੇ ਬਾਹਰ ਨਿਕਲਿਆ। ਆਸ਼ਰਮ ਸੰਚਾਲਕ ਰਾਮਪਾਲ ਨੂੰ ਜੇਲ੍ਹ ਤੋਂ ਲੈਣ ਲਈ ਉਨ੍ਹਾਂ ਦੇ ਪਰਿਵਾਰਕ ਮੈਂਬਰ ਆਏ ਹੋਏ ਸਨ। ਜ਼ਮਾਨਤ 'ਤੇ ਰਿਹਾਈ ਸਬੰਧੀ ਕਾਨੂੰਨੀ ਪ੍ਰਕਿਰਿਆ ਪੂਰੀ ਹੋਣ ਤੋਂ ਬਾਅਦ ਰਾਮਪਾਲ ਜੇਲ੍ਹ ਦੇ ਗੇਟ ਤੋਂ ਮੁਸਕਰਾਉਂਦਾ ਹੋਇਆ ਬਾਹਰ ਨਿਕਲਿਆ ਤੇ ਸਫੇਦ ਪਰਦਿਆਂ ਵਾਲੀ ਲੱਗਜ਼ਰੀ ਗੱਡੀ 'ਚ ਬੈਠ ਕੇ ਪਰਿਵਾਰਕ ਮੈਂਬਰਾਂ ਨਾਲ ਰਵਾਨਾ ਹੋ ਗਿਆ। ਦੱਸਿਆ ਗਿਆ ਕਿ ਰਾਮਪਾਲ ਸੋਨੀਪਤ ਜ਼ਿਲ੍ਹੇ ਦੇ ਧਨਾਨਾ ਆਸ਼ਰਮ ਲਈ ਇੱਥੋਂ ਰਵਾਨਾ ਹੋਇਆ। ਉਸ ਦੇ ਕਾਫਲੇ 'ਚ ਕਈ ਗੱਡੀਆਂ ਸ਼ਾਮਲ ਸਨ। ਇਸ ਦੌਰਾਨ ਜੇਲ੍ਹ ਦੇ ਬਾਹਰ ਸੁਰੱਖਿਆ ਦੇ ਸਖਤ ਪ੍ਰਬੰਧ ਕੀਤੇ ਗਏ ਸਨ। ਉਥੇ ਹੀ ਦੇਸ਼ਧ੍ਰੋਹ ਦੇ ਮਾਮਲੇ 'ਚ ਸੁਣਵਾਈ ਹੋਈ। ਇਸ ਦੌਰਾਨ ਕੁਝ ਗਵਾਹੀਆਂ ਵੀ ਹੋਈਆਂ। ਇਸ ਮਾਮਲੇ 'ਚ 16 ਮਈ ਨੂੰ ਅਗਲੀ ਸੁਣਵਾਈ ਹੋਵੇਗੀ। ਜ਼ਿਕਰਯੋਗ ਹੈ ਕਿ ਬੀਤੀ 8 ਅਪ੍ਰੈਲ ਨੂੰ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਦੇਸ਼ਧ੍ਰੋਹ ਮਾਮਲੇ 'ਚ ਆਸ਼ਰਮ ਸੰਚਾਲਕ ਰਾਮਪਾਲ ਦੀ ਜ਼ਮਾਨਤ ਅਰਜ਼ੀ ਸਵੀਕਾਰ ਕੀਤੀ ਸੀ। ਹਾਲਾਂਕਿ ਕੁਝ ਸ਼ਰਤਾਂ ਵੀ ਲਗਾਈਆਂ ਗਈਆਂ।

## ਦੇਸ਼ ਭਗਤ ਯੂਨੀਵਰਸਿਟੀ 'ਚ ਉਦਮਤਾ ਤੇ ਵਪਾਰ ਮਾਡਲ ਕੈਨਵਸ 'ਤੇ ਵਰਕਸ਼ਾਪ ਕਰਵਾਈ

ਮੰਡੀ ਗੋਬਿੰਦਗੜ੍ਹ, 11 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਬਿਜ਼ਨੈਸ ਮੈਨੇਜਮੈਂਟ ਤੇ ਕਾਮਰਸ ਵਿਭਾਗ ਵੱਲੋਂ 'ਆਪਣੇ ਅੰਦਰ ਦੇ ਉਦਮੀ ਦੀ ਖੋਜ ਕਰੋ-ਬਿਜ਼ਨੈਸ ਮਾਡਲ ਕੈਨਵਸ ਤੇ ਬਿਜ਼ਨੈਸ ਮਾਡਲ ਫਿੱਟ' ਸਿਰਲੇਖ ਹੇਠ ਇੱਕ ਰੋਜ਼ਾ ਵਰਕਸ਼ਾਪ ਸੰਸਥਾ ਦੇ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ਕਰਵਾਈ ਗਈ। ਇਸ ਵਿੱਚ ਵਿਦਿਆਰਥੀ ਤੇ ਫੈਕਲਟੀ ਨੇ ਭਾਗ ਲਿਆ। ਇਸ ਦਾ ਉਦੇਸ਼ ਉਦਮੀ ਸੋਚ ਨੂੰ ਉਤਸ਼ਾਹਿਤ ਕਰਨਾ ਤੇ ਭਾਗੀਦਾਰਾਂ ਨੂੰ ਨਵੀਨਤਾਕਾਰੀ ਕਾਰੋਬਾਰੀ ਵਿਚਾਰਾਂ ਨੂੰ ਵਿਕਸਿਤ ਕਰਨ ਲਈ ਵਿਹਾਰਕ ਸਾਧਨਾਂ ਨਾਲ ਲੈਸ ਕਰਨਾ ਹੈ। ਸੈਸ਼ਨ ਮੁੱਖ ਤੌਰ 'ਤੇ ਸਟਾਰਟਅੱਪਸ ਤੇ ਮੌਜੂਦਾ ਉਦਮਾਂ ਲਈ ਵਪਾਰਕ ਰਣਨੀਤੀਆਂ ਨੂੰ ਡਿਜ਼ਾਈਨ, ਵਿਸ਼ਲੇਸ਼ਣ ਤੇ ਸੁਧਾਰ ਕਰਨ ਲਈ ਬਿਜ਼ਨੈਸ ਮਾਡਲ ਕੈਨਵਸ ਨੂੰ ਸਮਝਣ ਤੇ ਲਾਗੂ ਕਰਨ 'ਤੇ ਕੇਂਦ੍ਰਿਤ ਸੀ। ਡਾ. ਤਵਨੀਤ ਕੇ ਗੀਨ ਨੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕੀਤਾ।



ਇਸ ਮੌਕੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ.ਚਾਂਸਲਰ ਡਾ. ਤਜਿੰਦਰ ਕੌਰ ਨੇ ਮੁੱਖ-ਮਹਿਮਾਨ, ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ, ਡਾ. ਜੀ.ਐਸ. ਬੱਤਰਾ ਤੇ ਡਾ. ਗੁਰਵਿੰਦਰ ਪਾਲ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੁੱਖ ਬੁਲਾਰੇ ਪ੍ਰਸਿੱਧ ਪ੍ਰੋਫੈਸਰ ਤੇ ਦੇਸ਼ ਭਗਤ ਯੂਨੀਵਰਸਿਟੀ ਦੀ ਸਾਬਕਾ ਵਾਈਸ ਚਾਂਸਲਰ ਡਾ. ਸ਼ਾਲਿਨੀ ਗੁਪਤਾ ਨੇ ਨਵੀਨਤਾ, ਮੁੱਲ ਸਿਰਜਣ ਤੇ ਬਾਜ਼ਾਰ ਦੀਆਂ ਮੰਗਾਂ ਦੇ ਨਾਲ ਵਪਾਰਕ ਵਿਚਾਰਾਂ ਨੂੰ ਇਕਸਾਰ ਕਰਨ ਬਾਰੇ ਨੁਕਤੇ ਸਾਂਝੇ ਕੀਤੇ। ਇੰਟਰੈਕਟਿਵ ਵਿਚਾਰ-ਵਟਾਂਦਰੇ, ਕੇਸ ਸਟੱਡੀ ਤੇ ਵਿਹਾਰਕ ਅਭਿਆਸਾਂ ਰਾਹੀਂ ਭਾਗੀਦਾਰਾਂ ਨੇ ਪ੍ਰਭਾਵਸ਼ਾਲੀ ਕਾਰੋਬਾਰੀ ਮਾਡਲ ਬਣਾਉਣ ਲਈ ਵਿਹਾਰਕ ਅਨੁਭਵ ਪ੍ਰਾਪਤ ਕੀਤਾ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਵਿੱਚ ਨਵੀਨਤਾ ਤੇ ਉਦਮੀ ਹੁਨਰਾਂ ਨੂੰ ਉਤਸ਼ਾਹਿਤ ਕਰਨ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਬਿਜ਼ਨੈਸ ਮੈਨੇਜਮੈਂਟ ਤੇ ਕਾਮਰਸ ਵਿਭਾਗ ਦੀ ਡਾਇਰੈਕਟਰ ਡਾ. ਨਿਧੀ ਗੁਪਤਾ ਨੇ ਧੰਨਵਾਦ ਕੀਤਾ।

## ਸਬਜ਼ੀ ਮੰਡੀ 'ਚ ਨਵੀਆਂ ਦੁਕਾਨਾਂ ਦੀ ਉਸਾਰੀ ਜਲਦੀ ਸ਼ੁਰੂ ਹੋਵੇਗੀ: ਵਿਧਾਇਕ ਡਾ. ਅਰੋੜਾ

ਮੋਗਾ, 11 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਸਬਜ਼ੀ ਮੰਡੀ ਵਿੱਚ ਦੁਕਾਨਦਾਰਾਂ ਨਾਲ ਇੱਕ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ, ਆਮ ਆਦਮੀ ਪਾਰਟੀ (ਆਪ) ਦੇ ਸ਼ਹਿਰੀ ਪ੍ਰਧਾਨ ਪ੍ਰੇਮ ਚੰਦ ਚੱਕੀ ਵਾਲਾ, ਸਬਜ਼ੀ ਮੰਡੀ ਦੇ ਦੁਕਾਨਦਾਰ ਰੋਸ਼ਨ ਲਾਲ ਚਾਵਲਾ ਤੇ ਰਾਕੇਸ਼ ਮਿੱਡਾ, ਸੀਨੀਅਰ ਆਪ ਆਗੂ ਗੁਰਮਿੰਦਰਜੀਤ ਸਿੰਘ ਬਬਲੂ, ਯੂਥ ਆਗੂ ਗੌਰਵ ਗਰਗ ਤੇ ਰਮਨ ਮੱਕੜ ਤੇ ਰਾਕੇਸ਼ ਸਿਤਾਰਾ ਸਮੇਤ ਵੱਡੀ ਗਿਣਤੀ ਵਿੱਚ ਮੰਡੀ ਦੇ ਹੋਰ ਦੁਕਾਨਦਾਰ ਮੌਜੂਦ ਸਨ। ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਮੋਗਾ ਦੀ ਅੰਦਰੂਨੀ ਸਬਜ਼ੀ ਮੰਡੀ ਦੇ ਦੁਕਾਨਦਾਰਾਂ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਦਿਆਂ ਨਵੀਆਂ ਦੁਕਾਨਾਂ ਦੀ ਉਸਾਰੀ ਸਬੰਧੀ ਇਹ ਮੀਟਿੰਗ ਕੀਤੀ। ਸਮਾਗਮ ਦੌਰਾਨ ਸਾਰੇ ਦੁਕਾਨਦਾਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਐਲਾਨ ਕੀਤਾ ਕਿ ਸਬਜ਼ੀ ਮੰਡੀ ਵਿੱਚ ਨਵੀਆਂ ਦੁਕਾਨਾਂ ਬਣਾਉਣ ਦਾ ਕੰਮ ਬਹੁਤ ਜਲਦੀ ਸ਼ੁਰੂ ਹੋ ਜਾਵੇਗਾ। ਇਸ ਪਹਿਲਕਦਮੀ ਨਾਲ ਮੰਡੀ ਦੀਆਂ ਸਹੂਲਤਾਂ ਵਿੱਚ ਹੋਰ ਸੁਧਾਰ ਹੋਣ ਤੇ ਵਪਾਰਕ ਗਤੀਵਿਧੀਆਂ ਨੂੰ ਹੁਲਾਰਾ ਮਿਲਣ ਦੀ ਉਮੀਦ ਹੈ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਭਰ ਦੇ ਦੁਕਾਨਦਾਰਾਂ, ਜਿਨ੍ਹਾਂ ਵਿੱਚ ਸਬਜ਼ੀ ਮੰਡੀ ਦੇ ਦੁਕਾਨਦਾਰ ਵੀ ਸ਼ਾਮਲ ਹਨ, ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਜੇਕਰ ਕਿਸੇ ਨੂੰ ਵੀ ਕੋਈ ਸਮੱਸਿਆ ਆਉਂਦੀ ਹੈ, ਤਾਂ ਇਸਨੂੰ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਇਸ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾ ਸਕੇ। ਉਨ੍ਹਾਂ ਸਬਜ਼ੀ ਮੰਡੀ ਦੇ ਦੁਕਾਨਦਾਰਾਂ ਦਾ ਉਨ੍ਹਾਂ ਵੱਲੋਂ ਦਿੱਤੇ ਗਏ ਸਤਿਕਾਰ ਤੇ ਸਨਮਾਨ ਲਈ ਧੰਨਵਾਦ ਵੀ ਕੀਤਾ।



## ਵੈਟਰਨਰੀ ਇੰਸਪੈਕਟਰਾਂ ਵੱਲੋਂ ਵਿਭਾਗ ਦੀ ਅਫਸਰਸ਼ਾਹੀ 'ਤੇ ਸਰਕਾਰ ਨੂੰ ਗੁੰਮਰਾਹ ਕਰਨ ਦਾ ਦੋਸ਼: ਗੁਰਦੀਪ ਬਾਸੀ, ਵਿਪਨ ਗੋਇਲ

ਮੁਕੇਰੀਆਂ, 11 ਅਪ੍ਰੈਲ (ਧਰਮ ਚੰਦ): ਪੰਜਾਬ ਸਰਕਾਰ ਦੀ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਦੇ ਕੈਬਨਿਟ ਵਿਭਾਗ ਦੇ ਵਜ਼ੀਰ ਗੁਰਮੀਤ ਸਿੰਘ ਖੁੱਡੀਆਂ ਤੇ ਵਿਭਾਗ ਦੇ ਪ੍ਰਿੰਸੀਪਲ ਸਕੱਤਰ ਨੂੰ ਡਾਇਰੈਕਟੋਰੇਟ ਵਿਭਾਗ ਦੀ ਜ਼ਮੀਨੀ ਹਕੀਕਤ ਤੋਂ ਗੁੰਮਰਾਹ ਕਰ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰਜ਼ ਐਸੋਸੀਏਸ਼ਨ ਦੀ ਸੂਬਾਈ ਮੀਟਿੰਗ ਦੌਰਾਨ ਸੂਬਾ ਪ੍ਰਧਾਨ ਗੁਰਦੀਪ ਬਾਸੀ ਤੇ ਸੂਬਾ ਜਨਰਲ ਸਕੱਤਰ ਵਿਪਨ ਕੁਮਾਰ ਗੋਇਲ ਨੇ ਕਰਦਿਆਂ ਕਿਹਾ ਕਿ ਵੈਟਰਨਰੀ ਇੰਸਪੈਕਟਰ ਕੇਡਰ ਵਿਭਾਗ ਦੀਆਂਮੁੱਖ ਜ਼ਿੰਮੇਵਾਰੀਆਂ ਪਸ਼ੂ ਧਨ ਦੀ ਹਰ ਬਿਮਾਰੀਆਂ ਤੋਂ ਬਚਾਅ ਲਈ ਟੀਕਾਕਰਨ ਕਰਨ, ਸੈਕਸਡ ਸੀਮਨ ਸਮੇਤ ਹਰ ਤਰ੍ਹਾਂ ਦੀ ਆਰਟੀਫਿਸ਼ਲ ਇੰਨਸੈਮੀਨੇਸ਼ਨ, ਵੱਖ-ਵੱਖ ਪਰੋਜਨੀ ਟੈਸਟਿੰਗ ਅਧੀਨ ਨਸਲ ਦੇ ਪੀਡੀ ਤੇ ਬੱਚਿਆਂ ਦੇ ਜਨਮ ਲੈਣ ਤੱਕ ਹਰ ਸੁਵਿਧਾ ਪਸ਼ੂ ਪਾਲਕ ਦੇ ਦਰਵਾਜ਼ੇ 'ਤੇ ਜਾ ਕੇ ਦਿੱਤੀ ਜਾ ਰਹੀ ਹੈ। ਪਸ਼ੂ ਪਾਲਣ ਵਿਭਾਗ ਦਾ 90% ਕੰਮ ਵੈਟਰਨਰੀ ਇੰਸਪੈਕਟਰ ਕੇਡਰ ਕਰ ਰਿਹਾ ਹੈ। ਵੈਟਰਨਰੀ ਇੰਸਪੈਕਟਰ ਕੇਡਰ ਵੱਲੋਂ ਪੰਜਾਬ ਸਰਕਾਰ ਦੀ ਕਿਸੇ ਵੀ ਸਰਕਾਰੀ ਸਕੀਮ ਨੂੰ ਲੋਕਾਂ ਤੱਕ ਲੈ ਕੇ ਜਾਣ ਦਾ ਕੋਈ ਬਾਈਕਾਟ ਨਹੀਂ ਕੀਤਾ ਗਿਆ ਹੈ।ਪ੍ਰੰਤੂ ਪਸ਼ੂ ਪਾਲਣ ਵਿਭਾਗ ਦੀ ਅਫਸਰਸ਼ਾਹੀ ਭਾਰਤ ਸਰਕਾਰ ਵੱਲੋਂ ਜਾਰੀ ਸਕੀਮਾਂ ਨੂੰ ਲਾਗੂ ਕਰਨ ਲਈ ਦਿੱਤੇ ਸਟੈਂਡਰਡ ਆਫ ਪਰੋਸੀਜਰ ਲਾਗੂ ਕਰਨ ਤੋਂ ਭੱਜ ਰਹੀ ਹੈ।ਇਸ ਸਕੀਮ ਅਧੀਨ ਪੰਜਾਬ ਭਰ ਵਿੱਚ ਪਸ਼ੂਧਨ ਦਾ ਟੀਕਾਕਰਨ ਕਰ ਰਹੀਆਂ ਟੀਮਾਂ ਦੇ ਨਾਲ-ਨਾਲ ਡਾਟਾ ਐਂਟਰੀ ਉਪਰੇਟਰ ਸਰਕਾਰ ਵੱਲੋਂ ਮੁਹੱਈਆ ਕਰਵਾਏ ਜਾਣੇ ਹਨ। ਡਾਟਾ ਐਂਟਰੀ ਉਪਰੇਟਰ ਨਾ ਦੇਣ ਕਾਰਨ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਸਕੀਮਾਂ ਦੀ ਰਿਪੋਰਟਿੰਗ ਮਜਬੂਰਨ ਰੋਕਣੀ ਪਈ ਹੈ ਕਿਉਂਕਿ ਸਾਲ ਵਿੱਚ ਪੰਜ ਮਹੀਨੇ ਲਗਾਤਾਰ ਫੀਲਡ ਵਿੱਚ ਰਹਿਣ ਕਾਰਨ ਸੰਸਥਾ ਵਿੱਚ ਆਏ ਪਸ਼ੂ ਪਾਲਕ ਨੂੰ ਸੇਵਾਵਾਂ ਨਹੀਂ ਮਿਲਦੀਆਂ। ਪ੍ਰੰਤੂ ਵੈਟਰਨਰੀ ਇੰਸਪੈਕਟਰ ਕੇਡਰ ਉਨ੍ਹਾਂ ਪੰਜ ਮਹੀਨਿਆਂ ਦੌਰਾਨ ਵੀ ਸੰਸਥਾਵਾਂ ਦੇ ਟੀਚੇ ਨਿੱਠ ਕੇ ਪੂਰੇ ਕਰਦੇ ਹਨ। ਇਸ ਮੌਕੇ ਗੁਰਦੀਪ ਸਿੰਘ ਛੰਨਾ, ਰਾਜੀਵ ਮਲਹੋਤਰਾ, ਪਰਮਜੀਤ ਸਿੰਘ ਸੋਹੀ, ਹਰਦੀਪ ਸਿੰਘ ਗਿਆਨਾ ਬਠਿੰਡਾ, ਸਤਿਨਾਮ ਸਿੰਘ ਅੰਮ੍ਰਿਤਸਰ, ਦਲਜੀਤ ਸਿੰਘ ਚਾਹਲ, ਡੀਵੀਆਈ ਗੁਰਜੀਤ ਸਿੰਘ, ਪਰਵੀਨ ਕੁਮਾਰ ਗੁਰਦਾਸਪੁਰ, ਜਗਜੀਤ ਸਿੰਘ ਦੁੱਲਟ ਸੰਗਰੂਰ, ਰਾਕੇਸ਼ ਸੈਣੀ ਪਠਾਨਕੋਟ, ਧਰਮਵੀਰ ਸਿੰਘ ਸਰਾਂ ਫਿਰੋਜ਼ਪੁਰ, ਗੁਰਮੀਤ ਸਿੰਘ ਮਹਿਤਾ ਮੁਕਤਸਰ, ਹਰਦੀਪ ਸਿੰਘ ਮੋਗਾ, ਵਿਜੇ ਕੰਬੋਜ ਫਾਜ਼ਿਲਕਾ, ਗੁਰਿੰਦਰਪਾਲ ਸਿੰਘ ਨਵਾਂਸ਼ਹਿਰ, ਸ਼ਾਮ ਨਾਥ ਫਤਹਿਗੜ੍ਹ ਸਾਹਿਬ, ਰਜਿੰਦਰ ਕੰਬੋਜ ਜਲੰਧਰ, ਦਮਨਦੀਪ ਸਿੰਘ ਗਿੱਲ ਹਰਜੋਤ ਸਿੰਘ ਸੈਣੀ, ਸੁਖਜਿੰਦਰ ਸਿੰਘ ਫਰੀਦਕੋਟ, ਅੰਮ੍ਰਿਤਪਾਲ ਸਿੰਘ ਮਲੇਰਕੋਟਲਾ ਹਾਜ਼ਰ ਸਨ।



## ਗੁੱਜਰਾਂ ਦੇ ਡੇਰੇ ਨੂੰ ਭਿਆਨਕ ਅੱਗ ਲੱਗੀ, ਲੱਖਾਂ ਦਾ ਨੁਕਸਾਨ

ਭੋਗਪੁਰ, 11 ਅਪ੍ਰੈਲ (ਅਮਰਜੀਤ ਸਿੰਘ ਸੈਣੀ): ਹਲਕਾ ਆਦਮਪੁਰ ਭੋਗਪੁਰ ਨਾਲ ਲੱਗਦੇ ਪਿੰਡ ਬਿਨਪਾਲਕੇ ਵਿੱਚ ਉਸ ਵੇਲੇ ਹਫੜਾ ਤਫੜੀ ਮੱਚ ਗਈ, ਜਦ ਬਿਨਪਾਲਕੇ ਪਿੰਡ ਵਿੱਚ ਰਹਿੰਦੇ ਗੁੱਜਰਾਂ ਦੇ ਡੇਰੇ ਨੂੰ ਭਿਆਨਕ ਅੱਗ ਲੱਗ



ਗਈ, ਅੱਗ ਇੰਨੇ ਜ਼ੋਰ ਦੀ ਮਚੀ ਕੇ ਅੱਗ ਦੀ ਲਪੇਟ ਵਿੱਚ ਗੁੱਜਰਾਂ ਦੇ ਬਣੇ ਡੇਰੇ ਵੀ ਅੱਗ ਦੀ ਲਪੇਟ ਵਿੱਚ ਆ ਗਏ ਤੇ ਸੂਚਨਾ ਹੈ ਕਿ ਸਾਰੇ ਡੰਗਰ ਵੀ ਅੱਗ ਦੀ ਲਪੇਟ ਆ ਗਏ। ਮੌਕੇ ਪਹੁੰਚੀ ਫਾਇਰਬ੍ਰਿਗੇਡ ਦੀ ਗੱਡੀ ਨੇ ਅੱਗ ਨੂੰ ਕਾਬੂ ਪਾਇਆ। ਮਾਲਕਾਂ ਨੇ ਕਿਹਾ ਕਿ ਅੱਗ ਲੱਗਣ ਦਾ ਕਾਰਨ ਤਾਂ ਨਹੀਂ ਪਤਾ ਲੱਗ ਸਕਿਆ ਪਰ ਉਨ੍ਹਾਂ ਦਾ ਦਾ ਬਹੁਤ ਜ਼ਿਆਦਾ ਨੁਕਸਾਨ ਹੋ ਗਿਆ ਹੈ।

## ਮਾਈਨਿੰਗ ਮਾਫੀਆ ਵੱਲੋਂ ਕੀਤੇ ਜਾ ਰਹੇ ਉਜਾੜੇ ਨੂੰ ਨੱਥ ਪਾਵੇਗੀ ਕਾਂਗਰਸ: ਸਰਬਜੋਤ ਸਾਬੀ

### ☛ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਿਆ, ਵੱਡੇ ਅੰਦੋਲਨ ਦੀ ਚੇਤਾਵਨੀ

ਮੁਕੇਰੀਆਂ, 11 ਅਪ੍ਰੈਲ (ਧਰਮ ਚੰਦ): ਵਿਧਾਨ ਸਭਾ ਹਲਕਾ ਮੁਕੇਰੀਆਂ ਅੰਦਰ ਚੱਲ ਰਹੀ ਨਾਜਾਇਜ਼ ਮਾਈਨਿੰਗ ਖ਼ਿਲਾਫ਼ ਅੱਜ ਹਲਕਾ ਵਾਸੀਆਂ ਵੱਲੋਂ ਸੀਨੀਅਰ ਕਾਂਗਰਸੀ ਆਗੂ ਸਰਬਜੋਤ ਸਿੰਘ ਸਾਬੀ ਦੀ ਅਗਵਾਈ ਹੇਠ ਹਾਜੀਪੁਰ ਟੀ-ਪੁਆਇੰਟ 'ਤੇ ਵੱਡਾ ਇਕੱਠ ਕੀਤਾ ਗਿਆ, ਜਿਸ ਉਪਰੰਤ ਇੱਥੋਂ ਕਾਂਗਰਸੀ ਵਰਕਰਾਂ ਤੇ ਹਲਕਾ ਵਾਸੀਆਂ ਵੱਲੋਂ ਮਾਨਸਰ ਰੋਡ ਤੱਕ ਪੈਦਲ ਮਾਰਚ ਕਰਦੇ ਹੋਏ ਮਾਈਨਿੰਗ ਮਾਫੀਆ ਮੁਰਦਾਬਾਦ ਤੇ ਸਰਕਾਰ-ਪ੍ਰਸ਼ਾਸਨ ਅੱਖਾਂ ਖੋਲ੍ਹ ਦੇ ਨਾਅਰੇ ਲਗਾਏ ਗਏ। ਇਸ ਮੌਕੇ ਸੰਬੋਧਨ ਕਰਦੇ ਹੋਏ ਸਰਬਜੋਤ ਸਿੰਘ ਸਾਬੀ ਨੇ ਐਲਾਨ ਕੀਤਾ ਕਿ ਹੁਣ ਹਲਕੇ ਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਜੇਕਰ ਤੁਰੰਤ ਨਾਜਾਇਜ਼ ਮਨਾਈਨਿੰਗ 'ਤੇ ਸਰਕਾਰ-ਪ੍ਰਸ਼ਾਸਨ ਨੇ ਰੋਕ ਨਾ ਲਗਾਈ ਤਾਂ ਆਉਂਦੇ ਦਿਨਾਂ ਦੌਰਾਨ ਲਗਾਤਾਰਤਾ ਵਿੱਚ ਵੱਡਾ ਅੰਦੋਲਨ ਖੜ੍ਹਾ ਕੀਤਾ ਜਾਵੇਗਾ। ਰੋਸ ਪ੍ਰਦਰਸ਼ਨ ਦੇ ਆਖਿਰ ਵਿੱਚ ਹਲਕਾ ਵਾਸੀਆਂ ਵੱਲੋਂ ਪੰਜਾਬ ਦੇ ਰਾਜਪਾਲ ਤੇ ਮੁੱਖ ਮੰਤਰੀ ਦੇ ਨਾਮ ਇੱਕ ਮੰਗ ਪੱਤਰ ਤਹਿਸੀਲਦਾਰ ਨੂੰ ਸੌਂਪਦੇ ਹੋਏ ਹਲਕੇ ਦੀ ਕੁਦਰਤੀ ਸਰੋਤਾਂ ਦੀ ਲੁੱਟ 'ਤੇ ਰੋਕ ਲਗਾਉਣ ਤੇ ਇਸ ਲਈ ਜ਼ਿੰਮੇਵਾਰ ਮਾਈਨਿੰਗ ਮਾਫੀਆ ਤੇ ਉਨ੍ਹਾਂ ਨਾਲ ਮਿਲੇ ਹੋਏ ਪ੍ਰਸ਼ਾਸਨਿਕ ਅਧਿਕਾਰੀਆਂ ਖ਼ਿਲਾਫ ਕਾਰਵਾਈ ਦੀ ਮੰਗ ਕੀਤੀ ਗਈ। ਇਸ ਪ੍ਰਦਰਸ਼ਨ ਦੌਰਾਨ ਸਰਬਜੋਤ ਸਾਬੀ ਨੇ ਕਿਹਾ ਕਿ ਸਾਡੇ ਇਲਾਕੇ ਵਿੱਚ ਨਾਜਾਇਜ਼ ਮਾਈਨਿੰਗ ਬੇਖ਼ੌਫ਼ ਤੇ ਬੇਰੋਕ-ਟੋਕ ਤਰੀਕੇ ਨਾਲ ਚੱਲ ਰਹੀ ਹੈ, ਇਹ ਸਿਰਫ਼ ਕਾਨੂੰਨ ਦੀ ਉਲੰਘਣਾ ਨਹੀਂ,



ਸਗੋਂ ਕੁਦਰਤ, ਲੋਕਾਂ ਦੀ ਰੋਜ਼ੀ-ਰੋਟੀ ਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਹੱਕਾਂ ਨਾਲ ਸਿੱਧਾ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਨਾਜਾਇਜ਼ ਮਾਈਨਿੰਗ ਕਾਰਨ ਦਰਿਆਵਾਂ ਤੇ ਖੱਡਾਂ ਦੀ ਕੁਦਰਤੀ ਬਣਤਰ ਤਬਾਹ ਹੋ ਰਹੀ ਹੈ, ਕਿਸਾਨਾਂ ਦੀ ਜ਼ਮੀਨ ਬਰਬਾਦ ਹੋ ਰਹੀ ਹੈ, ਪਿੰਡਾਂ ਦੀਆਂ ਸੜਕਾਂ ਤੇ ਪੁੱਲ ਖ਼ਤਰੇ ਵਿੱਚ ਹਨ, ਵਾਤਾਵਰਨ ਖਰਾਬ ਹੋ ਰਿਹਾ ਹੈ ਪਰ ਇਸ ਲਈ ਜ਼ਿੰਮੇਵਾਰ ਲੋਕਾਂ ਖ਼ਿਲਾਫ ਕਾਰਵਾਈ ਜ਼ੀਰੋ ਹੈ। ਸਰਬਜੋਤ ਸਾਬੀ ਨੇ ਕਿਹਾ ਕਿ ਮੁਕੇਰੀਆਂ ਹਲਕੇ ਅੰਦਰ ਪਿਛਲੇ ਸਾਲਾਂ ਦੌਰਾਨ ਹੋਈ ਨਾਜਾਇਜ਼ ਮਾਈਨਿੰਗ ਪ੍ਰਤੀ ਪੰਜਾਬ ਸਰਕਾਰ ਨੂੰ ਉਚ ਪੱਧਰੀ ਜਾਂਚ ਕਰਵਾਉਣੀ ਚਾਹੀਦੀ ਹੈ ਤੇ ਹੁਣ ਇਸ ਮਾਈਨਿੰਗ ਉਪਰ ਰੋਕ ਲਗਾ ਕੇ ਹਲਕਾ ਵਾਸੀਆਂ ਨੂੰ ਇਹ ਭਰੋਸਾ ਦਿੱਤਾ ਜਾਵੇ ਕਿ ਭਵਿੱਖ ਵਿੱਚ ਇਸ ਤਰ੍ਹਾਂ ਕੁਦਰਤੀ ਸੰਸਾਧਨਾਂ ਦੀ ਲੁੱਟ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਅਸੀਂ ਕਈ ਵਾਰ ਦਰਿਆ ਦੀ ਸਫਾਈ (ਡੀ-ਸਿਲਟਿੰਗ) ਦੀ ਮੰਗ ਉਠਾਈ ਹੈ, ਪਰ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਗਿਆ। ਸਰਬਜੋਤ ਸਾਬੀ ਨੇ ਕਿਹਾ ਕਿ ਬਰਸਾਤ ਆਉਣ ਤੋਂ ਪਹਿਲਾਂ ਇਸ ਪਾਸੇ ਧਿਆਨ ਦਿੱਤਾ ਜਾਵੇ। ਅੱਜ ਦੇ ਰੋਸ ਪ੍ਰਦਰਸ਼ਨ ਦੌਰਾਨ ਬੇਅੰਤ ਸਿੰਘ ਰੰਧਾਵਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਅਨਿਲ ਠਾਕੁਰ ਸਰਪੰਚ ਮਾਨਸਰ, ਕੁਲਭੂਸ਼ਨ ਸੋਹਲ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਬਲਦੇਵ ਸਿੰਘ ਕੌਲਪੁਰ, ਤਜਿੰਦਰਪਾਲ ਸਿੰਘ ਸਰਪੰਚ, ਲੱਖੀ ਰੰਧਾਵਾ, ਬਲਵੀਰ ਸਿੰਘ ਟੀਟਾ ਸਾਬਕਾ ਸਰਪੰਚ, ਰਵਿੰਦਰ ਸਿੰਘ ਪ੍ਰਿੰਸ, ਹਰਦੀਪ ਸਿੰਘ ਸਾਬੀ, ਰਸ਼ਪਾਲ ਸਿੰਘ ਰੰਗਾ, ਰਾਜੂ ਸਰਪੰਚ ਕੌਲਪੁਰ ਕਲਾਂ, ਸ਼ੁਭਮ ਸੋਹਲ, ਠਾਕੁਰ ਨਿਰਦੇਵ ਕਰਾਰੀ, ਅਸ਼ੋਕ ਕੁਮਾਰ ਸਰਪੰਚ ਸਰਿਆਣਾ, ਪ੍ਰੇਮ ਚੰਦ ਸਰਪੰਚ ਸੈਦੋ ਨੌਸ਼ਹਿਰਾ, ਸੁੱਖ ਤੱਗੜ ਕਲਾਂ, ਹਰਦਿਆਲ ਸਿੰਘ ਸੰਧਵਾਲ, ਸ਼ੌਕੀਨ ਸਿੰਘ ਸਰਪੰਚ ਭਲੋਵਾਲ, ਸੁਖਦੇਵ ਸਿੰਘ ਜ਼ਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਚੜੂਨੀ, ਕਿਸ਼ਨਪਾਲ ਬਿੱਟੂ ਸਨਿਆਲ, ਗਗਨਦੀਪ ਸਿੰਘ ਗੱਗੂ, ਰਣਵੀਰ ਨੰਬਰਦਾਰ, ਸਰਪੰਚ ਰਿੱਕੂ ਭੱਟੀਆਂ, ਗੁਰਦੇਵ ਸਿੰਘ ਪਹਿਲਵਾਨ, ਮਨਿੰਦਰ ਸਿੰਘ ਸਰਪੰਚ ਮਹਿਤਾਬਪੁਰ, ਸਰਪੰਚ ਮੰਗਤ ਰਾਮ, ਸਤੀਸ਼ ਕੁਮਾਰ, ਸਰਪੰਚ ਸਰਵਣ ਸਿੰਘ, ਵਰਿੰਦਰਜੀਤ ਸਿੰਘ ਹਿੰਦਰੀ, ਰਾਜਨ ਵਰਮਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਹਲਕਾ ਵਾਸੀ ਮੌਜੂਦ ਰਹੇ।

## ਸੰਜੀਵ ਦੱਤਾ ਤੇ ਜਗਬੀਰ ਸਿੰਘ ਸਲਾਣਾ ਤੀਸਰੀ ਵਾਰ ਬਲਾਕ ਕਾਂਗਰਸ ਗੋਬਿੰਦਗੜ੍ਹ ਤੇ ਅਮਲੋਹ ਦੇ ਪ੍ਰਧਾਨ ਬਣੇ

ਮੰਡੀ ਗੋਬਿੰਦਗੜ੍ਹ, 11 ਅਪ੍ਰੈਲ (ਸੂਦ): ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਵੱਲੋਂ ਕਾਂਗਰਸ ਪਾਰਟੀ ਤੇ ਸਮਾਜ ਪ੍ਰਤੀ ਵਧੀਆ ਕਾਰਗੁਜ਼ਾਰੀ ਨੂੰ ਮੁੱਖ ਰੱਖਦੇ ਹੋਏ



ਸੰਜੀਵ ਦੱਤਾ ਨੂੰ ਮੁੜ ਬਲਾਕ ਕਾਂਗਰਸ ਮੰਡੀ ਗੋਬਿੰਦਗੜ੍ਹ ਤੇ ਜਗਵੀਰ ਸਿੰਘ ਸਲਾਣਾ ਨੂੰ ਬਲਾਕ ਅਮਲੋਹ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਨਿਯੁਕਤੀ ਨਾਲ ਕਾਂਗਰਸ ਪਾਰਟੀ ਦੇ ਸਥਾਨਕ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਹੈ ਤੇ ਉਨ੍ਹਾਂ ਜਿਥੇ ਇਨ੍ਹਾਂ ਆਗੂਆਂ ਨੂੰ ਵਧਾਈ ਦਿੱਤੀ ਉਥੇ ਪਾਰਟੀ ਹਾਈਕਮਾਂਡ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਨੇ ਆਪਣੇ ਪਿਛਲੇ ਕਾਰਜਕਾਲ ਦੌਰਾਨ ਇਮਾਨਦਾਰੀ ਤੇ ਲਗਨ ਨਾਲ ਸੇਵਾ ਕਰਦੇ ਹੋਏ ਪਾਰਟੀ ਨੂੰ ਮਜ਼ਬੂਤ ਕੀਤਾ, ਖਾਸ ਕਰਕੇ ਜਨ-ਸੰਪਰਕ ਮੁਹਿੰਮਾਂ, ਲੋਕਾਂ ਦੀਆਂ ਸਮੱਸਿਆਵਾਂ ਨੂੰ ਉਪਰਲੇ ਪੱਧਰ ਤੱਕ ਪਹੁੰਚਾਉਣ ਤੇ ਸੰਗਠਨ ਨੂੰ ਇਕਜੁੱਟ ਰੱਖਣ 'ਚ ਇਨ੍ਹਾਂ ਦੀ ਭੂਮਿਕਾ ਅਹਿਮ ਹੈ। ਦੋਵੇਂ ਬਲਾਕ ਪ੍ਰਧਾਨ ਨੇ ਪਾਰਟੀ ਹਾਈਕਮਾਂਡ, ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਂਸਦ ਡਾ. ਅਮਰ ਸਿੰਘ ਤੇ ਸਾਬਕਾ ਮੰਤਰੀ ਰਣਦੀਪ ਸਿੰਘ ਨਾਭਾ ਸਮੇਤ ਪਾਰਟੀ ਦੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਦਿੱਤੀ ਗਈ ਹੈ, ਉਹ ਇਸ ਨੂੰ ਪੂਰੀ ਨਿਸ਼ਠਾ ਨਾਲ ਨਿਭਾਉਣਗੇ ਤੇ ਪਾਰਟੀ ਦੀ ਮਜ਼ਬੂਤੀ ਲਈ ਪਿੰਡ ਪੱਧਰ ਤੱਕ ਸੰਪਰਕ ਕੀਤਾ ਜਾਵੇਗਾ।

## ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ 'ਚ ਵਿਧਾਇਕ ਭੁੱਲਰ ਤੇ ਸਰਾਰੀ ਵੱਲੋਂ ਸ਼ਿਰਕਤ



ਫ਼ਿਰੋਜ਼ਪੁਰ, 11 ਅਪ੍ਰੈਲ (ਤਿਵਾੜੀ): ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਤੇ ਆਤਮਾ ਦੇ ਸਹਿਯੋਗ ਨਾਲ ਕਿਸਾਨਾਂ ਨੂੰ ਖਾਦਾਂ, ਕੀਟਨਾਸ਼ਕ ਆਦਿ ਖੇਤੀ ਸਾਧਨਾਂ ਦੀ ਸੰਜਮ ਨਾਲ ਵਰਤੋਂ ਤੇ ਨਾੜ-ਪਰਾਲੀ ਦੀ ਸੁਚੱਜੀ ਸੰਭਾਲ ਕਰਕੇ ਵਾਤਾਵਰਨ ਨੂੰ ਪਲੀਤ ਹੋਣ ਤੋਂ ਬਚਾਉਣ ਦੇ ਉਦੇਸ਼ ਨਾਲ ਸਾਉਣੀ ਦੀਆਂ ਫ਼ਸਲਾਂ ਦੀ ਕਾਸ਼ਤ ਸਬੰਧੀ ਮੁੱਖ ਖੇਤੀਬਾੜੀ ਅਫ਼ਸਰ ਫ਼ਿਰੋਜ਼ਪੁਰ ਡਾ. ਬਲਵਿੰਦਰ ਸਿੰਘ ਦੀ ਅਗਵਾਈ ਵਿੱਚ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਗੋਲਡਨ ਰਿਜ਼ੋਰਟ, ਕੁੱਲਗੜ੍ਹੀ ਵਿਖੇ ਆਯੋਜਿਤ ਕੀਤਾ ਗਿਆ। ਇਸ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਤੇ ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ ਵੱਲੋਂ ਕੈਂਪ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚੋਂ ਵੱਡੀ ਗਿਣਤੀ ਵਿੱਚ ਪਹੁੰਚੇ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਮੁੱਖ ਮਹਿਮਾਨ ਰਣਬੀਰ ਸਿੰਘ ਭੁੱਲਰ ਤੇ ਫੌਜਾ ਸਿੰਘ ਸਰਾਰੀ ਨੇ ਕਿਹਾ ਕਿ ਧਰਤੀ, ਪਾਣੀ ਤੇ ਹਵਾ ਕੁਦਰਤ ਵੱਲੋਂ ਮਨੁੱਖ ਨੂੰ ਦਿੱਤੀਆਂ ਬੇਸ਼ਕੀਮਤੀ ਨਿਆਮਤਾਂ ਹਨ, ਜਿਨ੍ਹਾਂ ਦੀ ਰਾਖੀ ਤੇ ਸਾਂਭ-ਸੰਭਾਲ ਕਰਨਾ ਸਾਡਾ ਮੁੱਢਲਾ ਫ਼ਰਜ਼ ਬਣਦਾ ਹੈ। ਉਨ੍ਹਾਂ ਨੇ ਸਰਕਾਰ ਵੱਲੋਂ ਕਿਸਾਨ ਹਿੱਤ ਵਿੱਚ ਲਾਗੂ ਕੀਤੀਆਂ ਗਈਆਂ ਸਕੀਮਾਂ ਨੂੰ ਸਾਵੇਂ ਤੇ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਤੇ ਖੇਤੀ ਵਿਗਿਆਨਕਾਂ/ਮਾਹਿਰਾਂ ਵੱਲੋਂ ਸੁਝਾਈਆਂ ਆਧੁਨਿਕ ਖੇਤੀ ਤਕਨੀਕਾਂ ਅਪਣਾਉਣ ਦੀ ਗੱਲ ਉਤੇ ਜ਼ੋਰ ਦਿੱਤਾ ਉਨ੍ਹਾਂ ਨੇ ਕਿਸਾਨਾਂ ਨੂੰ ਖਾਦਾਂ ਤੇ ਕੀਟਨਾਸ਼ਕਾਂ ਦੀ ਸੰਜਮ ਨਾਲ ਵਰਤੋਂ ਕਰਦੇ ਹੋਏ ਵਾਤਾਵਰਨ ਦੀ ਸੰਭਾਲ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬਲਰਾਜ ਸਿੰਘ ਕਟੋਰਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਕੈਂਪ ਦੇ ਆਯੋਜਨ ਵਿੱਚ ਸਾਵਨਦੀਪ ਸ਼ਰਮਾ, ਪ੍ਰੋਜੈਕਟ ਡਾਇਰੈਕਟਰ (ਆਤਮਾ), ਜਸਵਿੰਦਰ ਸਿੰਘ, ਅਮਿਤ ਪ੍ਰੋਜ, ਗੁਰਦੀਪ ਸਿੰਘ, ਨੀਰਜ ਸ਼ਰਮਾ, (ਸਾਰੇ ਖੇਤੀਬਾੜੀ ਅਫ਼ਸਰ), ਰਜਨੀਸ਼ ਜਿੰਦਲ, ਨਵੀਨ ਖੰਨਾ, ਤਰਨਜੀਤ ਸਿੰਘ, ਹਰਕਮਲ ਸਿੰਘ, ਅਕਾਂਸ਼ਾ (ਸਾਰੇ ਖੇਤੀਬਾੜੀ ਵਿਕਾਸ ਅਫ਼ਸਰ) ਤੋਂ ਇਲਾਵਾ ਸੁਨੀਲ ਕੁਮਾਰ, ਸੁਪਰਡੈਂਟ, ਸੰਜੀਵ ਕੁਮਾਰ ਗੁਪਤਾ, ਸੀਨੀਅਰ ਸਹਾਇਕ ਤੇ ਕਰਨਦੀਪ, ਸੀਨੀਅਰ ਸਹਾਇਕ ਵੱਲੋਂ ਵਿਸ਼ੇਸ਼ ਯੋਗਦਾਨ ਪਾਇਆ ਗਿਆ।

## ਸਕੱਤਰ ਓ.ਆਈ.ਡੀ.ਬੀ. ਵਰਸ਼ਾ ਸਿਨਹਾ ਵੱਲੋਂ ਪੀ.ਐਮ. ਸ੍ਰੀ ਸਕੂਲਾਂ 'ਚ ਚੱਲ ਰਹੇ ਵਿਕਾਸ ਕੰਮਾਂ ਦੀ ਪ੍ਰਗਤੀ ਸਬੰਧੀ ਵਿਸ਼ੇਸ਼ ਮੀਟਿੰਗ

ਫ਼ਿਰੋਜ਼ਪੁਰ, 11 ਅਪ੍ਰੈਲ (ਤਿਵਾੜੀ): ਭਾਰਤ ਸਰਕਾਰ ਦੇ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਦੇ ਸਕੱਤਰ ਓ.ਆਈ.ਡੀ.ਬੀ. ਵਰਸ਼ਾ ਸਿਨਹਾ ਵੱਲੋਂ ਜ਼ਿਲ੍ਹੇ ਦੇ ਪੀ.ਐਮ. ਸ੍ਰੀ ਸਕੂਲਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਂਦਿਆਂ ਸਿੱਖਿਆ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਜੀਦਪੁਰ, ਪੀਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਭਾਈ (ਲੜਕੀਆਂ), ਕੇਂਦਰੀ ਵਿਦਿਆਲਿਆ ਨੰਬਰ-1 ਤੇ ਜਵਾਹਰ ਨਵੋਦਿਆ ਵਿਦਿਆਲਿਆ ਮਹੀਆਂ ਸਿੰਘ ਵਾਲਾ ਦੇ ਨਿਰੀਖਣ ਉਪਰੰਤ ਸਿੱਖਿਆ ਅਧਿਕਾਰੀਆਂ ਤੇ ਸਕੂਲ ਪ੍ਰਬੰਧਕਾਂ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਉਨ੍ਹਾਂ ਨੇ ਕਿਹਾ ਕਿ ਪੀ.ਐਮ. ਸ੍ਰੀ ਸਕੀਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦਾ ਸਰਵਪੱਖੀ,



ਅਨੁਸ਼ਾਸਿਤ ਤੇ ਆਧੁਨਿਕ ਵਿਕਾਸ ਯਕੀਨੀ ਬਣਾਉਣਾ ਹੈ, ਜਿਸ ਲਈ ਸਕੂਲਾਂ ਵਿੱਚ ਉਚ ਮਿਆਰ ਦੀਆਂ ਸਹੂਲਤਾਂ, ਨਵੀਂ ਤਕਨਾਲੋਜੀ ਤੇ ਸੁਰੱਖਿਅਤ ਹੋਏ ਸਿੱਖਣ-ਸਿਖਾਉਣ ਦੇ ਤਰੀਕੇ ਲਾਗੂ ਕਰਨਾ ਲਾਜ਼ਮੀ ਹੈ। ਉਨ੍ਹਾਂ ਵੱਲੋਂ ਸਕੂਲਾਂ ਵਿੱਚ ਹੋ ਰਹੇ ਬੁਨਿਆਦੀ ਢਾਂਚੇ ਦੇ ਕੰਮਾਂ, ਸਮਾਰਟ ਕਲਾਸਰੂਮਾਂ, ਲੈਬੋਰਟਰੀਆਂ ਤੇ ਖੇਡਾਂ ਨਾਲ ਸਬੰਧਤ ਸਹੂਲਤਾਂ ਦੀ ਪ੍ਰਗਤੀ ਦੀ ਵਿਸਥਾਰ ਨਾਲ ਸਮੀਖਿਆ ਕਰਦੇ ਹੋਏ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਗਏ ਕਿ ਹਰ ਪ੍ਰੋਜੈਕਟ ਨੂੰ ਗੁਣਵੱਤਾ ਤੇ ਸਮੇਂ ਦੀ ਪਾਬੰਦੀ ਨਾਲ ਪੂਰਾ ਕੀਤਾ ਜਾਵੇ।ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਕ੍ਰਿਸ਼ਨਾ ਪਾਲ ਰਾਜਪੂਤ, ਡਿਪਟੀ ਡਾਇਰੈਕਟਰ ਸਪੋਰਟਸ ਸੁਨੀਲ ਭਾਰਦਵਾਜ, ਜ਼ਿਲ੍ਹਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ, ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਸਮੇਤ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਤੇ ਅਧਿਕਾਰੀ ਮੌਜੂਦ ਸਨ, ਜਿਨ੍ਹਾਂ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਸਕੀਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸੁਝਾਅ ਦਿੱਤੇ ਗਏ।

## ਕਿਸਾਨਾਂ ਦੀ ਫ਼ਸਲ ਦਾ ਅਨਾਜ ਮੰਡੀਆਂ 'ਚੋਂ ਦਾਣਾ-ਦਾਣਾ ਖਰੀਦਿਆ ਜਾਵੇਗਾ: ਵਿਧਾਇਕ ਗੈਰੀ ਬੜਿੰਗ



ਅਮਲੋਹ, 11 ਅਪ੍ਰੈਲ (ਜਸਵੰਤ ਸਿੰਘ): ਅਨਾਜ ਮੰਡੀ ਅਮਲੋਹ ਵਿੱਚ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਸਰਕਾਰੀ ਏਜੰਸੀਆਂ ਦੀ ਹਾਜ਼ਰੀ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਸਰਕਾਰੀ ਤੌਰ 'ਤੇ ਅਨਾਜ ਮੰਡੀ ਅਮਲੋਹ, ਮੰਡੀ ਗੋਬਿੰਦਗੜ੍ਹ ਤੇ ਰੰਗੇੜੀ ਵਿੱਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਫ਼ਸਲ ਵੇਚਣ ਵਿੱਚ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਤੇ ਫ਼ਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਮੁਕੰਮਲ ਹਨ ਤੇ ਖਰੀਦ ਦੇ ਨਾਲੋਂ-ਨਾਲ ਚੁਕਾਈ ਕਰਵਾਈ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਪੱਕਾ ਕੇ ਫ਼ਸਲ ਲਿਆਉਣ ਦੀ ਅਪੀਲ ਕੀਤੀ। ਉਨ੍ਹਾਂ ਖਰੀਦ ਏਜੰਸੀਆਂ ਨੂੰ ਸਮੇਂ ਸਿਰ ਬੋਲੀ ਲਗਾਉਣ ਦੀ ਵੀ ਹਦਾਇਤ ਕੀਤੀ। ਇਸ ਮੌਕੇ ਮਾਰਕੀਟ ਕਮੇਟੀ ਅਮਲੋਹ ਦੀ ਚੇਅਰਪਰਸਨ ਸੁਖਵਿੰਦਰ ਕੌਰ ਗਹਿਲੋਤ, ਮੰਡੀ ਗੋਬਿੰਦਗੜ੍ਹ ਦੇ ਚੇਅਰਮੈਨ ਜਗਦੀਪ ਸਿੰਘ ਦੀਪ, ਬਲਾਕ ਸੰਮਤੀ ਦੇ ਚੇਅਰਮੈਨ ਰਣਜੀਤ ਸਿੰਘ ਪਨਾਗ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਪਰਮਵੀਰ ਸਿੰਘ ਮਾਂਗਟ, ਕੋਆਰਡੀਨੇਟਰ ਇਕਬਾਲ ਸਿੰਘ ਰਾਏ, ਸਕੱਤਰ ਗੁਰਜੀਤ ਸਿੰਘ, ਲੇਖਾਕਾਰ ਪਰਮਵੀਰ ਸਿੰਘ ਢਿੱਲੋਂ, ਆੜ੍ਹਤੀ ਅਸ਼ੀਸ਼ ਜਿੰਦਲ, ਸਰਪੰਚ ਗੁਰਵਿੰਦਰ ਸਿੰਘ ਮੀਆਂਪੁਰ, ਸੁਖਚੈਨ ਸਿੰਘ ਦੀਵਾ, ਗੁਰਪ੍ਰੀਤ ਸਿੰਘ ਬੱਬੀ, ਗੁਰਸੇਵਕ ਸਿੰਘ ਕੋਹਲੀ, ਕਰਮ ਸਿੰਘ ਭਾਂਬਰੀ, ਸਿੰਦਰ ਮੋਹਨ ਪੁਰੀ, ਗਗਨਦੀਪ ਧੀਰ ਤੇ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਸਰਵਣ ਸਿੰਘ ਆਦਿ ਹਾਜ਼ਰ ਸਨ।

## ਡਾ. ਅੰਮ੍ਰਿਤਪਾਲ ਸਿੰਘ ਵੱਲੋਂ ਮੁੱਖ ਖੇਤੀਬਾੜੀ ਅਫ਼ਸਰ ਵਜੋਂ ਅਹੁਦਾ ਸੰਭਾਲਦਿਆਂ ਕਰਮਚਾਰੀਆਂ ਨਾਲ ਪਲੇਠੀ ਮੀਟਿੰਗ



ਮੋਗਾ, 11 ਅਪ੍ਰੈਲ (ਸਰਬਜੀਤ ਰੌਲੀ): ਜ਼ਿਲ੍ਹਾ ਮੋਗਾ ਵਿੱਚ ਖੇਤੀਬਾੜੀ ਵਿਭਾਗ ਨੂੰ ਨਵੀਂ ਦਿਸ਼ਾ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਦੇ ਤੌਰ 'ਤੇ ਡਾ. ਅੰਮ੍ਰਿਤਪਾਲ ਸਿੰਘ ਨੇ ਮੁੱਖ ਖੇਤੀਬਾੜੀ ਅਫ਼ਸਰ ਵਜੋਂ ਅਹੁਦਾ ਸੰਭਾਲ ਲਿਆ ਹੈ। ਅਹੁਦਾ ਸੰਭਾਲਦੇ ਹੀ ਉਨ੍ਹਾਂ ਨੇ ਵਿਭਾਗ ਦੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਪਲੇਠੀ ਮੀਟਿੰਗ ਕਰਕੇ ਕੰਮਕਾਜ ਵਿੱਚ ਪਾਰਦਰਸ਼ਤਾ ਤੇ ਜ਼ਿੰਮੇਵਾਰੀ ਯਕੀਨੀ ਬਣਾਉਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਮੀਟਿੰਗ ਦੌਰਾਨ ਡਾ. ਅੰਮ੍ਰਿਤਪਾਲ ਸਿੰਘ ਨੇ ਦੱਸਿਆ ਕਿ ਕਿਸਾਨਾਂ ਨਾਲ ਕਿਸੇ ਵੀ ਤਰ੍ਹਾਂ ਦੀ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਵਿਭਾਗ ਦੀਆਂ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾਵੇਗਾ। ਉਨ੍ਹਾਂ ਕਿਸਾਨ ਭਰਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਹ ਕੀਟਨਾਸ਼ਕ ਦਵਾਈਆਂ ਜਾਂ ਖਾਦ ਖਰੀਦਦੇ ਹਨ ਤਾਂ ਹਮੇਸ਼ਾ ਪੱਕਾ ਬਿੱਲ ਲੈਣ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਕੋਈ ਵੀ ਡੀਲਰ ਬਿੱਲ ਦੇਣ ਤੋਂ ਇਨਕਾਰ ਕਰਦਾ ਹੈ ਤਾਂ ਉਸ ਖ਼ਿਲਾਫ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸਦੇ ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਕਿ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਲੈਣ ਲਈ ਆਪਣੀ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ। ਉਨ੍ਹਾਂ ਕਿਹਾ ਕਿ ਰਜਿਸਟ੍ਰੇਸ਼ਨ ਹੋਣ ਨਾਲ ਹੀ ਕਿਸਾਨ ਕਿਸਾਨ ਨਿਧੀ ਯੋਜਨਾ ਤੇ ਹੋਰ ਸਬਸਿਡੀਆਂ ਦਾ ਪੂਰਾ ਫਾਇਦਾ ਲੈ ਸਕਦੇ ਹਨ, ਇਸ ਲਈ ਜਲਦ ਤੋਂ ਜਲਦ ਆਪਣਾ ਰਜਿਸਟ੍ਰੇਸ਼ਨ ਕਾਰਡ ਬਣਵਾਇਆ ਜਾਵੇ। ਇਸ ਮੌਕੇ ਸਾਬਕਾ ਬਲਾਕ ਅਫਸਰ ਡਾ. ਕੁਲਦੀਪ ਸਿੰਘ ਬੁੱਟਰ ਨੇ ਡਾ. ਅੰਮ੍ਰਿਤਪਾਲ ਸਿੰਘ ਨੂੰ ਨਵੇਂ ਅਹੁਦੇ ਦੀ ਮੁਬਾਰਕਬਾਦ ਦਿੰਦਿਆਂ ਬੁੱਕੇ ਭੇਟ ਕੀਤਾ ਤੇ ਭਵਿੱਖ ਵਿੱਚ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ।ਡਾ. ਅੰਮ੍ਰਿਤਪਾਲ ਸਿੰਘ ਦੇ ਅਹੁਦਾ ਸੰਭਾਲਣ ਨਾਲ ਮੋਗਾ ਜ਼ਿਲ੍ਹੇ ਵਿੱਚ ਖੇਤੀਬਾੜੀ ਵਿਭਾਗ ਦੇ ਕੰਮਕਾਜ ਵਿੱਚ ਤੇਜ਼ੀ, ਪਾਰਦਰਸ਼ਤਾ ਤੇ ਕਿਸਾਨ-ਹਿੱਤੀ ਪਹੁੰਚ ਹੋਰ ਮਜ਼ਬੂਤ ਹੋਣ ਦੀ ਉਮੀਦ ਜਤਾਈ ਜਾ ਰਹੀ ਹੈ।

## ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਲੇਬਰ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ: ਸਕੱਤਰ ਮਨਦੀਪ ਕਮਰਾ

ਫਾਜ਼ਿਲਕਾ, 11 ਅਪ੍ਰੈਲ (ਬਖ਼ਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਵਿੱਚ ਕਣਕ ਦੀ ਸਰਕਾਰੀ ਖ਼ਰੀਦ ਸ਼ੁਰੂ ਹੋ ਗਈ ਹੈ। ਇਸ ਦੇ ਨਾਲ ਹੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਖਰੀਦ ਪ੍ਰਬੰਧਾਂ ਨੂੰ ਅੰਤਿਮ ਰੂਪ ਦਿੱਤਾ ਜਾ ਚੁੱਕਾ ਹੈ। ਮਾਰਕੀਟ ਕਮੇਟੀ ਫਾਜ਼ਿਲਕਾ ਅਧੀਨ ਆਉਂਦੀਆਂ ਮੰਡੀਆਂ ਵਿੱਚ ਵੀ ਮੰਡੀ ਬੋਰਡ, ਮਾਰਕੀਟ ਕਮੇਟੀਆਂ ਤੇ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਤਾਂ ਜੋ ਕਣਕ ਦੇ ਚਾਲੂ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਲੇਬਰ ਤੇ ਆੜ੍ਹਤੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਵੀ ਦਿੱਕਤ ਨਾ ਆਵੇ। ਇਹ ਜਾਣਕਾਰੀ ਸਕੱਤਰ ਮਾਰਕੀਟ ਕਮੇਟੀ ਫਾਜ਼ਿਲਕਾ ਮਨਦੀਪ ਕਮਰਾ ਨੇ ਦਿੱਤੀ।ਸਕੱਤਰ ਮਨਦੀਪ ਕਮਰਾ ਨੇ ਦੱਸਿਆ ਕਿ ਜ਼ਿਲ੍ਹਾ ਮੰਡੀ ਅਫ਼ਸਰ ਸਲੋਧ ਬਿਸ਼ਨੋਈ ਦੇ ਦਿਸ਼ਾ ਨਿਰਦੇਸ਼ਾਂ ਤੇ ਚੇਅਰਮੈਨ ਮਾਰਕੀਟ ਕਮੇਟੀ ਪਰਮਜੀਤ ਸਿੰਘ ਨੂਰਸ਼ਾਹ ਦੀਆਂ ਹਦਾਇਤਾਂ ਦੇ ਤਹਿਤ ਕਣਕ ਦੀ ਖਰੀਦ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਮਾਰਕੀਟ ਕਮੇਟੀ ਫਾਜ਼ਿਲਕਾ ਦੀ ਮੁੱਖ ਅਨਾਜ ਮੰਡੀ ਤੋਂ ਇਲਾਵਾ ਪੇਂਡੂ ਖੇਤਰਾਂ ਦੀਆਂ ਮੰਡੀਆਂ (ਫੋਕਲ ਪੁਆਇੰਟ) 'ਚ ਖ਼ਰੀਦ ਪ੍ਰਬੰਧ ਨੇਪਰੇ ਚਾੜ੍ਹੇ ਜਾ ਚੁੱਕੇ ਹਨ।ਮਨਦੀਪ ਕਮਰਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਣਕ ਦੀ ਕਟਾਈ ਵਿੱਚ ਕਾਹਲੀ ਨਾ ਕਰਨ ਤੇ ਫ਼ਸਲ ਪੂਰੀ ਤਰ੍ਹਾਂ ਪੱਕਣ ਉਪਰੰਤ ਹੀ ਮੰਡੀ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਫਸਲ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਨਾ ਆਵੇ।



## ਵਰਿੰਦਾਵਨ 'ਚ ਕਿਸ਼ਤੀ ਡੁੱਬਣ ਨਾਲ ਮੋਗਾ ਦੀ ਮਹਿਲਾ ਦੀ ਮੌਤ

ਮੋਗਾ, 11 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮਥੁਰਾ ਜ਼ਿਲ੍ਹੇ ਦੇ ਵਰਿੰਦਾਵਨ ਵਿੱਚ ਸ਼ੁੱਕਰਵਾਰ ਨੂੰ ਇੱਕ ਵੱਡਾ ਹਾਦਸਾ ਵਾਪਰਿਆ, ਸ਼ਿੰਗਾਰ ਘਾਟ ਨੇੜੇ ਇੱਕ ਕਿਸ਼ਤੀ ਪਲਟਣ ਨਾਲ ਕਈ ਸ਼ਰਧਾਲੂ ਡੁੱਬ ਗਏ ਤੇ ਕਈ ਲਾਪਤਾ ਹਨ, ਜਦ ਕਿ 15 ਦੇ ਨੇੜੇ ਲੋਕਾਂ ਨੂੰ ਬਚਾਅ ਲਿਆ ਗਿਆ ਹੈ, ਮੋਗਾ ਦਾ ਇੱਕ ਪਰਿਵਾਰ ਵੀ ਇਸ ਕਿਸ਼ਤੀ ਵਿੱਚ ਜਾ ਰਹੇ ਸਨ, ਪਰ ਰਸਤੇ ਵਿੱਚ ਕਿਸ਼ਤੀ ਡੁੱਬਣ ਨਾਲ ਮੋਗਾ ਦੀ ਇੱਕ ਮਹਿਲਾ ਦੀ ਮੌਤ ਹੋ ਗਈ, ਬਾਕੀਆਂ ਨੂੰ ਬਚਾਅ ਲਿਆ ਗਿਆ ਹੈ। ਮ੍ਰਿਤਕ ਮਹਿਲਾ ਦਾ ਨਾਮ ਸਪਨਾ ਹੰਸ ਹੈ। ਇਹ ਪੰਜ ਜਣੇ ਮੋਗਾ ਤੋਂ ਮਥੁਰਾ-ਵਰਿੰਦਾਵਨ ਮੱਥਾ ਟੇਕਣ ਲਈ ਗਏ ਸਨ। ਇਨ੍ਹਾਂ ਨੇ ਦੋ ਕਿਸ਼ਤੀਆਂ ਵਿੱਚ ਮੱਥਾ ਟੇਕਣ ਗਏ ਸਨ, ਜਦ ਕਿ ਇੱਕ ਕਿਸ਼ਤੀ ਡੁੱਬ ਗਈ, ਜਿਸ ਵਿੱਚ ਜ਼ਿਆਦਾਤਰ ਲੋਕ ਜਗਰਾਉਂ ਤੇ ਲੁਧਿਆਣਾ ਦੇ ਸਨ, ਸਪਨਾ ਜੋ ਕਿ ਆਪਣੀ ਦਰਾਣੀ ਨਾਲ ਕਿਸ਼ਤੀ 'ਤੇ ਜਾ ਰਹੀ ਸੀ, ਜਦੋਂ ਇਹ ਹਾਦਸਾ ਹੋਇਆ ਤਾਂ ਸਪਨਾ ਹੰਸ ਦੀ ਮੌਕੇ 'ਤੇ ਮੌਤ ਹੋ ਗਈ, ਜਦਕਿ ਉਸ ਦੀ ਦਰਾਣੀ ਨੂੰ ਬਚਾਅ ਲਿਆ ਗਿਆ, ਇਹ ਗੱਲ ਸੁਣਦਿਆਂ ਹੀ ਮੋਗੇ ਦੇ ਵਿੱਚ ਸੋਗ ਦੀ ਲਹਿਰ ਛਾ ਗਈ, ਸਪਨਾ ਹੰਸ ਦੇ ਪਰਿਵਾਰ ਦਾ ਮੋਗੇ ਦੇ ਵਿੱਚ ਪੂਰਾ ਰੁਤਬਾ ਹੈ ਤੇ ਮੋਗੇ ਦੇ ਵਿੱਚ ਵਧੀਆ ਬਿਜ਼ਨੈਸਮੈਨ ਹਨ, ਇਸ ਨਾਲ ਸਪਨਾ ਹੰਸ ਦੇ ਘਰ ਵਾਲਿਆਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਸਪਨਾ ਹੰਸ ਦਾ ਸਸਕਾਰ ਗਾਂਧੀ ਰੋਡ ਮੋਗਾ ਵਿੱਚ ਵੀਰਵਾਰ ਨੂੰ ਕੀਤਾ ਜਾਵੇਗਾ, ਕਿਉਂਕਿ ਸਪਨਾ ਹੰਸ ਦਾ ਬੇਟਾ ਕੈਨੇਡਾ ਵਿੱਚ ਰਹਿੰਦਾ ਹੈ, ਉਸ ਦੇ ਆਉਣ 'ਤੇ ਹੀ ਸਸਕਾਰ ਕੀਤਾ ਜਾਵੇਗਾ, ਮੋਗਾ ਦੇ ਲੋਕਾਂ ਨੇ ਤੇ ਮੋਗਾ ਦੇ ਤਹਿਸੀਲਦਾਰ ਲਖਬੀਰ ਸਿੰਘ ਨੇ ਉਨ੍ਹਾਂ ਦੇ ਘਰ ਜਾ ਕੇ ਅਫਸੋਸ ਪ੍ਰਗਟ ਕੀਤਾ।



## ਭਗਵਾਨ ਸ੍ਰੀ ਪਰਸ਼ੂਰਾਮ ਦੀ ਜੈਯੰਤੀ ਮਨਾਉਣ ਲਈ ਤਿਆਰੀਆਂ ਜ਼ੋਰਾਂ 'ਤੇ: ਬ੍ਰਾਹਮਣ ਪਰਿਵਾਰ

ਜ਼ੀਰਾ, 11 ਅਪ੍ਰੈਲ (ਦੀਪਕ ਭਾਰਗੋ): ਭਗਵਾਨ ਸ੍ਰੀ ਪਰਸ਼ੂਰਾਮ ਜੀ ਦੀ ਜੈਯੰਤੀ ਮਨਾਉਣ ਸਬੰਧੀ ਬਜਰੰਗ ਭਵਨ ਮੰਦਰ ਜ਼ੀਰਾ ਦੇ ਵਿੱਚ ਭਗਵਾਨ ਪਰਸ਼ੂਰਾਮ ਬ੍ਰਾਹਮਣ ਸਭਾ ਜ਼ੀਰਾ ਦੇ ਮੈਂਬਰਾਂ ਵੱਲੋਂ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਆਉਣ ਵਾਲੇ ਤਿਉਹਾਰ ਨੂੰ ਕਿਵੇਂ ਧੂਮਧਾਮ ਨਾਲ ਮਨਾਇਆ ਜਾਵੇ ਵਿਚਾਰ-ਵਟਾਂਦਰੇ ਕੀਤੇ ਗਏ। ਇਹ ਮੀਟਿੰਗ ਪ੍ਰਧਾਨ ਨੀਰਜ ਕੁਮਾਰ ਗਿੰਨੀ ਸੋਢੀ ਵਾਲਾ ਦੀ ਅਗਵਾਈ ਵਿੱਚ ਕੀਤੀ ਗਈ। ਜਿਸ ਵਿੱਚ ਸਰਪ੍ਰਸਤ ਕੁਲਭੂਸ਼ਨ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਅਲੱਗ-ਅਲੱਗ ਮੈਂਬਰਾਂ ਨੇ ਆਪਣੀ-ਆਪਣੀ ਰਾਏ ਦਿੱਤੀ ਤੇ ਇਸ ਸਮਾਗਮ ਨੂੰ ਨੇਪਰੇ ਚਾੜ੍ਹਨ ਲਈ ਵਿਚਾਰ-ਵਟਾਂਦਰੇ ਕੀਤੇ। ਇਸ ਮੀਟਿੰਗ ਵਿੱਚ ਵਿਚਾਰ ਕੀਤਾ ਗਿਆ ਕਿ ਇਹ ਸਮਾਗਮ ਜੈਯੰਤੀ ਸ੍ਰੀ ਸਾਵਨ ਮੱਲ ਅਗਰਵਾਲ ਜਨ ਕਲਿਆਣ ਭਵਨ ਜ਼ੀਰਾ ਵਿੱਚ 19 ਅਪ੍ਰੈਲ ਦਿਨ ਐਤਵਾਰ ਨੂੰ ਸ਼ਾਮ 4 ਵਜੇ ਤੋਂ ਰਾਮ ਸ਼ਰਨਮ ਸਭਾ ਵੱਲੋਂ ਅੰਮ੍ਰਿਤ ਬਾਣੀ ਦਾ ਪਾਠ ਕੀਤਾ ਜਾਵੇਗਾ, ਉਸ ਉਪਰੰਤ ਜ਼ੀਰਾ ਸ਼ਹਿਰ ਦੀਆਂ ਧਾਰਮਿਕ ਸੰਸਥਾਵਾਂ ਵੱਲੋਂ ਭਜਨ ਕੀਰਤਨ ਕੀਤਾ ਜਾਵੇਗਾ। ਉਸ ਉਪਰੰਤ ਆਈਆਂ ਹੋਈਆਂ ਸੰਗਤਾਂ ਵਾਸਤੇ ਲੰਗਰ ਭੰਡਾਰੇ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਵਿੱਚ ਸਰਪ੍ਰਸਤ ਕੁਲਭੂਸ਼ਨ ਸ਼ਰਮਾ, ਪ੍ਰਧਾਨ ਨੀਰਜ ਕੁਮਾਰ ਗਿੰਨੀ, ਦੀਪਕ ਭਾਰਗੋ ਪ੍ਰੈਸ ਸਕੱਤਰ, ਸੰਦੀਪ ਸ਼ਰਮਾ ਸੈਕਟਰੀ ਤੇ ਕੈਸ਼ੀਅਰ, ਸੰਜੀਵ ਸ਼ਰਮਾ ਕਾਨੂੰਨੀ ਸਲਾਹਕਾਰ, ਰਾਮ ਤੀਰਥ ਸ਼ਰਮਾ ਮੁੱਖ ਸੇਵਾਦਾਰ, ਪ੍ਰਿੰਸੀਪਲ ਰਕੇਸ਼ ਸ਼ਰਮਾ ਮੈਂਬਰ, ਦਮਨ



ਸ਼ਰਮਾ ਮੈਂਬਰ, ਸਨੀ ਸ਼ਰਮਾ ਸਹਾਇਕ ਕੈਸ਼ੀਅਰ, ਮਨਜੀਤ ਸ਼ਰਮਾ ਮੈਂਬਰ, ਗਿਆਨ ਚੰਦ ਸ਼ਰਮਾ ਮੈਂਬਰ, ਡਾ. ਚਰਨਜੀਤ ਸ਼ਰਮਾ ਮੈਂਬਰ, ਸੁਰਿੰਦਰ ਕੁਮਾਰ ਸ਼ਰਮਾ ਫੂਡ ਸਪਲਾਈ ਇੰਸਪੈਕਟਰ ਮੈਂਬਰ, ਡਾ. ਰਾਜ ਕੁਮਾਰ ਸ਼ਰਮਾ ਮੈਂਬਰ, ਐਡ. ਲਖਵਿੰਦਰ ਪਾਲ ਪ੍ਰਚਾਰ ਸਕੱਤਰ, ਚੰਦਨ ਸ਼ਰਮਾ ਮੈਂਬਰ, ਸਰਬਜੀਤ ਸ਼ਰਮਾ ਮੁੱਖ ਸੇਵਾਦਾਰ, ਗੌਰਵ ਭਾਰਗੋ ਸੋਸ਼ਲ ਮੀਡੀਆ ਇੰਚਾਰਜ, ਰਜਿੰਦਰ ਕੁਮਾਰ ਸ਼ਰਮਾ ਮੈਂਬਰ, ਵਿਜੇ ਸ਼ਰਮਾ ਮੈਂਬਰ, ਗਗਨ ਦੇਵਗਨ ਮੈਂਬਰ, ਗੁਰਚਰਨ ਸ਼ਰਮਾ ਮੈਂਬਰ, ਨਰਿੰਦਰ ਸ਼ਰਮਾ ਮੈਂਬਰ, ਰਵੀਕਾਂਤ ਸ਼ਰਮਾ ਮੈਂਬਰ, ਦਿਨੇਸ਼ ਸ਼ਰਮਾ ਮੈਂਬਰ, ਐਮਡੀ ਜਤਿੰਦਰ ਪਾਲ ਸ਼ਰਮਾ ਰਿੰਪਾ, ਮੈਂਬਰ ਪ੍ਰਦੀਪ ਸ਼ਰਮਾ ਮੈਂਬਰ, ਕੇਵਲ ਕ੍ਰਿਸ਼ਨ ਸ਼ਰਮਾ ਮੈਂਬਰ, ਜਗਦੀਸ਼ ਸ਼ਰਮਾ ਮੈਂਬਰ ਤੋਂ ਇਲਾਵਾ ਹੋਰ ਮੈਂਬਰ ਵੀ ਹਾਜ਼ਰ ਸਨ।

## ਸਟੱਡੀ ਵੀਜ਼ਾ 'ਤੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਇਮੀਗ੍ਰੇਸ਼ਨ ਸੰਚਾਲਕ ਨੇ 6 ਲੱਖ 62 ਹਜ਼ਾਰ ਰੁਪਏ ਠੱਗੇ, ਮਾਮਲਾ ਦਰਜ

ਮੋਗਾ, 11 ਅਪ੍ਰੈਲ (ਨਿਸ਼ੀ ਮਨਚੰਦਾ): ਫਰੀਦਕੋਟ ਦੇ ਇੱਕ ਇਮੀਗ੍ਰੇਸ਼ਨ ਸੰਚਾਲਕ ਵੱਲੋਂ ਜ਼ੀਰਾ ਨਿਵਾਸੀ ਨਵੀਨ ਸੇਠੀ ਦੀ ਧੀ ਨੂੰ ਸਟੱਡੀ ਵੀਜ਼ਾ 'ਤੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 6 ਲੱਖ 62 ਹਜ਼ਾਰ ਰੁਪਏ ਦੀ ਠੱਗੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਜਾਂਚ ਤੋਂ ਬਾਅਦ ਮੋਗਾ ਪੁਲਿਸ ਵੱਲੋਂ ਇਮੀਗ੍ਰੇਸ਼ਨ ਸੰਚਾਲਕ ਬੀਰ ਇੰਦਰਪਾਲ ਸਿੰਘ ਨਿਵਾਸੀ ਡੋਗਰ ਬਸਤੀ ਗ੍ਰੀਨ ਐਵੀਨਿਊ ਫਰੀਦਕੋਟ ਹਾਲ ਆਬਾਦ ਲੰਡੇ ਕੇ ਦੇ ਖ਼ਿਲਾਫ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਗਿਆ ਹੈ। ਜ਼ਿਲ੍ਹਾ ਪੁਲਿਸ ਮੁਖੀ ਮੋਗਾ ਨੂੰ ਦਿੱਤੀ ਸ਼ਿਕਾਇਤ ਵਿੱਚ ਨਵੀਨ ਸੇਠੀ ਨੇ ਦੱਸਿਆ ਕਿ ਉਹ ਆਪਣੀ ਧੀ ਨੂੰ ਐਜੂਕੇਸ਼ਨ ਬੇਸ 'ਤੇ ਕੈਨੇਡਾ ਭੇਜਣਾ ਚਾਹੁੰਦਾ ਸੀ, ਜਿਸ ਨੇ ਆਈਲਟਸ ਕੀਤਾ ਹੋਇਆ ਹੈ। ਇਸ ਲਈ ਉਸ ਨੇ 2023 ਵਿੱਚ ਬਲਿਊ ਕੋਸਟ ਇਮੀਗ੍ਰੇਸ਼ਨ ਦੇ ਸੰਚਾਲਕ ਬੀਰ ਇੰਦਰਪਾਲ ਸਿੰਘ ਨਾਲ ਸੰਪਰਕ ਕੀਤਾ, ਜਿਸ ਨੇ ਕਿਹਾ ਕਿ ਉਹ ਉਸ ਦੀ ਧੀ ਨੂੰ ਸਟੱਡੀ ਬੇਸ 'ਤੇ ਕੈਨੇਡਾ ਭੇਜ ਦੇਵੇਗਾ ਤੇ ਕੈਨੇਡਾ ਦੀ ਫਾਈਲ ਲਗਾਉਣ ਲਈ 17 ਲੱਖ 26 ਹਜ਼ਾਰ ਰੁਪਏ ਖਰਚ ਆਵੇਗਾ। ਉਹ ਉਸ ਦੇ ਝਾਂਸੇ ਵਿੱਚ ਆ ਗਏ ਤੇ ਪੈਸੇ ਦੇਣ ਦੇ ਨਾਲ ਆਪਣੀ ਧੀ ਦੇ ਸਾਰੇ ਦਸਤਾਵੇਜ਼ ਉਸ ਨੂੰ ਸੌਂਪ ਦਿੱਤੇ। ਇਸ 'ਤੇ ਜਦੋਂ ਉਸ ਨਾਲ ਗੱਲ ਕੀਤੀ ਗਈ ਤਾਂ ਉਸ ਨੇ ਕੁਝ ਪੈਸੇ ਵਾਪਸ ਕਰ ਦਿੱਤੇ, ਪਰ 6 ਲੱਖ 62 ਹਜ਼ਾਰ ਰੁਪਏ ਬਾਕੀ ਰਹਿ ਗਏ ਤੇ ਉਹ ਉਨ੍ਹਾਂ ਨੂੰ ਵਾਪਸ ਕਰਨ ਤੋਂ ਟਾਲ-ਮਟੋਲ ਕਰਨ ਲੱਗ ਪਿਆ। ਉਸ ਨੇ ਹਲਫੀਆ ਬਿਆਨ ਵੀ ਦਿੱਤਾ ਕਿ ਉਹ ਕਿਸ਼ਤਾਂ ਵਿੱਚ ਪੈਸੇ ਵਾਪਸ ਕਰੇਗਾ। ਪੈਸੇ ਵਾਪਸ ਨਾ ਮਿਲਣ 'ਤੇ ਪੁਲਿਸ ਨੂੰ ਸੂਚਿਤ ਕੀਤਾ ਗਿਆ। ਜ਼ਿਲ੍ਹਾ ਪੁਲਿਸ ਮੁਖੀ ਮੋਗਾ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਜਾਂਚ ਐਂਟੀ ਫਰਾਡ ਸੈਲ ਮੋਗਾ ਨੂੰ ਸੌਂਪੀ। ਜਾਂਚ ਅਧਿਕਾਰੀ ਵੱਲੋਂ ਦੋਵੇਂ ਧਿਰਾਂ ਨੂੰ ਜਾਂਚ ਵਿੱਚ ਸ਼ਾਮਲ ਹੋਣ ਲਈ ਕਿਹਾ ਗਿਆ ਤੇ ਉਨ੍ਹਾਂ ਦੇ ਬਿਆਨ ਦਰਜ ਕੀਤੇ ਗਏ। ਜਾਂਚ ਦੌਰਾਨ ਸਾਹਮਣੇ ਆਇਆ ਕਿ ਨਵੀਨ ਸੇਠੀ ਦੀ ਧੀ ਨੇ ਆਈਲਟਸ ਕੀਤਾ ਹੋਇਆ ਸੀ ਤੇ ਉਹ ਵਿਦੇਸ਼ ਵਿੱਚ ਪੜ੍ਹਾਈ ਕਰਨ ਦੀ ਇੱਛੁਕ ਸੀ। ਇਸ ਲਈ ਜੂਨ 2023 ਵਿੱਚ ਉਨ੍ਹਾਂ ਨੇ ਏਜੰਟ ਨਾਲ ਸੰਪਰਕ ਕੀਤਾ, ਜਿਸ ਨੇ ਦੱਸਿਆ ਕਿ ਉਹ ਪਹਿਲਾਂ ਵੀ ਕਈ ਬੱਚਿਆਂ ਨੂੰ ਸਟੱਡੀ ਬੇਸ 'ਤੇ ਵਿਦੇਸ਼ ਭੇਜ ਚੁੱਕਾ ਹੈ। ਇਸ ਦੇ ਬਾਵਜੂਦ ਉਸ ਨੇ ਧੀ ਨੂੰ ਵਿਦੇਸ਼ ਨਹੀਂ ਭੇਜਿਆ। ਜਾਂਚ ਤੋਂ ਬਾਅਦ ਸ਼ਿਕਾਇਤਕਰਤਾ ਦੇ ਦੋਸ਼ ਸਹੀ ਪਾਏ ਜਾਣ 'ਤੇ ਟਰੈਵਲ ਏਜੰਟ ਦੇ ਖ਼ਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ। ਗ੍ਰਿਫ਼ਤਾਰੀ ਹਾਲੇ ਬਾਕੀ ਹੈ। ਇਸ ਮਾਮਲੇ ਦੀ ਅਗਲੀ ਜਾਂਚ ਫੋਕਲ ਪੁਆਇੰਟ ਪੁਲਿਸ ਚੌਕੀ ਦੇ ਇੰਚਾਰਜ ਮੋਹਕਮ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

# ਚੇਅਰਮੈਨ ਗਿੱਲ ਨੇ ਅਨਾਜ ਮੰਡੀ ਵਿਖੇ ਕਣਕ ਦੀ ਖ਼ਰੀਦ ਦਾ ਲਿਆ ਜਾਇਜ਼ਾ



ਲੁਧਿਆਣਾ, 11 ਅਪ੍ਰੈਲ (ਵਿਸ਼ਾਲ ਸ਼ਰਮਾ): ਚੇਅਰਮੈਨ ਮਾਰਕੀਟ ਕਮੇਟੀ ਅਤੇ ਸਟੇਟ ਸਕੱਤਰ ਕਿਸਾਨ ਵਿੰਗ ਪੰਜਾਬ ਗੁਰਜੀਤ ਸਿੰਘ ਗਿੱਲ ਨੇ ਅੱਜ ਨੂੰ ਲੁਧਿਆਣਾ ਅਨਾਜ਼ ਮੰਡੀ ਵਿਖੇ ਚੱਲ ਰਹੇ ਕਣਕ ਦੀ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਲਾਗੂ ਕੀਤੇ ਗਏ ਹਨ। ਕਿਸਾਨਾਂ ਨੂੰ ਭਰੋਸਾ ਦਿਵਾਇਆ, ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ।

ਚੇਅਰਮੈਨ ਗਿੱਲ ਅਤੇ ਸੈਕਟਰੀ ਹਰਿੰਦਰ ਸਿੰਘ ਗਿੱਲ ਨੇ ਅੱਗੇ ਦੱਸਿਆ ਕਿ ਖਰੀਦ ਕੀਤੀ ਕਣਕ ਦੀ ਅਦਾਇਗੀ ਸਿੱਧੇ ਤੌਰ 'ਤੇ ਆਨਲਾਈਨ ਪ੍ਰਣਾਲੀਆਂ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਮੇਂ ਸਿਰ ਟ੍ਰਾਂਸਫਰ ਕੀਤੀ ਜਾ ਰਹੀ ਹੈ। ਕੁਸ਼ਲ ਪ੍ਰਬੰਧਨ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਢੋਆ-ਢੁਆਈ, ਭੁਗਤਾਨ ਜਾਂ ਲੌਜਿਸਟਿਕਸ ਨਾਲ ਸਬੰਧਤ ਕਿਸੇ ਵੀ ਮੁੱਦੇ ਤੋਂ ਬਚਣ ਲਈ ਸਖ਼ਤੀ ਨਾਲ ਨਿਰਦੇਸ਼ ਦਿੱਤੇ ਗਏ ਹਨ। ਖਰੀਦ ਸੀਜ਼ਨ ਦੌਰਾਨ ਕਿਸਾਨਾਂ ਲਈ ਆਰਾਮਦਾਇਕ ਮਾਹੌਲ ਪ੍ਰਦਾਨ ਕਰਨ ਲਈ ਸਾਫ਼ ਪੀਣ ਵਾਲਾ ਪਾਣੀ, ਲੋੜੀਂਦੀ ਰੌਸ਼ਨੀ, ਬੈਠਣ ਦੀ ਵਿਵਸਥਾ ਅਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਗਿਆ ਹੈ।

# ਚੇਅਰਮੈਨ ਮਾਹਲਾ 'ਤੇ ਰਣਜੀਤ ਕੌਰ ਨੇ ਪੰਚਾਇਤ ਸੰਮਤੀ ਦੋ ਦਾ ਸੰਭਾਲਿਆ ਅਹੁਦਾ



ਲੁਧਿਆਣਾ, 11 ਅਪ੍ਰੈਲ (ਵਿਸ਼ਾਲ ਸ਼ਰਮਾ): ਲੁਧਿਆਣਾ ਬਲਾਕ ਸੰਮਤੀ ਬਲਾਕ 2 ਦੇ ਨਵੇਂ ਚੁਣੇ ਗਏ ਚੇਅਰਮੈਨ ਦਰਸ਼ਨ ਸਿੰਘ ਮਾਹਲਾ ਅਤੇ ਵਾਈਸ ਚੇਅਰਮੈਨ ਰਣਜੀਤ ਕੌਰ ਨੇ ਅੱਜ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਦੀ ਰਸਮ ਨੂੰ ਪੂਰਾ ਕਰਨ ਦੇ ਲਈ ਉਚੇਚੇ ਤੌਰ 'ਤੇ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਪਹੁੰਚੇ, ਜਿੱਥੇ ਪਹੁੰਚਣ 'ਤੇ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਮੰਤਰੀ ਮੁੰਡੀਆਂ ਨੇ ਚੇਅਰਮੈਨ ਨੂੰ ਕੁਰਸੀ 'ਤੇ ਬਿਠਾ ਕੇ ਅਹੁਦੇ ਦਾ ਚਾਰਜ ਸੰਭਾਲਿਆ ਗਿਆ। ਇਸ ਮੌਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੇ ਅਹੁਦਾ ਸੰਭਾਲਣ ਮੌਕੇ ਵੱਡੀ ਗਿਣਤੀ ਵਿੱਚ ਪਿੰਡਾਂ ਦੀਆਂ ਪੰਚਾਇਤਾਂ ਇਲਾਕਾ ਨਿਵਾਸੀ, ਬਲਾਕ ਸੰਮਤੀ ਮੈਂਬਰ ਸਾਹਿਬਾਨ, ਸਰਪੰਚ ਸਾਹਿਬਾਨ, ਬਲਾਕ ਪ੍ਰਧਾਨ ਸਾਹਿਬਾਨ ਆਦਿ ਹੋਰ ਪਾਰਟੀ ਦੇ ਸੀਨੀਅਰ ਆਗੂ ਵੱਡੀ ਗਿਣਤੀ ਵਿੱਚ ਪਹੁੰਚੇ ਹੋਏ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਦਰਸ਼ਨ ਸਿੰਘ ਮਾਹਲਾ ਅਤੇ ਵਾਈਸ ਚੇਅਰਮੈਨ ਸੰਮਤੀ ਲੁਧਿਆਣਾ ਤੋਂ ਅਹੁਦਾ ਸੰਭਾਲਣ 'ਤੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਖਿਆ, ਕਿ ਚੇਅਰਮੈਨ ਆਪਣੇ ਤਜਰਬੇ ਅਤੇ ਮਿਹਨਤ ਨਾਲ ਇਲਾਕੇ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣਗੇ। ਇਲਾਕੇ ਅੰਦਰ ਵੱਡੇ ਪੱਧਰ 'ਤੇ ਵਿਕਾਸ ਕਾਰਜਾਂ ਦੇ ਕੰਮ ਚੱਲ ਰਹੇ ਹਲਕੇ ਨੂੰ ਵੱਡੇ ਪੱਧਰ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਗਰਾਂਟਾਂ ਦਿੱਤੀਆਂ ਜਾ ਰਹੀਆਂ ਹਨ, ਤਾਂ ਜੋ ਕਿਸੇ ਵੀ ਕੰਮ ਦੀ ਕੋਈ ਵੀ ਕਮੀ ਨਾ ਰਹੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਪੰਜਾਬ ਦੀ ਇੱਕ ਅਜਿਹੀ ਪਹਿਲੀ ਪਾਰਟੀ ਹੈ, ਜਿਸ ਨੇ ਪਹਿਲੇ ਚਾਰ ਸਾਲਾਂ ਦੌਰਾਨ ਹੀ ਪੰਜਾਬ ਦੇ ਲੋਕਾਂ ਨਾਲ ਕੀਤੇ ਹੋਏ ਸਾਰੇ ਵਾਅਦੇ ਪੂਰੇ ਕੀਤੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਦੇ ਆਗੂ ਸਾਨੂੰ ਬਦਨਾਮ ਕਰਨ ਦੀ ਕੋਸ਼ਿਸ਼ ਤਾਂ ਕਰ ਰਹੇ ਹਨ, ਪਰ ਉਨ੍ਹਾਂ ਦੀ ਇੱਕ ਨਹੀਂ ਚੱਲ ਰਹੀ। ਕਿਉਂਕਿ ਪੰਜਾਬ ਦਾ ਬੱਚਾ ਬੱਚਾ ਆਮ ਆਦਮੀ ਪਾਰਟੀ ਨੂੰ ਅਤੇ ਭਗਵੰਤ ਮਾਨ ਨੂੰ ਚਾਹੁੰਦਾ ਹੈ। ਉੱਥੇ ਹੀ ਦੂਜੇ ਪਾਸੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਮਾਹਲਾ ਨੇ ਆਖਿਆ, ਜਿੱਥੇ ਮੈਂ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹਾਂ ਉੱਥੇ ਹੀ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਚੇਅਰਮੈਨ ਦਾ ਅਹੁਦਾ ਸੰਭਾਲਣ ਯੋਗ ਸਮਝਿਆ। ਉਹਨਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਨਾਲ ਵਾਅਦਾ ਕਰਦਾ ਹਾਂ ਕਿ ਪਿੰਡ ਦੇ ਵਿਕਾਸ ਕਾਰਜਾਂ ਦੇ ਕੰਮ ਵੱਡੇ ਪੱਧਰ 'ਤੇ ਕੀਤੇ ਜਾਣਗੇ। ਉਹਨਾਂ ਕਿਹਾ ਕਿ ਸਰਕਾਰ ਨੇ ਚੋਣਾਂ ਦੌਰਾਨ ਕੀਤੇ ਹੋਏ ਸਾਰੇ ਵਾਅਦੇ ਪੂਰੇ ਕੀਤੇ ਹਨ ਅਤੇ ਜਦੋਂ ਪਿੰਡਾਂ ਵਿੱਚ ਮੀਟਿੰਗਾਂ ਕਰਨ ਜਾਂਦੇ ਹਾਂ ਤਾਂ ਲੋਕਾਂ ਦੀ ਇੱਕੋ ਬਾਤ ਹੈ ਕਿ 2027 ਵਿੱਚ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਣੇਗੀ, ਕਿਉਂਕਿ ਆਮ ਆਦਮੀ ਪਾਰਟੀ ਨੇ ਉਹ ਕੰਮ ਕਰਕੇ ਦਿਖਾ ਦਿੱਤੇ ਹਨ, ਜੋ ਪਿਛਲੇ 75 ਸਾਲਾਂ ਦੌਰਾਨ ਕੋਈ ਵੀ ਸਰਕਾਰ ਨੇ ਨਹੀਂ ਕੀਤੇ।ਉੱਥੇ ਹੀ ਦਰਸ਼ਨ ਸਿੰਘ ਮਾਹਲਾ ਨੇ ਆਏ ਹੋਏ ਸਾਰੇ ਹੀ ਪਾਰਟੀ ਦੇ ਅਹੁਦੇਦਾਰ ਸਾਹਿਬਾਨਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

# ਮਹਾਂਪੁਰਸ਼ਾਂ ਦੀ ਯਾਦ ਵਿੱਚ ਖ਼ੂਨਦਾਨ ਕੈਂਪ ਲਗਾਉਣ ਦੀ ਲੋੜ : ਡਾਕਟਰ ਕੁਲਦੀਪ ਰਾਏ



ਫਿਲੌਰ, 11 ਅਪ੍ਰੈਲ (ਅਜੇ ਸਿੰਘ ਨਾਗੀ): ਸਾਂਝਾ ਫਾਊਂਡੇਸ਼ਨ ਪੰਜਾਬ ਵੱਲੋਂ ਖੂਨਦਾਨ ਕੈਂਪ 'ਚ ਵਿਸ਼ੇਸ਼ ਤੌਰ 'ਤੇ ਡਾਕਟਰ ਕੁਲਦੀਪ ਰਾਏ ਦਾ ਯਾਦਗਾਰੀ ਚਿੰਨ੍ਹ ਤੇ ਲੋਈ ਨਾਲ ਜਰਨੈਲ ਫਿਲੌਰ, ਸੁਰਿੰਦਰ ਪਾਲ ਢੇਸੀ ਸਰਪੰਚ ਬੱਛੋਵਾਲ, ਹਰਜੀਤ ਸਿੰਘ ਢੇਸੀ, ਪਰਸ਼ੋਤਮ ਕਤਪਾਲੋਂ, ਤਰਸੇਮ ਸਿੰਘ ਢਿੱਲੋਂ ਤੇ ਪ੍ਰਬੰਧਕਾਂ ਨੇ ਸਨਮਾਨਿਤ ਕੀਤਾ। ਇਸ ਖੂਨਦਾਨ ਕੈਂਪ ਦੀ ਸ਼ਲਾਘਾ ਕਰਦਿਆਂ ਡਾਕਟਰ ਕੁਲਦੀਪ ਰਾਏ ਸਰਪ੍ਰਸਤ ਬਾਬਾ ਮੋਤੀ ਰਾਮ ਮਹਿਰਾ ਵੈਲਫੇਅਰ ਸੋਸਾਇਟੀ (ਫਿਲੌਰ ) ਪੰਜਾਬ ਨੇ ਕਿਹਾ ਸਾਨੂੰ ਵੱਧ ਤੋਂ ਵੱਧ ਸਮਾਜ ਸੇਵੀ ਉਪਰਾਲੇ ਕਰਨੇ ਚਾਹੀਦੇ ਹਨ, ਤੇ ਬਲੱਡ ਸਮੇਂ ਸਮੇਂ 'ਤੇ ਦੇਣਾ ਚਾਹੀਦਾ ਹੈ, ਜਿਸ ਨਾਲ ਅਨੇਕਾਂ ਪ੍ਰਾਣੀਆਂ ਦੀ ਜਾਨ ਬੱਚਦੀ ਹੈ। ਧਾਰਮਿਕ ਸਮਾਗਮ ਤੇ ਗੁਰੂ ਸਾਹਿਬ ਤੇ ਪ੍ਰਕਾਸ਼ ਪੁਰਬ ਤੇ ਸ਼ਹੀਦੀ ਦਿਹਾੜਿਆਂ 'ਤੇ ਖੂਨਦਾਨ ਕੈਂਪ ਲਗਾਉਣੇ ਚਾਹੀਦੇ ਹਨ। ਇਹੀ ਸੱਚੀ ਸ਼ਰਧਾਂਜਲੀ ਹੋਵੇਗੀ!

# ਪੰਜਾਬ ਪੁਲਿਸ ਬਣੀ 'ਆਪ' ਵਿਧਾਇਕਾਂ ਦੀ ਕਠਪੁਤਲੀ : ਅਨਿਲ ਸਰੀਨ




ਲੁਧਿਆਣਾ, 11 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਅਤੇ ਪੰਜਾਬ ਜਨਰਲ ਸਕੱਤਰ ਅਨਿਲ ਸਰੀਨ ਵੱਲੋਂ ਸਥਾਨਕ ਭਾਜਪਾ ਦਫ਼ਤਰ ਵਿਖੇ ਇੱਕ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਸੂਬਾ ਉਪ ਪ੍ਰਧਾਨ ਜਤਿੰਦਰ ਮਿੱਤਲ, ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ, ਸਾਬਕਾ ਜ਼ਿਲ੍ਹਾ ਪ੍ਰਧਾਨ ਪੁਸ਼ਪੇਂਦਰ ਸਿੰਗਲ, ਜ਼ਿਲ੍ਹਾ ਜਨਰਲ ਸਕੱਤਰ ਯਸ਼ਪਾਲ ਜਨੋਤਰਾ, ਕੌਂਸਲਰ ਰੋਹਿਤ ਸਿੱਕਾ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਡਾ. ਸਤੀਸ਼ ਕੁਮਾਰ ਵੀ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਸਰੀਨ ਨੇ ਕਿਹਾ ਕਿ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਸੱਤਾ ਵਿੱਚ ਆਈ ਹੈ, ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ। 'ਆਪ' ਸਰਕਾਰ 'ਤੇ ਵਰ੍ਹਦਿਆਂ ਅਨਿਲ ਸਰੀਨ ਨੇ ਕਿਹਾ ਕਿ ਮੌਜੂਦਾ ਹਾਲਾਤ ਵਿੱਚ ਪੰਜਾਬ ਪੁਲਿਸ 'ਆਪ' ਵਿਧਾਇਕਾਂ ਦੀ ਕਠਪੁਤਲੀ ਬਣ ਗਈ ਹੈ। ਇਸਨੂੰ ਪੰਜਾਬ ਪੁਲਿਸ ਕਹਿਣ ਦੀ ਬਜਾਏ, ਇਸਨੂੰ 'ਆਪ' ਸਰਕਾਰ ਦੀ ਕਠਪੁਤਲੀ ਕਹਿਣਾ ਵਧੇਰੇ ਤਰਕਸੰਗਤ ਹੋਵੇਗਾ। ਸਰੀਨ ਨੇ ਕਿਹਾ ਕਿ 'ਆਪ' ਵਿਧਾਇਕਾਂ ਦੇ ਇਸ਼ਾਰੇ 'ਤੇ ਭਾਜਪਾ ਵਰਕਰਾਂ ਨੂੰ ਨਿਰਾਸ਼ ਕਰਨ ਲਈ ਉਨ੍ਹਾਂ ਵਿਰੁੱਧ ਝੂਠੀਆਂ ਐਫਆਈਆਰ ਦਰਜ ਕੀਤੀਆਂ ਜਾ ਰਹੀਆਂ ਹਨ। ਜਦੋਂ ਤੋਂ ਨਗਰ ਨਿਗਮ ਹਾਊਸ ਬਣਿਆ ਹੈ, ਭਾਜਪਾ ਕੌਂਸਲਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਵਿਰੁੱਧ ਝੂਠੀਆਂ ਐਫਆਈਆਰ ਦਰਜ ਕੀਤੀਆਂ ਗਈਆਂ ਹਨ। ਹਾਲ ਹੀ ਵਿੱਚ, ਨਗਰ ਨਿਗਮ ਦੀ ਇੱਕ ਮੀਟਿੰਗ ਦੌਰਾਨ, ਕੌਂਸਲਰਾਂ ਨੂੰ ਉਨ੍ਹਾਂ ਦੁਆਰਾ ਉਠਾਏ ਗਏ ਸਵਾਲਾਂ ਦੇ ਜਵਾਬ ਮੰਗਣ 'ਤੇ ਧਮਕੀਆਂ ਅਤੇ ਡਰਾਇਆ-ਧਮਕਾਇਆ ਗਿਆ। ਜਦੋਂ ਕੌਂਸਲਰ ਦੁਆਰਾ ਇਸ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਗਈ, ਤਾਂ ਵਿਧਾਇਕ ਨੇ ਪੁਲਿਸ ਰਾਹੀਂ ਕੌਂਸਲਰ 'ਤੇ ਵੀਡੀਓ ਡਿਲੀਟ ਕਰਨ ਲਈ ਦਬਾਅ ਪਾਇਆ ਅਤੇ ਉਨ੍ਹਾਂ ਵਿਰੁੱਧ ਝੂਠੀ ਐਫਆਈਆਰ ਦਰਜ ਕਰਵਾਈ। ਭਾਜਪਾ ਜ਼ਿਲ੍ਹਾ ਪ੍ਰਧਾਨ ਧੀਮਾਨ ਨੇ ਕਿਹਾ ਕਿ 'ਆਪ' ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ, ਪੰਜਾਬ ਦੇ ਲੋਕ ਧੋਖਾ ਮਹਿਸੂਸ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹਰ ਰੋਜ਼ ਖੁੱਲ੍ਹੀ ਗੁੰਡਾਗਰਦੀ ਦੇਖੀ ਜਾ ਰਹੀ ਹੈ। ਧੀਮਾਨ ਨੇ ਕਿਹਾ ਕਿ 'ਆਪ' ਨੇ 5-6 ਭਾਜਪਾ ਵਰਕਰਾਂ ਵਿਰੁੱਧ ਝੂਠੀਆਂ ਐਫਆਈਆਰ ਦਰਜ ਕੀਤੀਆਂ ਹਨ, ਜੋ ਕਿ ਪੂਰੀ ਤਰ੍ਹਾਂ ਗਲਤ ਹੈ। ਜ਼ਿਲ੍ਹਾ ਪ੍ਰਧਾਨ ਧੀਮਾਨ ਨੇ ਕਿਹਾ ਕਿ ਸੱਤਾ ਦੇ ਨਸ਼ੇ ਵਿੱਚ 'ਆਪ' ਵਿਧਾਇਕ ਅਜਿਹੇ ਘਿਨਾਉਣੇ ਕੰਮ ਕਰ ਰਹੇ ਹਨ। ਉਨ੍ਹਾਂ ਪੁਲਿਸ ਕਮਿਸ਼ਨਰ ਤੋਂ ਮੰਗ ਕੀਤੀ ਕਿ ਕਾਨੂੰਨ ਵਿਵਸਥਾ ਬਣਾਉਂਦੇ ਹੋਏ, ਉਨ੍ਹਾਂ ਦੇ ਵਰਕਰਾਂ ਵਿਰੁੱਧ ਦਰਜ ਝੂਠੇ ਐਫਆਈਆਰ ਵਾਪਸ ਲੈਣ, ਨਹੀਂ ਤਾਂ ਆਉਣ ਵਾਲੇ ਦਿਨਾਂ ਵਿੱਚ ਭਾਜਪਾ ਆਪਣੇ ਵਰਕਰਾਂ ਨਾਲ ਸੜਕਾਂ 'ਤੇ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ।ਜਿਸ ਦੀ ਪੂਰੀ ਜਿੰਮੇਵਾਰੀ 'ਆਪ' ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

# ਇਕਬਾਲ ਨਰਸਿੰਗ ਹੋਮ ਐਂਡ ਹਸਪਤਾਲ ਨੇ ਗੋਲਡਨ ਜੁਬਲੀ ਸਮਾਰੋਹ ਮਨਾਇਆ



ਲੁਧਿਆਣਾ, 11 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਇਕਬਾਲ ਨਰਸਿੰਗ ਹੋਮ ਐਂਡ ਹਸਪਤਾਲ ਵਿਖੇ ਗੋਲਡਨ ਜੁਬਲੀ ਸਮਾਰੋਹ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਬੁਲਾਰੇ ਨੇ ਦੱਸਿਆ ਕਿ 1975 ਵਿੱਚ ਲੱਕੜ ਬ੍ਰਿਜ ਨੇੜੇ ਦੋ ਕਮਰਿਆਂ ਦੇ ਛੋਟੇ ਕਲੀਨਿਕ ਵਜੋਂ ਸ਼ੁਰੂ ਹੋਇਆ ਇਹ ਹਸਪਤਾਲ ਅੱਜ ਨਾ ਸਿਰਫ ਲੁਧਿਆਣਾ ਸਗੋਂ ਪੂਰੇ ਉੱਤਰੀ ਭਾਰਤ ਵਿੱਚ ਭਰੋਸੇਯੋਗ ਸਿਹਤ ਕੇਂਦਰ ਵਜੋਂ ਆਪਣੀ ਪਹਿਚਾਣ ਬਣਾ ਚੁੱਕਿਆ ਹੈ।ਇਸ ਮੌਕੇ 'ਤੇ ਹਸਪਤਾਲ ਦੀ ਪ੍ਰੇਰਨਾਦਾਇਕ ਯਾਤਰਾ ਨੂੰ ਦਰਸਾਉਂਦੀ ਕਾਫੀ ਟੇਬਲ ਬੁੱਕ ਬੋਰਨ ਟੂ ਸਰਵ ਦਾ ਵਿਮੋਚਨ ਕੀਤਾ ਗਿਆ। ਇਸ ਸਮੇਂ ਹਾਜ਼ਰ ਮਹਿਮਾਨਾਂ ਵਿੱਚ ਕੈਬਨਟ ਮੰਤਰੀ ਸੰਜੀਵ ਅਰੋੜਾ ਡੀਸੀ ਲੁਧਿਆਣਾ ਹਿਮਾਂਸ਼ੂ ਜੈਨ ਇੰਦਰਜੀਤ ਕੌਰ ਮੇਅਰ ਨਗਰ ਨਿਗਮ ਲੁਧਿਆਣਾ ਨਰੇਸ਼ ਅਰੋੜਾ ਸਪੈਸ਼ਲ ਡੀਜੀਪੀ ਹਰਪ੍ਰੀਤ ਸੰਧੂ ਸੂਚਨਾ ਕਮਿਸ਼ਨਰ ਪੰਜਾਬ ਅਤੇ ਸਿਵਿਲ ਸਰਜਨ ਰਮਨਦੀਪ ਕੌਰ ਸ਼ਾਮਿਲ ਸਨ। ਬੁਲਾਰੇ ਨੇ ਆਖਿਆ ਕਿ ਡਾਕਟਰ ਇਕਬਾਲ ਦੀ ਅਗਵਾਈ ਹੇਠ ਹਸਪਤਾਲ ਨਹੀਂ ਲਗਾਤਾਰ ਤਰੱਕੀ ਕੀਤੀ ਅਤੇ ਟੀਮ ਵਿੱਚ ਡਾਕਟਰ ਪੁਸ਼ਪਿੰਦਰ ਕੌਰ ਡਾਕਟਰ ਵਰਿੰਦਰ ਕੌਰ ਅਹੂਜਾ ਡਾਕਟਰ ਐਮ ਐਸ ਚਾਵਲਾ ਅਤੇ ਡਾਕਟਰ ਜਗਜੀਤ ਸਿੰਘ ਅਹੂਜਾ ਦਾਵੀ ਯੋਗਦਾਨ ਰਿਹਾ। ਹਸਪਤਾਲ ਦੀ ਪ੍ਰਾਪਤੀ ਪਹਿਲਾ ਟੈਸਟ ਟਿਊਬ ਦੇਵੀ ਸੀ 1991 ਵਿੱਚ ਆਈ ਵੀ ਐਫ ਸੇਵਾਵਾਂ ਦੀ ਸ਼ੁਰੂਆਤ ਹਸਪਤਾਲ ਦੀ ਇੱਕ ਵੱਡੀ ਉਪਲਬਧੀ ਸੀ, ਜਿਸ ਨਾਲ 1992 ਵਿੱਚ ਖੇਤਰ ਦਾ ਪਹਿਲਾ ਟੈਸਟ-ਟਿਊਬ ਬੇਬੀ ਜਨਮਿਆ। ਇਸ ਤੋਂ ਬਾਅਦ ਹਸਪਤਾਲ ਨੇ ਲਗਾਤਾਰ ਨਵੀਂ ਅਤੇ ਆਧੁਨਿਕ ਤਕਨੀਕਾਂ ਨੂੰ ਅਪਣਾਇਆ ਹੈ। ਡਾ ਇਕਬਾਲ ਦਾ ਕਹਿਣਾ ਹੈ ਕਿ ਉਹਨਾਂ ਨੇ ਸਮਾਜਿਕ ਖੇਤਰ ਵਿੱਚ ਵੀ ਤਕੜਾ ਯੋਗਦਾਨ ਪਾਇਆ ਹੈ।

# ਭਾਈ ਰਾਮ ਕਿਸ਼ਨ ਗੁਰਮਤਿ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



ਲੁਧਿਆਣਾ, 11 ਅਪ੍ਰੈਲ (ਕਰਨੈਲ ਸਿੰਘ ਐੱਮ.ਏ.) : ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਭਾਈ ਰਾਮ ਕਿਸ਼ਨ ਗੁਰਮਤਿ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਅਰਬਨ ਅਸਟੇਟ, ਫੇਜ਼-1, ਪਟਿਆਲਾ ਦਾ ਨਤੀਜਾ ਸਤ-ਪ੍ਰਤੀਸ਼ਤ ਰਿਹਾ । ਕਲਾਸ ਪੰਜਵੀਂ ਵਿੱਚੋਂ ਮਨਰਾਜ ਸਿੰਘ 97.8% ਨੰਬਰ ਲੈਣ ਕੇ ਪਹਿਲੇ ਸਥਾਨ ਉੱਤੇ ਰਿਹਾ । ਗੁਰਸਾਹਿਬ ਸਿੰਘ 95.6% ਨੰਬਰ ਲੈ ਕੇ ਦੂਜੇ ਅਤੇ ਹਰਮਨਪ੍ਰੀਤ ਸਿੰਘ 95% ਨੰਬਰ ਲੈਣ ਕੇ ਤੀਜੇ ਸਥਾਨ ਉੱਤੇ ਰਿਹਾ । ਇਸੇ ਤਰ੍ਹਾਂ ਕਲਾਸ ਅੱਠਵੀਂ ਵਿੱਚੋਂ ਸੋਨਾਕਸ਼ੀ 92% ਨੰਬਰ ਲੈ ਕੇ ਪਹਿਲੇ, ਹਰਸ਼ਵਰਧਨ ਸਿੰਘ 87% ਨੰਬਰ ਲੈ ਕੇ ਦੂਜੇ ਅਤੇ ਨਵਨੀਤ ਸਿੰਘ 86% ਨੰਬਰ ਲੈ ਕੇ ਤੀਜੇ ਸਥਾਨ ਉੱਤੇ ਰਹੇ । ਇੱਥੇ ਇਹ ਵਰਨਣਯੋਗ ਹੈ ਕਿ ਸਾਰੇ ਬੱਚਿਆਂ ਨੇ ਹੀ ਆਪਣੀਆਂ ਕਲਾਸਾਂ ਪਹਿਲੇ ਦਰਜੇ ਵਿੱਚ ਪਾਸ ਕੀਤੀਆਂ। ਇਸ ਮੌਕੇ ਉੱਤੇ ਸਕੂਲ ਦੇ ਪ੍ਰਿੰਸੀਪਲ ਹਿੰਮਤ ਕੌਰ, ਪ੍ਰਧਾਨ ਮਹੰਤ ਚਮਕੌਰ ਸਿੰਘ ਜੀ 'ਸੇਵਾਪੰਥੀ' ਅਤੇ ਡਾਇਰੈਕਟਰ ਰਮਣੀਕ ਸਿੰਘ ਘੁੰਮਣ ਨੇ ਸਾਰੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਹਨਾਂ ਦਾ ਮਕਸਦ ਵਿਦਿਆਰਥੀਆਂ ਦੇ ਭਵਿੱਖ ਨੂੰ ਨਿਖਾਰਨਾ ਹੈ। ਇਸ ਮੌਕੇ ਪ੍ਰਿੰਸੀਪਲ ਹਿੰਮਤ ਕੌਰ ਨੇ ਸਟਾਫ਼ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਾਡੇ ਸਟਾਫ਼ ਦੀ ਲਗਨ ਅਤੇ ਮਿਹਨਤ ਸਦਕਾ ਹੀ ਸੰਭਵ ਹੋ ਸਕਿਆ ਹੈ। ਸਕੂਲ ਦੇ ਪ੍ਰਧਾਨ ਮਹੰਤ ਚਮਕੌਰ ਸਿੰਘ 'ਸੇਵਾਪੰਥੀ' ਨੇ ਕਿਹਾ ਕਿ ਸਾਡੇ ਸਕੂਲ ਦੇ ਵਿਦਿਆਰਥੀ ਉੱਚੇ-ਉੱਚੇ ਅਹੁਦਿਆਂ 'ਤੇ ਕਾਬਜ਼ ਹਨ। ਉਹਨਾਂ ਦਾ ਸੁਪਨਾ ਹੈ ਕਿ ਇਹ ਵਿਦਿਆਰਥੀ ਵੀ ਆਉਣ ਵਾਲੇ ਸਮੇਂ ਵਿੱਚ ਦੇਸ਼, ਸਮਾਜ ਵਿੱਚ ਆਪਣੇ ਸਕੂਲ ਦਾ, ਮਾਪਿਆਂ ਦਾ ਅਤੇ ਅਧਿਆਪਕਾਂ ਦਾ ਨਾਮ ਉੱਚਾ ਕਰਨ ਅਤੇ ਆਪਣੇ ਮਾਪਿਆਂ ਦੇ ਸੁਪਨੇ ਸਾਕਾਰ ਕਰਨ ਤਾਂ ਜੋ ਭਵਿੱਖ ਵਿੱਚ ਉਹਨਾਂ ਦਾ ਨਾਮ ਸੁਨਿਹਰੇ ਅੱਖਰਾਂ ਵਿੱਚ ਲਿਖਿਆ ਜਾਵੇ।

ਇੱਥੇ ਇਹ ਵੀ ਦੱਸਣਯੋਗ ਹੈ ਕਿ ਇਹ ਸਕੂਲ ਸੰਤਾਂ-ਮਹਾਂਪੁਰਸਾ ਵੱਲੋਂ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ, ਸਮਾਜ ਸੇਵਾ ਦੇ ਉਦੇਸ਼ ਨਾਲ 1988 ਵਿੱਚ ਸ਼ੁਰੂ ਕੀਤਾ ਗਿਆ । ਉਸੇ ਭਾਵਨਾ ਨੂੰ ਕਾਇਮ ਰੱਖਦੇ ਹੋਏ ਇਹ ਸਕੂਲ ਲੋਕ-ਸੇਵਾ ਨੂੰ ਸਮਰਪਿਤ ਹੈ ਅਤੇ ਇਸ ਸਕੂਲ ਦੀ ਕੋਈ ਵੀ ਦਾਖਲਾ ਫੀਸ ਨਹੀਂ ਹੈ ਅਤੇ ਬੱਚਿਆਂ ਤੋਂ ਪ੍ਰਤੀ ਮਹੀਨਾ ਫੀਸ ਵੀ ਨਾ ਮਾਤਰ ਹੀ ਲਈ ਜਾਂਦੀ ਹੈ ਤਾਂ ਕਿ ਆਮ ਵਰਗ ਦੇ ਵਿਦਿਆਰਥੀ ਅੰਗਰੇਜ਼ੀ ਮਾਧਿਅਮ ਵਿੱਚ ਸਿੱਖਿਆ ਪ੍ਰਾਪਤ ਕਰ ਸਕਣ । ਸਕੂਲ ਅੰਦਰ ਯੋਗ ਅਧਿਆਪਕ ਇਸ ਮੁਕਾਮ ਨੂੰ ਪੂਰਾ ਕਰਨ ਲਈ ਵੱਧ ਤੋਂ ਵੱਧ ਸਾਥ ਦੇ ਰਹੇ ਹਨ ।

# ਗ੍ਰੈਫਾਈਟ ਸਿਰੈਮਿਕਸ ਨੇ ਲੁਧਿਆਣਾ ਵਿੱਚ ਪਹਿਲੀ ਗ੍ਰੈਫਾਈਟ ਗੈਲਰੀ ਦਾ ਕੀਤਾ ਉਦਘਾਟਨ



ਲੁਧਿਆਣਾ, 11 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਗ੍ਰੈਫਾਈਟ ਸਿਰੈਮਿਕਸ ਨੇ ਗੁਰਦੇਵ ਨਗਰ ਲੁਧਿਆਣਾ ਵਿੱਚ ਆਪਣੀ ਸੱਤਵੀਂ ਗ੍ਰੈਫਾਈਟ ਗੈਲਰੀ ਖੋਲ੍ਹੀ ਹੈ। ਗ੍ਰੈਫਾਈਟ ਸਿਰੈਮਿਕਸ ਦੇ ਚੀਫ ਮੈਨੇਜਿੰਗ ਡਾਇਰੈਕਟਰ, ਏ.ਆਰ. ਰਵੀ ਪਟੇਲ ਨੇ ਦੱਸਿਆ ਕਿ ਤਜਰਬੇ ਦੇ ਆਧਾਰ 'ਤੇ ਗ੍ਰੈਫਾਈਟ ਸਿਰੈਮਿਕਸ ਆਪਣੇ ਗਾਹਕਾਂ ਨੂੰ ਉਨ੍ਹਾਂ ਦੀ ਪਸੰਦ ਮੁਤਾਬਕ ਸਭ ਤੋਂ ਵਧੀਆ ਪ੍ਰੋਡਕਟ ਮੁਹੱਈਆ ਕਰਦੀ ਹੈ। ਕੰਪਨੀ ਚਾਰ ਸਾਈਜ਼ਾਂ ਵਿੱਚ ਜੀਵੀਟੀ ਅਤੇ ਪੀਜੀਵੀਟੀ ਟਾਇਲਾਂ ਗਾਹਕਾਂ ਲਈ ਉਪਲਬਧ ਕਰਵਾ ਰਹੀ ਹੈ। ਕੰਪਨੀ ਦੇ ਚੀਫ ਮੈਨੇਜਿੰਗ ਡਾਇਰੈਕਟਰ ਰਵੀ ਪਟੇਲ ਜੋ ਕਿ ਇੱਕ ਆਰਕੀਟੈਕਟ ਅਤੇ ਇੰਟੀਰੀਅਰ ਡਿਜ਼ਾਈਨਰ ਵੀ ਹਨ ਨੇ ਆਖਿਆ ਕਿ ਸਹੀ ਟਾਇਲਾਂ ਦੀ ਚੋਣ ਕਰਨ ਤੋਂ ਲੈ ਕੇ ਲੇਆਉਟ ਦੀ ਵਧੀਆ ਯੋਜਨਾ ਬਣਾਉਣ ਅਤੇ ਗਾਹਕਾਂ ਨਾਲ ਜੁੜਨ ਤੱਕ, ਕਈ ਪ੍ਰੋਜੈਕਟਾਂ 'ਚ ਖੁਦ ਕੰਮ ਕਰਨ ਤੋਂ ਬਾਅਦ ਉਨ੍ਹਾਂ ਨੇ ਹਮੇਸ਼ਾ ਅਜੇਹੇ ਨਤੀਜੇ ਦਿੱਤੇ ਹਨ ਜੋ ਕੁਆਲਟੀ ਅਤੇ ਨਵੀਂ ਸੋਚ ਦੀ ਮਿਸਾਲ ਹਨ। ਉਨ੍ਹਾਂ ਦੀ ਅਗਵਾਈ ਹੇਠਾਂ, ਗ੍ਰੈਫਾਈਟ ਸਿਰੈਮਿਕਸ ਅਜੇਹੇ ਪ੍ਰੋਡਕਟ ਤਿਆਰ ਕਰ ਰਿਹਾ ਹੈ ਜੋ ਕਾਰੀਗਰੀ ਨੂੰ ਗਾਹਕਾਂ ਦੀ ਪਸੰਦ ਨਾਲ ਜੋੜਦੇ ਹਨ ਅਤੇ ਟਾਇਲ ਡਿਜ਼ਾਈਨ ਅਤੇ ਨਿਰਮਾਣ 'ਚ ਵਧੀਆ ਨਤੀਜੇ ਦਿੰਦੇ ਹਨ।

ਮੈਨੇਜਿੰਗ ਡਾਇਰੈਕਟਰ ਵੀਰਲ ਪਟੇਲ ਨੇ ਕਿਹਾ ਕਿ ਗ੍ਰੈਫਾਈਟ ਸਿਰੈਮਿਕਸ ਉੱਚ ਗੁਣਵੱਤਾ ਵਾਲੇ ਸਿਰੈਮਿਕ ਹੱਲ ਪ੍ਰਦਾਨ ਕਰਨ ਲਈ ਵਚਨਬੱਧ ਹੈ, ਜੋ ਕੁਆਲਟੀ ਅਤੇ ਕਿਫਾਇਤ ਦਾ ਵਧੀਆ ਮੇਲ ਹਨ।

ਉਹਨਾਂ ਦੱਸਿਆ ਕਿ ਗ੍ਰੈਫਾਈਟ ਗੈਲਰੀ ਵਿੱਚ ਪ੍ਰੋਡਕਟਾਂ ਦੀ ਵੱਡੀ ਰੇਂਜ ਮੌਜੂਦ ਹੈ ਵਿਜ਼ਿਟਰਾਂ ਨੂੰ ਕੱਟਿੰਗ-ਐਜ ਟੈਕਨੋਲੋਜੀ ਦਾ ਤਜਰਬਾ ਵੀ ਮਿਲੇਗਾ, ਜਿਸ ਵਿੱਚ 360 ਡਿਗਰੀ ਵਰਚੁਅਲ ਟੂਰ ਅਤੇ ਹਾਈ ਰੈਜ਼ੋਲੂਸ਼ਨ ਤਸਵੀਰਾਂ ਸ਼ਾਮਲ ਹਨ, ਜੋ ਉਹਨਾਂ ਨੂੰ ਆਪਣੇ ਪ੍ਰੋਜੈਕਟਾਂ ਨੂੰ ਅਸਾਨੀ ਨਾਲ ਵੇਖਣ 'ਤੇ ਸਮਝਣ ਵਿੱਚ ਮੱਦਦ ਕਰਦੀਆਂ ਹਨ।

# ਸਨਮਤੀ ਸਕੂਲ ਦੇ ਮੋਕਸ਼ ਕਪੂਰ ਨੇ ਪੰਜਾਬ ਦੀ ਮੈਰਿਟ ਸੂਚੀ ਵਿੱਚ ਨਾਮ ਦਰਜ ਕਰਵਾਇਆ




ਜਗਰਾਓਂ, 11 ਅਪ੍ਰੈਲ (ਵਿਸ਼ਾਲ ਅੱਤਰੇ/ਆਰੀਅਨ ਅੱਤਰੇ) : ਸਨਮਤੀ ਸਕੂਲ ਦੇ ਮੋਕਸ਼ ਕਪੂਰ ਨੇ ਪੰਜਾਬ ਦੀ ਮੈਰਿਟ ਸੂਚੀ ਵਿੱਚ ਨਾ ਦਰਜ ਕਰਵਾਇਆ। ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜਗਰਾਓਂ ਹਮੇਸ਼ਾ ਹੀ ਆਪਣੀਆਂ ਅਦਾਕਾਤਮਿਕ ਪ੍ਰਾਪਤੀਆਂ ਕਰਕੇ ਇਲਾਕੇ ਦੀ ਮੋਹਰੀ ਸੰਸਥਾ ਰਹੀ ਹੈ। ਇਸ ਸਬੰਧੀ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਨੇ ਆਪਣੀ ਖੁਸ਼ੀ ਨੂੰ ਜ਼ਾਹਿਰ ਕਰਦੇ ਦੱਸਿਆ ਕਿ ਸਾਡੇ ਸਕੂਲ ਦੇ ਬਹੁਤ ਹੀ ਹੋਣਹਾਰ ਵਿਦਿਆਰਥੀ ਮੋਕਸ਼ ਕਪੂਰ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਪੰਜਾਬ ਦੀ ਮੈਰਿਟ ਸੂਚੀ ਵਿੱਚ 12ਵਾਂ ਸਥਾਨ ਅਤੇ ਜ਼ਿਲ੍ਹੇ 'ਚ 6 ਵਾਂ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਸ਼ਹਿਰ ਅਤੇ ਆਪਣੇ ਮਾਂ ਪਿਓ ਦਾ ਨਾਂ ਰੌਸ਼ਨ ਕੀਤਾ। ਉਹਨਾਂ ਨੇ ਦੱਸਿਆ ਕਿ ਮੋਕਸ਼ ਕਪੂਰ ਨੇ 98 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਜਗਰਾਓਂ ਵਿੱਚ ਦੂਸਰਾ ਅਤੇ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਨਵਨੀਤ ਕੌਰ ਉਪਲ ਨੇ 95.5 ਪ੍ਰਤੀਸ਼ਤ ਅੰਕ ਲੈ ਕੇ ਸਕੂਲ ਵਿੱਚੋਂ ਦੂਸਰਾ ਦੂਸਰਾ ਸਥਾਨ ਅਤੇ ਗੁਰਨਿਵਾਜ ਕੌਰ ਨੇ 93.67 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਆਰੀਅਨ ਕੁਮਾਰ ਨੇ 92.83 ਪ੍ਰਤੀਸ਼ਤ ਅੰਕ ਵੰਸ਼ਿਕਾ ਮੱਕੜ ਅਤੇ ਹਰਨੂਰ ਕੌਰ ਨੇ ਸਾਂਝੇ ਰੂਪ ਵਿੱਚ 90.83 ਪ੍ਰਤੀਸ਼ਤ ਅੰਕ ਦਸ਼ਮੀਤ ਕੌਰ ਨੇ 90.33 ਪ੍ਰਤੀਸ਼ਤ ਅੰਕ ਜਸਪ੍ਰੀਤ ਕੌਰ ਨੇ 90.17 ਪ੍ਰਤੀਸ਼ਤ ਅੰਕ ਅਤੇ ਦ੍ਰਿਸ਼ਟੀ ਚੌਹਾਨ ਨੇ 90 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦੀ ਸ਼ਾਨ ਵਧਾਈ ਇਸੇ ਤਰ੍ਹਾਂ ਸਕੂਲ ਦਾ ਨਤੀਜਾ 100 ਪ੍ਰਤੀਸ਼ਤ ਰਿਹਾ ਤੇ 32 ਬੱਚਿਆਂ ਨੇ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ ਸਕੂਲ ਦਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ, ਜਿਸ ਦਾ ਸਿਹਰਾ ਪ੍ਰਿੰਸੀਪਲ ਮੈਡਮ ਨੇ ਬੱਚਿਆਂ ਉਹਨਾਂ ਦੇ ਅਧਿਆਪਕਾਂ ਅਤੇ ਮਾਤਾ ਪਿਤਾ ਦੇ ਸਿਰ ਬੰਨ੍ਹਦੇ ਆਂ ਅੱਗੇ ਤੋਂ ਹੋਰ ਵੀ ਵੱਧ ਤੋਂ ਵੱਧ ਮਿਹਨਤ ਕਰਨੀ ਪ੍ਰੇਰਿਆ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਜੈਨ ਉਪ ਪ੍ਰਧਾਨ ਕਾਤਾ ਸਿੰਗਲਾਂ ਸੈਕਟਰੀ ਮਹਾਂਵੀਰ ਜੈਨ ਅਤੇ ਪ੍ਰਿੰਸੀਪਲ ਮੈਡਮ ਸੁਪ੍ਰਿਆ ਖੁਰਾਨਾ ਵੱਲੋਂ ਬੱਚਿਆਂ ਦਾ ਉਚੇਚੇ ਤੌਰ 'ਤੇ ਸਨਮਾਨ ਕਰਕੇ ਉਹਨਾਂ ਨੂੰ ਸਰਟੀਫਿਕੇਟ ਤੇ ਟਰਾਫੀਆਂ ਦਿੰਦੇ ਹੋਏ ਉਹਨਾਂ ਬੱਚਿਆਂ ਅਤੇ ਉਹਨਾਂ ਦੇ ਮਾਤਾ ਪਿਤਾ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ। ਇਸ ਮੌਕੇ ਜਤਿੰਦਰ ਕੌਰ, ਮੋਨਿਕਾ ਢੰਡਾ, ਮੈਡਮ ਪਲਕ, ਮਹਿਕ ਜਗੋਤਾ ਆਦਿ ਹਾਜ਼ਰ ਸਨ।

# ਕੈਂਪ ਵਿੱਚ 300 ਤੋਂ ਵੱਧ ਦੀ ਜਾਂਚ, 77 ਦੇ ਹੋਣਗੇ ਆਪ੍ਰੇਸ਼ਨ : ਗੋਗਾ



ਲੁਧਿਆਣਾ, 11 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਦੇ ਮਹੀਨਾਵਾਰ ਕੈਂਪ ਵਿੱਚ 300 ਤੋਂ ਵੱਧ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ 77 ਮਰੀਜ਼ਾਂ ਦੀ ਰਿਪੋਰਟ ਤੇ ਚਿੱਟੇ ਮੋਤੀਏ ਦੇ ਅਮਰੇਸ਼ਨ ਸੰਕਰਾ ਹਸਪਤਾਲ ਵਿੱਚ ਬਿਲਕੁਲ ਫ੍ਰੀ ਕੀਤੇ ਜਾਣਗੇ। ਇਹ ਜਾਣਕਾਰੀ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਕੌਂਸਲਰ ਤੇ ਰਾਮਗੜ੍ਹੀਆ ਭਲਾਈ ਬੋਰਡ ਪੰਜਾਬ ਸਰਕਾਰ ਦੇ ਸਾਬਕਾ ਚੇਅਰਮੈਨ ਸੋਹਨ ਸਿੰਘ ਗੋਗਾ ਨੇ ਦਿੱਤੀ। ਉਹਨਾਂ ਭਾਰੀ ਗਿਣਤੀ ਵਿੱਚ ਮਰੀਜ਼ਾਂ ਦੇ ਹਰ ਮਹੀਨੇ ਕੀਤੇ ਜਾ ਰਹੇ ਇਲਾਜ ਲਈ ਰਣਯੋਧ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਾਡੀ ਕੌਂਸਲ ਦਾ ਵੱਡਾ ਯੋਗਦਾਨ ਹੈ। ਉਹਨਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਸ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ । ਗੋਗਾ ਤੋਂ ਇਲਾਵਾ ਮਾਸਟਰ ਪਰਮਜੀਤ ਸਿੰਘ ਪ੍ਰਿੰਸੀਪਲ ਮਨਪ੍ਰੀਤ ਕੌਰ ਵਿਰਕ ਕੌਰ ਪਰਮਿੰਦਰ ਸਿੰਘ ਇਕਬਾਲ ਕੌਰ ਅਨੂ ਸ਼ਰਮਾਂ ਕਮਲਜੀਤ ਸਿੰਘ ਆਦਿ ਵੀ ਇਸ ਮੌਕੇ ਹਾਜ਼ਰ ਸਨ। ਗੋਗਾ ਨੇ ਕਿਹਾ ਕਿ ਸਾਡੀ ਟੀਮ ਵੱਲੋਂ ਇਸ ਮਹਾਨ ਕਾਰਜ ਲਈ ਵਿਸ਼ੇਸ਼ ਉਪਰਾਲੇ ਜਾਰੀ ਰਹਿਣਗੇ।

# 'ਸਰਹਿੰਦ ਫ਼ਤਿਹ ਦਿਵਸ' ਦਾ ਇਤਿਹਾਸਿਕ ਦਿਹਾੜਾ 12 ਮਈ ਨੂੰ ਮਨਾਇਆ ਜਾਵੇਗਾ



ਲੁਧਿਆਣਾ, 11 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਸਰਹਿੰਦ ਫਤਿਹ ਦਿਵਸ ਦਾ 316ਵਾਂ ਇਤਿਹਾਸਿਕ ਦਿਹਾੜਾ 12 ਮਈ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਹੇਠ ਵਿਸ਼ਾਲ ਫਤਿਹ ਮਾਰਚ ਕਰਕੇ ਮਨਾਵਾਂਗੇ। ਇਹ ਜਾਣਕਾਰੀ ਬਾਬਾ ਬੰਦਾ ਸਿੰਘ ਬਹਾਦਰ ਭਵਨ ਰਕਬਾ ਵਿਖੇ ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਪੁਰਬ ਅਤੇ ਭਗਤ ਧੰਨਾ ਜੀ ਅਤੇ ਭਗਤ ਗੁਰੂ ਰਵਿਦਾਸ ਜੀ ਦਾ ਜਨਮ ਉਤਸਵ ਸਮਾਗਮ ਸਮੇਂ ਰੱਖੀ ਵਿਚਾਰ ਗੋਸ਼ਟੀ ਵਿੱਚ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਨੇ ਦਿੱਤੀ। ਇਸ ਸਮੇਂ ਵਿਸਾਖੀ ਦੇ ਪਵਿੱਤਰ ਇਤਿਹਾਸਿਕ ਦਿਹਾੜੇ ਦੀਆਂ ਖੁਸ਼ੀਆਂ ਵੀ ਸਾਂਝੀਆਂ ਕੀਤੀਆਂ ਗਈਆਂ। ਇਸ ਸਮੇਂ ਫਾਊਂਡੇਸ਼ਨ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਗਿੱਲ, ਟਰੱਸਟੀ ਦਲਜੀਤ ਸਿੰਘ ਅਮਰੀਕਾ, ਜਸਵੰਤ ਸਿੰਘ ਛਾਪਾ ਜਨਰਲ ਸਕੱਤਰ, ਟਰੱਸਟੀ ਤਰਲੋਚਨ ਸਿੰਘ ਸਫਰੀ, ਸੰਤੋਖ ਸਿੰਘ ਗਿੱਲ, ਡਾ. ਪ੍ਰਮਜੀਤ ਸਿੰਘ ਅਤੇ ਗੁਰਨਾਮ ਸਿੰਘ ਕਲੇਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਸਮੇਂ ਬੀਬੀ ਬਲਵੀਰ ਕੌਰ ਨੂੰ ਫਾਊਂਡੇਸ਼ਨ ਕੈਨੇਡਾ ਦੀ ਮਹਿਲਾ ਵਿੰਗ ਦੀ ਪ੍ਰਧਾਨ ਜਦਕਿ ਸੰਤੋਖ ਸਿੰਘ ਗਿੱਲ ਨੂੰ ਮੁੱਖ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇਸ ਸਮੇਂ ਬਾਬਾ ਸਰਬਜੋਤ ਸਿੰਘ ਡਾਗੋਂ ਵੱਲੋਂ ਭੇਜਿਆ ਜੱਥਾ ਜਿਹਨਾਂ ਵਿੱਚ ਅਮਰਿੰਦਰ ਸਿੰਘ, ਬਲਪ੍ਰੀਤ ਸਿੰਘ, ਹਰਜੋਤ ਸਿੰਘ, ਬੌਬੀ ਡਾਗੋਂ, ਈਸ਼ਰਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਸਮੇਂ ਬੋਲਦੇ ਬਾਵਾ ਨੇ ਕਿਹਾ ਕਿ ਅੱਜ ਖੁਸ਼ੀ ਦੀ ਗੱਲ ਹੈ ਕਿ ਮਹਾਨ ਯੋਧੇ ,ਜਰਨੈਲ , ਕਿਸਾਨੀ ਦੇ ਮੁਕਤੀਦਾਤਾ ਬਾਬਾ ਬੰਦਾ ਸਿੰਘ ਬਹਾਦਰ ਜੀ ਨੂੰ ਯਾਦ ਕਰਦੇ ਹੋਏ ਰਕਬਾ ਭਵਨ ਵਿਖੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ, ਸ੍ਰੀ ਗੁਰੂ ਅਰਜਨ ਦੇਵ ਜੀ, ਭਗਤ ਧੰਨਾ ਜੀ ਅਤੇ ਭਗਤ ਗੁਰੂ ਰਵਿਦਾਸ ਜੀ ਦੇ ਜਨਮ ਉਤਸਵ ਸਬੰਧੀ ਵਿਚਾਰ ਗੋਸ਼ਟੀ ਕੀਤੀ ਜਾ ਰਹੀ ਹੈ। ਇਸ ਸਮੇਂ ਸ੍ਰੀ ਬਾਵਾ ਨੇ ਸਮਾਗਮ ਸ਼ੁਰੂ ਕਰਨ ਤੋਂ ਪਹਿਲਾਂ ਵਰਿੰਦਾਵਨ ਗਈਆਂ ਜਗਰਾਉਂ ਦੀਆਂ ਸੰਗਤਾਂ ਦੀ ਅਚਾਨਕ ਹੋਈ ਦਰਦਨਾਕ ਮੌਤ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ।

ਇਸ ਸਮੇਂ ਕਰਨੈਲ ਸਿੰਘ ਗਿੱਲ ਪ੍ਰਧਾਨ ਫਾਊਂਡੇਸ਼ਨ ਪੰਜਾਬ ਨੇ ਲੰਮੇ ਸਮੇਂ ਤੋਂ ਬਾਅਦ ਜੋ ਡਾ. ਮਨਮੋਹਨ ਸਿੰਘ ਦੇ ਪ੍ਰਧਾਨ ਮੰਤਰੀ ਹੁੰਦੇ ਸ਼ੁਰੂਆਤ ਹਲਵਾਰਾ ਨੂੰ ਅੰਤਰਰਾਸ਼ਟਰੀ ਹਵਾਈ ਅੱਡਾ ਬਣਾਉਣ ਦੀ ਹੋਈ ਸੀ, ਉਹ ਹੁਣ ਸ੍ਰੀ ਨਰਿੰਦਰ ਮੋਦੀ ਦੀ ਸਰਕਾਰ ਸਮੇਂ ਉਡਾਣ ਸ਼ੁਰੂ ਹੋਣ ਨੂੰ ਪੰਜਾਬ ਲਈ ਸ਼ੁਭ ਸ਼ਗਨ ਕਿਹਾ।

ਇਸ ਸਮੇਂ ਬੀਬੀ ਮਨਜੀਤ ਕੌਰ ਸਰੋਏ, ਮਾਸਟਰ ਗੁਰਪਾਲ ਸਿੰਘ ਮੰਡਿਆਣੀ, ਡਾ. ਜਸਪਾਲ ਸਿੰਘ ਸੈਣੀ, ਸੁਖਵਿੰਦਰ ਸਿੰਘ ਜਗਦੇਵ, ਅਮਰਪਾਲ ਸਿੰਘ, ਟੇਕ ਸਿੰਘ, ਸੰਦੀਪ ਸਿੰਘ, ਹਰਚੇਤ ਸਿੰਘ, ਵਰਿੰਦਰ ਭੱਲਾ, ਸੋਨੀ ਹਾਜ਼ਰ ਸਨ।

# ਮਾਤਾ ਊਧਮ ਕੌਰ ਨੂੰ ਵੱਖ-ਵੱਖ ਮਹਾਂਪੁਰਸ਼ਾਂ ਤੇ ਆਗੂਆਂ ਨੇ ਕੀਤੇ ਸ਼ਰਧਾ ਦੇ ਫੁੱਲ ਭੇਟ



ਫਿਲੌਰ, 11 ਅਪ੍ਰੈਲ (ਅਜੇ ਸਿੰਘ ਨਾਗੀ): ਸੰਤ ਬਾਬਾ ਸਰਵਣ ਦਾਸ ਜੀ ਦੇ ਸਤਿਕਾਰਯੋਗ ਮਾਤਾ ਜੀ ਮਾਤਾ ਊਧਮ ਕੌਰ ਜੀ ਜੋ ਪਿਛਲੇ ਦਿਨੀਂ ਆਪਣੀ ਸੁਆਸਾਂ ਰੂਪੀ ਪੂੰਜੀ ਨੂੰ ਪੂਰਾ ਕਰਦੇ ਹੋਏ ਸਾਨੂੰ ਸਦੀਵੀਂ ਵਿਛੋੜਾ ਦੇ ਗਏ ਸਨ, ਉਹਨਾਂ ਦੀ ਅੰਤਿਮ ਅਰਦਾਸ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਪਿੰਡ ਤੇਹਿੰਗ ਵਿਖੇ ਹੋਈ, ਭੋਗ ਪੈਣ ਉਪਰੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਰਸ ਭਿੰਨ ਗੁਰਬਾਣੀ ਨਾਲ ਜੋੜਿਆ, ਇਸ ਮੌਕੇ ਮਾਤਾ ਊਧਮ ਕੌਰ ਜੀ ਸ਼੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਰਜਿ: ਪੰਜਾਬ ਦੇ ਸਮੂਹ ਮਹਾਂਪੁਰਸ਼ਾਂ ਅਤੇ ਧਾਰਮਿਕ, ਰਾਜਨੀਤਿਕ ਜਥੇਬੰਦੀਆਂ ਦੀ ਆਗੂਆਂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਮਾਤਾ ਊਧਮ ਕੌਰ ਜੀ ਮਿਲਣਸਾਰ ਤੇ ਪਰਿਵਾਰ 'ਚ ਉਨ੍ਹਾਂ ਦੀ ਘਾਟ ਕਦੇ ਵੀ ਪੂਰੀ ਨਹੀਂ ਹੋਵੇਗੀ। ਇਸ ਮੌਕੇ ਇਲਾਕੇ ਭਰ ਦੀਆਂ ਵਿਸ਼ੇਸ਼ ਸ਼ਖਸ਼ੀਅਤਾਂ ਤੇ ਸੰਗਤਾਂ ਭਾਰੀ ਗਿਣਤੀ ਵਿੱਚ ਹਾਜ਼ਰ ਸਨ।

# ਬਲੌਸਮਜ਼ ਕਾਨਵੈਂਟ ਸਕੂਲ ਦੇ ਨਵੇਂ ਸਾਲ ਦੀ ਸ਼ੁਰੂਆਤ ਤੇ ਵਿਸਾਖੀ ਸਮਾਗਮ




ਜਗਰਾਓਂ, 11 ਅਪ੍ਰੈਲ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਬਲੌਸਮਜ਼ ਕਨਵੈਂਟ ਸਕੂਲ ਵਿਖੇ ਹਰ ਵਾਰ ਦੀ ਤਰ੍ਹਾਂ ਇਸ ਸਾਲ ਵੀ ਅੱਜ 11 ਅਪ੍ਰੈਲ ਨੂੰ ਨਵੇਂ ਸੈਸ਼ਨ ਦੀ ਸ਼ੁਰੂਆਤ ਅਤੇ ਵਿਸਾਖੀ ਦੇ ਤਿਉਹਾਰ ਨੂੰ ਮਨਾਉਂਦੇ ਹੋਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨ ਪਾ ਕੇ ਸ਼ੁਰੂਆਤ ਕੀਤੀ ਗਈ। ਇਸ ਦੇ ਤਹਿਤ ਅੱਜ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ । ਉਪਰੰਤ ਵਿਦਿਆਰਥੀਆਂ ਦੇ ਕੀਰਤਨੀ ਜਥਿਆਂ ਵੱਲੋਂ ਸ਼ਬਦਾਂ ਰਾਹੀਂ ਸਾਂਝ ਪਾਈ ਗਈ। ਨਿੱਕੇ-ਨਿੱਕੇ ਵਿਦਿਆਰਥੀਆਂ ਵੱਲੋਂ ਮੂਲ ਮੰਤਰ ਅਤੇ ਜੈਕਾਰਿਆਂ ਨਾਲ ਪੰਡਾਲ ਵਿੱਚ ਰੂਹਾਨੀ ਮਾਹੌਲ ਬਣਾਇਆ ਗਿਆ।ਇਸ ਦੇ ਨਾਲ ਹੀ ਕਈ ਵਿਦਿਆਰਥੀਆਂ ਵੱਲੋਂ ਕਵਿਤਾਵਾਂ ਵੀ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਨੇ ਵਿਸਾਖੀ ਦੇ ਪਵਿੱਤਰ ਦਿਹਾੜੇ ਦੇ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਇੱਕ ਸ਼ਬਦ ਦੀ ਵਿਆਖਿਆ ਕਰਦੇ ਹੋਏ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਕਿਹਾ ਕਿ ਅਸੀਂ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦੇ ਹਾਂ ਜੋ ਆਪਣਾ ਮੇਹਰ ਭਰਿਆ ਹੱਥ ਹਮੇਸ਼ਾ ਸਮੂਹ ਬਲੌਸਮਜ਼ ਪਰਿਵਾਰ 'ਤੇ ਰੱਖਦੇ ਹਨ।ਵਿਦਿਆਰਥੀਆਂ ਵੱਲੋਂ ਕੀਰਤਨ ਦੀ ਪਾਈ ਗਈ ਸਾਂਝ ਉਨ੍ਹਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜੇਗੀ। ਵਿਸਾਖੀ ਦੇ ਇਸ ਪਵਿੱਤਰ ਦਿਹਾੜੇ 'ਤੇ ਉਨ੍ਹਾਂ ਨੇ ਸਮੂਹ ਸਮਾਜ ਨੂੰ ਵਧਾਈ ਦਿੱਤੀ ਅਤੇ ਨਵੇਂ ਸਾਲ ਦੀ ਸ਼ੁਰੂਆਤ ਲਈ ਅਰਦਾਸ ਕੀਤੀ। ਗੁਰੂ ਕਾ ਲੰਗਰ ਵੀ ਅਟੁੱਟ ਵਰਤਾਇਆ ਗਿਆ।ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰੈਜ਼ੀਡੈਂਟ ਸ. ਮਨਪ੍ਰੀਤ ਸਿੰਘ ਬਰੜ, ਸ. ਰਛਪਾਲ ਸਿੰਘ ਅਤੇ ਸ. ਗੁਰਜਿੰਦਰ ਸਿੰਘ ਸੇਖੋਂ ਨੇ ਹਾਜ਼ਰੀ ਭਰੀ ਅਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ। ਇਸ ਦੇ ਨਾਲ ਹੀ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਦਿਹਾੜੇ ਦੀਆਂ ਵਧਾਈਆਂ ਵੀ ਦਿੱਤੀਆਂ ਗਈਆਂ।




# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਸਮਾਗਮ ਅੱਜ

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਸੰਗਤ ਨੂੰ ਅੰਮ੍ਰਿਤ ਛਕਣ ਦੀ ਅਪੀਲ,



ਅੰਮ੍ਰਿਤਸਰ, 11 ਅਪ੍ਰੈਲ (ਬਬਲੂ ਮਹਾਜਨ): ਬੀਬੀ ਕੋਲਾ ਜੀ ਭਲਾਈ ਕੇਂਦਰ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਇਕ ਵਿਸ਼ੇਸ਼ ਧਾਰਮਿਕ ਸਮਾਗਮ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਦੀ ਅਗਵਾਈ ਹੇਠ ਬੀਬੀ ਕੋਲਾ ਜੀ ਭਲਾਈ ਕੇਂਦਰ ਵਿਖੇ 12 ਅਪ੍ਰੈਲ ਨੂੰ ਸਵੇਰੇ 10 ਵਜੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਬੀਬੀ ਕੌਲਾਂ ਜੀ ਭਲਾਈ ਕੇਂਦਰ ਦੇ ਕੀਰਤਨੀਏ ਭਾਈ ਸਾਹਿਬ ਭਾਈ ਸੁਖਵਿੰਦਰ ਸਿੰਘ ਗੋਗਾ ਵੀਰ ਜੀ ਨੇ ਦੱਸਿਆ ਕਿ ਇਹ ਸਮਾਗਮ ਖਾਲਸਾ ਪੰਥ ਦੀ ਸਥਾਪਨਾ ਦੇ ਇਤਿਹਾਸਕ ਦਿਨ ਨੂੰ ਸਮਰਪਿਤ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤ ਸੰਚਾਰ ਰਾਹੀਂ ਸੰਗਤ ਨੂੰ ਗੁਰੂ ਸਾਹਿਬਾਨ ਦੀ ਬਖ਼ਸ਼ੀ ਮਰਯਾਦਾ ਨਾਲ ਜੋੜਿਆ ਜਾਵੇਗਾ ਅਤੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ।ਉਨ੍ਹਾਂ ਹੋਰ ਦੱਸਿਆ ਇਸ ਨਾਲ ਨੌਜਵਾਨਾਂ ਵਿੱਚ ਧਾਰਮਿਕ ਚੇਤਨਾ ਵਧੇਗੀ ਅਤੇ ਉਹ ਸਿੱਖੀ ਨਾਲ ਹੋਰ ਮਜ਼ਬੂਤੀ ਨਾਲ ਜੁੜ ਸਕਣਗੇ।ਅੰਤ ਵਿੱਚ ਉਨ੍ਹਾਂ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ ਅਤੇ ਖਾਲਸਾ ਸਾਜਨਾ ਦਿਵਸ ਦੀਆਂ ਖੁਸ਼ੀਆਂ ਸਾਂਝੀਆਂ ਕਰਨ।

# ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਪਰਦਰਸ਼ਨੀ : ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਮਾਡਲ ਬਣੇ ਖਿੱਚ ਦਾ ਕੇਂਦਰ



ਅੰਮ੍ਰਿਤਸਰ, 11 ਅਪ੍ਰੈਲ (ਬਬਲੂ ਮਹਾਜਨ ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਮਾਝਾ ਜ਼ੋਨ ਦੀਆਂ ਵਿਦਿਅਕ ਸੰਸਥਾਵਾਂ ਵੱਲੋਂ ਅੱਜ ਖਾਲਸਾ ਸਾਜਨਾ ਦਿਵਸ (ਵਿਸਾਖੀ) ਦੇ ਸ਼ੁਭ ਦਿਹਾੜੇ ਨੂੰ ਸਮਰਪਿਤ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਸ੍ਰੀ ਦਰਬਾਰ ਸਾਹਿਬ ਕੰਪਲੈਕਸ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਉਤਸ਼ਾਹ ਨਾਲ ਸੰਪੰਨ ਹੋਇਆ।ਇਹ ਸਮਾਗਮ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸਕੱਤਰ ਵਿਦਿਆ ਸ. ਸੁਖਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਉਲੀਕਿਆ ਗਿਆ। ਇਸ ਦਾ ਮੁੱਖ ਮਕਸਦ ਨੌਜਵਾਨ ਪੀੜ੍ਹੀ ਨੂੰ ਆਪਣੇ ਅਮੀਰ ਵਿਰਸੇ, ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਨਾਲ ਜੋੜਨਾ ਸੀ।ਸਮਾਗਮ ਦੌਰਾਨ ਮਾਝਾ ਜ਼ੋਨ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਨੇ ਬੜੀ ਸ਼ਰਧਾ ਨਾਲ ਹਿੱਸਾ ਲਿਆ। ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਕਵਿਸ਼ਰੀ ਅਤੇ ਕਵਿਤਾਵਾਂ ਰਾਹੀਂ ਸਿੱਖ ਇਤਿਹਾਸ ਅਤੇ ਖਾਲਸੇ ਦੀ ਸਿਰਜਣਾ ਦੇ ਮਹੱਤਵ ਨੂੰ ਪੇਸ਼ ਕੀਤਾ ਗਿਆ। ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਕਾਲਜ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਰਸਭਿੰਨੇ ਕੀਰਤਨ ਨੇ ਹਾਜ਼ਰ ਸੰਗਤਾਂ ਨੂੰ ਮੰਤਰ-ਮੁਗਧ ਕਰ ਦਿੱਤਾ।ਇਸ ਮੌਕੇ ਵਿਦਿਅਕ ਸੰਸਥਾਵਾਂ ਵੱਲੋਂ ਸਿੱਖ ਇਤਿਹਾਸ ਨੂੰ ਦਰਸਾਉਂਦੀਆਂ ਵਿਸ਼ੇਸ਼ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਇਹਨਾਂ ਪ੍ਰਦਰਸ਼ਨੀਆਂ ਵਿੱਚ:ਵਿਦਿਆਰਥੀਆਂ ਨੇ ਸਿੱਖ ਇਤਿਹਾਸ ਦੀਆਂ ਮਹੱਤਵਪੂਰਨ ਘਟਨਾਵਾਂ ਤੇ ਅਧਾਰਿਤ ਸੁੰਦਰ ਮਾਡਲ ਤਿਆਰ ਕੀਤੇ।ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਦੇ ਵਿਦਿਆਰਥੀਆਂ ਦੀ ਪ੍ਰਦਰਸ਼ਨੀ ਖਿੱਚ ਦਾ ਮੁੱਖ ਕੇਂਦਰ ਰਹੀ, ਜਿੱਥੇ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਨੂੰ ਕਲਾਤਮਕ ਢੰਗ ਨਾਲ ਪੇਸ਼ ਕੀਤਾ ਗਿਆ।ਦਰਸ਼ਨ ਕਰਨ ਆਈਆਂ ਸੰਗਤਾਂ ਨੇ ਵਿਦਿਆਰਥੀਆਂ ਦੀ ਇਸ ਮਿਹਨਤ ਅਤੇ ਇਤਿਹਾਸਕ ਜਾਣਕਾਰੀ ਦੀ ਭਰਪੂਰ ਸ਼ਲਾਘਾ ਕੀਤੀ।ਇਸ ਸਮਾਗਮ ਨੇ ਜਿੱਥੇ ਵਿਦਿਆਰਥੀਆਂ ਅੰਦਰ ਧਾਰਮਿਕ ਜਜ਼ਬਾ ਪੈਦਾ ਕੀਤਾ, ਉੱਥੇ ਹੀ ਸੰਗਤਾਂ ਨੂੰ ਵੀ ਪੰਥਕ ਰਵਾਇਤਾਂ ਬਾਰੇ ਜਾਣੂ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਸਮਾਗਮ ਦੇ ਅੰਤ ਵਿੱਚ ਪ੍ਰਬੰਧਕਾਂ ਵੱਲੋਂ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਦਾ ਉਤਸ਼ਾਹ ਵਧਾਇਆ ਗਿਆ। ਇਸ ਮੌਕੇ ਸਕੱਤਰ ਸ ਬਲਵਿੰਦਰ ਸਿੰਘ ਕਾਹਲਵਾਂ , ਸਕੱਤਰ ਸ ਗੁਰਿੰਦਰ ਸਿੰਘ ਮਥਰੇਵਾਲ , ਮੀਤ ਸਕੱਤਰ ਸ ਗੁਰਦਿਆਲ ਸਿੰਘ , ਅਸਿਸਟੈਂਟ ਡਾਇਰੈਕਟਰ ਸਕੂਲ ਮੈਡਮ ਸਤਵੰਤ ਕੌਰ ਅਤੇ ਅਲੱਗ ਅਲੱਗ ਸੰਸਥਾਵਾਂ ਦੇ ਪ੍ਰਿੰਸੀਪਲ ਸਾਹਿਬਾਨ , ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਜੰਗਲੀ ਜੀਵਾਂ ਦੀ ਗਤੀਵਿਧੀ 'ਤੇ ਕਾਬੂ ਪਾਉਣ ਲਈ ਸਖ਼ਤ ਕਦਮ ਚੁੱਕਣ ਦੀ ਲੋੜ 'ਤੇ ਜ਼ੋਰ

ਅੰਮ੍ਰਿਤਸਰ, 11 ਅਪ੍ਰੈਲ (ਬਬਲੂ ਮਹਾਜਨ ) ਅੱਜ ਏਅਰਪੋਰਟ ਇਨਵਾਇਰਨਮੈਂਟ ਮੈਨੇਜਮੈਂਟ ਕਮੇਟੀ (ਏਈਐਮਸੀ) ਦੀ ਇੱਕ ਮਹੱਤਵਪੂਰਨ ਮੀਟਿੰਗ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਅੰਮ੍ਰਿਤਸਰ ਦੇ ਏਏਆਈ ਬਿਜ਼ਨਸ ਸੈਂਟਰ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਹਵਾਈ ਜਹਾਜ਼ਾਂ ਦੀ ਸੁਰੱਖਿਅਤ ਉਡਾਣ ਨਾਲ ਸੰਬੰਧਿਤ ਵਾਤਾਵਰਨਕ ਮਸਲਿਆਂ ਦੀ ਸਮੀਖਿਆ ਕੀਤੀ ਗਈ।ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ੍ਰੀ ਖੁਸ਼ਪ੍ਰੀਤ ਸਿੰਘ, ਪੀ.ਸੀ.ਐੱਸ. ਐੱਸ.ਡੀ.ਐੱਮ. ਲੋਪੋਕੇ, ਹਵਾਈ ਅੱਡੇ ਦੇ ਡਾਇਰੈਕਟਰ ਸ੍ਰੀ ਭੁਪੇਂਦਰਾ ਸਿੰਘ, ਸ੍ਰੀ ਆਦਿੱਤਯ ਵਾਰੀਅਰ ਐੱਸ.ਪੀ., ਸੀ.ਆਈ.ਐੱਸ.ਐੱਫ ਅਧਿਕਾਰੀ ਸ੍ਰੀ ਤੁਸ਼ਾਰ ਤੋਂ ਇਲਾਵਾ ਹੋਰ ਵੀ ਅਧਿਕਾਰੀ ਹਾਜ਼ਰ ਸਨ। ਮੀਟਿੰਗ ਦੌਰਾਨ ਕਮੇਟੀ ਵੱਲੋਂ ਹਵਾਈ ਅੱਡੇ ਦੇ ਆਲੇ-ਦੁਆਲੇ ਪੰਛੀਆਂ ਅਤੇ ਜੰਗਲੀ ਜੀਵਾਂ ਦੀ ਵੱਧ ਰਹੀ ਗਤੀਵਿਧੀ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਅਤੇ ਇਸ ਖ਼ਤਰੇ ਨੂੰ ਘਟਾਉਣ ਲਈ ਤੁਰੰਤ ਅਤੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ।

ਮੀਟਿੰਗ ਵਿੱਚ ਹਵਾਈ ਅੱਡੇ ਦੇ ਆਲੇ-ਦੁਆਲੇ ਪੰਛੀਆਂ ਦੀ ਗਤੀਵਿਧੀ ਨੂੰ ਰੋਕਣ, ਲੇਜ਼ਰ ਕਿਰਨਾਂ ਦਾ ਹਵਾਈ ਉਡਾਣ 'ਤੇ ਪ੍ਰਭਾਵ, ਗੈਰ-ਅਧਿਕਾਰਤ ਡਰੋਨ ਉਡਾਣਾਂ ਦੀ ਰੋਕਥਾਮ ਅਤੇ ਹਵਾਈ ਅੱਡੇ ਦੇ ਨੇੜੇ ਗੈਰ-ਕਾਨੂੰਨੀ ਨਿਰਮਾਣ ਰੋਕਣ ਵਰਗੇ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਤੋਂ ਇਲਾਵਾ ਕਮੇਟੀ ਵੱਲੋਂ ਹਵਾਈ ਅੱਡੇ ਦੇ ਆਲੇ-ਦੁਆਲੇ ਗੈਰ-ਅਧਿਕਾਰਤ ਝੁੱਗੀਆਂ, ਢਾਬਿਆਂ ਅਤੇ ਕਸਾਈਆਂ ਦੀਆਂ ਦੁਕਾਨਾਂ ਦੀ ਮੌਜੂਦਗੀ, ਕੂੜੇ ਦੀ ਗਲਤ ਨਿਕਾਸੀ, ਮਰੇ ਹੋਏ ਜਾਨਵਰਾਂ ਦੇ ਅਵਸ਼ੇਸ਼ਾਂ ਦੀ ਅਣਉਚਿਤ ਢੰਗ ਨਾਲ ਨਿਕਾਸੀ, ਖੁੱਲ੍ਹੇ ਗੰਦੇ ਪਾਣੀ ਅਤੇ ਨਿਕਾਸੀ ਪ੍ਰਣਾਲੀ ਬਾਰੇ ਵੀ ਗੰਭੀਰ ਚਿੰਤਾ ਜਤਾਈ ਗਈ, ਜੋ ਪੰਛੀਆਂ ਦੀ ਗਤੀਵਿਧੀ ਨੂੰ ਵਧਾਉਂਦੇ ਹਨ।ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਦੇ ਡਾਇਰੈਕਟਰ ਸ੍ਰੀ ਭੁਪੇਂਦਰਾ ਸਿੰਘ ਨੇ ਕਿਹਾ ਕਿ ਹਵਾਈ ਜਹਾਜ਼ਾਂ ਦੀ ਸੁਰੱਖਿਅਤ ਉਡਾਣ ਨੂੰ ਯਕੀਨੀ ਬਣਾਉਣਾ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਲਈ ਸਾਰੇ ਸੰਬੰਧਤ ਵਿਭਾਗਾਂ ਵੱਲੋਂ ਆਪਸੀ ਤਾਲਮੇਲ ਨਾਲ ਲਗਾਤਾਰ ਯਤਨ ਕਰਨ ਦੀ ਲੋੜ ਹੈ। ਇਸ ਮੌਕੇ 'ਤੇ ਇਹ ਵੀ ਜ਼ੋਰ ਦਿੱਤਾ ਗਿਆ ਕਿ ਗੈਰ-ਅਧਿਕਾਰਤ ਡਰੋਨ ਉਡਾਣਾਂ, ਲੇਜ਼ਰ ਦੀ ਵਰਤੋਂ ਅਤੇ ਗੈਰ-ਕਾਨੂੰਨੀ ਨਿਰਮਾਣ ਵਰਗੀਆਂ ਗਤੀਵਿਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਯਕੀਨੀ ਬਣਾਈ ਜਾਵੇ, ਕਿਉਂਕਿ ਇਹ ਹਵਾਈ ਸੁਰੱਖਿਆ ਲਈ ਸਿੱਧਾ ਖ਼ਤਰਾ ਹਨ।ਅੰਤ ਵਿੱਚ ਕਮੇਟੀ ਵੱਲੋਂ ਇਨ੍ਹਾਂ ਮਸਲਿਆਂ ਦੇ ਪ੍ਰਭਾਵਸ਼ਾਲੀ ਨਿਪਟਾਰੇ ਲਈ ਵੱਖ-ਵੱਖ ਵਿਭਾਗਾਂ ਵਿਚਕਾਰ ਬਿਹਤਰ ਸਹਿਯੋਗ ਅਤੇ ਨਿਰੰਤਰ ਨਿਗਰਾਨੀ ਨੂੰ ਬਹੁਤ ਜ਼ਰੂਰੀ ਕਰਾਰ ਦਿੱਤਾ ਗਿਆ। ਇਸ ਮੌਕੇ ਸ੍ਰੀ ਖੁਸ਼ਪ੍ਰੀਤ ਸਿੰਘ, ਪੀ.ਸੀ.ਐੱਸ. ਐੱਸ.ਡੀ.ਐੱਮ. ਲੋਪੋਕੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਸਾਰੇ ਮਸਲਿਆਂ ਨੂੰ ਹੱਲ ਕਰਨ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਵੇਗਾ। ਇਸ ਮੌਕੇ ਸ੍ਰੀ ਖੁਸ਼ਪ੍ਰੀਤ ਸਿੰਘ, ਪੀ.ਸੀ.ਐੱਸ. ਐੱਸ.ਡੀ.ਐੱਮ. ਲੋਪੋਕੇ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਸਾਰੇ ਮਸਲਿਆਂ ਨੂੰ ਹੱਲ ਕਰਨ ਲਈ ਹਰ ਤਰ੍ਹਾਂ ਦਾ ਸਹਿਯੋਗ ਦੇਵੇਗਾ।

# ਸ਼੍ਰੋਮਣੀ ਕਮੇਟੀ ਦੇ ਵਿਦਿਆ ਵਿਭਾਗ ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ

## ਵਿਦਿਅਕ ਸੰਸਥਾਵਾਂ ਵੱਲੋਂ ਲਗਾਈਆਂ ਕਲਾ ਪ੍ਰਦਰਸ਼ਨੀਆਂ ਸੰਗਤਾਂ ਲਈ ਬਣੀਆਂ ਖਿੱਚ ਦਾ ਕੇਂਦਰ



ਅੰਮ੍ਰਿਤਸਰ, 11 ਅਪ੍ਰੈਲ- (ਗੁਰਦਿਆਲ ਸਿੰਘ) :ਖ਼ਾਲਸੇ ਦੇ ਸਾਜਨਾ ਦਿਵਸ ਨੂੰ ਸਮਰਪਿਤ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੇ ਗੁਰਬਾਣੀ ਕੀਰਤਨ ਦੇ ਨਾਲ-ਨਾਲ ਕਵੀਸ਼ਰੀ ਅਤੇ ਕਵਿਤਾ ਰਾਹੀਂ ਹਾਜ਼ਰੀ ਭਰੀ। ਇਸ ਦੌਰਾਨ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਵਿਦਿਅਕ ਸੰਸਥਾਵਾਂ ਵੱਲੋਂ ਵਿਸ਼ੇਸ਼ ਤੌਰ 'ਤੇ ਕਲਾ ਪ੍ਰਦਰਸ਼ਨੀਆਂ ਲਗਾਈਆਂ ਗਈਆਂ, ਜੋ ਸੰਗਤਾਂ ਲਈ ਖਿੱਚ ਦਾ ਕੇਂਦਰ ਰਹੀਆਂ। ਇਸ ਦੇ ਨਾਲ ਹੀ ਵਿਦਿਆਰਥੀਆਂ ਦੇ ਗਤਕਾ ਮੁਕਾਬਲੇ ਵੀ ਪ੍ਰਭਾਵਸ਼ਾਲੀ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਸ. ਗੁਰਿੰਦਰ ਸਿੰਘ ਮਥਰੇਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਨਿਰਦੇਸ਼ਾਂ 'ਤੇ ਸੰਸਥਾ ਦੇ ਪ੍ਰਬੰਧ ਅਧੀਨ ਚੱਲਦੇ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਦਾ ਇਹ ਵਿਸ਼ੇਸ਼ ਸਮਾਗਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਮਾਗਮ ਦਾ ਮੰਤਵ ਬੱਚਿਆਂ ਅਤੇ ਨੌਜੁਆਨਾਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨਾ ਅਤੇ ਇਤਿਹਾਸ ਦੀ ਜਾਣਕਾਰੀ ਦੇਣਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਆਪਣੀਆਂ ਵਿਦਿਅਕ ਸੰਸਥਾਵਾਂ ਵਿੱਚ ਦੁਨਿਆਵੀ ਵਿਦਿਆ ਦੇ ਨਾਲ ਨਾਲ ਬੱਚਿਆਂ ਨੂੰ ਆਪਣੀ ਵਿਰਾਸਤ ਨਾਲ ਜੋੜਣ ਦਾ ਵੀ ਉਪਰਾਲਾ ਕਰਦੀ ਹੈ। ਵਿਦਿਆਰਥੀਆਂ ਨੂੰ ਧਰਮ ਦੀ ਸਿੱਖਿਆ ਦੇਣ ਦੇ ਨਾਲ ਸਿੱਖ ਜੰਗਜੂ ਕਲਾ ਗਤਕੇ ਦੀ ਵੀ ਸਿੱਖਿਆ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਖੁਸ਼ੀ ਦੀ ਗੱਲ ਹੈ ਕਿ ਅੱਜ ਦੇ ਸਮਾਗਮ ਵਿਚ ਵਿਦਿਆਰਥੀਆਂ ਵੱਲੋਂ ਜਿਥੇ ਗੁਰਬਾਣੀ ਕੀਰਤਨ ਕੀਤਾ ਗਿਆ, ਉਥੇ ਹੀ ਕਵੀਸ਼ਰੀ ਅਤੇ ਕਵਿਤਾਵਾਂ ਰਾਹੀਂ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਅਤੇ ਬਾਣੀ ਤੇ ਬਾਣੇ ਦੇ ਧਾਰਨੀ ਬਨਾਉਣ। ਇਸੇ ਦੌਰਾਨ ਘੰਟਾ ਘਰ ਪਲਾਜੇ ਵਿਖੇ ਵਿਸ਼ੇਸ਼ ਤੌਰ 'ਤੇ ਸਿੱਖ ਜੰਗਜੂ ਕਲਾ ਗਤਕਾ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆ ਵਿਚ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਦਾ ਸੰਗਤਾਂ ਨੇ ਵੀ ਆਨੰਦ ਮਾਣਿਆ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਭਲਾਈਪੁਰ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਡਿਪਟੀ ਡਾਇਰੈਕਟਰ ਬੀਬੀ ਸਤਵੰਤ ਕੌਰ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ ਤੇ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਯੁਵਰਾਜ ਸਿੰਘ, ਸਹਾਇਕ ਸੁਪ੍ਰਿੰਟੈਂਡੈਂਟ ਸ. ਪ੍ਰਭਜੋਤ ਸਿੰਘ, ਕਥਾਵਾਚਕ ਗਿਆਨੀ ਹਰਮਿੱਤਰ ਸਿੰਘ, ਪ੍ਰਿੰਸੀਪਲ ਸ. ਕੁਲਵਿੰਦਰ ਸਿੰਘ, ਪ੍ਰਿੰਸੀਪਲ ਸ. ਚਰਨਜੀਤ ਸਿੰਘ, ਪ੍ਰਿੰਸੀਪਲ ਸ. ਹਰਮਨਦੀਪ ਸਿੰਘ, ਪ੍ਰਿੰਸੀਪਲ ਸ. ਰੁਪਿੰਦਰ ਸਿੰਘ, ਪ੍ਰਿੰਸੀਪਲ ਬੀਬੀ ਮਨਿੰਦਰਪਾਲ ਕੌਰ, ਪ੍ਰਿੰਸੀਪਲ ਬੀਬੀ ਮਮਤਾ ਕੌਰ, ਪ੍ਰਚਾਰਕ/ਨਿਗਰਾਨ ਭਾਈ ਬਲਵੰਤ ਸਿੰਘ ਐਨੋਕੋਟ, ਗ੍ਰੰਥੀ ਗਿਆਨੀ ਬਲਵੰਤ ਸਿੰਘ, ਗਿਆਨੀ ਬਲਜੀਤ ਸਿੰਘ, ਗਿਆਨੀ ਗੁਰਮੀਤ ਸਿੰਘ, ਗਿਆਨੀ ਗੁਰਲਾਲ ਸਿੰਘ, ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਵਡਾਲਾ, ਭਾਈ ਗੁਰਰਾਜ ਸਿੰਘ, ਭਾਈ ਮਨਦੀਪ ਸਿੰਘ ਝੰਡੇਰ, ਭਾਈ ਮਨਦੀਪ ਸਿੰਘ ਅਬਦਾਲ, ਭਾਈ ਜੱਜ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਦਿਲਬਾਗ ਸਿੰਘ ਭੰਗਾਲੀ, ਭਾਈ ਸੁਖਰਾਜ ਸਿੰਘ, ਭਾਈ ਨਵਜੋਤ ਸਿੰਘ, ਗਤਕਾ ਕੋਚ ਸ. ਸੁਪ੍ਰੀਤ ਸਿੰਘ, ਸ. ਗੁਰਪ੍ਰੀਤ ਸਿੰਘ ਤੇ ਸੰਗਤਾਂ ਮੌਜੂਦ ਸਨ।

# ਮਹਿਲਾਵਾਂ ਦੀ ਘੱਟ ਨੁਮਾਇੰਦਗੀ ਵਿਸ਼ੇ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ 'ਚ ਵਿਸ਼ੇਸ਼ ਲੈਕਚਰ

## ਮਰਦ ਪ੍ਰਧਾਨਤਾ ਅਜੇ ਵੀ ਰਾਜਨੀਤਿਕ ਢਾਂਚਿਆਂ, ਸਮਾਜਕ ਸੋਚ ਅਤੇ ਹੋਰ ਖੇਤਰਾਂ ਵਿਚ ਭਾਰੂ : ਪ੍ਰੋ.ਫੈਸਰ ਗੁਪਤਾ, ਪ੍ਰੋ.ਫੈਸਰ ਲਹਿਲ



ਅੰਮ੍ਰਿਤਸਰ, 11 ਅਪ੍ਰੈਲ ( ਗੁਰਦਿਆਲ ਸਿੰਘ )- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸੋਸ਼ਿਆਲੋਜੀ ਅਤੇ ਰਾਜਨੀਤੀ ਵਿਗਿਆਨ ਵਿਭਾਗ ਵੱਲੋਂ ਉਪਕੁਲਪਤੀ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਰਹਿਨੁਮਾਈ ਹੇਠ ਵਿਧਾਨਿਕ ਪ੍ਰਣਾਲੀਆਂ ਵਿੱਚ ਮਹਿਲਾਵਾਂ ਦੀ ਘੱਟ ਨੁਮਾਇੰਦਗੀ ਸਬੰਧੀ ਮੁੱਦੇ ਅਤੇ ਚਿੰਤਾਵਾਂ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਤੇ ਇੰਟਰੈਕਟਿਵ ਟਾਕ ਕਰਵਾਈ ਗਈ। ਇਹ ਪ੍ਰੋਗਰਾਮ 'ਨਾਰੀ ਸ਼ਕਤੀ ਵੰਦਨ ਅਧਿਨਿਯਮ, 2023' ਦੇ ਤਹਿਤ ਆਯੋਜਿਤ ਕੀਤਾ ਗਿਆ।ਇਸ ਮੌਕੇ 'ਤੇ ਪ੍ਰਸਿੱਧ ਵਿਦਵਾਨ ਪ੍ਰੋ. ਨਮਿਤਾ ਗੁਪਤਾ (ਸੈਂਟਰ ਫਾਰ ਹਿਊਮਨ ਰਾਈਟਸ ਐਂਡ ਡਿਊਟੀਜ਼ ਅਤੇ ਡੀਨ ਵਿਦਿਆਰਥੀ ਭਲਾਈ (ਵਿਮੈਨ), ਪੰਜਾਬ ਯੂਨੀਵਰਸਿਟੀ ) ਅਤੇ ਪ੍ਰੋ. ਰਿਤੂ ਲਹਿਲ (ਡੀਨ ਰਿਸਰਚ, ਪੰਜਾਬੀ ਯੂਨੀਵਰਸਿਟੀ ) ਨੇ ਮੁੱਖ ਵਕਤਾਵਾਂ ਵਜੋਂ ਸੰਬੋਧਨ ਕੀਤਾ। ਦੋਹਾਂ ਵਿਦਵਾਨਾਂ ਨੇ ਦੱਸਿਆ ਕਿ ਮਰਦ ਪ੍ਰਧਾਨਤਾ ਅਜੇ ਵੀ ਰਾਜਨੀਤਿਕ ਢਾਂਚਿਆਂ, ਸਮਾਜਕ ਸੋਚ ਅਤੇ ਵੋਟਾਂ ਦੇ ਮੌਕਿਆਂ 'ਤੇ ਅਸਰ ਪਾਉਂਦੀ ਹੈ, ਜਿਸ ਕਾਰਨ ਮਹਿਲਾਵਾਂ ਦੀ ਵਿਧਾਨਿਕ ਸਥਾਨਾਂ 'ਚ ਪਹੁੰਚ ਸੀਮਿਤ ਰਹਿੰਦੀ ਹੈ।ਉਨ੍ਹਾਂ ਕਿਹਾ ਕਿ ਸਿਰਫ਼ ਗਿਣਤੀ ਵਧਾਉਣਾ ਕਾਫ਼ੀ ਨਹੀਂ, ਸਗੋਂ ਮਹਿਲਾਵਾਂ ਨੂੰ ਨੀਤੀ ਬਣਾਉਣ, ਵਿਚਾਰ-ਵਟਾਂਦਰੇ ਵਿੱਚ ਹਿੱਸਾ ਲੈਣ ਅਤੇ ਫੈਸਲੇ ਕਰਨ ਦੀ ਅਸਲ ਤਾਕਤ ਮਿਲਣੀ ਚਾਹੀਦੀ ਹੈ।ਪ੍ਰੋ. (ਡਾ.) ਹਰਵਿੰਦਰ ਸਿੰਘ ਸੈਣੀ, ਡੀਨ ਅਕਾਦਮਿਕ ਮਾਮਲੇ ਨੇ ਲੈਕਚਰ ਦੀ ਪ੍ਰਧਾਨਗੀ ਕੀਤੀ ਜਦਕਿ ਉਦਘਾਟਨੀ ਭਾਸਣ ਪ੍ਰੋ. (ਡਾ.) ਸਤਨਾਮ ਸਿੰਘ ਦਿਓਲ, ਡੀਨ ਵਿਦਿਆਰਥੀ ਭਲਾਈ ਵੱਲੋਂ ਦਿੱਤਾ ਗਿਆ।ਚਰਚਾ ਦਾ ਵੱਡਾ ਹਿੱਸਾ 106ਵੇਂ ਸੰਵਿਧਾਨਕ ਸੰਸ਼ੋਧਨ, ਜਿਸਨੂੰ ਨਾਰੀ ਸ਼ਕਤੀ ਵੰਦਨ ਅਧਿਨਿਯਮ, 2023 ਵੀ ਕਿਹਾ ਜਾਂਦਾ ਹੈ, 'ਤੇ ਕੇਂਦਰਿਤ ਰਿਹਾ। ਇਸ ਤਹਿਤ ਲੋਕ ਸਭਾ, ਰਾਜ ਵਿਧਾਨ ਸਭਾਵਾਂ ਅਤੇ ਦਿੱਲੀ ਵਿਧਾਨ ਸਭਾ ਵਿੱਚ ਮਹਿਲਾਵਾਂ ਲਈ ਸੀਟਾਂ ਰਾਖਵਾਂ ਕਰਨ ਦੀ ਵਿਵਸਥਾ ਹੈ। ਵਕਤਾਵਾਂ ਨੇ ਕਿਹਾ ਕਿ ਇਹ ਕਾਨੂੰਨ ਲਿੰਗ ਸਮਾਨਤਾ ਵੱਲ ਇਕ ਇਤਿਹਾਸਕ ਕਦਮ ਹੈ, ਪਰ ਇਸਦੀ ਲਾਗੂ ਕਰਨ ਦੀ ਪ੍ਰਕਿਰਿਆ ਅਤੇ ਅਸਲ ਪ੍ਰਭਾਵ 'ਤੇ ਵੀ ਧਿਆਨ ਦੇਣ ਦੀ ਲੋੜ ਹੈ।ਇਸ ਮੌਕੇ ਔਰਤਾਂ ਦੀ ਪ੍ਰਸ਼ਾਸਨਿਕ ਅਤੇ ਰਾਜਨੀਤਿਕ ਪ੍ਰਣਾਲੀਆਂ ਵਿੱਚ ਸ਼ਮੂਲੀਅਤ ਬਾਰੇ ਅੰਤਰਰਾਸ਼ਟਰੀ ਉਦਾਹਰਨਾਂ ਵੀ ਸਾਂਝੀਆਂ ਕੀਤੀਆਂ ਗਈਆਂ ।ਇਸ ਚਰਚਾ ਨੇ ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਾਂਰਥੀਆਂ ਵਿਚਕਾਰ ਗੰਭੀਰ ਸੰਵਾਦ ਨੂੰ ਜਨਮ ਦਿੱਤਾ ਅਤੇ ਮਹਿਲਾਵਾਂ ਦੀ ਰਾਜਨੀਤਿਕ ਭਾਗੀਦਾਰੀ ਨਾਲ ਜੁੜੀਆਂ ਚੁਣੌਤੀਆਂ ਅਤੇ ਸੁਧਾਰਾਂ ਬਾਰੇ ਵਿਆਪਕ ਸਮਝ ਪੈਦਾ ਕੀਤੀ। ਡਾ. ਨਿਰਮਲਾ ਦੇਵੀ ਨੇ ਪ੍ਰੋਗਰਾਮ ਦਾ ਸੰਚਾਲਨ ਕੀਤਾ ਅਤੇ ਸਮਾਗਮ ਦੇ ਅੰਤ 'ਤੇ ਡਾ. ਮਲਕੀਅਤ ਸਿੰਘ ਨੇ ਸਾਰੇ ਹਾਜ਼ਰੀਨਾਂ ਦਾ ਧੰਨਵਾਦ ਕੀਤਾ।

# ਮਥੁਰਾ ਵਿਖੇ ਹਾਦਸੇ ਦੌਰਾਨ ਜਾਨਾਂ ਗਵਾਉਣ ਵਾਲਿਆਂ ਪ੍ਰਤੀ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪ੍ਰਗਟਾਈ ਸੰਵੇਦਨਾ

ਅੰਮ੍ਰਿਤਸਰ, 11 ਅਪ੍ਰੈਲ- ਗੁਰਦਿਆਲ ਸਿੰਘ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਉਤਰ ਪ੍ਰਦੇਸ਼ 'ਚ ਮਥੁਰਾ ਦੇ ਵ੍ਰਿੰਦਾਵਨ ਵਿਖੇ ਕਿਸ਼ਤੀ ਪਲਟਣ ਨਾਲ ਹੋਏ ਭਿਆਨਕ ਹਾਦਸੇ 'ਚ ਮਾਰੇ ਗਏ ਲੋਕਾਂ ਪ੍ਰਤੀ ਸੰਵੇਦਨਾ ਪ੍ਰਗਟ ਕੀਤੀ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਪੀੜ੍ਹਤ ਪਰਿਵਾਰਾਂ ਲਈ ਬਹੁਤ ਦੁਖਦਾਈ ਹੈ, ਜਿਨ੍ਹਾਂ ਨੇ ਆਪਣਿਆਂ ਨੂੰ ਗਵਾਇਆ ਹੈ। ਉਨ੍ਹਾਂ ਹਾਦਸੇ ਵਿਚ ਜਾਨਾਂ ਗਵਾਉਣ ਵਾਲਿਆਂ ਪ੍ਰਤੀ ਕਰਤਾ ਪੁਰਖੁ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀਆਂ ਰੂਹਾਂ ਨੂੰ ਚਰਨਾਂ ਵਿਚ ਨਿਵਾਸ ਅਤੇ ਪਿੱਛੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੀੜ੍ਹਤ ਪਰਿਵਾਰਾਂ ਦੇ ਦੁੱਖ ਵਿਚ ਸ਼ਰੀਕ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਮਥੁਰਾ ਵਿਖੇ ਸਥਿਤ ਗੁਰਦੁਆਰਾ ਸਾਹਿਬ ਵਿਖੇ ਯੂ.ਪੀ. ਸਿੱਖ ਮਿਸ਼ਨ ਹਾਪੁੜ ਦੇ ਇੰਚਾਰਜ ਸ. ਬ੍ਰਿਜਪਾਲ ਸਿੰਘ ਦੀ ਡਿਊਟੀ ਲਗਾਈ ਗਈ ਹੈ, ਜੋ ਲੋੜ ਅਨੁਸਾਰ ਪੀੜਤਾਂ ਦੀ ਸਹਾਇਤਾ ਕਰਨਗੇ।

# ਸ਼ਹੀਦ ਭਾਈ ਮੇਵਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਪਹਿਲਾ ਕਬੱਡੀ ਕੱਪ ਕਰਵਾਇਆ



ਚੋਗਾਵਾਂ, 11 ਅਪ੍ਰੈਲ (ਸੁਬੇਗ ਸਿੰਘ ਸੋਨਾ) ਕੈਨੇਡਾ ਦੀ ਧਰਤੀ ਤੇ ਆਪਣੀ ਜਾਨ ਵਾਰਨ ਵਾਲੇ ਆਜ਼ਾਦੀ ਦੇ ਪ੍ਰਵਾਨੇ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦੀ ਯਾਦ ਵਿੱਚ ਪਹਿਲਾ ਕਬੱਡੀ ਕੱਪ ਸ਼ਹੀਦ ਭਾਈ ਮੇਵਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ,ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ, ਆਮ ਆਦਮੀ ਪਾਰਟੀ ਦੇ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਉਹਨਾਂ ਦੇ ਨਾਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਚੇਅਰਮੈਨ ਲਖਵਿੰਦਰ ਸਿੰਘ ਭਿੰਡੀ ਸੈਦਾਂ, ਬੀ.ਡੀ.ਓ. ਸ਼ਮਸ਼ੇਰ ਸਿੰਘ, ਵੀ.ਡੀ.ਓ. ਭੁਪਿੰਦਰ ਸਿੰਘ, ਸਰਪੰਚ ਤੇਜਬੀਰ ਸਿੰਘ ਬੱਗੇ ਕਲਾਂ, ਆਦਿ ਪਹੁੰਚੇ। ਉਨ੍ਹਾਂ ਕਬੱਡੀ ਕੱਪ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਇੰਟਰਨੈਸ਼ਨਲ ਕਬੱਡੀ ਦੀ ਟੀਮਾਂ ਅਨੰਦਪੁਰ ਸਾਹਿਬ ਕਬੱਡੀ ਕਲੱਬ, ਬੀੜ ਸਾਹਿਬ ਕਬੱਡੀ ਕਪੂਰਥਲਾ, ਪੰਜਾਬ ਲਾਈਨ ਕਬੱਡੀ ਕਲੱਬ, ਮਾਝਾ ਕਬੱਡੀ ਕਲੱਬ, ਮਾਲਵਾ ਕਬੱਡੀ ਕਲੱਬ, ਸੱਕਰਪੁਰ ਕਬੱਡੀ ਕਲੱਬ ਟੀਮਾਂ ਦੇ ਸਖਤ ਮੁਕਾਬਲੇ ਵੇਖਣ ਨੂੰ ਮਿਲੇ। ਜੇਤੂ ਟੀਮਾਂ ਨੂੰ ਕਬੱਡੀ ਕੱਪ, ਟਰੋਫੀਆਂ ਲੱਖਾਂ ਦੀ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿੱਤ ਮੰਤਰੀ ਚੀਮਾ, ਈਟੀਓ ਹਰਭਜਨ ਸਿੰਘ, ਕੁਲਦੀਪ ਸਿੰਘ ਧਾਲੀਵਾਲ, ਈਟੀਓ ਹਰਭਜਨ ਸਿੰਘ ਨੇ ਅਜ਼ਾਦੀ ਘੁਲਾਟੀਆ ਸ਼ਹੀਦ ਮੇਵਾ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਵਿੱਤ ਮੰਤਰੀ ਚੀਮਾ ਨੇ ਪਿੰਡ ਦੇ ਵਿਕਾਸ ਲਈ 20 ਲੱਖ ਰੁਪਏ ਗਰਾਂਟ ਦੇਣ ਦਾ ਐਲਾਨ ਕੀਤਾ। ਨੌਜਵਾਨਾਂ ਨੂੰ ਖੇਡ ਕਿੱਟਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਰਾਜ ਸਰਕਾਰ ਵੱਲੋਂ 6000 ਖੇਡ ਸਟੇਡੀਅਮ ਹੋਰ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਪੰਜਾਬ ਦੇ ਨੌਜਵਾਨ ਇੱਕ ਵਾਰ ਫਿਰ ਕੌਮੀ ਤੇ ਕੌਮਾਂਤਰੀ ਪੱਧਰ ਤੇ ਆਪਣਾ ਅਤੇ ਆਪਣੇ ਦੇਸ਼ ਦਾ ਨਾਮ ਰੋਸ਼ਨ ਕਰਨਗੇ। ਪੰਜਾਬ ਸਰਕਾਰ ਵੱਲੋਂ ਆਪਣੇ ਬਜਟ ਵਿੱਚ ਖੇਡਾਂ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਬਜਟ ਰੱਖਿਆ ਗਿਆ ਹੈ। ਵਿਧਾਨ ਸਭਾ ਹਲਕਾ ਰਾਜਾ ਸਾਂਸੀ ਨੂੰ ਵਿਕਾਸ ਕਾਰਜਾਂ ਲਈ 50 ਕਰੋੜ ਰੁਪਏ ਦਿੱਤੇ ਜਾਣਗੇ। ਸ਼ਾਮ ਨੂੰ ਪੰਜਾਬ ਦੇ ਪ੍ਰਸਿੱਧ ਗਾਇਕ ਮਨਕੀਰਤ ਔਲਖ ਤੇ ਰੂਪ ਭੁੱਲਰ ਨੇ ਆਏ ਹੋਏ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ।ਇਸ ਮੌਕੇ ਜਲੰਧਰ ਦੂਰਦਰਸ਼ਨ ਦੇ ਸਾਬਕਾ ਡਾਇਰੈਕਟਰ ਹਰਜਿੰਦਰ ਸਿੰਘ ਰੰਧਾਵਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਨਿਹਾਲ ਸਿੰਘ, ਚੇਅਰਮੈਨ ਲਖਵਿੰਦਰ ਸਿੰਘ ਲੱਖਾ, ਬੀ.ਡੀ.ਓ. ਸ਼ਮਸ਼ੇਰ ਸਿੰਘ, ਵੀ.ਡੀ.ਓ. ਭੁਪਿੰਦਰ ਸਿੰਘ, ਹਰਵਿੰਦਰ ਸਿੰਘ ਸੈਕਟਰੀ ਬਲਾਕ ਚੋਗਾਵਾਂ, ਸੁਖਦੀਪ ਸਿੰਘ ਛੀਨਾ, ਜੋਬਨ ਝੰਜੋਟੀ, ਸਾਬਕਾ ਸਰਪੰਚ ਅਮਰਦੀਪ ਸਿੰਘ, ਆਲਮ, ਸੁੱਖ ਲੋਪੋਕੇ, ਸਰਪੰਚ ਗੁਰਭੇਜ ਸਿੰਘ ਸ਼ਾਹ, ਮੇਜਰ ਸਿੰਘ ਭਿੰਡਰ, ਗੁਰਕੀਰਤ ਸਿੰਘ, ਸ਼ਮਸ਼ੇਰ ਸਿੰਘ ਸ਼ਾਹ, ਬਲਜੀਤ ਸਿੰਘ ਸੈਦਪੁਰ, ਜਪਿੰਦਰ ਸਿੰਘ ਟਪਿਆਲਾ, ਬਲਾਕ ਪ੍ਰਧਾਨ ਅਮਰਜੀਤ ਸਿੰਘ ਸ਼ਹੂਰਾ, ਸਰਪੰਚ ਅਵਤਾਰ ਸਿੰਘ ਲਾਲੀ ਸਾਰੰਗੜਾ, ਬਲਾਕ ਪ੍ਰਧਾਨ ਦਵਿੰਦਰ ਸਿੰਘ ਭੁੱਲਰ, ਗੁਰਜੀਤ ਸਿੰਘ, ਵਾਈਸ ਪ੍ਰਧਾਨ ਰਾਮ ਸਿੰਘ ਚੋਗਾਵਾਂ, ਸਰਪੰਚ ਜਸਪਾਲ ਸਿੰਘ ਭੀਲੋਵਾਲ ਕੱਚਾ, ਬਲਾਕ ਪ੍ਰਧਾਨ ਤਰਸੇਮ ਸਿੰਘ ਛੰਨ ਕੋਹਾਲੀ, ਸਰਪੰਚ ਦਰਬਾਰਾ ਸਿੰਘ ਛੰਨ ਕੱਲੇਵਾਲ, ਸਰਪੰਚ ਹਰਵਿੰਦਰ ਸਿੰਘ ਕੋਹਾਲਾ, ਰਵੀਸ਼ੇਰ ਸਿੰਘ ਪ੍ਰੀਤ ਨਗਰ, ਗੁਰਪਾਲ ਸਿੰਘ ਸਰਪੰਚ ਮੱਲੂ ਨੰਗਲ, ਸਰਪੰਚ ਗੌਤਮ ਮਹਿਤਾ ਭੀਲੋਵਾਲ, ਸੋਨੀ, ਸਰਪੰਚ ਜਤਿੰਦਰ ਸਿੰਘ, ਸਰਪੰਚ ਜਵਾਲਾ ਸਿੰਘ, ਪਰਮਜੀਤ ਸਿੰਘ, ਹਰਪ੍ਰੀਤ ਸਿੰਘ ਹੈਪੀ, ਜਰਮਨਜੀਤ ਸਿੰਘ ਕਾਵੇ, ਰਾਜਬੀਰ ਸਿੰਘ ਨਿਰਮਲ, ਮਿੰਟਾਂ, ਪੰਜਾਬ ਭੁੱਲਰ, ਆਦਿ ਸਮੇਤ ਵੱਖ-ਵੱਖ ਪਿੰਡਾਂ ਦੇ ਪੰਚੋ ਸਰਪੰਚ ਤੇ ਮੋਹਤਤਬਰ ਹਾਜ਼ਰ ਸਨ।

# ਡੀ. ਏ. ਵੀ. ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

ਦੀਨਾਨਗਰ 11 ਅਪ੍ਰੈਲ (ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ ) ਐੱਸ. ਐੱਸ. ਡੀ. ਏ. ਵੀ. ਸੀਨੀਅਰ ਸੈਕੰਡਰੀ ਸਕੂਲ ਅਵਾਂਖਾ ਦੀਨਾਨਗਰ ਦਾ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋ ਸਾਲ 25-26 ਦੇ ਵੀ ਜਮਾਤ ਦੀ ਪ੍ਰੀਖਿਆ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ। ਇਸ ਵਿੱਚ ਸਕੂਲ ਦੇ ਕੁੱਲ 54 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ। ਜਿਸ ਵਿੱਚ 4 ਵਿਦਿਆਰਥੀਆਂ ਨੇ 90% ਤੋ ਜਿਆਦਾ ਨੰਬਰ, 17 ਵਿਦਿਆਰਥੀਆਂ ਨੇ 80% ਤੋ ਵੱਧ ਨੰਬਰ ਹਾਸਿਲ ਕੀਤੇ। ਅੱਠਵੀਂ ਜਮਾਤ ਦੀ ਗਰਿਮਾ ਨੇ 600 ਚੋ 564 (94%) ਨੰਬਰ ਹਾਸਲ ਕਰਕੇ ਪਹਿਲਾ ਸਥਾਨ, ਗੀਤਾਂਜਲੀ ਨੇ 557 (92.8%) ਨੰਬਰ ਪ੍ਰਾਪਤ ਕਰਕੇ ਦੂਜਾ ਸਥਾਨ, ਮੁਸਕਾਨਦੀਪ ਨੇ 554(92.3%) ਨੰਬਰ ਹਾਸਲ ਕਰਕੇ ਤੀਸਰਾ ਸਥਾਨ ਕਾਵਿਆ ਨੇ 550 (91.6%) ਨੰਬਰ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਿਲ ਕੀਤਾ। ਬਾਕੀ ਸਾਰੇ ਵਿਦਿਆਰਥੀਆਂ ਨੇ ਵੀ 60% ਤੋ 70% ਅੰਕ ਪ੍ਰਾਪਤ ਕੀਤੇ। ਪ੍ਰਿੰਸੀਪਲ ਰਚਨਾ ਸੈਣੀ ਨੇ ਦੱਸਿਆ ਕਿ ਇਸ ਵਧੀਆ ਨਤੀਜ਼ੇ ਦਾ ਸਿਹਰਾ ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਜਾਂਦਾ ਹੈ। ਸਕੂਲ ਕਮੇਟੀ ਦੇ ਪ੍ਰਬੰਧਕ ਅਰਵਿੰਦ ਮਹਿਤਾ,ਸਚਿਵ ਮਧੁਰ ਭਾਸ਼ਿਣੀ ਅਤੇ ਪ੍ਰਬੰਧਕ ਰਾਜਨ ਮਹਿਤਾ ਨੇ ਇਸ ਸਫ਼ਲਤਾ ਤੇ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਜੀਵਨ ਭਰ ਸੇਵਾ ਨੂੰ ਸਮਰਪਿਤ ਰਹੇ ਸੰਤ ਗੁਰਦਿਆਲ ਸਿੰਘ ਭੂਰੀਵਾਲੇ



ਅੰਮ੍ਰਿਤਸਰ, 11 ਅਪ੍ਰੈਲ (ਬਬਲੂ ਮਹਾਜਨ) :ਸਥਾਨਕ ਤਰਨ ਤਾਰਨ ਰੋਡ ਤੇ ਸਥਿਤ ਡੇਰਾ ਕਾਰ ਸੇਵਾ ਸੰਤ ਭੂਰੀ ਵਾਲਿਆਂ ਦੇ ਅਸਥਾਨ ਨਿਰਮਲੇ ਤਪੋਬਨ ਵਿਖੇ ਸੱਚਖੰਡ ਵਾਸੀ ਬ੍ਰਹਮ ਗਿਆਨੀ ਸੰਤ ਬਾਬਾ ਗੁਰਦਿਆਲ ਸਿੰਘ ਜੀ ਭੂਰੀ ਵਾਲਿਆਂ ਦੀ ਸਲਾਨਾ ਬਰਸੀ ਸਮਾਗਮ ਦੇ ਸਬੰਧ ਵਿਚ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੰਗਤਾਂ ਨੂੰ ਸੰਬੋਧਨ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਜੀ ਨੇ ਬੜੇ ਹੀ ਭਾਵਪੂਰਨ ਸ਼ਬਦਾਂ ਵਿਚ ਬਾਬਾ ਜੀ ਦੀ ਮਹਾਨ ਸ਼ਖਸੀਅਤ ਨੂੰ ਯਾਦ ਕੀਤਾ। ਉਨ੍ਹਾਂ ਕਿਹਾ ਕਿ ਨਾਮਬਾਣੀ ਦੇ ਰਸੀਏ, ਸੇਵਾ ਅਤੇ ਸਿਮਰਨ ਦੀ ਮਹਾਨ ਉਦਾਹਰਣ ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਆਪਣਾ ਸਮੁੱਚਾ ਜੀਵਨ ਗੁਰੂ ਘਰ ਦੀ ਸੇਵਾ ਨੂੰ ਸਮਰਪਿਤ ਕਰ ਦਿੱਤਾ। ਉਨ੍ਹਾਂ ਵੱਲੋਂ ਇਤਿਹਾਸਕ ਗੁਰਧਾਮਾਂ ਵਿਚ ਸ਼ਰਧਾ ਭਾਵਨਾ ਅਤੇ ਨਿਮਰਤਾ ਨਾਲ ਕੀਤੀ ਗਈ ਕਾਰ ਸੇਵਾ ਅੱਜ ਵੀ ਸੰਗਤ ਲਈ ਪ੍ਰੇਰਨਾ ਸਰੋਤ ਹੈ।ਬਾਬਾ ਜੀ ਦੀ ਸ਼ਖਸੀਅਤ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਗਿਆਨੀ ਬਲਜੀਤ ਸਿੰਘ ਜੀ ਨੇ ਉਨ੍ਹਾਂ ਨੂੰ ਬ੍ਰਹਮਗਿਆਨੀ ਮਹਾਪੁਰਖ ਵਜੋਂ ਯਾਦ ਕੀਤਾ। ਉਹਨਾਂ ਵੱਲੋਂ ਵਰੋਸਾਏ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀਵਾਲੇ ਤੇ ਬਾਬਾ ਸੁਖਵਿੰਦਰ ਸਿੰਘ ਜੀ ਨੇ ਉਹਨਾਂ ਦੇ ਨਕਸ਼ੇ ਕਦਮ ਤੇ ਚੱਲਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਇਤਿਹਾਸਿਕ ਗੁਰਧਾਮਾਂ ਵਿੱਚ ਸੇਵਾ ਦੇ ਖੇਤਰ ਨੂੰ ਹੋਰ ਵਿਸ਼ਾਲ ਕੀਤਾ ਹੈ। ਉਹਨਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਅਤੇ ਵੱਡੇ ਪੰਥਕ ਇਕੱਠਾਂ ਵਿੱਚ ਵੱਡੇ ਪੱਧਰ ਤੇ ਲੰਗਰਾਂ ਦੇ ਵਿਸ਼ਾਲ ਪ੍ਰਬੰਧ, ਅਤੀ ਆਧੁਨਿਕ ਇਮਾਰਤ ਉਸਾਰੀ ਵਿੱਚ ਅਤੇ ਵਾਤਾਵਰਨ ਦੀ ਸਾਂਭ ਸੰਭਾਲ ਸਬੰਧੀ ਇਸ ਸੰਸਥਾ ਦਾ ਵੱਡਾ ਤਜਰਬਾ ਹੈ।ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਇਸ ਸਮਾਗਮ ਵਿੱਚ ਪੁੱਜਣ ਵਾਲੇ ਰਾਗੀ ਜੱਥਿਆਂ ਤੇ ਪ੍ਰਤਿਸ਼ਟ ਸ਼ਖਸੀਅਤਾਂ ਦਾ ਸਨਮਾਨ ਕਰਦਿਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਬਲਜੀਤ ਸਿੰਘ ਖਾਲਸਾ ਤੇ ਭਾਈ ਨਵਨੀਤ ਸਿੰਘ ਅਤੇ ਬੀਬੀ ਸੁਰਪ੍ਰੀਤ ਕੌਰ ਸੇਰੋਂ ਵਾਲਿਆਂ ਦੇ ਰਾਗੀ ਜਥਿਆਂ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਅਰਦਾਸੀਏ ਗਿਆਨੀ ਗੁਰਸੇਵਕ ਸਿੰਘ ਜੀ ਨੇ ਅਰਦਾਸ ਕੀਤੀ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਜੀ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਮੈਂਬਰ ਸ ਬਾਵਾ ਸਿੰਘ ਗੁਮਾਨਪੁਰਾ, ਬਾਬਾ ਅਵਤਾਰ ਸਿੰਘ ਜੀ ਧੱਤਲ , ਬਾਬਾ ਸੋਹਣ ਸਿੰਘ, ਮਹੰਤ ਬਿਕਰਮ ਸਿੰਘ ਖਡੂਰ ਸਾਹਿਬ, ਮਹੰਤ ਸ਼ਾਮ ਸੁੰਦਰ ਸਿੰਘ ਜੀ ਮਿਰਜ਼ਾਪੁਰ, ਵੈਦ ਮਹੰਤ ਅਮਰੀਕ ਸਿੰਘ ਅੰਮ੍ਰਿਤਸਰ , ਮਹੰਤ ਪੰਡਿਤ ਅਮਨਦੀਪ ਸਿੰਘ ਗੁਰਦੁਆਰਾ ਕਿਲ੍ਹਾ ਸਾਹਿਬ, ਸੰਤ ਜਰਨੈਲ ਸਿੰਘ ਸ਼ਾਸਤਰੀ , ਮਹੰਤ ਭੁਪਿੰਦਰ ਸਿੰਘ ਡੇਰਾ ਮਿਸ਼ਰਾ ਸਿੰਘ,ਮਹੰਤ ਬਿਕਰਮਜੀਤ ਡੇਰਾ ਸੰਤਪੁਰਾ ਥੇਹ ਧੁੰਦਾ, ਮਹੰਤ ਸੁਖਬੀਰ ਸਿੰਘ, ਵੈਦ ਮਹੰਤ ਬਿਕਰਮਜੀਤ ਸਿੰਘ ਦਿੱਲੀ ਵਾਲੇ, ਮਹੰਤ ਸੁਖਚੈਨ ਸਿੰਘ, ਮਹੰਤ ਪ੍ਰੇਮ ਸਿੰਘ, ਮਹੰਤ ਜਤਿੰਦਰ ਸਿੰਘ ਚੌਂਕ ਕਰੋੜੀ, ਮਹੰਤ ਪਰਮਦੀਪ ਸਿੰਘ, ਬਾਬਾ ਦੀਦਾਰ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਨਾਜਰ ਸਿੰਘ, ਬਾਬਾ ਬੂਟਾ ਸਿੰਘ, ਬਾਬਾ ਕਰਨ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਰਤਨ ਸਿੰਘ, ਬਾਬਾ ਹੀਰਾ ਸਿੰਘ , ਬਾਬਾ ਜੋਧਬੀਰ ਸਿੰਘ ,ਸ ਸੁਖਰਾਜ ਸਿੰਘ ਸੰਧੂ ਸਾਬਕਾ ਤਹਿਸੀਲਦਾਰ , ਸ ਹਰਭਜਨ ਸਿੰਘ ਸਿੱਧੂ , ਐਡਵੋਕੇਟ ਮਨਜੀਤ ਸਿੰਘ ਛੀਨਾ , ਪ੍ਰੋਫੈਸਰ ਸਰਦਾਰਾ ਸਿੰਘ ਹੁੰਦਲ , ਸ ਨਵਤੇਜ ਸਿੰਘ ਵੇਰਕਾ, ਸ ਪ੍ਰਗਟ ਸਿੰਘ ਕਾਹਲੋਂ, ਮਾਸਟਰ ਪਰਮਜੀਤ ਸਿੰਘ , ਭਾਈ ਅਮਰਜੀਤ ਸਿੰਘ, ਸੁਖਬੀਰ ਸਿੰਘ ਮਾਹਲ , ਸ ਗੁਰਜੀਤ ਸਿੰਘ ਰੰਧਾਵਾ , ਹਰਮਨਪ੍ਰੀਤ ਸਿੰਘ ਵੇਰਕਾ, ਸ ਹਰਿੰਦਰ ਸਿੰਘ ਪੰਨੂ ,ਸ ਨਰਿੰਦਰ ਸਿੰਘ ,ਸ ਸਰਬਜੀਤ ਸਿੰਘ ਭੁੱਲਰ , ਬਾਬਾ ਲਸ਼ਕਰ ਸਿੰਘ, ਬਾਬਾ ਲਖਵਿੰਦਰ ਸਿੰਘ, ਸ ਅਜੀਤ ਸਿੰਘ ,ਸ ਕੁਲਦੀਪ ਸਿੰਘ ਪੰਡੋਰੀ , ਬਾਬਾ ਫਤਿਹ ਸਿੰਘ , ਮਾਸਟਰ ਪ੍ਰਦੀਪ ਸਿੰਘ, ਬਾਬਾ ਪਰਮਜੀਤ ਸਿੰਘ , ਬਾਬਾ ਰਾਣਾ ਜੀ, ਭਾਈ ਅਮਰੀਕ ਸਿੰਘ ਹੈਡ ਮਿਸਤਰੀ, ਬਾਬਾ ਕੁੰਵਰ ਪ੍ਰਤਾਪ ਸਿੰਘ, ਬਾਬਾ ਗੁਰਭੇਜ ਸਿੰਘ , ਬਾਬਾ ਸੇਵਾ ਸਿੰਘ, ਬਾਬਾ ਲਸ਼ਕਰ ਸਿੰਘ,ਬਾਬਾ ਗੁਰਸਾਜਨ ਸਿੰਘ , ਬਾਬਾ ਜਸਬੀਰ ਸਿੰਘ ਪਟਵਾਰੀ, ਸੁਖਵਿੰਦਰ ਸਿੰਘ ਪੁੱਪੂ , ਜਸਪ੍ਰੀਤ ਸਿੰਘ ਜੌਲੀ , ਸਰਨਜੀਤ ਸਿੰਘ ਸਾਗਰ, ਰਵੀਸ਼ੇਰ ਸਿੰਘ ਖਾਲਸਾ ,ਲਵਪ੍ਰੀਤ ਸਿੰਘ ਪੰਡੋਰੀ ,ਚੌਰਬਰਦਾਰ ਗੁਰਦੀਪ ਸਿੰਘ ਫਰਾਸ਼, ਸ ਮਨਜੀਤ ਸਿੰਘ ਝਬਾਲ, ਕਰਨਬੀਰ ਸਿੰਘ ਪੰਡੋਰੀ , ਦਿਲਬਾਗ ਸਿੰਘ ਲਾਲੀ ਵੇਰਕਾ , ਸ ਪ੍ਰੀਤਮ ਸਿੰਘ ਫੌਜੀ,ਭਾਈ ਬਲਜਿੰਦਰ ਸਿੰਘ ਕਿੱਟੂ ਤੇ ਬਾਬਾ ਅਮਰ ਸਿੰਘ ਸਿੰਘ ਤੋਂ ਇਲਾਵਾ ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

# ਪੰਡੋਰੀ ਦੀ ਅਗਵਾਈ ਹੇਠ ਪਾਰਟੀ ਨੂੰ ਮਿਲੀ ਮਜ਼ਬੂਤੀ

## ਬਾਠ ਪਰਿਵਾਰ ਨੇ ਫੜ੍ਹਿਆ ਸ਼੍ਰੋ. ਅਕਾਲੀ ਦਲ ਦਾ ਪੱਲਾ



ਅੰਮ੍ਰਿਤਸਰ 11 ਅਪ੍ਰੈਲ (ਬਬਲੂ ਮਹਾਜਨ): ਅਕਾਲੀ ਦਲ ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਤੇ ਵਾਰਡ ਨੰਬਰ 43 ਦੇ ਕੌਂਸਲਰ ਇੰਦਰਜੀਤ ਸਿੰਘ ਪੰਡੋਰੀ ਦੀ ਅਗਵਾਈ ਹੇਠ ਹਲਕਾ ਦੱਖਣੀ ਵਿੱਚ ਇਕ ਮਹੱਤਵਪੂਰਨ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਦਾ ਮਕਸਦ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣਾ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨਾ ਸੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ ਅਤੇ ਸਰਦਾਰ ਇੰਦਰਜੀਤ ਸਿੰਘ ਪੰਡੋਰੀ ਦੀ ਦੇਖਰੇਖ ਹੇਠ ਵਾਰਡ ਨੰਬਰ 41 ਤੋਂ ਮਨਪ੍ਰੀਤ ਸਿੰਘ ਬਾਠ ਆਪਣੇ ਪਰਿਵਾਰ ਅਤੇ ਸਾਥੀਆਂ ਸਮੇਤ ਅਕਾਲੀ ਦਲ ਵਿੱਚ ਸ਼ਾਮਲ ਹੋਏ। ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਆਗੂਆਂ ਵੱਲੋਂ ਸਨਮਾਨ ਕਰਦੇ ਹੋਏ ਉਨ੍ਹਾਂ ਨੂੰ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ ਗਿਆ।ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਲੋਕਾਂ ਦੇ ਹੱਕਾਂ ਲਈ ਲੜਦਾ ਆਇਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀ ਭਲਾਈ ਲਈ ਵਚਨਬੱਧ ਰਹੇਗਾ। ਉਨ੍ਹਾਂ ਨੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਦਾ ਪ੍ਰਚਾਰ ਕਰਨ ਅਤੇ ਲੋਕਾਂ ਨੂੰ ਪਾਰਟੀ ਨਾਲ ਜੋੜਨ। ਇਸ ਮੌਕੇ ਰਣਜੀਤ ਸਿੰਘ ਜਸਕਰਨ ਸਿੰਘ ਬਾਠ ਜੋਗਿੰਦਰ ਸਿੰਘ ਬਾਠ ਲਵਪ੍ਰੀਤ ਸਿੰਘ ਸੁਖਜੀਤ ਸਿੰਘ ਹਰਜਿੰਦਰ ਸਿੰਘ ਰਾਜਬੀਰ ਸਿੰਘ ਸੁਰਿੰਦਰ ਸਿੰਘ ਸੁਲਤਾਨਵਿੰਡ ਰਜਿੰਦਰ ਸਿੰਘ ਮਰਵਾਹ ਜਸਵੰਤ ਸਿੰਘ ਸ਼ੌਕੀ ਗੁਰਦਿਆਲ ਸਿੰਘ ਭੁੱਲਰ ਕੁਲਦੀਪ ਸਿੰਘ ਦਾਸੂਵਾਲ ਕੁਲਦੀਪ ਸਿੰਘ ਪੰਡੋਰੀਸਮੇਤ ਹੋਰ ਕਈ ਆਗੂ ਅਤੇ ਵਰਕਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ। ਮੀਟਿੰਗ ਦੌਰਾਨ ਪਾਰਟੀ ਨੂੰ ਮਜ਼ਬੂਤ ਬਣਾਉਣ ਲਈ ਸਾਰਿਆਂ ਨੇ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।

# ਤਰਨ ਤਾਰਨ ਜ਼ਿਲ੍ਹੇ 'ਚ ਇਸ ਸਾਲ 7,74,521 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ : ਡੀ.ਸੀ.



ਤਰਨ ਤਾਰਨ, 11 ਅਪ੍ਰੈਲ :(ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ) : ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਦੱਸਿਆ ਕਿ ਰਬੀ ਸੀਜ਼ਨ 2026-27 ਲਈ ਜ਼ਿਲ੍ਹੇ ਦੀਆਂ ਸਾਰੀਆਂ 59 ਮੰਡੀਆਂ ਵਿਚ ਕਣਕ ਦੀ ਸੁਚਾਰੂ ਖ਼ਰੀਦ ਲਈ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਤਰਨ ਤਾਰਨ ਜ਼ਿਲ੍ਹੇ ਚ ਇਸ ਸਾਲ 7,74,521 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਦਾ ਟੀਚਾ ਰੱਖਿਆ ਗਿਆ ਹੈ। ਉਹ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਣਕ ਦੀ ਖ਼ਰੀਦ ਦੇ ਪ੍ਰਬੰਧਾਂ ਸਬੰਧੀ ਅਹਿਮ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਸਰਕਾਰ ਵੱਲੋਂ ਖ਼ਰੀਦਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਣਕ ਦੀ ਖ਼ਰੀਦ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ, ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿਚ ਫ਼ਸਲ ਵੇਚਣ ਦੌਰਾਨ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਪੂਰੀ ਤਰ੍ਹਾਂ ਨਾਲ ਸੁੱਕੀ ਅਤੇ ਸਾਫ਼-ਸੁਥਰੀ ਫ਼ਸਲ ਮੰਡੀਆਂ ਵਿਚ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਕਿਸਾਨਾਂ ਨੂੰ ਫ਼ਸਲ ਦੇ ਮੰਡੀਕਰਨ ਵਿਚ ਕੋਈ ਦਿੱਕਤ ਨਾ ਆਵੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਮੰਡੀਆਂ ਵਿਚ ਕਣਕ ਦੀ ਆਮਦ ਦੇ ਨਾਲ-ਨਾਲ ਹੀ ਬਿਨਾਂ ਕਿਸੇ ਦੇਰੀ ਦੇ ਫ਼ਸਲ ਦੀ ਖਰੀਦ, ਲਿਫਟਿੰਗ ਤੇ ਖ਼ਰੀਦੀ ਗਈ ਫ਼ਸਲ ਦੀ ਅਦਾਇਗੀ ਸਮੇਤ ਹੋਰ ਪ੍ਰਬੰਧ ਯਕੀਨੀ ਬਣਾਏ ਜਾਣ। ਇਸ ਦੌਰਾਨ ਉਨ੍ਹਾਂ ਆੜ੍ਹਤੀਆਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਦੇ ਹੱਲ ਦਾ ਭਰੋਸਾ ਦਿੱਤਾ।ਇਸ ਮੌਕੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਜਸਜੀਤ ਕੌਰ, ਜ਼ਿਲ੍ਹਾ ਮੰਡੀ ਅਫ਼ਸਰ ਹਰਜੋਤ ਸਿੰਘ ਤੋਂ ਇਲਾਵਾ ਵੱਖ-ਵੱਖ ਏਜੰਸੀਆਂ ਦੇ ਅਧਿਕਾਰੀ ਅਤੇ ਆੜ੍ਹਤੀਆ ਐਸੋਸੀਏਸ਼ਨਾਂ ਦੇ ਅਹੁਦੇਦਾਰਾ ਵੀ ਮੌਜੂਦ ਸਨ।

# ਮਾਲਵਾ ਕਾਲਜ ਸਰਦੂਲੇਵਾਲਾ ਦੀ ਵਿਦਿਆਰਥਣ ਨੇ ਹਾਸਿਲ ਕੀਤਾ ਸੋਨ ਤ.ਗਮਾ

## ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਵਚਨਬੱਧ : ਸੋਢੀ




ਸਰਦੂਲਗੜ੍ਹ 11 ਅਪ੍ਰੈਲ – ( ਲਛਮਣ ਸਿੱਧੂ )ਮਾਲਵਾ ਗਰੁੱਪ ਆਫ ਕਾਲਜ਼ਿਜ ਸਰਦੂਲੇਵਾਲਾ ਨੂੰ ਦੋ ਦਹਾਕਿਆਂ ਤੋਂ ਵੱਧ ਸਮਾਂ ਸਿੱਖਿਆ ਦੇ ਖੇਤਰ ਵਿੱਚ ਸੇਵਾਵਾਂ ਨਿਭਾਉਂਦੇ ਹੋ ਚੁੱਕਾ ਹੈ । ਇਸ ਦੌਰਾਨ ਸੰਸਥਾ ਦੇ ਵਿਦਿਆਰਥੀਆਂ ਨੇ ਬਹੁਤ ਵਾਰ ਵੱਡੇ ਮਾਣ ਹਾਸਿਲ ਕੀਤੇ ਹਨ । ਉਸੇ ਲੜੀ ਵਿੱਚ ਵਾਧਾ ਕਰਦਿਆਂ ਸੰਸਥਾ ਦੀ ਹੋਣਹਾਰ ਵਿਦਿਆਰਥਣ ਮਨਪ੍ਰੀਤ ਕੌਰ ਬਾਰੇ ਬੋਲਦਿਆਂ ਸ੍ਰੀਮਤੀ ਰਾਜ ਸੋਢੀ ਮੈਨੇਜਿੰਗ ਦੱਸਿਆ ਕਿ ਇਹ ਸਾਂਝਾ ਕਰਦੇ ਹੋਏ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਸਾਡੀ ਸੰਸਥਾ ਦੀ ਮਨਪ੍ਰੀਤ ਕੌਰ ਐਮ.ਏ. ਰਾਜਨੀਤੀ ਸ਼ਾਸਤਰ ਦੀ ਵਿਦਿਆਰਥਣ ਵੱਲੋਂ 88.10 % ਅੰਕ ਪ੍ਰਾਪਤ ਕਰਨ ਕਰਕੇ 09 ਅਪ੍ਰੈਲ 2026 ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਵਿਖੇ ਮੁੱਖ ਮਹਿਮਾਨ ਸ੍ਰੀ ਗੁਲਾਬ ਚੰਦ ਕੁਟਾਰੀਆਂ ਰਾਜਪਾਲ ਪੰਜਾਬ ਦੀ ਹਾਜ਼ਰੀ ਵਿੱਚ 41ਵੇਂ ਕਨਵੋਕੇਸ਼ਨ ਦੌਰਾਨ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾਕਟਰ ਜਗਦੀਪ ਸਿੰਘ ਵੱਲੋਂ ਗੋਲ੍ਡ ਮੈਡਲ ਨਾਲ ਸਨਮਾਨਿਤ ਕੀਤਾ ਗਿਆ । ਇਹ ਸਾਡੇ ਮੇਹਨਤੀ ਸਟਾਫ ਦੇ ਤਜ਼ਰਬੇ, ਮਾਰਗਦਰਸ਼ਨ ਤੇ ਸਿੱਖਿਆ ਦੇਣ ਦੇ ਹੁਨਰ ਤੇ ਮਨਪ੍ਰੀਤ ਕੌਰ ਦੀ ਸਖ਼ਤ ਮਿਹਨਤ, ਦ੍ਰਿੜਤਾ ਅਤੇ ਉੱਤਮਤਾ ਦੀ ਪ੍ਰਾਪਤੀ ਹੈ । ਇਸ ਪ੍ਰਾਪਤੀ ਨਾਲ ਸਾਡੀ ਸੰਸਥਾ ਨੂੰ ਜਿੱਥੇ ਸਨਮਾਨ ਮਿਲਿਆ ਹੈ । ਉੱਥੇ ਸਾਡੀ ਵਿਦਿਆਰਥੀਆ ਤੇ ਮਾਪਿਆਂ ਦੀਆਂ ਉਮੀਦਾਂ ਨੂੰ ਪੂਰਾ ਕਰਨ ਲਈ ਜਿੰਮੇਵਾਰੀ ਹੋਰ ਵਧੀ ਹੈ । ਇਸ ਸ਼ਾਨਦਾਰ ਪ੍ਰਾਪਤੀ ਲਈ ਮਨਪ੍ਰੀਤ ਕੌਰ ਨੂੰ ਹਾਰਦਿਕ ਵਧਾਈਆਂ ਅਸੀਂ ਸੰਸਥਾ ਵੱਲੋਂ ਉਸਦੀ ਨਿਰੰਤਰ ਸਫਲਤਾ ਅਤੇ ਇੱਕ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ ਤੇ ਸਾਰੇ ਵਿਦਿਆਰਥੀਆਂ ਦੇ ਸੁਨਹਿਰੇ ਭਵਿੱਖ ਲਈ ਵਚਨਬੱਧ ਹਾਂ ।

# ਇਲਾਕੇ ਵਿੱਚ ਇੱਕੋ ਰਾਤ 7 ਚੋਰੀਆਂ ਨਾਲ ਦਹਿਸ਼ਤ

## ਜਾਨ ਮਾਲ ਦੀ ਰੱਖਿਆ ਕਰਨਾ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ : ਕੁਲਵੰਤ ਸਿੰਗਲਾ

ਝੁਨੀਰ, 11 ਅਪ੍ਰੈਲ ( ਲਛਮਣ ਸਿੱਧੂ ): ਬਰੇਟਾ ਮੰਡੀ ਵਿੱਚ ਇੱਕੋ ਰਾਤ ਲਗਾਤਾਰ ਸੱਤ ਥਾਵਾਂ 'ਤੇ ਹੋਈਆਂ ਚੋਰੀਆਂ ਦੀਆਂ ਘਟਨਾਵਾਂ ਨੇ ਪੂਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਨ੍ਹਾਂ ਘਟਨਾਵਾਂ ਨਾਲ ਨਾ ਸਿਰਫ਼ ਵਪਾਰੀਆਂ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਿਆ ਹੈ, ਸਗੋਂ ਆਮ ਲੋਕਾਂ ਵਿੱਚ ਵੀ ਭਾਰੀ ਨਿਰਾਸ਼ਾ ਅਤੇ ਗੁੱਸਾ ਵੇਖਣ ਨੂੰ ਮਿਲ ਰਿਹਾ ਹੈ। ਇਸ ਗੰਭੀਰ ਸਥਿਤੀ ਨੂੰ ਦੇਖਦਿਆਂ ਜ਼ਿਲ੍ਹਾ ਕਾਂਗਰਸ ਕਮੇਟੀ ਮਾਨਸਾ ਦੇ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਅੱਜ ਆਪਣੇ ਸਾਥੀਆਂ ਸਮੇਤ ਬਰੇਟਾ ਪਹੁੰਚੇ ਅਤੇ ਪੀੜਤ ਪਰਿਵਾਰਾਂ ਨਾਲ ਮਿਲ ਕੇ ਉਹਨਾਂ ਦਾ ਦੁੱਖ ਸਾਂਝਾ ਕੀਤਾ। ਜਾਣਕਾਰੀ ਮੁਤਾਬਕ, ਸ਼ੁੱਕਰਵਾਰ ਦੀ ਰਾਤ ਬਰੇਟਾ ਮੰਡੀ ਵਿੱਚ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਵੱਖ-ਵੱਖ ਥਾਵਾਂ 'ਤੇ ਦੁਕਾਨਾਂ ਅਤੇ ਮਕਾਨਾਂ ਦੇ ਤਾਲੇ ਤੋੜ ਕੇ ਚੋਰੀਆਂ ਕੀਤੀਆਂ ਗਈਆਂ। ਇਹ ਸਾਰੀਆਂ ਚੋਰੀਆਂ ਇੱਕੋ ਹੀ ਤਰੀਕੇ ਨਾਲ ਕੀਤੀਆਂ ਗਈਆਂ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਹ ਸੰਗਠਿਤ ਢੰਗ ਨਾਲ ਕੀਤੀ ਗਈ ਵੱਡੀ ਸਾਜ਼ਿਸ਼ ਹੋ ਸਕਦੀ ਹੈ। ਸੀਸੀਟੀਵੀ ਕੈਮਰਿਆਂ ਦੀ ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਹੈ ਕਿ ਤਿੰਨ ਵਿਅਕਤੀ ਰਾਤ ਦੇ ਸਮੇਂ ਆਰਾਮ ਨਾਲ ਵੱਖ-ਵੱਖ ਥਾਵਾਂ 'ਤੇ ਜਾ ਕੇ ਸ਼ਟਰਾਂ ਅਤੇ ਦਰਵਾਜ਼ਿਆਂ ਦੇ ਜਿੰਦੇ ਤੋੜਦੇ ਰਹੇ ਅਤੇ ਚੋਰੀਆਂ ਨੂੰ ਅੰਜਾਮ ਦਿੰਦੇ ਰਹੇ। ਇਸ ਘਟਨਾ ਨੂੰ ਬਰੇਟਾ ਦੇ ਇਤਿਹਾਸ ਵਿੱਚ ਇੱਕ ਅਭੂਤਪੂਰਵ ਅਤੇ ਮੰਦਭਾਗੀ ਘਟਨਾ ਵਜੋਂ ਵੇਖਿਆ ਜਾ ਰਿਹਾ ਹੈ, ਕਿਉਂਕਿ ਇਸ ਤੋਂ ਪਹਿਲਾਂ ਇੱਕੋ ਰਾਤ ਇੰਨੀ ਵੱਡੀ ਗਿਣਤੀ ਵਿੱਚ ਚੋਰੀਆਂ ਕਦੇ ਨਹੀਂ ਹੋਈਆਂ। ਸਥਾਨਕ ਵਪਾਰੀਆਂ ਦਾ ਕਹਿਣਾ ਹੈ ਕਿ ਉਹ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਅਤੇ ਰਾਤ ਸਮੇਂ ਆਪਣੇ ਕਾਰੋਬਾਰ ਅਤੇ ਘਰਾਂ ਦੀ ਸੁਰੱਖਿਆ ਨੂੰ ਲੈ ਕੇ ਚਿੰਤਿਤ ਹਨ। ਇਸ ਮੌਕੇ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਜਾਨ ਅਤੇ ਮਾਲ ਦੀ ਰੱਖਿਆ ਕਰਨਾ ਸਰਕਾਰ ਦੀ ਸਭ ਤੋਂ ਮੁੱਢਲੀ ਜ਼ਿੰਮੇਵਾਰੀ ਹੁੰਦੀ ਹੈ, ਪਰ ਬਰੇਟਾ ਵਿੱਚ ਹੋਈਆਂ ਇਹ ਘਟਨਾਵਾਂ ਦਰਸਾਉਂਦੀਆਂ ਹਨ ਕਿ ਪ੍ਰਸ਼ਾਸਨ ਇਸ ਮੋਰਚੇ 'ਤੇ ਨਾਕਾਮ ਰਿਹਾ ਹੈ। ਉਹਨਾਂ ਨੇ ਕਿਹਾ ਕਿ ਜੇਕਰ ਸਮੇਂ 'ਤੇ ਪੁਲਿਸ ਵੱਲੋਂ ਚੁਸਤ ਕਾਰਵਾਈ ਕੀਤੀ ਜਾਂਦੀ ਤਾਂ ਇੰਨੀ ਵੱਡੀ ਘਟਨਾ ਤੋਂ ਬਚਿਆ ਜਾ ਸਕਦਾ ਸੀ। ਉਹਨਾਂ ਨੇ ਪੀੜਤਾਂ ਨੂੰ ਭਰੋਸਾ ਦਿਵਾਇਆ ਕਿ ਕਾਂਗਰਸ ਪਾਰਟੀ ਹਰ ਹਾਲਤ ਵਿੱਚ ਉਹਨਾਂ ਦੇ ਨਾਲ ਖੜੀ ਹੈ ਅਤੇ ਜੇਕਰ ਵਪਾਰੀ ਵਰਗ ਜਾਂ ਸਥਾਨਕ ਲੋਕ ਇਸ ਮਾਮਲੇ ਨੂੰ ਲੈ ਕੇ ਕੋਈ ਸੰਘਰਸ਼ ਕਰਦੇ ਹਨ ਤਾਂ ਪਾਰਟੀ ਵੱਲੋਂ ਪੂਰਾ ਸਮਰਥਨ ਦਿੱਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਘਟਨਾਵਾਂ ਨਾਲ ਸਿਰਫ਼ ਆਰਥਿਕ ਨੁਕਸਾਨ ਹੀ ਨਹੀਂ ਹੁੰਦਾ, ਸਗੋਂ ਲੋਕਾਂ ਵਿੱਚ ਡਰ ਅਤੇ ਅਸੁਰੱਖਿਆ ਦੀ ਭਾਵਨਾ ਵੀ ਵੱਧਦੀ ਹੈ। ਇਸ ਦੌਰਾਨ ਸਿੰਗਲਾ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਥਾਣਾ ਬਰੇਟਾ ਦੇ ਐਸਐਚਓ ਮੇਲਾ ਸਿੰਘ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਮਾਮਲੇ ਦੀ ਗੰਭੀਰਤਾ ਬਾਰੇ ਜਾਣੂ ਕਰਵਾਇਆ। ਉਹਨਾਂ ਨੇ ਮੰਗ ਕੀਤੀ ਕਿ ਚੋਰੀਆਂ ਵਿੱਚ ਸ਼ਾਮਲ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਕਾਨੂੰਨ ਦੇ ਹਵਾਲੇ ਕੀਤਾ ਜਾਵੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਪੁਲਿਸ ਵੱਲੋਂ ਸਖ਼ਤ ਕਦਮ ਚੁੱਕੇ ਜਾਣ। ਇਸ ਮੌਕੇ ਰਾਈਸ ਮਿਲ ਐਸੋਸੀਏਸ਼ਨ ਦੇ ਪ੍ਰਧਾਨ ਰਮੇਸ਼ ਕੁਮਾਰ ਟੈਣੀ, ਆੜ੍ਹਤੀ ਆਗੂ ਸਮਿਤ ਗਰਗ, ਪੰਕਜ ਕੁਮਾਰ, ਨਵਨੀਤ ਕੁਮਾਰ ਬੰਸਲ, ਸੋਸ਼ਲ ਵਰਕਰ ਅਤੇ ਯੂਥ ਕਾਂਗਰਸ ਆਗੂ ਲਾਲੂ ਭਾਰਦਵਾਜ, ਮੱਖਣ ਲਾਲ ਸ਼ਰਮਾ, ਦਫ਼ਤਰ ਇੰਚਾਰਜ ਸਤਗੁਰ ਸਿੰਘ, ਸਰਪੰਚ ਅਵਤਾਰ ਸਿੰਘ, ਅਨੂ ਸ਼ਰਮਾ, ਸੰਜੀਵ ਕੁਮਾਰ ਮਿੱਤਲ, ਪ੍ਰਵੀਨ ਕੁਮਾਰ ਬੋਵੀ, ਦੀਪਕ ਕੁਮਾਰ ਗੋਇਲ, ਹਨੀ, ਓਮ ਪ੍ਰਕਾਸ਼, ਐਮਸੀ ਅਮਨ ਸਿੰਘਲਾ, ਐਮਸੀ ਸੁਖਪਾਲ ਸਿੰਘ, ਐਮਸੀ ਡਬਲਲਾ ਸਿੰਘ ਅਤੇ ਐਮਸੀ ਦੁਰਵ ਗੋਇਲ ਸਮੇਤ ਕਈ ਹੋਰ ਹਾਜ਼ਰ ਸਨ।ਕੁਲਵੰਤ ਸਿੰਗਲਾ ਨੇ ਦੱਸਿਆ ਕਿ ਉਹਨਾਂ ਵੱਲੋਂ ਚੋਰੀ ਦਾ ਸ਼ਿਕਾਰ ਹੋਏ ਦੁਕਾਨਦਾਰਾਂ ਅਤੇ ਘਰਾਂ ਦੀ ਵਿਸਥਾਰਪੂਰਵਕ ਜਾਣਕਾਰੀ ਐਸਐਚਓ ਨੂੰ ਦਿੱਤੀ ਗਈ ਹੈ, ਜਿਸ ਵਿੱਚ ਰਿਪੀ ਸਿੰਘ ਕਿਸ਼ਨਗੜ੍ਹ, ਹੈਪੀ ਕੁਮਾਰ ਕੁਲਰੀਆਂ ਵਾਲੇ, ਸੈਣੀ ਆਪਟੀਕਲ ਅਤੇ ਸ਼ੈਲੀ ਕਰਿਆਨਾ ਸਟੋਰ ਆਦਿ ਸ਼ਾਮਲ ਹਨ। ਉਹਨਾਂ ਨੇ ਪੁਲਿਸ ਨੂੰ ਅਪੀਲ ਕੀਤੀ ਕਿ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਕੇ ਦੋਸ਼ੀਆਂ ਦੀ ਪਛਾਣ ਕੀਤੀ ਜਾਵੇ। ਐਸਐਚਓ ਮੇਲਾ ਸਿੰਘ ਨੇ ਸਿੰਗਲਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਵੱਲੋਂ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਪ੍ਰੇਮ ਅਰੋੜਾ ਨੂੰ ਟਿਕਟ ਨਾਲ ਨਿਵਾਜਣਾ ਟਕਸਾਲੀ ਆਗੂ ਦਾ ਸਨਮਾਨ : ਜਥੇਦਾਰ ਅਤਲਾ



ਮਾਨਸਾ , 11 ਅਪ੍ਰੈਲ (ਚ.ਨ.ਸ.) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਮਿਹਨਤੀ, ਸੂਝਵਾਨ ਅਤੇ ਮਿਲਣਸਾਰ ਟਕਸਾਲੀ ਆਗੂ ਪ੍ਰੇਮ ਅਰੋੜਾ ਨੂੰ ਮਾਨਸਾ ਤੋਂ ਟਿਕਟ ਨਾਲ ਨਿਵਾਜਣਾ ਸਨਮਾਨਯੋਗ ਫੈਸਲਾ ਹੈ, ਜਿਸਦੀ ਅਕਾਲੀ ਵਰਕਰਾਂ ਵੱਲੋਂ ਤਾਰੀਫ ਕੀਤੀ ਜਾ ਰਹੀ ਹੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਜਥੇਦਾਰ ਗੁਰਤੇਜ ਸਿੰਘ ਅਤਲਾ ਨੇ ਕੀਤਾ। ਉਨ੍ਹਾਂ ਕਿਹਾ ਕਿ ਪ੍ਰੇਮ ਅਰੋੜਾ ਅਕਾਲੀ ਦਲ ਦੇ ਸਮਰਪਿਤ ਆਗੂ ਹਨ ਅਤੇ ਅਗਾਮੀ ਚੋਣਾਂ ਲਈ ਉਨ੍ਹਾਂ ਨੂੰ ਉਮੀਦਵਾਰ ਬਣਾਉਣਾ ਪਾਰਟੀ ਪ੍ਰਧਾਨ ਦਾ ਦੂਰ ਅੰਦੇਸ਼ੀ ਫੈਸਲਾ ਹੈ। ਉਨ੍ਹਾਂ ਹੋਰ ਕਿਹਾ ਕਿ ਪ੍ਰੇਮ ਅਰੋੜਾ ਦਿਨ ਰਾਤ ਲੋਕਾਂ ਦੀ ਸੇਵਾ ਕਰਦੇ ਹਨ ਅਤੇ ਉਨ੍ਹਾਂ ਦੇ ਬੂਹੇ ਹਰ ਇਕ ਲਈ 24 ਘੰਟੇ ਖੁੱਲ੍ਹੇ ਹਨ। ਉਨ੍ਹਾਂ ਦੇ ਉਮੀਦਵਾਰ ਬਣਨ ਨਾਲ ਅਕਾਲੀ ਵਰਕਰਾਂ ਵਿਚ ਖੁਸ਼ੀ 'ਤੇ ਉਤਸ਼ਾਹ ਪਾਇਆ ਜਾ ਰਿਹਾ ਹੈ ਤੇ ਉਹ ਭਾਰੀ ਬਹੁਮਤ ਨਾਲ ਸੀਟ ਜਿੱਤਕੇ ਪਾਰਟੀ ਦੀ ਝੋਲੀ ਪਾਉਣਗੇ। ਉਨ੍ਹਾਂ ਅੰਤ ਵਿਚ ਕਿਹਾ ਕਿ 2027 'ਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤੈਅ ਹੈ ਕਿਉਂਕਿ ਲੋਕ ਆਮ ਆਦਮੀ ਦੀ ਸਰਕਾਰ ਤੋਂ ਡਾਢੇ ਦੁਖੀ ਹਨ। ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਬਲਜੀਤ ਸਿੰਘ ਅਤਲਾ, ਮੀਤ ਪ੍ਰਧਾਨ ਮਾਨਸਾ, ਗੁਰਪਿਆਰ ਸਿੰਘ, ਬਲਕਾਰ ਸਿੰਘ, ਗੁਰਦੀਪ ਸਿੰਘ, ਯਾਦਵਿੰਦਰ ਸਿੰਘ, ਪਰਮਜੀਤ ਸਿੰਘ ਫਰਮਾਹੀ ਜਥੇਬੰਦੀ ਸਕੱਤਰ ਤੋਂ ਇਲਾਵਾ ਦਰਜਨ ਦੇ ਕਰੀਬ ਅਕਾਲੀ ਵਰਕਰ ਹਾਜ਼ਰ ਸਨ।

# ਸਾਲਾਨਾ ਸਮਾਜਿਕ-ਸੱਭਿਆਚਾਰਕ ਉਤਸਵ ਮਧੁਰਮ-26 ਦੇ ਪਹਿਲੇ ਦਿਨ ਦੀ ਸ਼ੁਰੂਆਤ ਭਾਰੀ ਉਤਸ਼ਾਹ ਨਾਲ ਹੋਈ

ਲੌਂਗੋਵਾਲ, 11 ਅਪ੍ਰੈਲ (ਭਗਵੰਤ ਸਸ਼ਰਮਾ) : ਸੰਤ ਲੌਂਗੋਵਾਲ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨਾਲੋਜੀਦੇ ਸਾਲਾਨਾ ਸਮਾਜਿਕ-ਸੱਭਿਆਚਾਰਕ ਉਤਸਵ ਮਧੁਰਮ-26 ਦੇ ਪਹਿਲੇ ਦਿਨ ਦੀ ਸ਼ੁਰੂਆਤ ਭਾਰੀ ਉਤਸ਼ਾਹ ਨਾਲ ਹੋਈ, ਜਿਸ ਵਿੱਚ 500 ਤੋਂ ਵੱਧ ਵਿਦਿਆਰਥੀਆਂ ਨੇ ਹਿੱਸਾ ਲਿਆ।ਮੁੱਖ ਆਡੀਟੋਰੀਅਮ ਵਿਖੇ ਹੋਏ ਉਦਘਾਟਨੀ ਸਮਾਰੋਹ ਦੀ ਸ਼ੁਰੂਆਤ ਮਹਿਮਾਨਾਂ ਦੇ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਸ਼ਮ੍ਹਾਂ ਰੌਸ਼ਨ (ਦੀਪ ਪ੍ਰਜਵਲਨ), ਕੁਲਗੀਤ ਅਤੇ ਵੰਦੇ ਮਾਤਰਮ ਦਾ ਗਾਇਨ ਕੀਤਾ ਗਿਆ। ਪ੍ਰੋ. ਇੰਦਰਰਾਜ ਸਿੰਘ (ਚੇਅਰਮੈਨ, ਮਧੁਰਮ-26), ਪ੍ਰੋ. ਵੀ.ਕੇ. ਕੁਕਰੇਜਾ (ਡੀਨ ਐਸ.ਡਬਲਯੂ.) ਅਤੇ ਪ੍ਰੋ. ਮਣੀ ਕਾਂਤ ਪਾਸਵਾਨ (ਡਾਇਰੈਕਟਰ, ਸਲਿਏਟ) ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਦੀ ਮਹੱਤਤਾ ਬਾਰੇ ਦੱਸਿਆ।ਇਸ ਸਮਾਰੋਹ ਵਿੱਚ ਸ਼੍ਰੀ ਹਰੀ ਸਿੰਘ (ਮੈਨੇਜਿੰਗ ਡਾਇਰੈਕਟਰ, ਪ੍ਰੀਤ ਟਰੈਕਟਰਜ਼, ਨਾਭਾ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਸਲਿਏਟ ਦੇ ਵਿਦਿਆਰਥੀਆਂ ਨੂੰ ਇੰਟਰਨਸ਼ਿਪ ਅਤੇ ਉਦਯੋਗਿਕ ਦੌਰਿਆਂ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।



ਉਦਘਾਟਨੀ ਸੈਸ਼ਨ ਵਿੱਚ ਭਰਤਨਾਟਿਅਮ, ਸੋਲੋ ਸਿੰਗਿੰਗ, ਸੋਲੋ ਡਾਂਸ ਅਤੇ ਹਰਿਆਣਵੀ ਬੀਟ ਸਮੇਤ ਵੱਖ-ਵੱਖ ਲੋਕ ਨਾਚਾਂ ਦੀਆਂ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਨੇ ਆਪਣੀ ਕਲਾਤਮਕ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸ਼ਾਮ ਦੇ ਪ੍ਰੋਗਰਾਮ ਦੌਰਾਨ ਮੁੱਖ ਸਟੇਜ ਤੇ ਕਵਿਤਾ ਉਚਾਰਨ, ਬੰਸਰੀ ਵਾਦਨ, ਦੁਗਾਣਾ ਅਤੇ ਗਰੁੱਪ ਡਾਂਸ, ਮਾਡਲਿੰਗ ਅਤੇ ਵੱਖ-ਵੱਖ ਟੀਮਾਂ ਵੱਲੋਂ ਜੋਸ਼ੀਲੇ ਸੱਭਿਆਚਾਰਕ ਪ੍ਰਦਰਸ਼ਨ ਕੀਤੇ ਗਏ। ਇਨ੍ਹਾਂ ਲਗਾਤਾਰ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਪੂਰੀ ਤਰ੍ਹਾਂ ਕੀਲ ਕੇ ਰੱਖਿਆ ਅਤੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ।ਗਾਇਕ ਹਰਮਨ ਸਿੰਘ ਦੀ ਲਾਈਵ ਪਰਫਾਰਮੈਂਸ ਸ਼ਾਮ ਦਾ ਮੁੱਖ ਖਿੱਚ ਦਾ ਕੇਂਦਰ ਰਹੀ, ਜਿਸ ਨੇ ਵਿਦਿਆਰਥੀਆਂ ਵਿੱਚ ਨਵਾਂ ਜੋਸ਼ ਭਰ ਦਿੱਤਾ।ਸ਼ਾਮ ਦੇ ਸਮਾਗਮ ਵਿੱਚ ਸ਼੍ਰੀ ਘਨਸ਼ਿਆਮ ਕਾਂਸਲ (ਵਾਈਸ ਚੇਅਰਮੈਨ, ਸੰਗਰੂਰ ਚੈਂਬਰ ਆਫ ਕਾਮਰਸ) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਸਲਿਏਟ ਦੇ ਵਿਦਿਆਰਥੀਆਂ ਲਈ 31,000 ਅਮਰੀਕੀ ਡਾਲਰ ਦੀ ਲਾਗਤ ਵਾਲੇ ਉਦਯੋਗਿਕ ਪ੍ਰੋਜੈਕਟ ਨੂੰ ਸਪਾਂਸਰ ਕਰਨ ਦਾ ਐਲਾਨ ਵੀ ਕੀਤਾ।ਪਹਿਲੇ ਦਿਨ ਦਾ ਅੰਤ ਬਹੁਤ ਹੀ ਪ੍ਰਭਾਵਸ਼ਾਲੀ ਰਿਹਾ, ਜੋ ਸਲਿਏਟ ਦੀ ਸੱਭਿਆਚਾਰਕ ਵਿਭਿੰਨਤਾ ਅਤੇ ਸਿਰਜਣਾਤਮਕਤਾ ਦਾ ਪ੍ਰਤੀਕ ਬਣਿਆ

# ਅਮਨ ਅਰੋੜਾ ਨੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ 53 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਵੰਡੇ

ਸੁਨਾਮ, 11 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ) :ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਆਪਣੇ ਰਹਾਇਸ਼ੀ ਮਕਾਨਾਂ ਦੇ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ਲੋਕ-ਭਲਾਈ ਯੋਜਨਾ ਮੇਰਾ ਘਰ ਮੇਰੇ ਨਾਮ ਤਹਿਤ ਅੱਜ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਵਿਧਾਨ ਸਭਾ ਹਲਕਾ ਸੁਨਾਮ ਦੇ ਪਿੰਡ ਅਕਾਲਗੜ੍ਹ ਚੱਠੇ ਨਕਟੇ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ 53 ਯੋਗ ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਕਾਰਡ ਤਕਸੀਮ ਕੀਤੇ ਗਏ।ਇਸ ਮੌਕੇ ਪਿੰਡ ਵਾਸੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ, ਕਿਉਂਕਿ ਇਹ ਸਕੀਮ ਉਨ੍ਹਾਂ ਨੂੰ ਆਪਣੇ ਘਰਾਂ 'ਤੇ ਕਾਨੂੰਨੀ ਹੱਕ ਪ੍ਰਦਾਨ ਕਰਦੀ ਹੈ, ਜੋ ਲੰਮੇ ਸਮੇਂ ਤੋਂ ਉਨ੍ਹਾਂ ਦੀ ਲੋੜ ਸੀ।ਇਸ ਮੌਕੇ ਸੰਬੋਧਨ ਕਰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਲੋਕ-



ਭਲਾਈ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਤਕ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੇਰਾ ਘਰ ਮੇਰੇ ਨਾਮ ਸਕੀਮ ਰਾਹੀਂ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਮਾਲਕਾਨਾ ਹੱਕ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਸਥਿਰਤਾ ਅਤੇ ਸੁਰੱਖਿਆ ਦਾ ਅਹਿਸਾਸ ਪੈਦਾ ਕੀਤਾ ਜਾ ਰਿਹਾ ਹੈ।ਉਨ੍ਹਾਂ ਹੋਰ ਦੱਸਿਆ ਕਿ ਇਸ ਯੋਜਨਾ ਨਾਲ ਲਾਭਪਾਤਰੀਆਂ ਨੂੰ ਕਾਨੂੰਨੀ ਦਸਤਾਵੇਜ਼ ਪ੍ਰਾਪਤ ਹੋਣ ਸਦਕਾ ਨਾ ਸਿਰਫ਼ ਉਨ੍ਹਾਂ ਦੇ ਮਕਾਨਾਂ ਦੀ ਪਹਿਚਾਣ ਮਜ਼ਬੂਤ ਹੋਵੇਗੀ, ਸਗੋਂ ਭਵਿੱਖ ਵਿੱਚ ਬੈਂਕਾਂ ਤੋਂ ਕਰਜ਼ਾ ਲੈਣ ਅਤੇ ਹੋਰ ਸਰਕਾਰੀ ਸਹੂਲਤਾਂ ਹਾਸਲ ਕਰਨ ਵਿੱਚ ਵੀ ਆਸਾਨੀ ਰਹੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਵਰਗ ਤਕ ਸੁਵਿਧਾਵਾਂ ਪਹੁੰਚਾਉਣਾ ਹੈ ਅਤੇ ਕਿਸੇ ਵੀ ਯੋਗ ਵਿਅਕਤੀ ਨੂੰ ਇਸ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਕੀਮ ਦਾ ਲਾਭ ਹਰ ਯੋਗ ਵਿਅਕਤੀ ਤਕ ਪਹੁੰਚਾਉਣ ਲਈ ਪੂਰੀ ਪਾਰਦਰਸ਼ਤਾ ਅਤੇ ਤੀਵਰਤਾ ਨਾਲ ਕੰਮ ਕੀਤਾ ਜਾਵੇ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਤੱਕ ਪੁਲਿਸ ਦੀ ਵੱਡੀ ਕਾਰਵਾਈ

## ਡਰੱਗ ਦੇ 42 ਮੁਕੱਦਮੇ ਦਰਜ ਕਰਕੇ 63 ਮੁਲਜ਼ਮ ਗ੍ਰਿਫ਼ਤਾਰ

ਸੰਗਰੂਰ, 11 ਅਪ੍ਰੈਲ(ਹਰਕੰਵਲ ਸਿੰਘ ਹੈਪੀ) : ਸਰਤਾਜ ਸਿੰਘ ਚਾਹਲ, ਐਸ.ਐਸ.ਪੀ., ਸੰਗਰੂਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਮਿਤੀ 01.04.2026 ਤੋਂ 10.04.2026 ਤਕ ਡਰੱਗ ਦੇ 42 ਮੁਕੱਦਮੇ ਦਰਜ ਕਰ ਕੇ 63 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 334 ਗ੍ਰਾਮ ਹੈਰੋਇਨ, 05 ਕਿੱਲੋ ਭੁੱਕੀ ਚੂਰਾ ਪੋਸਤ, 04 ਕਿੱਲੋ 500 ਗ੍ਰਾਮ ਸੁਲਫਾ/ਗਾਂਜਾ, 15 ਨਸ਼ੀਲੇ ਟੀਕੇ ਅਤੇ 670 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 11 ਮੁਕੱਦਮੇ ਦਰਜ ਕਰ ਕੇ 14 ਕਥਿਤ ਦੋਸ਼ੀਆਂ ਨੂੰ ਕਾਬੂ ਕਰ ਕੇ 97.500 ਲੀਟਰ ਸ਼ਰਾਬ ਠੇਕਾ ਦੇਸੀ, 9.750 ਲੀਟਰ ਸ਼ਰਾਬ ਨਜਾਇਜ਼, 18 ਲੀਟਰ ਸ਼ਰਾਬ ਅੰਗਰੇਜ਼ੀ ਅਤੇ 457 ਲੀਟਰ ਲਾਹਣ ਬ੍ਰਾਮਦ ਕਰਵਾਈ ਗਈ।ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 01 ਮੁਕੱਦਮਾ ਦਰਜ ਕਰ ਕੇ 01 ਕਥਿਤ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਪਾਸੋਂ 01 ਦੇਸੀ ਪਿਸਟਲ ਅਤੇ 07 ਜਿੰਦਾ ਕਾਰਤੂਸ ਬ੍ਰਾਮਦ ਕੀਤੇ ਗਏ।ਜੂਆ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 04 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 17,500/- ਰੁਪਏ ਬ੍ਰਾਮਦ ਕਰਾਏ ਗਏ। ਇਸ ਅਰਸੇ ਦੌਰਾਨ 10 ਪੀ.ਓਜ਼ (ਭਗੌੜੇ) ਗ੍ਰਿਫਤਾਰ ਕੀਤੇ ਗਏ।ਥਾਣਾ ਧਰਮਗੜ੍ਹ ਅਤੇ ਸਿਟੀ ਸੁਨਾਮ ਦੇ ਏਰੀਏ ਵਿੱਚ ਲੁੱਟਾਂ-ਖੋਹਾਂ/ਚੋਰੀਆਂ/ਲੜਾਈ-ਝਗੜੇ ਕਰਨ ਵਾਲੇ 07 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਕੇ ਉਨ੍ਹਾ ਪਾਸੋਂ 02 ਸਿਲੰਡਰ, 01 ਮੋਟਰਸਾਈਕਲ, 02 ਤਲਵਾਰਾਂ ਅਤੇ 500/- ਰੁਪਏ ਬ੍ਰਾਮਦ ਕਰਵਾਏ ਗਏ।ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰਾਂ ਨਾਲ ਮੀਟਿੰਗਾਂ/ਸੰਪਰਕ ਮੀਟਿੰਗਾਂ ਕਰ ਕੇ ਆਮ ਪਬਲਿਕ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫਸਰਾਂ/ਮੁੱਖ ਅਫਸਰਾਂ ਵੱਲੋਂ 38 ਪਿੰਡਾਂ/ਸਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰ ਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ।

# ਅਮਨ ਅਰੋੜਾ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ

## ਮੰਡੀਆਂ ਵਿੱਚ ਖ਼ਰੀਦ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ: ਮੁਕੇਸ਼ ਜਨੇਜਾ

ਸੁਨਾਮ ਉਧਮ ਸਿੰਘ ਵਾਲਾ, 11 ਅਪ੍ਰੈਲ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ ) : ਆਮ ਆਦਮੀ ਪਾਰਟੀ ਦੇ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸੁਨਾਮ ਅਨਾਜ ਮੰਡੀ ਵਿਖੇ ਕਣਕ ਦੀ ਖਰੀਦ ਨੂੰ ਲੈ ਕੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਸਥਾਨਕ ਆੜਤੀਆਂ ਅਤੇ ਟਰੱਕ ਯੂਨੀਅਨ ਸੁਨਾਮ ਦੇ ਨੁਮਾਇੰਦਿਆਂ ਨਾਲ ਮਾਰਕੀਟ ਕਮੇਟੀ ਦੇ ਦਫਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ ਤੋਂ ਬਾਅਦ ਅਮਨ ਅਰੋੜਾ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ ਤੇ ਆੜਤੀਆਂ ਦੇ ਨਾਲ ਕਣਕ ਦੀ ਸਰਕਾਰੀ ਬੋਲੀ ਵੀ ਸ਼ੁਰੂ ਕਰਵਾਈ ਇਸੇ ਦੌਰਾਨ ਕੈਬਨਿਟ ਮੰਤਰੀ ਅਮਨ ਅਰੋੜਾ ਮੰਡੀ ਵਿੱਚ ਪਹੁੰਚੇ ਕਿਸਾਨਾਂ ਸਥਾਨਕ ਆੜਤੀਆਂ ਅਤੇ ਮੰਡੀ ਮਜ਼ਦੂਰਾਂ ਨੂੰ ਮਿਲਦੇ ਹੋਏ ਉਹਨਾਂ ਕਿਹਾ ਕਿ ਉਹਨਾਂ ਨੂੰ ਕਿਸੇ ਪ੍ਰਕਾਰ ਦੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੰਡੀਆਂ ਵਿੱਚੋਂ ਕਿਸਾਨਾਂ ਦਾ ਇੱਕ ਇੱਕ ਦਾਣਾ ਖਰੀਦਣ ਲਈ ਵਚਨਵੱਧ ਹੈ। ਅਤੇ ਉਹਨਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਅਨਾਜ ਮੰਡੀਆਂ ਵਿੱਚ ਨਹੀਂ ਆਉਣ ਦਿੱਤੀ ਜਾਵੇਗੀ।ਉਹਨਾਂ ਇਹ



ਵੀ ਕਿਹਾ ਕਿ ਜਿੱਥੇ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਖਰੀਦ ਲਈ ਬਹੁਤ ਚੰਗੇ ਪ੍ਰਬੰਧ ਕੀਤੇ ਗਏ ਹਨ ਉੱਥੇ ਕਣਕ ਦੀ ਅਦਾਇਗੀ ਵੀ ਨਾਲੋਂ ਨਾਲ ਕੀਤੀ ਜਾਵੇਗੀ, ਉਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਕਣਕ ਹੀ ਮੰਡੀ ਵਿੱਚ ਲੈ ਕੇ ਆਣ ਤਾਂ ਕਿ ਕਣਕ ਵੇਚਣ ਸਮੇਂ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਾ ਆਵੇ ਇਸ ਮੌਕੇ 'ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜਨੇਜਾ ਨੇ ਕਿਹਾ ਕਿ ਮੰਡੀਆਂ ਵਿੱਚ ਹਰ ਤਰ੍ਹਾਂ ਦੇ ਪ੍ਰਬੰਧ ਕੀਤੇ ਗਏ ਹਨ ਮੰਡੀਆਂ ਵਿੱਚ ਰੌਸ਼ਨੀ, ਸਫਾਈ, ਪੀਣ ਵਾਲੇ ਪਾਣੀ, ਛਾਂ ਅਤੇ ਕਿਸਾਨਾਂ ਲਈ ਬੈਠਣ ਦੇ ਬਹੁਤ ਵਧੀਆ ਪ੍ਰਬੰਧ ਕੀਤੇ ਹੋਏ ਹਨ ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ ਤੋਂ ਇਲਾਵਾ ਸਕੱਤਰ ਨਰਿੰਦਰ ਪਾਲ ,ਮੰਡੀ ਸੁਪਰਵਾਈਜ਼ਰ ਗੁਰਪ੍ਰੀਤ ਸਿੰਘ ਔਜਲਾ, ਗਗਨਦੀਪ ਸਿੰਘ ਕਲਰਕ ਰਜਿੰਦਰ ਭੈਣੀ, ਪ੍ਰਿਤਪਾਲ ਸਿੰਘ ਹਾਂਡਾ, ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਕਿਸ਼ੋਰ ਚੰਦ ਛਾਹੜੀਆ ,ਸਰਪੰਚ ਅਮਰਿੰਦਰ ਸਿੰਘ ਲਖਮੀਰਵਾਲਾ ਅਮਰੀਕ ਸਿੰਘ ਧਾਲੀਵਾਲ, ਯਾਦਵਿੰਦਰ ਸਿੰਘ ਰਾਜਾ ਚੱਠੇ ਨੱਟਕੇ, ਰਾਜਨ ਸਿੰਗਲਾ, ਰਾਜਨ ਹੋਡਲਾ, ਰਾਜਕੁਮਾਰ ਅਤੇ ਜੀਵਨ ਕੁਮਾਰ ਆਦਿ ਮੌਜੂਦ ਸਨ।

# ਮੌੜ ਵਿਖੇ ਕਾਂਗਰਸ ਦੇ ਨਵੇਂ ਖੋਲ੍ਹੇ ਗਏ ਦ.ਫਤਰ ਵਿੱਚ ਬਲਾਕ ਪ੍ਰਧਾਨਾਂ ਦੀ ਅਗਵਾਈ 'ਚ ਮੀਟਿੰਗ

ਮੌੜ ਮੰਡੀ, 11 ਅਪ੍ਰੈਲ (ਭੋਲਾ ਸਿੰਘ ਮਾਨ) : ਪੰਜਾਬ ਵਿਧਾਨ ਸਭਾ 2027 ਦੀਆਂ ਚੋਣਾਂ ਨੂੰ ਲੈ ਕੇ ਵਿਧਾਨ ਸਭਾ ਹਲਕਾ ਮੌੜ ਅੰਦਰ ਕਾਂਗਰਸ ਪਾਰਟੀ ਵੱਲੋਂ ਤਿਆਰੀਆਂ ਅਰੰਭ ਦਿੱਤੀਆਂ ਹਨ, ਜਿਸਦੇ ਚਲਦੇ ਅੱਜ ਕਾਂਗਰਸ ਦੇ ਸੀਨੀਅਰ ਆਗੂ ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ, ਭੁਪਿੰਦਰ ਸਿੰਘ ਗੋਰਾ ਸਾਬਕਾ ਹਲਕਾ ਇੰਚਾਰਜ ਮੌੜ, ਮਨਿੰਦਰ ਸਿੰਘ ਸੇਖੋਂ ਅਤੇ ਸਾਬਕਾ ਚੇਅਰਮੈਨ ਤੇਜਾ ਸਿੰਘ ਦੰਦੀਵਾਲ ਦੀ ਮੌਜੂਦਗੀ ਅਤੇ ਬਲਾਕ ਕਾਂਗਰਸ ਮੌੜ ਦੇ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ ਅਤੇ ਬਲਾਕ ਰਾਮਪੁਰਾ ਦੇ ਪ੍ਰਧਾਨ ਹਰਲਾਲ ਸਿੰਘ ਦੀ ਅਗਵਾਈ ਹੇਠ ਵਰਕਰਾਂ ਦੀ ਮੀਟਿੰਗ ਕਾਂਗਰਸ ਦੇ ਨਵੇਂ ਬਣੇ ਦਫ਼ਤਰ ਮੌੜ ਵਿਖੇ ਹੋਈ, ਜਿਸ ਵਿਚ ਭਾਰੀ ਗਿਣਤੀ ਕਾਂਗਰਸੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਾਬਕਾ ਵਿਧਾਇਕ ਜਗਦੇਵ ਸਿੰਘ ਕਮਾਲੂ, ਭੁਪਿੰਦਰ ਸਿੰਘ ਗੋਰਾ, ਮਨਿੰਦਰ ਸਿੰਘ ਸੇਖੋਂ ਅਤੇ ਤੇਜਾ ਸਿੰਘ ਦੰਦੀਵਾਲ ਨੇ ਬੋਲਦੇ ਹੋਏ ਕਿਹਾ ਕਿ ਕਾਂਗਰਸ ਹਾਈਕਮਾਂਡ ਦੇ ਹੁਕਮਾਂ ਤਹਿਤ ਕਾਂਗਰਸੀ ਵਰਕਰਾਂ ਨੂੰ ਇੱਕਜੁਟ ਅਤੇ ਪਾਰਟੀ ਨੂੰ ਹਲਕੇ 'ਚ ਮਜ਼ਬੂਤ ਕਰਨ ਲਈ ਬਲਾਕ ਪ੍ਰਧਾਨਾਂ ਦੀ ਅਗਵਾਈ ਹੇਠ ਦਫ਼ਤਰ ਖੋਲ੍ਹਿਆ ਗਿਆ, ਇਹ ਦਫ਼ਤਰ ਖੁੱਲ੍ਹਣ ਨਾਲ ਜਿੱਥੇ ਵਰਕਰਾਂ ਦੀਆਂ ਸਮੱਸਿਆਵਾਂ ਹੱਲ ਹੋਣਗੀਆਂ ਉੱਥੇ ਵਰਕਰਾਂ ਨੂੰ ਸਿੱਧਾ ਪਾਰਟੀ ਹਾਈ ਕਮਾਂਡ ਨਾਲ ਜੁੜਨ ਦਾ ਮੌਕਾ ਮਿਲੇਗਾ। ਉਹਨਾਂ ਅੱਗੇ ਕਿਹਾ ਕਿ ਵਰਕਰਾਂ ਦੇ ਉਤਸ਼ਾਹ ਤੋਂ ਸਪੱਸ਼ਟ ਹੁੰਦਾ ਹੈ ਕਿ ਅੱਜ ਦੇ ਨਿੱਕੇ ਜਿਹੇ ਸੱਦੇ 'ਤੇ ਮੀਟਿੰਗ ਨੇ ਰੈਲੀ ਦਾ ਰੂਪ ਧਾਰਨ ਕਰ ਲਿਆ ਹੈ। ਉਹਨਾਂ ਵਰਕਰਾਂ ਨੂੰ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਸਮੁੱਚੀ ਲੀਡਰਸ਼ਿਪ ਮੌੜ ਵਿਖੇ ਦਫ਼ਤਰ ਦਾ ਉਦਘਾਟਨ ਕਰਨ ਲਈ ਪਹੁੰਚ ਰਹੇ ਹਨ। ਉਹਨਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਜਦੋਂ ਵੀ ਪਾਰਟੀ ਹਾਈਕਮਾਂਡ ਪ੍ਰੋਗਰਾਮ ਦੇਵੇਗੀ, ਉਹ ਉਸ ਪ੍ਰੋਗਰਾਮ ਤਹਿਤ ਲੀਡਰਸ਼ਿਪ ਦੇ ਵਿਚਾਰ ਸੁਣਨ ਲਈ ਵੱਡੀ ਗਿਣਤੀ ਵਿਚ ਪਹੁੰਚਣ, ਤਾਂ ਜੋ ਪਾਰਟੀ ਵਧੇਰੇ ਮਜਬੂਤ ਹੋ ਸਕੇ। ਇਸ ਮੌਕੇ ਗੁਰਤੇਜ ਸਿੰਘ, ਮਲਕੀਤ ਸਿੰਘ, ਸੁਖਵਿੰਦਰ ਸਿੰਘ ਸਾਬਕਾ ਸਰਪੰਚ, ਅੰਮ੍ਰਿਤਪਾਲ ਸਿੰਘ, ਗੁਰਜੰਟ ਸਿੰਘ, ਸ਼ੰਮੀ ਜੈਲਦਾਰ, ਲਛਮਣ ਸਿੰਘ ਪੱਪਾ ਸਾਬਕਾ ਸਰਪੰਚ, ਗੁਰਪਿਆਰ ਸਿੰਘ ਚਾਉਕੇ, ਰਾਜਿੰਦਰ ਕੁਮਾਰ ਟੋਨੀ, ਹਰਪ੍ਰੀਤ ਸਿੰਘ ਬੁਰਜ, ਸੁਰਜੀਤ ਸਿੰਘ ਪਿੱਥੋ, ਬੂਟਾ ਸਿੰਘ ਢੱਡੇ, ਲਖਵਿੰਦਰ ਸਿੰਘ, ਰਣਜੀਤ ਸਿੰਘ ਪਿੱਥੋ, ਲਖਵੀਰ ਸਿੰਘ ਨਾਜੀ , ਪਾਲਾ ਸਿੰਘ ਕੌਂਸਲਰ, ਲਾਭ ਸਿੰਘ ਸੁੱਖਾ ਸਿੰਘ ਵਾਲਾ, ਨਿਰਮਲ ਸਿੰਘ, ਮਾਸਟਰ ਨਛੱਤਰ ਸਿੰਘ , ਲੱਕੀ ਸ਼ਰਮਾਂ ਤੋਂ ਇਲਾਵਾ ਭਾਰੀ ਗਿਣਤੀ ਵਿਚ ਵਰਕਰ ਮੌਜੂਦ ਸਨ।




# ਬੀ. ਐੱਡ.ਦੇ ਨਤੀਜਿਆਂ ਵਿੱਚ ਸ਼੍ਰੀ ਸੱਤਿਆ ਸਾਈ ਬੀ. ਐੱਡ. ਕਾਲਜ ਕਰਾਈਵਾਲਾ ਦਾ ਸ਼ਾਨਦਾਰ ਪ੍ਰਦਰਸ਼ਨ

ਮਲੋਟ, 11 ਅਪ੍ਰੈਲ (ਅਮਨਦੀਪ ਸਿੰਘ ਮਹਿਰਾ) : ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਗਏ ਬੀ. ਐੱਡ. (ਸੈਸ਼ਨ 2024-26) ਸਮੈਸਟਰ ਤੀਜਾ ਦੇ ਨਤੀਜਿਆਂ ਵਿੱਚ ਸ਼੍ਰੀ ਸੱਤਿਆ ਸਾਈ ਬੀ. ਐੱਡ. ਕਾਲਜ ਕਰਾਈਵਾਲਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਵੱਖਰੀ ਪਛਾਣ ਬਣਾਈ ਹੈ। ਕਾਲਜ ਦੇ ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਸ ਪ੍ਰੀਖਿਆ ਵਿੱਚ ਸ਼ਮਨਪ੍ਰੀਤ ਕੌਰ (ਪੁੱਤਰੀ ਸ੍ਰੀ ਗੁਰਚੇਤ ਸਿੰਘ) ਨੇ 87% ਅੰਕ ਹਾਸਲ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਗੁਰਕਮਲ ਪ੍ਰੀਤ ਬਰਾੜ (ਪੁੱਤਰੀ ਸ੍ਰੀ ਪਰਮਜੀਤ ਸਿੰਘ), ਹਰਸ਼ਾਇਨ (ਪੁੱਤਰੀ ਸ੍ਰੀ ਰਾਜਿੰਦਰ ਕੁਮਾਰ), ਹਿਮਾਨੀ (ਪੁੱਤਰੀ ਸ੍ਰੀ ਜੋਗਿੰਦਰ ਪਾਲ), ਪ੍ਰਿਯੰਕਾ ਰਾਣੀ (ਪੁੱਤਰੀ ਸ੍ਰੀ ਸ਼ੰਕਰ ਲਾਲ), ਰਮਨਦੀਪ (ਪੁੱਤਰੀ ਸ੍ਰੀ ਮਹਿੰਦਰ ਪਾਲ), ਰਮਨਦੀਪ ਕੌਰ (ਪੁੱਤਰੀ ਸ੍ਰੀ ਸੁਖਦੀਪ ਸਿੰਘ) ਅਤੇ ਸੁਨੀਲ ਕੁਮਾਰ (ਪੁੱਤਰ ਸ੍ਰੀ ਸਰਦਾਰੂ ਰਾਮ) ਨੇ 86.66% ਅੰਕਾਂ ਨਾਲ ਦੂਸਰਾ ਸਥਾਨ ਹਾਸਲ ਕੀਤਾ। ਸ਼ਰਨਪ੍ਰੀਤ ਸਿੰਘ (ਪੁੱਤਰ ਸ੍ਰੀ ਗੁਰਜੀਤ ਸਿੰਘ) ਨੇ 86.33% ਅੰਕ ਲੈ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਦੀ



ਇਸ ਉਪਲੱਬਧੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਦੀਪ ਠਕਰਾਲ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਇਹ ਨਤੀਜੇ ਉਨ੍ਹਾਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਰਹਿਨੁਮਾਈ ਦਾ ਪਰਿਣਾਮ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਅਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕਾਲਜ ਦੇ ਚੇਅਰਮੈਨ ਸ੍ਰੀ ਅਰਵਿੰਦ ਕੁਮਾਰ ਜੈਨ ਨੇ ਵੀ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਪ੍ਰਦਰਸ਼ਨ ਕਾਲਜ ਦੇ ਸਟਾਫ ਦੀ ਅਣਥੱਕ ਮਿਹਨਤ ਅਤੇ ਵਿਦਿਆਰਥੀਆਂ ਦੀ ਦ੍ਰਿੜਤਾ ਦਾ ਸਿੱਟਾ ਹੈ। ਉਨ੍ਹਾਂ ਆਸ ਜਤਾਈ ਕਿ ਕਾਲਜ ਭਵਿੱਖ ਵਿੱਚ ਵੀ ਅਕਾਦਮਿਕ ਖੇਤਰ ਵਿੱਚ ਅਜਿਹੀਆਂ ਹੀ ਉੱਚਾਈਆਂ ਹਾਸਲ ਕਰੇਗਾ।

# ਡੇਂਗੂ, ਮਲੇਰੀਆ, ਚਿਕਨਗੁਨੀਆ ਦਾ ਘਰ ਘਰ ਜਾ ਕੇ ਸਰਵੇਖਣ ਕੀਤਾ



ਖਨੌਰੀ 11 ਅਪ੍ਰੈਲ (ਓਮਪ੍ਰਕਾਸ ਮੁਆਲ) ਸਿਵਲ ਸਰਜਨ ਸੰਗਰੂਰ ਅਤੇ ਐਸ. ਐਮ.ਓ. ਮੂਨਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਖਨੌਰੀ ਮੰਡੀ ਦੇ ਹੋਟ ਸਪੋਟ ਏਰੀਏ ਵਿੱਚ ਡੇਂਗੂ ਮਲੇਰੀਆ ਚਿਕਨਗੂਨਿਆ ਦਾ ਘਰ ਘਰ ਜਾ ਕੇ ਸਰਵੇਖਣ ਕੀਤਾ ਗਿਆ । ਇਸ ਮੌਕੇ ਡੇਂਗੂ ਮਲੇਰੀਆ ਚਿਕਨਗੂਨਿਆ ਦੀ ਪੈਦਾਇਸ਼ ਨੂੰ ਰੋਕਣ ਲਈ ਘਰਾਂ ਵਿੱਚ ਜਾ ਕੇ ਖੜੇ ਸਾਫ ਪਾਣੀ ਦੇ ਸੋਮਿਆਂ ਨੂੰ ਵੀ ਚੈੱਕ ਕੀਤਾ ਗਿਆ ਅਤੇ ਬੁਖਾਰ ਦੇ ਸ਼ੱਕੀ ਮਰੀਜ਼ਾਂ ਦੀਆਂ ਬਲੱਡ ਸਲਾਈਡਾਂ ਬਣਾਇਆ ਗਈਆ । ਇਸ ਸਮੇਂ ਸੁਖਦੇਵ ਸਿੰਘ ਸੀਨੀਅਰ ਇੰਸਪੈਕਟਰ, ਸੰਜੀਵ ਕੁਮਾਰ ਸੀਨੀਅਰ ਇੰਸਪੈਕਟਰ, ਸ਼ਮਸ਼ੇਰ ਸਿੰਘ, ਮਨਜੀਤ ਚੀਮਾ,ਸਤਪਾਲ ਸਿੰਘ, ਜਗਸੀਰ ਸਿੰਘ ਸਿਹਤ ਕਰਮਚਾਰੀ ਹਾਜਰ ਸਨ।

# ਗੋਇਲ ਨੇ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਲਈ ਚੱਲ ਰਹੇ ਕਾਰਜਾਂ ਦਾ ਲਿਆ ਜਾਇਜ਼ਾ

ਖਨੌਰੀ, 11 ਅਪ੍ਰੈਲ (ਓਮਪ੍ਰਕਾਸ ਮੁਆਲ) :ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਹੜ੍ਹਾਂ ਤੋਂ ਬਚਾਅ ਅਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ। ਇਸ ਤਹਿਤ ਘੱਗਰ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ ਕਰੀਬ 12.42 ਕਰੋੜ ਰੁਪਏ ਦੀ ਲਾਗਤ ਨਾਲ ਵਿਸ਼ੇਸ਼ ਪ੍ਰੋਜੈਕਟ ਲਾਗੂ ਕੀਤਾ ਗਿਆ ਹੈ। ਇਸ ਸਬੰਧੀ ਚੱਲ ਰਹੇ ਕਾਰਜਾਂ ਦਾ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਮਕਰੌੜ ਸਾਹਿਬ ਵਿਖੇ ਜਾਇਜ਼ਾ ਲਿਆ ਗਿਆ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਪਿੰਡ ਅਨਦਾਨਾ ਵਿਖੇ 01.83 ਕਰੋੜ ਰੁਪਏ ਦੀ ਲਾਗਤ ਨਾਲ ਪੁਲ ਦੇ ਨੇੜੇ ਪੱਥਰਾਂ ਦੇ ਨਾਲ ਦਰਿਆ ਦੇ ਕਿਨਾਰਿਆਂ ਨੂੰ ਮਜ਼ਬੂਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮਕਰੌੜ ਸਾਹਿਬ ਤੋਂ ਕੜੈਲ ਤੱਕ 06.46 ਕਰੋੜ ਰੁਪਏ ਦੀ ਲਾਗਤ ਨਾਲ ਅਤੇ ਖਨੌਰੀ ਤੋਂ ਮਕਰੌੜ ਸਾਹਿਬ ਤੱਕ 04.13 ਕਰੋੜ ਰੁਪਏ ਦੀ ਲਾਗਤ ਨਾਲ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਦਾ ਕੰਮ



ਕੀਤਾ ਜਾ ਰਿਹਾ ਹੈ। ਇਨ੍ਹਾਂ ਸਾਰਿਆਂ ਪ੍ਰੋਜੈਕਟਾਂ ਤਹਿਤ ਕੁੱਲ ਕਰੀਬ 42 ਕਿਲੋਮੀਟਰ ਲੰਬੇ ਹਿੱਸੇ ਵਿੱਚ ਦਰਿਆ ਦੇ ਕਿਨਾਰਿਆਂ ਨੂੰ ਹੋਰ ਮਜ਼ਬੂਤ ਅਤੇ ਉੱਚਾ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਹਿਲਾਂ ਵੀ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਲਈ ਕਰੀਬ 04 ਕਰੋੜ ਰੁਪਏ ਖਰਚੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਯਤਨਾਂ ਦਾ ਹੀ ਨਤੀਜਾ ਸੀ ਕਿ ਸਾਲ 2025 ਦੌਰਾਨ ਆਏ ਭਾਰੀ ਹੜ੍ਹਾਂ ਸਮੇਂ, ਜਦੋਂ ਘੱਗਰ ਦਰਿਆ ਲਗਾਤਾਰ ਕਰੀਬ 10 ਦਿਨ ਤੱਕ ਖਤਰੇ ਦੇ ਨਿਸ਼ਾਨ ਤੋਂ ਉੱਪਰ ਵਗਦਾ ਰਿਹਾ, ਤਦ ਵੀ ਇਲਾਕੇ ਦੇ ਵਸਨੀਕਾਂ ਨੂੰ ਵੱਡੇ ਨੁਕਸਾਨ ਤੋਂ ਬਚਾਇਆ ਜਾ ਸਕਿਆ।ਸ਼੍ਰੀ ਗੋਇਲ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਕੁਦਰਤੀ ਆਫ਼ਤਾਂ ਤੋਂ ਸੁਰੱਖਿਅਤ ਰੱਖਣਾ ਅਤੇ ਕਿਸਾਨਾਂ ਦੀ ਫ਼ਸਲਾਂ ਦੀ ਰੱਖਿਆ ਕਰਨੀ ਹੈ। ਉਨ੍ਹਾਂ ਕਿਹਾ ਕਿ ਘੱਗਰ ਦਰਿਆ ਦੇ ਕਿਨਾਰਿਆਂ ਦੀ ਮਜ਼ਬੂਤੀ ਨਾਲ ਨਾ ਸਿਰਫ਼ ਹੜ੍ਹਾਂ ਦੇ ਖਤਰੇ ਨੂੰ ਘਟਾਇਆ ਜਾਵੇਗਾ, ਸਗੋਂ ਇਲਾਕੇ ਵਿੱਚ ਖੇਤੀਬਾੜੀ ਨੂੰ ਵੀ ਮਜ਼ਬੂਤੀ ਮਿਲੇਗੀ।ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਵੇਗੀ ਅਤੇ ਲੋਕਾਂ ਦੀ ਸੁਰੱਖਿਆ ਅਤੇ ਭਲਾਈ ਲਈ ਵਚਨਬੱਧ ਰਹੇਗੀ।ਕੈਬਨਿਟ ਮੰਤਰੀ ਨੇ ਇਸ ਮੌਕੇ ਇਹ ਵੀ ਕਿਹਾ ਕਿ ਜ਼ਿਲ੍ਹਾ ਸੰਗਰੂਰ ਦੀ ਧਰਤੀ ਯੋਧਿਆਂ, ਸੰਘਰਸ਼ੀਆਂ ਤੇ ਸ਼ਹੀਦਾਂ ਦੀ ਧਰਤੀ ਹੈ ਤੇ ਇਸ ਧਰਤੀ ਸਬੰਧੀ ਕਿਸੇ ਵੱਲੋਂ ਵੀ ਬੋਲਿਆ ਕੋਈ ਵੀ ਅਪਮਾਨਜਨਕ ਸ਼ਬਦ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਮੀਡੀਆ ਵੱਲੋਂ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਸਦਕਾ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਉੱਤੇ ਨਿਰਭਰਤਾ ਘਟੀ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਹੋਵੇਗਾ।ਇਸ ਮੌਕੇ ਐੱਸ.ਡੀ.ਐੱਮ. ਰਾਕੇਸ਼ ਪ੍ਰਕਾਸ਼, ਐਕਸੀਅਨ ਬੂਟਾ ਸਿੰਘ, ਸ਼ੀਸ਼ਪਾਲ ਅਨੰਦ ਚੇਅਰਮੈਨ ਮਾਰਕਿਟ ਕਮੇਟੀ ਲਹਿਰਾ, ਮਹਿੰਦਰ ਸਿੰਘ ਕੋਦਨੀ ਚੇਅਰਮੈਨ ਮਾਰਕਿਟ ਕਮੇਟੀ ਮੂਨਕ, ਰਿੰਕੂ ਕੋਦਨੀ, ਸਮੇਤ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਡਾਕਟਰ ਸੈਮੂਅਲ ਹੈਨੀਮਨ ਦਾ 271ਵਾਂ ਜਨਮ ਦਿਨ ਮਨਾਇਆ



ਭਗਤਾ ਭਾਈ ਕਾ, 11ਅਪਰੈਲ (ਸਵਰਨ ਸਿੰਘ ਭਗਤਾ):ਡਾ.ਸੈਮੂਅਲ ਹੈਨੀਮਨ ਦੀ 271ਵਾਂ ਜਨਮ ਦਿਨ ਅਲਾਇੰਸ ਕਲੱਬ ਰਾਮਪੁਰਾ ਫੂਲ ਵੱਲੋਂ ਮੰਗਲਾ ਹੋਮਿਓਪੈਥਿਕ ਕਲੀਨਿਕ ਅਤੇ ਰਿਚਰਸ ਸੈਂਟਰ ਰਾਮਪੁਰਾ ਫੂਲ ਵਿਖੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾਕਟਰ ਐਸ ਪੀ ਮੰਗਲਾ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀ ਗਗਨਦੀਪ ਸ਼ਰਮਾ ਪੀ.ਸੀ.ਐਸ ,ਐਸ ਡੀ ਐਮ ਨਿਹਾਲ ਸਿੰਘ ਵਾਲਾ ਹਾਜ਼ਰ ਰਹੇ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਮਿਸ ਪ੍ਰਿਆ ਮਿੱਟਲ ਸਿਵਲ ਜੱਜ,ਗੁਜਰਾਤ ਨੇ ਸ਼ਿਰਕਤ ਕੀਤੀ।ਇਸ ਮੌਕੇ ਅਲਾਇੰਸ ਕਲੱਬ ਦੀ ਟੀਮ ਵਿੱਚ ਐਸ. ਮੰਗਲਾ ,ਜਗਦੀਸ਼ ਬਾਂਸਲ ਪ੍ਰਧਾਨ, ਡਾ. ਐਸ.ਪੀ. ਮੰਗਲਾ ਪੀ.ਡੀ.ਜੀ, ਹਰਬੰਸ ਸਿੰਗਲਾ ਪੀ.ਡੀ.ਜੀ, ਪ੍ਰਮੋਧ ਮਿੱਤਲ ਸੈਕਟਰੀ, ਵਿਨੈ ਗੋਇਲ ਅਤੇ ਸ਼ਾਮ ਮੋਗਾ ਪੀ.ਆਰ.ਓ , ਡਾ. ਸੁਨੀਤਾ ਮੰਗਲਾ, ਡਾ. ਗੌਰਵ ਗਰਗ, ਸ਼੍ਰੀ ਸਤਨਾਰਾਇਣ ਬਾਂਸਲ, ਤਰਸੇਮ ਢੀਂਗਰਾ, ਪ੍ਰਦੀਪ ਗੋਇਲ, ਅਜੀਤ ਅੱਗਰਵਾਲ, ਜਗਦੀਸ਼ ਮਿੱਤਲ, ਕੁਸ਼ਮ ਗੋਇਲ, ਸੰਜੇ ਮੰਗਲਾ, ਕ੍ਰਿਸ਼ਨ ਮੰਗਲਾ, ਸੁਮਿਤ, ਅਮਿਤ ਅਤੇ ਸਤੀਸ਼ ਤਾਇਲ ਆਦਿ ਹਾਜ਼ਰ ਸਨ। ਸਮਾਗਮ ਦੌਰਾਨ ਡਾ. ਐਸ.ਪੀ. ਮੰਗਲਾ ਵੱਲੋਂ ਸਮਾਗਮ ਵਿੱਚ ਸ਼ਾਮਲ ਸ਼ਖ਼ਸੀਅਤਾਂ ਨੂੰ ਜੀ ਆਇਆਂ ਕਿਹਾ ਅਤੇ ਪ੍ਰਧਾਨ ਜਗਦੀਸ਼ ਬਾਂਸਲ ਵੱਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਡਾ. ਮੰਗਲਾ ਨੇ ਸਬੋਧਨ ਕਰਦਿਆਂ ਕਿ ਹੋਮਿਓਪੈਥੀ ਇੱਕ ਸੁਰੱਖਿਅਤ, ਬਿਨਾਂ ਸਾਈਡ ਇਫੈਕਟ ਵਾਲੀ ਅਤੇ ਪ੍ਰਭਾਵਸ਼ਾਲੀ ਪੈਥੀ ਹੈ ਜੋ ਤੇਜ਼ ਨਤੀਜੇ ਦਿੰਦੀ ਹੈ। ਉਨ੍ਹਾਂ ਨੇ ਕਿਹਾ ਕਿ ਕਿਡਨੀ ਸਟੋਨ, ਟਾਂਸਿਲ, ਨੱਕ ਦੇ ਪੋਲਿਪ, ਯੂਟਰਸ ਫਾਈਬਰਾਇਡ, ਬਵਾਸੀਰ, ਪ੍ਰੋਸਟੇਟ ਵਧਣਾ, ਮੱਸੇ ਅਤੇ ਕੌਰਨ ਦਾ ਬਿਨਾਂ ਆਪਰੇਸ਼ਨ ਇਲਾਜ ਸੰਭਵ ਹੈ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਚਮੜੀ ਦੇ ਰੋਗ, ਐਲਰਜੀ, ਗੈਸਟਰਾਈਟਿਸ, ਲੀਵਰ ਦੀਆਂ ਸਮੱਸਿਆਵਾਂ ਅਤੇ ਪੁਰਸ਼ ਤੇ ਇਸਤਰੀ ਸੰਬੰਧੀ ਬਿਮਾਰੀਆਂ ਦਾ ਸਥਾਈ ਇਲਾਜ ਵੀ ਹੋਮਿਓਪੈਥੀ ਨਾਲ ਸੰਭਵ ਹੈ।ਉਨ੍ਹਾਂ ਨੇ ਕਿਹਾ ਕਿ ਕਿਡਨੀ ਸਟੋਨ, ਟਾਂਸਿਲ, ਨੱਕ ਦੇ ਪੋਲਿਪ, ਯੂਟਰਸ ਫਾਈਬਰਾਇਡ, ਬਵਾਸੀਰ, ਪ੍ਰੋਸਟੇਟ ਵਧਣਾ, ਮੱਸੇ ਅਤੇ ਕੌਰਨ ਦਾ ਬਿਨਾਂ ਆਪਰੇਸ਼ਨ ਇਲਾਜ ਸੰਭਵ ਹੈ।ਉਨ੍ਹਾਂ ਨੇ ਇਹ ਵੀ ਦੱਸਿਆ ਕਿ ਚਮੜੀ ਦੇ ਰੋਗ, ਐਲਰਜੀ, ਗੈਸਟਰਾਈਟਿਸ, ਲੀਵਰ ਦੀਆਂ ਸਮੱਸਿਆਵਾਂ ਅਤੇ ਪੁਰਸ਼ ਤੇ ਇਸਤਰੀ ਸੰਬੰਧੀ ਬਿਮਾਰੀਆਂ ਦਾ ਸਥਾਈ ਇਲਾਜ ਵੀ ਹੋਮਿਓਪੈਥੀ ਨਾਲ ਸੰਭਵ ਹੈ।

# ਭਾਰਤੀ ਅੰਬੇਡਕਰ ਮਿਸ਼ਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ

## ਅੱਜ ਹੋਵੇਗਾ 51 ਸ਼ਖ਼ਸੀਅਤਾਂ ਦਾ ਡਾ. ਅੰਬੇਡਕਰ ਸਟੇਟ ਐਵਾਰਡ ਨਾਲ ਸਨਮਾਨ



ਬਰਨਾਲਾ , 11 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਸਾਬਕਾ ਐਸ ਸੀ ਕਮਿਸ਼ਨ ਪੰਜਾਬ ਦੀ ਅਗਵਾਈ ਹੇਠ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ 'ਬਾਬਾ ਸਾਹਿਬ ਤੁਝੇ ਸਲਾਮ' ਪ੍ਰੋਗਰਾਮ 12 ਅਪ੍ਰੈਲ ਨੂੰ ਸੰਤ ਤੇਜਾ ਸਿੰਘ ਸਮੁੰਦਰੀ ਹਾਲ ਸ਼੍ਰੀ ਮਸਤੂਆਣਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ ਨੇ ਦੱਸਿਆ ਕਿ ਇਸ ਵਿਸ਼ਾਲ ਸੂਬਾ ਪੱਧਰੀ 27 ਵੇਂ ਸਲਾਨਾ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਉਨ੍ਹਾਂ ਕਿਹਾ ਕਿ ਇਸ ਸਮਾਗਮ ਵਿੱਚ ਪੰਜਾਬ ਸਣੇ ਹੋਰ ਸੂਬਿਆਂ ਵਿੱਚੋਂ ਵੀ ਨਾਮਵਰ ਸ਼ਖ਼ਸੀਅਤਾਂ ਪਹੁੰਚ ਰਹੀਆਂ ਹਨ ਕੌਮੀ ਪ੍ਰਧਾਨ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਇਸ ਵਿਸ਼ਾਲ ਸਨਮਾਨ ਸਮਾਰੋਹ ਵਿੱਚ ਵੱਖ ਵੱਖ ਖੇਤਰਾਂ ਚ ਨਾਮਣਾ ਖੱਟਣ ਵਾਲੀਆਂ 51 ਸ਼ਖ਼ਸੀਅਤਾਂ ਦਾ ਡਾਕਟਰ ਅੰਬੇਡਕਰ ਸਟੇਟ ਅਵਾਰਡ ਨਾਲ ਸਨਮਾਨ ਕੀਤਾ ਜਾਵੇਗਾ। ਦਰਸ਼ਨ ਕਾਂਗੜਾ ਨੇ ਕਿਹਾ ਕਿ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਬਾਬਾ ਸਾਹਿਬ ਦੀ ਵਿਚਾਰਧਾਰਾ ਨੂੰ ਮੰਨਣ ਵਾਲੇ ਸਾਥੀਆਂ ਦੀ ਇੱਕ ਸਮਾਜਿਕ ਜੱਥੇਬੰਦੀ ਹੈ ਜਿਸ ਵਿੱਚ ਸ਼ਾਮਲ ਹਜ਼ਾਰਾਂ ਸਾਥੀ ਜਿਨ੍ਹਾਂ ਵਿੱਚ ਮਹਿਲਾਵਾਂ ਵੀ ਸ਼ਾਮਲ ਹਨ ਜ਼ੋ ਪੰਜਾਬ ਸਣੇ ਦੇਸ਼ ਦੇ ਹੋਰ ਵੀ ਵੱਖ ਵੱਖ ਸੂਬਿਆਂ ਅੰਦਰ ਲੋਕਾਂ ਨੂੰ ਇੰਨਸਾਫ ਦਿਵਾਉਣ ਅਤੇ ਵੱਖ ਵੱਖ ਤਰੀਕੇ ਨਾਲ ਲੋਕਾਂ ਦੀ ਭਲਾਈ ਲਈ ਕੰਮ ਕਰ ਰਹੀ ਹੈ। ਪ੍ਰੈਸ ਬਿਆਨ ਮਿਸ਼ਨ ਦੇ ਮੀਡੀਆ ਸਲਾਹਕਾਰ ਸੁਖਵਿੰਦਰ ਸਿੰਘ ਭੰਡਾਰੀ ਨੇ ਬਰਨਾਲਾ ਤੋਂ ਜਾਰੀ ਕੀਤਾ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਦਾ ਅੱਠਵੀਂ ਜਮਾਤ ਦਾ ਨਤੀਜਾ ਸੌ ਫ਼ੀਸਦੀ ਰਿਹਾ

ਬਰਨਾਲਾ, 11 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਕੂਲ ਸਿੱਖਿਆ ਬੋਰਡ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੁਹਾਲੀ ਵੱਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਦਾ ਨਤੀਜਾ ਸੌ ਫ਼ੀਸਦੀ ਰਿਹਾ। ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਰੁਪਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਦੀ ਵਿਦਿਆਰਥਣ ਜਸਲੀਨ ਕੌਰ ਨੇ ਕੁੱਲ 600 ਅੰਕਾਂ ਵਿੱਚੋਂ 548 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਗੁਰਕੀਰਤ ਸਿੰਘ ਅਤੇ ਗੁਰਲੀਨ ਕੌਰ ਕ੍ਰਮਵਾਰ 499 ਅਤੇ 470 ਅੰਕ ਪ੍ਰਾਪਤ ਕਰਕੇ ਦੂਜੇ ਅਤੇ ਤੀਜੇ ਸਥਾਨ ਤੇ ਰਹੇ। ਸਕੂਲ ਦੇ ਬਾਕੀ ਵਿਦਿਆਰਥੀ ਵੀ ਚੰਗੇ ਅੰਕ ਲੈ ਕੇ ਪਾਸ ਹੋਏ ਹਨ। ਪ੍ਰਿੰਸੀਪਲ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਗਈ।

# ਮੀਰੀ ਪੀਰੀ ਖ਼ਾਲਸਾ ਕਾਲਜ ਭਦੌੜ ਵਿੱਚ ਕਰਵਾਇਆ ਕਵੀ ਕੇਵਲ ਕ੍ਰਾਂਤੀ ਨਾਲ ਰੂ-ਬ-ਰੂ ਪ੍ਰੋਗਰਾਮ



ਭਦੌੜ, 11 ਅਪ੍ਰੈਲ (ਸੁਖਵਿੰਦਰ ਪਲਾਹਾ) : ਮੀਰੀ ਪੀਰੀ ਖਾਲਸਾ ਕਾਲਜ ਭਦੌੜ ਵਿਖੇ ਪ੍ਰਿੰਸੀਪਲ ਮਲਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਕਵੀ ਕੇਵਲ ਕ੍ਰਾਂਤੀ ਦਾ ਰੂ-ਬ-ਰੂ ਪ੍ਰੋਗਰਾਮ ਕਰਵਾਇਆ ਗਿਆ। ਜਿਸ ਦੇ ਆਰੰਭ ਵਿੱਚ ਡਾ. ਚਰਨਜੀਤ ਸਿੰਘ ਨੇ ÷ਸਾਂਭੇ ਪਏ ਨੇਂ ਤੇਰੇ ਪੱਤਰ÷ ਅਤੇ 'ਚੱਲ ਨੀਂ ਜਿੰਦੇ, ਬੇਫਿਕਰੇ ਹੋਈਏ' ਪੁਸਤਕਾਂ ਤੇ ਪਰਚਾ ਪੜਦੇ ਹੋਏ ਕਿਹਾ ਕਿ ਕੇਵਲ ਕ੍ਰਾਂਤੀ ਅਤੇ ਮਨਪ੍ਰੀਤ ਸਿੰਘ ਸੰਵੇਦਨਸ਼ੀਲ ਕਵੀ ਹਨ। ਜਿੰਨ੍ਹਾਂ ਨੇ ਫਿਕਰਾਂ ਨੂੰ ਜੀਵਨ ਜਾਂਚ ਦੇ ਰੂਪ ਪੇਸ਼ ਕਰਨ ਦਾ ਯਤਨ ਕੀਤਾ ਹੈ। ਫਿਕਰ ਦੋ ਤਰ੍ਹਾਂ ਦੇ ਹੁੰਦੇ ਹਨ, ਇਕ ਜੋ ਕਿਸੇ ਨਾਲ ਸਾਂਝੇ ਨਹੀਂ ਕਰਦੇ ਅਤੇ ਦੁੱਖ ਬਣ ਜਾਂਦੇ ਹਨ ਹਨ ਦੂਸਰੇ ਉਹ ਜਿਨਾਂ ਤੋਂ ਜੀਵਨ ਜਾਂਚ ਸਿੱਖਦੇ ਹਨ। ਜੋ ਜੀਵਨ ਜਾਂਚ ਸਿਖਦੇ ਹਨ ਉਹ ਫਕੀਰ ਹੁੰਦੇ ਹਨ ਮਨਪ੍ਰੀਤ ਸਿੰਘ ਨੂੰ ਇੱਕ ਕਵੀ ਅਤੇ ਕੇਵਲ ਕ੍ਰਾਂਤੀ ਨੂੰ ਸੁਚੇਤ ਹੋ ਕੇ ਇੱਕ ਵੱਡਾ ਕਵੀ ਬਣਨ ਲਈ ਪ੍ਰੇਰਿਤ ਕੀਤਾ। ਮਨਪ੍ਰੀਤ ਸਿੰਘ ਨੇ ਆਪਣੀ ਕਿਤਾਬ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਇਹ ਕਿਤਾਬ ਮੇਰੇ ਅੰਦਰਲ਼ੇ ਵਲਵਲਿਆਂ ਨੂੰ ਲਿਖਣ ਦੀ ਇੱਕ ਪਹਿਲੀ ਕੋਸ਼ਿਸ਼ ਸੀ ਜੋ ਕਿ ਅੱਜ ਸੱਚ ਦੇ ਰੂਪ ਵਿੱਚ ਉਭਰ ਕੇ ਸਾਹਮਣੇ ਆਈ ਹੈ। ਇਸ ਵਿੱਚ ਭੈਣ ਕਿਰਨਦੀਪ ਕੌਰ ਡੋਡ ਦਾ ਅਹਿਮ ਯੋਗਦਾਨ ਹੈ ਜਿਨਾਂ ਨੇ ਇਸ ਫਿਕਰਾਂ ਨੂੰ ਬੇਫਿਕਰ ਹੋ ਕੇ ਜਿਉਣ ਲਈ ਪ੍ਰੇਰਤ ਕੀਤਾ। ਕੇਵਲ ਕ੍ਰਾਂਤੀ ਨਾਲ ਰੂ-ਬ-ਰੂ ਹੁੰਦੇ ਹੋਏ ਡਾ. ਚਰਨਜੀਤ ਸਿੰਘ ਨੇ ਉਹਨਾਂ ਦੇ ਅਨੁਭਵ ਜਿਵੇਂ ਕਿ ਪਰਿਵਾਰਕ ਪਿਛੋਕੜ, ਮੁਹੱਬਤ ਪਿਆਰ, ਜੀਵਨ ਰਚਨਾ ਸੰਬੰਧੀ ਪੁੱਛਿਆ ਗਿਆ। ਕੇਵਲ ਕ੍ਰਾਂਤੀ ਨੇ ਸਵਾਲਾਂ ਦਾ ਬਾਖੂਬੀ ਜਵਾਬ ਦਿੰਦੇ ਨੇ ਦੱਸਿਆ ਕਿ ਉਹ ਭਦੌੜ ਦੀ ਮਿੱਟੀ ਵਿੱਚ ਜੰਮਿਆ ਹੈ। ਬਾਪੂ ਅਰਜਨ ਸਿੰਘ ਤੋਂ ਪ੍ਰਭਾਵਿਤ ਹੋਇਆ ਅਤੇ ਛੇਵੀਂ ਜਮਾਤ ਵਿੱਚ ਦਵਿੰਦਰ ਸਤਿਆਰਥੀ ਸਹਿਤ ਸਭਾ ਦੀ ਪ੍ਰੇਰਨਾ ਸਦਕਾ ਨਾਟਕ ਵਿੱਚ ਭਾਗ ਲਿਆ। ਇਸ ਉਪਰੰਤ ਚੰਗੀ ਸੋਚ, ਚੰਗੇ ਵਿਅਕਤੀ ਅਤੇ ਚੰਗੇ ਸਮਾਜ ਤੋਂ ਸੇਧ ਲੈਂਦੇ ਹੋਏ ਸਾਹਿਤ ਦੇ ਖੇਤਰ ਵੱਲ ਪ੍ਰੇਰਤ ਹੋਇਆ। ਜਿਸ ਦਾ ਜ਼ਿਕਰ ਵੀ ਇਸ ਕਿਤਾਬ ਵਿੱਚ ਕੀਤਾ ਗਿਆ ਹੈ। ਪ੍ਰਿੰਸੀਪਲ ਮਲਵਿੰਦਰ ਸਿੰਘ ਨੇ ਕੇਵਲ ਕ੍ਰਾਂਤੀ ਅਤੇ ਮਨਪ੍ਰੀਤ ਸਿੰਘ ਨੂੰ ਵਧਾਈ ਦਿੱਤੀ ਅਤੇ ਡਾ. ਚਰਨਦੀਪ ਸਿੰਘ, ਡਾ. ਮਨਦੀਪ ਕੌਰ, ਡਾ. ਵੰਦਨਾ ਸੁਖੀਜਾ, ਪ੍ਰੋ. ਭਿੰਦਰਜੀਤ ਕੌਰ ਦਾ ਧੰਨਵਾਦ ਕਰਦੇ ਕਿਹਾ ਕਿ ਇਹ ਸੰਸਥਾ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਕਵੀ ਕੇਵਲ ਕ੍ਰਾਂਤੀ ਸਾਡੀ ਸੰਸਥਾ ਵਿੱਚ ਆਏ ਅਤੇ ਵਿਦਿਆਰਥੀਆਂ ਨੂੰ ਸਾਹਿਤ ਨਾਲ ਤੇ ਜੀਵਨ ਦੀਆਂ ਡੂੰਘੀਆਂ ਰਮਜਾਂ ਨੂੰ ਸਮਝਾਉਣ ਦਾ ਯਤਨ ਕੀਤਾ ਹੈ। ਇਸ ਉਪਰੰਤ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਹਰਿਆਵਲ ਲਹਿਰ ਦੇ ਮੈਂਬਰ ਮਨਦੀਪ ਸਿੰਘ, ਡ. ਦੀਪਕ ਸਿੰਗਲਾ, ਲਖਵੀਰ ਸਿੰਘ ਸੇਖੋਂ, ਜਗਸੀਰ ਸਿੰਘ ਜੱਗੀ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਐਸ.ਬੀ.ਐਸ. ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਬਰਨਾਲਾ, 11 ਅਪ੍ਰੈਲ (ਹਮੀਰ ਸਿੰਘ) : ਐਸ ਬੀ ਐਸ ਪਬਲਿਕ ਸਕੂਲ, ਸਰਜੀਤਪੁਰਾ ਵਿੱਚ ਵਿਸਾਖੀ ਦਾ ਪਵਿੱਤਰ ਤਿਉਹਾਰ ਬੜੀ ਧੂਮਧਾਮ, ਉਤਸ਼ਾਹ ਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਸਕੂਲ ਦਾ ਮਾਹੌਲ ਪੰਜਾਬੀ ਸਭਿਆਚਾਰ ਦੇ ਰੰਗਾਂ ਨਾਲ ਰੰਗਿਆ ਗਿਆ ਅਤੇ ਹਰ ਪਾਸੇ ਖੁਸ਼ੀ ਦੀ ਲਹਿਰ ਦਿਖਾਈ ਦੇ ਰਹੀ ਸੀ। ਪ੍ਰੋਗਰਾਮ ਦੀ ਸ਼ੁਰੂਆਤ ਰਵਾਇਤੀ ਢੰਗ ਨਾਲ ਕੀਤੀ ਗਈ ਅਤੇ ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤੇ ਗਏ। ਨਰਸਰੀ ਤੋਂ ਲੈ ਕੇ ਸੀਨੀਅਰ ਕੇਜੀ ਤੱਕ ਦੇ ਨੰਨ੍ਹੇ-ਮੁੰਨ੍ਹੇ ਬੱਚਿਆਂ ਨੇ ਭੰਗੜਾ ਪਾ ਕੇ ਸਭ ਦਾ ਮਨ ਮੋਹ ਲਿਆ। ਕਲਾਸ ਪਹਿਲੀ ਤੋ ਤੀਸਰੀ ਤੱਕ ਦੇ ਵਿਦਿਆਰਥੀਆਂ ਨੇ ਸੁੰਦਰ ਕੋਰੀਓਗ੍ਰਾਫੀ ਰਾਹੀਂ ਏਕਤਾ ਅਤੇ ਖੁਸ਼ਹਾਲੀ ਦਾ ਸੰਦੇਸ਼ ਦਿੱਤਾ। ਚੌਥੀ ਅਤੇ ਪੰਜਵੀਂ ਕਲਾਸ ਦੇ ਬੱਚਿਆਂ ਨੇ ਵੱਖ-ਵੱਖ ਗੀਤਾਂ 'ਤੇ ਨਾਚ ਪੇਸ਼ ਕਰਕੇ ਸਮਾਗਮ ਨੂੰ ਹੋਰ ਵੀ ਰੰਗੀਨ ਬਣਾ ਦਿੱਤਾ। ਕਲਾਸ ਛੇਵੀ ਤੋਂ ਅੱਠਵੀਂ ਦੇ ਮੁੰਡਿਆਂ ਨੇ ਜੋਸ਼ ਭਰਪੂਰ ਭੰਗੜਾ ਪਾ ਕੇ ਸਭ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਸ ਦੇ ਨਾਲ ਹੀ ਕੁੜੀਆਂ ਵੱਲੋਂ ਪੇਸ਼ ਕੀਤਾ ਗਿਆ ਗਿੱਧਾ ਪੰਜਾਬੀ ਰਿਵਾਜਾਂ ਅਤੇ ਸਭਿਆਚਾਰ ਦੀ ਸੁੰਦਰ ਝਲਕ ਪੇਸ਼ ਕਰਦਾ ਨਜ਼ਰ ਆਇਆ। ਅੱਠਵੀਂ ਕਲਾਸ ਦੀਆਂ ਕੁੜੀਆਂ ਨੇ ਕਵਿਸ਼ਰੀ ਰਾਹੀਂ ਵਿਸਾਖੀ ਦੇ ਇਤਿਹਾਸ ਅਤੇ ਸਿੱਖੀ ਨਾਲ ਜੁੜੇ ਮੱਤਾਂ ਨੂੰ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ, ਜਿਸ ਦੀ ਸਭ ਨੇ ਖੂਬ ਪ੍ਰਸੰਸਾ ਕੀਤੀ। ਇਸ ਮੌਕੇ 'ਤੇ ਅਧਿਆਪਕ ਗੁਰਮੇਲ ਸਿੰਘ ਅਤੇ ਬਲਜਿੰਦਰ ਕੌਰ ਨੇ ਵਿਸਾਖੀ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਇਹ ਦਿਨ ਸਿਰਫ ਫਸਲ ਦੀ ਕਟਾਈ ਦਾ ਤਿਉਹਾਰ ਹੀ ਨਹੀਂ, ਸਗੋਂ ਸਿੱਖ ਇਤਿਹਾਸ ਵਿੱਚ ਖ਼ਾਲਸਾ ਪੰਥ ਦੀ ਸਥਾਪਨਾ ਨਾਲ ਵੀ ਜੁੜਿਆ ਹੋਇਆ ਹੈ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਅਤੇ ਪਰੰਪਰਾਵਾਂ ਨਾਲ ਜੁੜੇ ਰਹਿਣ ਦੀ ਪ੍ਰੇਰਣਾ ਦਿੱਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਵਿਦਿਆਰਥੀਆਂ ਵਿੱਚ ਆਤਮ ਵਿਸ਼ਵਾਸ ਅਤੇ ਟੀਮ ਵਰਕ ਨੂੰ ਵਧਾਉਂਦੇ ਹਨ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਕਮਲਜੀਤ ਕੌਰ ਨੇ ਸਭ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ ਅਤੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮਾਂ ਨਾਲ ਬੱਚਿਆਂ ਨੂੰ ਆਪਣੀ ਸਭਿਆਚਾਰਕ ਵਿਰਾਸਤ ਬਾਰੇ ਜਾਣਨ ਦਾ ਮੌਕਾ ਮਿਲਦਾ ਹੈ

# ਵਿਸਾਖੀ ਮੌਕੇ ਦਸਮੇਸ਼ ਪਬਲਿਕ ਸਕੂਲ ਢਿੱਲਵਾਂ 'ਚ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ



ਤਪਾ ਮੰਡੀ, 11 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਿੱਲਵਾਂ ਵਿੱਚ ਵਿਸਾਖੀ ਦੇ ਪਾਵਨ ਤਿਉਹਾਰ ਨੂੰ ਮਨਾਉਂਦੇ ਹੋਏ ਵਿਦਿਆਰਥੀਆਂ ਵੱਲੋਂ ਇੱਕ ਰੰਗਾਰੰਗ ਅਤੇ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਨੰਨੇ ਮੁੰਨੇ ਬੱਚਿਆਂ ਨੇ ਖਾਸ ਰੂਪ ਵਿੱਚ ਭਾਗ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੀ ਪ੍ਰਿੰਸੀਪਲ ਮਿਸਿਜ਼ ਮੀਨੂੰ ਬਾਲਾਂ ਅਤੇ ਮਨੈਜਿੰਗ ਡਾਇਰੈਕਟਰ ਮਿਸਟਰ ਨਵਦੀਪ ਗੁਪਤਾ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਵਿਦਿਆਰਥੀਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਅਜਿਹੇ ਤਿਉਹਾਰ ਸਾਨੂੰ ਆਪਣੇ ਸੰਸਕਾਰਾਂ ਨਾਲ ਜੋੜਦੇ ਹਨ ਅਤੇ ਸਮਾਜ ਵਿੱਚ ਏਕਤਾ, ਭਾਈਚਾਰੇ ਅਤੇ ਪਿਆਰ ਨੂੰ ਵਧਾਉਂਦੇ ਹਨ। ਇਸ ਮੌਕੇ 'ਤੇ ਅਧਿਆਪਕ ਮਿਸਟਰ ਚਰਨਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸ ਅਤੇ ਇਸ ਨਾਲ ਜੁੜੀਆਂ ਪਰੰਪਰਾਵਾਂ ਬਾਰੇ ਵਿਸਥਾਰ ਨਾਲ ਜਾਣੂੰ ਕਰਵਾਇਆ। ਇਸ ਤੋਂ ਬਾਅਦ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਗਿੱਧਾ, ਭੰਗੜਾ ਅਤੇ ਹੋਰ ਪੰਜਾਬੀ ਲੋਕ ਨਾਚ ਪੇਸ਼ ਕੀਤੇ ਗਏ, ਜਿਨ੍ਹਾਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਨੰਨੇ ਮੁੰਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਰਹੀਆਂ। ਵਾਇਸ ਪ੍ਰਿੰਸੀਪਲ ਮਿਸਟਰ ਜਗਦੀਪ ਸਿੰਘ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਬੱਚਿਆਂ ਵਿੱਚ ਵਿਸ਼ਵਾਸ ਅਤੇ ਰਚਨਾਤਮਕਤਾ ਦਾ ਵਿਕਾਸ ਹੁੰਦਾ ਹੈ। ਸਟੇਜ ਦੀ ਕਮਾਂਡ ਮਿਸ ਪੂਨਮ ਰਾਣੀ ਵੱਲੋਂ ਬੜੀ ਸੁਚੱਜੇ ਢੰਗ ਨਾਲ ਨਿਭਾਈ ਗਈ। ਇਸ ਸਮਾਗਮ ਵਿੱਚ ਮਿਸ ਰਵੀਨਾ ਰਾਣੀ, ਪ੍ਰਵੀਨ ਕੌਰ, ਮਨੀਸ਼ਾ ਰਾਣੀ, ਸੈਦੀਪ ਕੌਰ, ਸੁਖਪ੍ਰੀਤ ਕੌਰ, ਜਪਨੀਤ ਕੌਰ, ਅਮਨਦੀਪ ਕੌਰ, ਗੁਰਦੀਪ ਸਿੰਘ, ਮਿਸ ਜੋਤੀ ਸਮੇਤ ਸਕੂਲ ਦਾ ਸਮੂਹ ਸਟਾਫ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਹਾਜ਼ਰ ਸਨ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਹੋਰ ਮੈਂਬਰਾਂ ਨੇ ਵੀ ਪ੍ਰੋਗਰਾਮ ਦੀ ਪ੍ਰਸ਼ੰਸਾ ਕੀਤੀ।

# ਫੈਂਸੀ ਡਰੈੱਸ ਤੇ ਦਸਤਾਰ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਦਿਖਾਈ ਰਚਨਾਤਮਕ ਪ੍ਰਤਿਭਾ



ਧਨੌਲਾ, 11 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਕੂਲ ਵਿੱਚ ਪੰਜਾਬੀ ਸੱਭਿਆਚਾਰ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਦਸਤਾਰ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲੇ ਵਿੱਚ ਪ੍ਰੈਪ. ਐਨ.ਸੀ. (LKG) ਤੋਂ ਲੈ ਕੇ ਨੌਵੀਂ ਜਮਾਤ ਤੱਕ ਦੇ ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਦੇ ਚਿਹਰਿਆਂ ਉੱਤੇ ਖੁਸ਼ੀ ਸਾਫ਼ ਦਿਖਾਈ ਦੇ ਰਹੀ ਸੀ ਅਤੇ ਉਨ੍ਹਾਂ ਵੱਲੋਂ ਬਣਾਈਆਂ ਗਈਆਂ ਰਚਨਾਵਾਂ ਵਿੱਚ ਪੰਜਾਬੀ ਪਰੰਪਰਾਵਾਂ ਜਿਵੇਂ ਕਿ ਖੇਡਾਂ-ਤਮਾਸ਼ੇ, ਤਿਉਹਾਰ, ਪਹਿਰਾਵੇ ਅਤੇ ਸੂਟ-ਸਲਵਾਰ ਆਦਿ ਨੂੰ ਸੋਹਣੇ ਢੰਗ ਨਾਲ ਦਰਸਾਇਆ ਗਿਆ। ਮੁਕਾਬਲੇ ਦੌਰਾਨ ਬੱਚਿਆਂ ਦੀ ਕਲਾ ਅਤੇ ਸੋਚ ਨੂੰ ਸਰਾਹਿਆ ਗਿਆ। ਜੱਜਾਂ ਵੱਲੋਂ ਵਿਦਿਆਰਥੀਆਂ ਦੀ ਕਲਾਤਮਕ ਯੋਗਤਾ ਅਤੇ ਪ੍ਰਦਰਸ਼ਨ ਦਾ ਮੁਲਾਂਕਣ ਕੀਤਾ ਗਿਆ ਅਤੇ ਬਿਹਤਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਕੂਲ ਦੇ ਅਧਿਆਪਕਾਂ ਨੇ ਕਿਹਾ ਕਿ ਅਜਿਹੇ ਮੁਕਾਬਲੇ ਬੱਚਿਆਂ ਵਿੱਚ ਰਚਨਾਤਮਕਤਾ ਅਤੇ ਸੱਭਿਆਚਾਰਕ ਜਾਣਕਾਰੀ ਨੂੰ ਵਧਾਉਂਦੇ ਹਨ ਅਤੇ ਉਨ੍ਹਾਂ ਦੇ ਸਰਬਾਂਗੀ ਵਿਕਾਸ ਵਿੱਚ ਮਦਦਗਾਰ ਸਾਬਤ ਹੁੰਦੇ ਹਨ।

## ਸਰਕਾਰੀ ਹਾਈ ਸਕੂਲ ਨਾਈਵਾਲਾ ਦਾ 8ਵੀਂ ਜਮਾਤ ਦਾ ਨਤੀਜਾ ਰਿਹਾ 100 ਫ਼ੀਸਦੀ



ਬਰਨਾਲਾ, 11 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ 8ਵੀਂ ਜਮਾਤ ਦਾ ਬੋਰਡ ਦਾ ਰਿਜ਼ਲਟ ਐਲਾਨ ਦਿੱਤਾ ਗਿਆ ਹੈ,ਜਿਸ ਵਿੱਚ ਸਰਕਾਰੀ ਹਾਈ ਸਕੂਲ ਨਾਈਵਾਲਾ ਦਾ 8ਵੀਂ ਜਮਾਤ ਦਾ ਨਤੀਜਾ ਸਕੂਲ ਇੰਚਾਰਜ ਮਧੂ ਬਾਲਾ ਦੀ ਅਗਵਾਈ ਵਿੱਚ 100 ਪ੍ਰਤੀਸ਼ਤ ਆਇਆ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹਿੰਦਰ ਪਾਲ ਕੰਪਿਊਟਰ ਅਧਿਆਪਕ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਨਾਈਵਾਲਾ ਦੇ ਕੁੱਲ 21 ਵਿਦਿਆਰਥੀਆਂ ਨੇ ਅੱਠਵੀਂ ਦੀ ਬੋਰਡ ਪ੍ਰੀਖਿਆ ਦਿੱਤੀ ਸੀ ਅਤੇ ਸਾਰੇ ਹੀ ਵਿਦਿਆਰਥੀ ਇਹ ਪ੍ਰੀਖਿਆ ਪਾਸ ਕਰਨ ਵਿੱਚ ਸਫ਼ਲ ਹੋਏ ਹਨ। ਸਕੂਲ ਦੀ ਵਿਦਿਆਰਥਣ ਸਿਮਰਨ ਕੌਰ ਨੇ 527 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਸੁਖਮਨਪ੍ਰੀਤ ਕੌਰ ਨੇ 525 ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਅਤੇ ਅਗਮ ਸ਼ਰਮਾ ਨੇ 512 ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ ਹੈ । ਸਕੂਲ ਦੇ 100 ਪ੍ਰਤੀਸ਼ਤ ਰਿਜ਼ਲਟ ਆਉਣ ਤੇ ਕਲਾਸ ਇੰਚਾਰਜ ਰੋਜ਼ੀ ਸਿੰਗਲਾ ਮੈਥ ਮਿਸਟ੍ਰੈਸ, ਪਰਵੀਨ ਸਸ ਮਿਸਟ੍ਰੈਸ, ਲਵਲੀ ਸਿੰਗਲਾ ਮੈਥ ਮਿਸਟ੍ਰੈਸ, ਰਿੰਪਲ ਰਾਣੀ ਅੰਗਰੇਜ਼ੀ ਮਿਸਟ੍ਰੈਸ, ਬੇਅੰਤ ਕੌਰ ਕੰਪਿਊਟਰ ਫੈਕਲਟੀ ਅਤੇ ਸਕੂਲ ਮਨੇਜਮੈਂਟ ਕਮੇਟੀ ਦੀ ਚੇਅਰਮੈਨ ਅਮਰਜੀਤ ਕੌਰ ਨੇ ਖੁਸ਼ੀ ਪ੍ਰਗਟ ਕੀਤੀ ਹੈ ਅਤੇ ਸਕੂਲ ਮੁੱਖੀ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਵਾਉਣ ਦਾ ਸਿਲਸਿਲਾ ਜਾਰੀ



ਧਨੌਲਾ, 11 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸਿਵਲ ਸਰਜਨ ਬਰਨਾਲਾ ਡਾ.ਹਰੀਪਾਲ ਸਿੰਘ ਸਿੱਧੂ ਦੇ ਹੁਕਮਾਂ ਅਨੁਸਾਰ ਅਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮਿੰਦਰ ਕੌਰ ਔਜਲਾ ਦੀ ਯੋਗ ਅਗਵਾਈ ਹੇਠ ਬਲਾਕ ਧਨੌਲਾ ਦੀ ਸਿਹਤ ਵਿਭਾਗ ਦੀ ਟੀਮ ਵੱਲੋਂ ਸਾਰੇ ਯੋਗ ਲਾਭਪਾਤਰੀਆਂ ਦੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਵਾਉਣ ਦਾ ਸਿਲਸਿਲਾ ਨਿਰਵਿਘਨ ਜਾਰੀ ਹੈ। ਸੀਨੀਅਰ ਮੈਡੀਕਲ ਅਫ਼ਸਰ ਡਾ. ਸਤਵੰਤ ਸਿੰਘ ਔਜਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਯੋਜਨਾ ਦਾ ਲਾਭ ਹਰ ਵਿਅਕਤੀ ਤੱਕ ਪਹੁੰਚਾਉਣ ਲਈ ਉਨ੍ਹਾਂ ਦੀ ਟੀਮ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਮਲਟੀਪਰਪਜ਼ ਹੈਲਥ ਵਰਕਰ (ਮੇਲ/ ਫੀਮੇਲ) ਵੱਲੋਂ ਆਸ਼ਾ ਫਸੀਲੀਟੇਟਰ ਅਤੇ ਆਸ਼ਾ ਦੀ ਮਦਦ ਨਾਲ ਐਤਵਾਰ ਅਤੇ ਸਰਕਾਰੀ ਛੁੱਟੀ ਵਾਲੇ ਦਿਨ ਵੀ ਕਾਰਡ ਬਣਵਾਏ ਜਾ ਰਹੇ ਹਨ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਲੋੜ੍ਹ ਪੈਣ @ਤੇ ਇਸ ਯੋਜਨਾ ਦਾ ਲਾਭ ਲੈਣ ਤੋਂ ਵਾਂਝਾ ਨਾ ਰਹੇ। ਡਾ. ਔਜਲਾ ਨੇ ਦੱਸਿਆ ਕਿ ਆਸ਼ਾ ਫਸੀਲੀਟੇਟਰ, ਆਸ਼ਾ ਅਤੇ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਵੱਲੋਂ ਘਰ ਘਰ ਜਾ ਕੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਫਾਇਦਿਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ, ਜਿਸ ਕਾਰਨ ਲੋਕਾਂ ਵਿਚ ਕਾਰਡ ਬਣਵਾਉਣ ਨੂੰ ਲੈ ਕੇ ਵਧੇਰੇ ਦਿਲਚਸਪੀ ਵਿਖਾਈ ਜਾ ਰਹੀ ਹੈ। ਉਨ੍ਹਾਂ ਸਾਰਿਆਂ ਨੂੰ ਅੱਜ ਹੀ ਆਪਣਾ ਆਧਾਰ ਕਾਰਡ, ਵੋਟਰ ਕਾਰਡ ਅਤੇ ਬੱਚੇ ਦਾ ਜਨਮ ਸਰਟੀਫਿਕੇਟ ਲੈ ਕੇ ਆਪਣੇ ਨਜ਼ਦੀਕੀ ਸਾਂਝ ਸੇਵਾ ਕੇਂਦਰ 'ਤੇ ਇਹ ਕਾਰਡ ਬਣਵਾਉਣ ਦੀ ਅਪੀਲ ਕੀਤੀ। ਬੀ.ਈ.ਈ ਰਤਿਕਾ ਓਬਰਾਏ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਪੰਜਾਬ ਦੇ 900 ਤੋਂ ਵੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿਚ ਦਿਲ, ਕੈਂਸਰ ਅਤੇ ਗੁਰਦਿਆਂ ਸਬੰਧੀ ਗੰਭੀਰ ਬਿਮਾਰੀਆਂ ਦਾ ਮੁਫ਼ਤ ਇਲਾਜ ਵੀ ਕਰਵਾਇਆ ਜਾ ਸਕਦਾ ਹੈ। ਇਸ ਮੌਕੇ ਆਸ਼ਾ ਫਸੀਲੀਟੇਟਰ ਪਵਨਪ੍ਰੀਤ ਕੌਰ, ਜਸਵਿੰਦਰ, ਸਿਮਰਜੀਤ, ਹਰਪਾਲ, ਅਮਨਦੀਪ, ਅਮਨਪ੍ਰੀਤ, ਪਰਵਿੰਦਰ, ਪਰਮਜੀਤ ਕੌਰ ਅਤੇ ਆਸ਼ਾ ਜਸਵੀਰ ਕੌਰ, ਪਰਵੀਨ ਰਾਣੀ ਅਤੇ ਪਰਮਜੀਤ ਕੌਰ ਹਾਜ਼ਰ ਸਨ।

## ਵਾਈ.ਐਸ. ਜੈਨਨੇਕਸਟ ਸਕੂਲ ਦੇ ਬੱਚਿਆਂ ਨੇ ਵਿਸਾਖੀ ਦੇ ਮੌਕੇ 'ਤੇ ਗੁਰਦੁਆਰਾ ਸਾਹਿਬ ਮੱਥਾ ਟੇਕਿਆ



ਬਰਨਾਲਾ, 11 ਅਪ੍ਰੈਲ (ਇਸ਼ੇਨ ਕੰਗ) : ਨਵੇਂ ਅਕਾਦਮਿਕ ਸੈਸ਼ਨ ਦੀਆਂ ਪਹਿਲੀਆਂ ਤਿਉਹਾਰਕ ਗਤੀਵਿਧੀਆਂ ਦੇ ਤਹਿਤ, ਵਾਈ ਐਸ ਜੈਨਨੇਕਸਟ ਸਕੂਲ ਦੇ ਐਲ.ਕੇ.ਜੀ. ਅਤੇ ਦੂਜੀ ਜਮਾਤ ਦੇ ਬੱਚਿਆਂ ਨੇ ਵਿਸਾਖੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ 'ਚ ਮੱਥਾ ਟੇਕਿਆ। ਇਹ ਦੌਰਾ ਬੱਚਿਆਂ ਲਈ ਸਿੱਖਣ ਅਤੇ ਸੱਭਿਆਚਾਰਕ ਜਾਣ-ਪਛਾਣ ਦਾ ਸੁੰਦਰ ਮੌਕਾ ਸਾਬਤ ਹੋਇਆ। ਦੌਰੇ ਦੌਰਾਨ ਬੱਚਿਆਂ ਨੇ ਗੁਰਦੁਆਰਾ ਸਾਹਿਬ ਦੀ ਮਹੱਤਤਾ ਬਾਰੇ ਜਾਣਿਆ। ਉਨ੍ਹਾਂ ਨੇ ਸ਼ਾਂਤਮਈ ਵਾਤਾਵਰਨ ਦਾ ਅਨੁਭਵ ਕੀਤਾ ਅਤੇ ਪੰਜਾਬੀ ਸੱਭਿਆਚਾਰ ਤੇ ਪਰੰਪਰਾਵਾਂ ਨਾਲ ਰੂਬਰੂ ਹੋਏ। ਬੱਚਿਆਂ ਨੇ ਸੇਵਾ ਦੀ ਭਾਵਨਾ ਨੂੰ ਸਮਝਿਆ ਅਤੇ ਲੰਗਰ ਦੀ ਪ੍ਰਥਾ ਨੂੰ ਦੇਖ ਕੇ ਸਾਂਝ ਅਤੇ ਬਰਾਬਰੀ ਦੇ ਮੁੱਲ ਸਿੱਖੇ। ਨਵੀਆਂ ਕਲਾਸਾਂ ਵਿੱਚ ਇਹ ਉਨ੍ਹਾਂ ਦਾ ਪਹਿਲਾ ਤਿਉਹਾਰਕ ਸਮਾਗਮ ਸੀ, ਜਿਸ ਨਾਲ ਇਹ ਦੌਰਾ ਹੋਰ ਵੀ ਵਿਸ਼ੇਸ਼ ਬਣ ਗਿਆ। ਇਸ ਅਨੁਭਵ ਨੇ ਬੱਚਿਆਂ ਨੂੰ ਖੁਸ਼ੀ, ਸੱਭਿਆਚਾਰਕ ਜੁੜਾਅ ਅਤੇ ਚੰਗੀਆਂ ਕਦਰਾਂ ਨਾਲ ਭਰ ਦਿੱਤਾ।

# ਐੱਸ.ਡੀ.ਐਮ. ਆਯੂਸ਼ ਗੋਇਲ ਵੱਲੋਂ ਗੈਸ ਏਜੰਸੀ ਦੀ ਅਚਨਚੇਤ ਚੈਕਿੰਗ



ਤਪਾ/ ਬਰਨਾਲਾ, 11 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਉਪ ਮੰਡਲ ਮੈਜਿਸਟ੍ਰੇਟ ਤਪਾ ਸ੍ਰੀ ਆਯੂਸ਼ ਗੋਇਲ ਆਈ ਏ ਐੱਸ ਵਲੋਂ ਇਲਾਕਾ ਵਾਸੀਆਂ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਮੱਦੇਨਜ਼ਰ ਗੈਸ ਏਜੰਸੀ, ਢਿੱਲਵਾਂ ਰੋਡ ਤਪਾ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਮੌਕੇ 'ਤੇ ਮੌਜੂਦ ਲੋਕਾਂ ਤੋਂ ਪੁਛਗਿੱਛ ਕੀਤੀ ਗਈ ਅਤੇ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣਿਆ। ਇਸ ਮੌਕੇ ਮੌਜੂਦ ਲੋਕਾਂ ਨੇ ਦੱਸਿਆ ਕਿ ਉਹਨਾਂ ਨੂੰ ਕੁਝ ਦਿਨਾਂ ਤੋਂ ਗੈਸ ਦੀ ਕਿੱਲਤ ਆ ਰਹੀ ਹੈ। ਇਸ ਮੌਕੇ ਗੈਸ ਏਜੰਸੀ ਦੇ ਮਾਲਕ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਲੋਕਾਂ ਨੂੰ ਖੱਜਲ ਖੁਆਰ ਨਾ ਹੋਣ ਦਿੱਤਾ ਜਾਵੇ ਅਤੇ ਘਰੇਲੂ ਗੈਸ ਸਿਲੰਡਰਾਂ ਦੀ ਡਿਲਵਰੀ ਸਮੇਂ ਸਿਰ ਕੀਤੀ ਜਾਵੇ। ਇਸ ਤੋਂ ਇਲਾਵਾ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਆਯੂਸ਼ ਗੋਇਲ ਵਲੋਂ ਬਾਬਾ ਫੂਲ ਸਰਕਾਰੀ ਬਿਰਧ ਘਰ ਤਪਾ ਦਾ ਵੀ ਦੌਰਾ ਕੀਤਾ ਗਿਆ। ਓਹਨਾਂ ਬਿਰਧ ਘਰ ਰਹਿ ਰਹੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਹਨਾਂ ਬਜ਼ੁਰਗਾਂ ਲਈ ਸਾਰੇ ਪ੍ਰਬੰਧਾਂ ਜਿਵੇਂ ਕਿ ਖਾਣਾ, ਸਾਫ-ਸਫਾਈ, ਦਵਾਈਆਂ ਅਤੇ ਹੋਰ ਸਹੂਲਤਾਂ ਨੂੰ ਘੋਖਿਆ ਅਤੇ ਬਜ਼ੁਰਗਾਂ ਨਾਲ ਗੱਲਬਾਤ ਕਰਕੇ ਓਹਨਾਂ ਦਾ ਹਾਲ ਜਾਣਿਆ। ਇਸ ਮੌਕੇ ਬਜ਼ੁਰਗਾਂ ਨੇ ਪ੍ਰਬੰਧਾਂ 'ਤੇ ਤਸੱਲੀ ਜਤਾਈ ਅਤੇ ਕਿਹਾ ਕਿ ਉਹਨਾਂ ਨੂੰ ਇਥੇ ਘਰ ਵਰਗਾ ਮਾਹੌਲ ਦਿੱਤਾ ਜਾ ਰਿਹਾ ਹੈ। ਇਸ ਮੌਕੇ ਸ੍ਰੀ ਆਯੂਸ਼ ਗੋਇਲ ਨੇ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਜੀਹ ਹੈ ਕਿ ਬਜ਼ੁਰਗਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ।

## ਵਾਈ.ਐਸ. ਪਬਲਿਕ ਸਕੂਲ ਵੱਲੋਂ ਯੂ.ਪੀ.ਐਸ.ਸੀ. ਕੌਂਸਲਿੰਗ ਪਹਿਲ ਦੀ ਸ਼ੁਰੂਆਤ

ਬਰਨਾਲਾ, 11 ਅਪ੍ਰੈਲ (ਹਮੀਰ ਸਿੰਘ) : ਅਕਾਦਮਿਕ ਉਤਮਤਾ ਅਤੇ ਕਰੀਅਰ-ਕੇਂਦ੍ਰਿਤ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਨੂੰ ਜਾਰੀ ਰੱਖਦਿਆਂ, ਵਾਈਐਸ ਪਬਲਿਕ ਸਕੂਲ, ਜਿਸਨੂੰ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਕੀਤਾ ਗਿਆ ਹੈ, ਨੇ ਯੂਪੀਐਸਸੀ ਦੀ ਤਿਆਰੀ ਕਰਨ ਵਾਲੇ ਵਿਦਿਆਰਥੀਆਂ ਲਈ ਇੱਕ ਖਾਸ ਕੌਂਸਲਿੰਗ ਪਹਿਲ ਦੀ ਸ਼ੁਰੂਆਤ ਕੀਤੀ ਹੈ। ਇਹ ਪ੍ਰੋਗਰਾਮ ਖਾਸ ਤੌਰ 'ਤੇ ਉਹਨਾਂ ਵਿਦਿਆਰਥੀਆਂ ਲਈ ਤਿਆਰ ਕੀਤਾ ਗਿਆ ਹੈ ਜੋ ਆਈਏਐਸ,ਆਈਪੀਐਸ ਜਾਂ ਆਈਐਫਐਸ ਅਫਸਰ ਬਣਨ ਦਾ ਸੁਪਨਾ ਦੇਖਦੇ ਹਨ, ਪਰ ਤਿਆਰੀ ਦੀ ਸ਼ੁਰੂਆਤ ਕਰਨ ਵਿੱਚ ਅਕਸਰ ਉਲਝਣ ਮਹਿਸੂਸ ਕਰਦੇ ਹਨ। ਇਸ ਪਹਿਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਸਪੱਸ਼ਟਤਾ ਅਤੇ ਸਹੀ ਦਿਸ਼ਾ ਪ੍ਰਦਾਨ ਕਰਨਾ ਹੈ, ਤਾਂ ਜੋ ਉਹ ਆਤਮਵਿਸ਼ਵਾਸ ਨਾਲ ਆਪਣੇ ਲਕਸ਼ ਵੱਲ ਪਹਿਲਾ ਕਦਮ ਚੁੱਕ ਸਕਣ। ਇਸ ਕੌਂਸਲਿੰਗ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਮਾਹਿਰਾਂ ਵੱਲੋਂ ਕਰੀਅਰ ਮਾਰਗਦਰਸ਼ਨ, ਸੁਚੱਜੀਆਂ ਤਿਆਰੀ ਰਣਨੀਤੀਆਂ ਅਤੇ ਸ਼ੁਰੂ ਤੋਂ ਹੀ ਇੱਕ ਸਪਸ਼ਟ ਰੋਡਮੈਪ ਪ੍ਰਦਾਨ ਕੀਤਾ ਜਾਵੇਗਾ।

# ਸ਼ਿਵਾਲਿਕ ਪਬਲਿਕ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਤਪਾ ਮੰਡੀ, 11 ਅਪ੍ਰੈਲ (ਰਾਜੂ ਮਹਿਰਾ) : ਸ਼ਿਵਾਲਿਕ ਪਬਲਿਕ ਸਕੂਲ ਚ ਵਿਸਾਖੀ ਦਾ ਤਿਉਹਾਰ ਬੜੇ ਚਾਵ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਵਿਚ ਪਲੇਵੇ ਤੋਂ ਲੈ ਕੇ ਦੂਜੀ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਬੱਚਿਆਂ ਨੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਾ ਕੇ ਸਕੂਲ ਦਾ ਮਾਹੌਲ ਖੁਸ਼ੀਆਂ ਨਾਲ ਭਰ ਦਿੱਤਾ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭੰਗੜਾ ਅਤੇ ਗਿੱਧਾ ਪੇਸ਼ ਕੀਤਾ ਗਿਆ, ਜਿਸ ਨੇ ਸਭ ਦਾ ਮਨ ਮੋਹ ਲਿਆ। ਛੋਟੇ ਬੱਚਿਆਂ ਨੇ ਵਿਸਾਖੀ ਨਾਲ ਸੰਬੰਧਿਤ ਗੀਤਾਂ ਅਤੇ ਕਵਿਤਾਵਾਂ ਰਾਹੀਂ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਇਸ ਸਮਾਗਮ ਨੇ ਸਭ ਵਿੱਚ ਖੁਸ਼ੀ ਅਤੇ ਏਕਤਾ ਦਾ ਸੰਦੇਸ਼ ਫੈਲਾਇਆ। ਅਧਿਆਪਕਾਂ ਵੱਲੋਂ ਵੀ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਅਤੇ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਸਕੂਲ ਦੀ ਪ੍ਰਿੰਸੀਪਲ ਮੋਨਿਕਾ ਗਰਗ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਿਸਾਖੀ ਦੀਆਂ ਵਧਾਈਆਂ ਦਿੰਦਿਆਂ ਬੱਚਿਆਂ ਦੀ ਮਿਹਨਤ ਅਤੇ ਪ੍ਰਦਰਸ਼ਨ ਦੀ ਸਰਾਹਨਾ ਕੀਤੀ। ਉਹਨਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਵਿਸਾਖੀ ਸਿੱਖ ਅਤੇ ਹਿੰਦੂ ਭਾਈਚਾਰਿਆਂ ਵਿੱਚ ਪ੍ਰਸਿੱਧ ਤਿਉਹਾਰ ਹੈ। ਵਿਸਾਖੀ 1699 ਵਿੱਚ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਯੋਧਿਆਂ ਦੀ ਸਥਾਪਨਾ ਦੀ ਯਾਦ ਦਿਵਾਉਂਦੀ ਹੈ। ਵਿਸਾਖੀ ਦਾ ਦਿਨ ਸਿੱਖ ਨਵੇਂ ਸਾਲ ਦੀ ਸ਼ੁਰੂਆਤ ਨੂੰ ਦਰਸਾਉਂਦਾ ਹੈ। ਇਹ ਸਿੱਖਾਂ ਅਤੇ ਹਿੰਦੂਆਂ ਲਈ ਬਸੰਤ ਦੀ ਵਾਢੀ ਦਾ ਤਿਉਹਾਰ ਹੈ ਅਤੇ ਹਰ ਸਾਲ 13 ਜਾਂ 14 ਅਪ੍ਰੈਲ ਨੂੰ ਮਨਾਇਆ ਜਾਂਦਾ ਹੈ।

# ਮਿਲਾਵਟਖ਼ੋਰੀ ਵਿਰੁੱਧ ਪ੍ਰਸ਼ਾਸਨ ਸਖ਼ਤ : 7 ਕੇਸਾਂ ਵਿੱਚ 2 ਲੱਖ 25 ਹਜ਼ਾਰ ਰੁਪਏ ਦਾ ਜੁਰਮਾਨਾ

ਬਰਨਾਲਾ, 11 ਅਪ੍ਰੈਲ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵਲੋਂ ਡਿਪਟੀ ਕਮਿਸ਼ਨਰ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਦੀ ਅਗਵਾਈ ਹੇਠ ਮੁਹਿੰਮ ਤਹਿਤ ਖਾਧ ਪਦਾਰਥਾਂ ਵਿੱਚ ਮਿਲਾਵਟਖੋਰੀ ਵਿਰੁੱਧ ਸਖ਼ਤੀ ਵਰਤੀ ਜਾ ਰਹੀ ਹੈ ਜਿਸ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਦੀ ਅਦਾਲਤ ਵਲੋਂ 7 ਕੇਸਾਂ ਵਿੱਚ ਵੱਖ ਵੱਖ ਫਰਮਾਂ/ ਮਾਲਕਾਂ ਨੂੰ 2 ਲੱਖ 25 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਦੁੱਧ, ਪਨੀਰ, ਵੱਖ ਵੱਖ ਤਰ੍ਹਾਂ ਦੇ ਤੇਲ ਸਮੇਤ ਖਾਧ/ ਡੇਅਰੀ ਪਦਾਰਥਾਂ ਵਿਚ ਮਿਲਾਵਟਖੋਰੀ ਰੋਕਣ ਲਈ ਸਿਹਤ ਵਿਭਾਗ ਨੂੰ ਲਗਾਤਾਰ ਚੈਕਿੰਗ ਕਰਨ ਅਤੇ ਨਮੂਨੇ ਭਰਨ ਦੇ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਇਹ ਨਮੂਨੇ ਲੈਣ ਮਗਰੋਂ ਸਿਹਤ ਵਿਭਾਗ ਵਲੋਂ ਖਰੜ ਲੈਬ ਵਿੱਚ ਭੇਜੇ ਜਾਂਦੇ ਹਨ ਜਿੱਥੇ ਮਾਪਦੰਡਾਂ 'ਤੇ ਖਰਾ ਨਾ ਉਤਰਨ ਵਾਲੇ (ਸਬ ਸਟੈਂਡਰਡ) ਨਮੂਨਿਆਂ ਦੇ ਕੇਸ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਅਦਾਲਤ ਵਿੱਚ ਵਿਚਾਰੇ ਜਾਂਦੇ ਹਨ। ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ ਆਈ ਏ ਐੱਸ ਨੇ ਦੱਸਿਆ ਕਿ 9 ਅਪ੍ਰੈਲ ਨੂੰ ਓਹਨਾਂ ਦੀ ਅਦਾਲਤ ਵਿੱਚ 7 ਕੇਸਾਂ ਵਿੱਚ 2 ਲੱਖ 25 ਹਜ਼ਾਰ ਰੁਪਏ ਜੁਰਮਾਨਾ ਕੀਤਾ ਗਿਆ। ਇਨ੍ਹਾਂ ਵਿਚ ਬਰਨਾਲਾ ਦੀ ਫਰਮ ਦੇ ਮਿਲਕ ਕੇਕ ਦੇ ਨਮੂਨੇ, ਧਨੌਲਾ ਦੇ ਖੋਏ, ਘੁੰਨਸ ਦੇ ਸਰ੍ਹੋਂ ਦੇ ਤੇਲ, ਹੰਡਿਆਇਆ ਦੇ ਖਾਣਾ ਬਣਾਉਣ ਵਾਲੇ ਤੇਲ, ਘੁੰਨਸ ਦੀ ਇਕ ਹੋਰ ਫਰਮ ਦੇ ਸਰ੍ਹੋਂ ਦੇ ਤੇਲ, ਤਪਾ ਦੇ ਸਰ੍ਹੋਂ ਦੇ ਤੇਲ, ਧਨੌਲਾ ਦੀ ਇਕ ਹੋਰ ਫਰਮ ਦੇ ਪਨੀਰ ਦੇ ਨਮੂਨਿਆਂ ਦੇ ਸਬ ਸਟੈਂਡਰਡ ਹੋਣ ਦੇ ਮਾਮਲੇ ਵਿਚ ਇਹ ਜੁਰਮਾਨਾ ਕੀਤਾ ਗਿਆ। ਓਹਨਾਂ ਕਿਹਾ ਕਿ ਆਉਂਦੇ ਸਮੇਂ ਵਿੱਚ ਅਜਿਹੇ ਮਾਮਲਿਆਂ ਵਿੱਚ ਪੂਰੀ ਸਖ਼ਤੀ ਵਰਤੀ ਜਾਵੇਗੀ ਤਾਂ ਲੋਕਾਂ ਦੀ ਸਿਹਤ ਨਾਲ ਖਿਲਵਾੜ ਨਾ ਹੋਵੇ। ਜ਼ਿਕਰਯੋਗ ਹੈ ਕਿ ਸਿਹਤ ਵਿਭਾਗ ਵਲੋਂ ਜਨਵਰੀ ਤੋਂ ਮਾਰਚ 2026 ਦੌਰਾਨ ਸਰ੍ਹੋਂ ਦੇ ਤੇਲ, ਦੁੱਧ, ਦੁੱਧ ਤੋਂ ਬਣੀਆਂ ਚੀਜ਼ਾਂ, ਘਿਓ, ਪਨੀਰ, ਖੋਏ, ਮਠਿਆਈਆਂ, ਕੁਕਿੰਗ ਤੇਲ ਦੇ 29 ਨਮੂਨੇ ਲਏ ਗਏ ਜਿਨ੍ਹਾਂ ਵਿਚੋਂ 18 ਨਮੂਨੇ ਪਾਸ ਹੋਏ, ਜਦਕਿ 11 ਫੇਲ ਹੋ ਗਏ।

# ਸ੍ਰੀ ਬ੍ਰਹਮ ਸਾਗਰ ਭੂਰੀ ਵਾਲੇ ਪਬਲਿਕ ਹਾਈ ਸਕੂਲ ਝਲੂਰ ਦੇ ਵਿਦਿਆਰਥੀ ਕਵਿਤਾ ਮੁਕਾਬਲਾ ਜਿੱਤਿਆ



ਧਨੌਲਾ, 11 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸ੍ਰੀ ਬ੍ਰਹਮ ਸਾਗਰ ਭੂਰੀ ਵਾਲੇ ਪਬਲਿਕ ਹਾਈ ਸਕੂਲ ਝਲੂਰ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਲਵਲੀਨ ਸਿੰਘ ਪੁੱਤਰ ਸ਼੍ਰੀ ਮਨਵਿੰਦਰ ਸਿੰਘ ਝਲੂਰ ਨੇ ਚੰਡੀਗੜ੍ਹ ਵਿਖੇ ਹੋਏ 'ਕਿਸ ਮੇ ਕਿਤਨਾ ਹੈ ਦਮ' ਪ੍ਰੋਗਰਾਮ ਵਿੱਚ ਕਵਿਤਾ ਮੁਕਾਬਲੇ ਵਿੱਚ ਟਰਾਫੀ ਜਿੱਤ ਕੇ ਮਾਤਾ ਪਿਤਾ ਅਤੇ ਸਕੂਲ ਦਾ ਨਾਮ ਰੋਸ਼ਨ ਕੀਤਾ, ਆਪਣੀ ਮਿਹਨਤ ਸਦਕਾ ਲਵਲੀਨ ਸਿੰਘ ਨੇ ਕਿਸ ਮੇ ਕਿਤਨਾ ਹੈ ਦਮ ਪ੍ਰੋਗਰਾਮ ਵਿੱਚ ਭਾਗ ਲੇ ਕੇ ਦੂਸਰਾ ਖਿਤਾਬ ਜਿੱਤ ਕੇ ਕਿਸ ਮੇ ਕਿਤਨਾ ਹੈ ਦਮ ਦੱਸ ਦਿੱਤਾ ਕਿ ਲਵਲੀਨ ਵਿੱਚ ਹੈ ਦਮ, ਲਵਲੀਨ ਦੇ ਮਾਤਾ ਪਿਤਾ ਨੇ ਦੱਸਿਆ ਕਿ ਇਸ ਮੁਕਾਬਲੇ ਵਿੱਚ ਪੰਜਾਬ ਜੰਮੂ ਕਸ਼ਮੀਰ ਹਿਮਾਚਲ ਅਤੇ ਹਰਿਆਣਾ ਦੇ ਵਿਦਿਆਰਥੀਆਂ ਨੇ ਭਾਗ ਲਿਆ ਸੀ, ਜਿਸ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਲਵਲੀਨ ਸਿੰਘ ਨੇ ਇਹ ਮੁਕਾਮ ਹਾਸਿਲ ਕੀਤਾ। ਇਸ ਮੁਕਾਮ ਹਾਸਲ ਕਰਨ ਤੇ ਸਵਾਮੀ ਅੰਮ੍ਰਿਤਨੰਦ ਜੀ ਮਹਾਰਾਜ ਨੇ ਅਸ਼ੀਰਵਾਦ ਸੰਦੇਸ਼ ਭੇਜਿਆ ਤੇ ਉਹਨਾਂ ਨੇ ਕਿਹਾ ਕਿ ਵਿਦਿਆਰਥੀ ਦੇ ਸਰਬਪੱਖੀ ਵਿਕਾਸ ਲਈ ਸਕੂਲ ਵਿੱਚ ਸਟਾਫ ਵੱਲੋਂ ਹਮੇਸ਼ਾ ਬਹੁਤ ਉਪਰਾਲੇ ਕੀਤੇ ਜਾ ਰਹੇ ਹਨ। ਜੋ ਕਿ ਵਧਾਈ ਦੇ ਪਾਤਰ ਹਨ ਸਕੂਲ ਦੇ ਪ੍ਰਿੰਸੀਪਲ ਸ੍ਰੀ ਹਰਿਦਰ ਸਿੰਘ ਸੇਖੋਂ ਅਤੇ ਸਮੂਹ ਸਟਾਫ ਵੱਲੋਂ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਸਨਮਾਨਿਤ ਕੀਤਾ ਗਿਆ ਅਤੇ ਵਧਾਈ ਦਿੱਤੀ ਸਕੂਲ ਡਾਇਰੈਕਟਰ ਸ਼੍ਰੀ ਕਮਲਜੀਤ ਸ਼ਰਮਾ ਨੇ ਦੱਸਿਆ ਕਿ ਬੱਚੇ ਨੇ ਪੜਾਅਵਾਰ ਵੱਖ ਵੱਖ ਸਟੇਜਾਂ ਨੂੰ ਪਾਰ ਕਰਕੇ ਮਿਹਨਤ ਨਾਲ ਵਿਦਿਆਰਥੀ ਇਸ ਮੁਕਾਮ ਤੇ ਪਹੁੰਚਿਆ ਹੈ ਜੋ ਕਿ ਸਾਡੇ ਸਕੂਲ ਲਈ ਬਹੁਤ ਮਾਣ ਵਾਲੀ ਗੱਲ ਹੈ ਉਹਨਾਂ ਨੇ ਵਿਦਿਆਰਥੀ ਤੋਂ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

# ਤਪਾ 'ਚ ਸ਼ਰਮਨਾਕ ਕਾਰਾ: 8 ਸਾਲਾ ਬੱਚੇ ਨਾਲ ਕੀਤੀ ਬਦਫੈਲੀ



ਤਪਾ ਮੰਡੀ, 11 ਅਪ੍ਰੈਲ (ਭੂਸ਼ਨ ਘੜੈਲਾ / ਰਾਜੂ ਮਹਿਰਾ) : ਸਥਾਨਕ ਮੰਡੀ 'ਚ ਇਕ ਸ਼ਰਮਨਾਕ ਅਤੇ ਦਿਲ ਦਹਿਲਾਉਂਦੀ ਘਟਨਾ ਸਾਹਮਣੇ ਆਈ ਹੈ, ਜਿੱਥੇ ਗੁਆਂਢ ਵਿੱਚ ਰਹਿੰਦੇ ਕਰੀਬ 18-19 ਸਾਲ ਦੇ ਨੌਜਵਾਨ ਨੇ 8 ਸਾਲਾ ਬੱਚੇ ਜੋ ਦੂਸਰੀ ਕਲਾਸ 'ਚ ਪੜ੍ਹਦਾ ਹੈ ਨਾਲ ਬਦਫੈਲੀ ਕਰਨ ਦੇ ਦੋਸ਼ਾਂ ਹੇਠ ਪੁਲਿਸ ਨੇ ਮਾਮਲਾ ਦਰਜ ਕੀਤਾ ਹੈ। ਪੀੜਤ ਬੱਚੇ ਦੀ ਮਾਂ ਨੇ ਪੁਲਿਸ ਕੋਲ ਦਿੱਤੇ ਆਪਣੇ ਬਿਆਨਾਂ ਵਿੱਚ ਦੱਸਿਆ ਕਿ 29 ਮਾਰਚ 2026 ਨੂੰ ਉਹ ਕਿਸੇ ਕੰਮ ਸਬੰਧੀ ਬਠਿੰਡਾ ਗਈ ਹੋਈ ਸੀ। ਇਸ ਦੌਰਾਨ ਉਸਦਾ ਬੱਚਾ ਘਰ ਦੇ ਨੇੜੇ ਸਾਈਕਲ 'ਤੇ ਖੇਡ ਰਿਹਾ ਸੀ। ਇਸ ਸਮੇਂ ਗੁਆਂਢ ਵਿੱਚ ਰਹਿੰਦੇ ਇਕ ਨੌਜਵਾਨ ਨੇ ਉਸਨੂੰ ਆਪਣੇ ਘਰ ਬੁਲਾ ਲਿਆ। ਉੱਥੇ ਉਸਨੇ ਪਹਿਲਾਂ ਲੈਪਟੌਪ 'ਤੇ ਕਾਰਟੂਨ ਦਿਖਾਏ, ਪਰ ਬਾਅਦ ਵਿੱਚ ਅਸ਼ਲੀਲ ਵੀਡੀਓ ਵੀ ਦਿਖਾਉਣ ਲੱਗ ਪਿਆ। ਬਿਆਨ ਮੁਤਾਬਕ, ਦੋਸ਼ੀ ਨੇ ਬੱਚੇ ਨੂੰ ਭਰਮਿਤ ਕਰਦੇ ਹੋਏ ਕਿਹਾ ਕਿ ਉਹ ਵੀ ਇਸ ਤਰ੍ਹਾਂ ਦੇ ਕੰਮ ਕਰਦੇ ਹਾਂ ਅਤੇ ਉਸਨੂੰ ਵੀ ਐਸਾ ਕਰਨ ਲਈ ਮਜਬੂਰ ਕੀਤਾ। ਜਦ ਬੱਚੇ ਨੇ ਵਿਰੋਧ ਕੀਤਾ ਤਾਂ ਉਸ ਨਾਲ ਜਬਰਦਸਤੀ ਬਦਫੈਲੀ ਕੀਤੀ ਗਈ।

ਘਟਨਾ ਬਾਰੇ ਬੱਚੇ ਨੇ ਪਹਿਲਾਂ ਡਰ ਕਰਕੇ ਕੁਝ ਨਹੀਂ ਦੱਸਿਆ, ਪਰ 5 ਅਪ੍ਰੈਲ 2026 ਨੂੰ ਜਦ ਮਾਂ ਨੇ ਉਸਨੂੰ ਸਮਝਾਇਆ ਅਤੇ ਭਰੋਸਾ ਦਿੱਤਾ, ਤਾਂ ਉਸਨੇ ਸਾਰੀ ਘਟਨਾ ਬਿਆਨ ਕੀਤੀ। ਇਸ ਤੋਂ ਬਾਅਦ ਮਾਂ ਵੱਲੋਂ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਗਿਆ। ਪੁਲਿਸ ਨੇ ਬੱਚੇ ਦੀ ਮਾਂ ਦੇ ਬਿਆਨਾਂ ਦੇ ਆਧਾਰ 'ਤੇ ਜਸ਼ਨਦੀਪ ਸਿੰਘ ਅਤੇ ਜਸ਼ਨ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਅਧਿਕਾਰੀਆਂ ਮੁਤਾਬਕ, ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਕਾਨੂੰਨੀ ਕਾਰਵਾਈ ਤੇਜ਼ੀ ਨਾਲ ਕੀਤੀ ਜਾ ਰਹੀ ਹੈ। ਇਸ ਮਾਮਲੇ ਦੀ ਕਾਰਵਾਈ ਥਾਣਾ ਮੁੱਖੀ ਸ਼ਹਿਣਾ ਰੇਣੂ ਪਰੋਚਾ ਕਰ ਰਹੀ ਹੈ ਅਨੁਸਾਰ ਦੋਸ਼ੀ ਫਰਾਰ ਦੱਸਿਆ ਜਾ ਰਿਹਾ ਹੈ।



# ਪਟਿਆਲਾ-ਆਸ/ਪਾਸ



## ਹਾਂਸੀ-ਬੁਟਾਨਾ ਨਹਿਰ ਦੀ ਸਫਾਈ ਸ਼ੁਰੂ

### ਪ੍ਰਨੀਤ ਕੌਰ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਵਿਸ਼ੇਸ਼ ਮੁਲਾਕਾਤ

ਪਟਿਆਲਾ, 11 ਅਪ੍ਰੈਲ (ਰੁਪਾਣਾ) : ਹਲਕਾ ਸਮਾਣਾ ਦੇ ਕਿਸਾਨਾਂ ਅਤੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਅੱਜ ਪੂਰੀ ਹੋ ਗਈ ਹੈ। ਹਾਂਸੀ-ਬੁਟਾਨਾ ਨਹਿਰ ਵਿੱਚ ਘੱਗਰ ਦਰਿਆ ਦੇ ਪਾਣੀ ਕਾਰਨ ਲੱਗਣ ਵਾਲੀ ਡਾਫ ਅਤੇ ਨਹਿਰ ਦੀ ਸਫ਼ਾਈ ਨਾ ਹੋਣ ਕਾਰਨ ਪੈਦਾ ਹੋਣ ਵਾਲੀ ਹੜ੍ਹ ਦੀ ਸਥਿਤੀ ਨੂੰ ਗੰਭੀਰਤਾ ਨਾਲ ਲੈਂਦਿਆਂ, ਹਰਿਆਣਾ ਸਰਕਾਰ ਵੱਲੋਂ ਨਹਿਰ ਦੀ ਸਫ਼ਾਈ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਬੰਧੀ ਮੀਡੀਆ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਦੱਸਿਆ ਕਿ ਹਾਂਸੀ-ਬੁਟਾਨਾ ਨਹਿਰ ਦੀ ਸਫ਼ਾਈ ਨਾ ਹੋਣ ਕਾਰਨ ਹਰ ਸਾਲ ਮਾਨਸੂਨ ਦੌਰਾਨ ਦਰਜਨਾਂ ਪਿੰਡਾਂ ਦੀ ਸੈਂਕੜੇ ਏਕੜ ਫ਼ਸਲ ਪਾਣੀ ਦੀ ਮਾਰ ਹੇਠ ਆ ਕੇ ਬਰਬਾਦ ਹੋ ਜਾਂਦੀ ਸੀ। ਉਨ੍ਹਾਂ ਕਿਹਾ, ਪਿੰਡ ਵਾਸੀਆਂ ਨੇ ਇਸ ਸਬੰਧੀ ਲੰਬਾ ਸੰਘਰਸ਼ ਲੜਿਆ ਅਤੇ ਅਸੀਂ ਲਗਾਤਾਰ ਇਸ ਮਸਲੇ ਨੂੰ



ਹੱਲ ਕਰਵਾਉਣ ਲਈ ਕੇਂਦਰ ਸਰਕਾਰ ਦੇ ਸਬੰਧਤ ਮੰਤਰਾਲਿਆਂ ਅਤੇ ਹਰਿਆਣਾ ਸਰਕਾਰ ਤੱਕ ਪਹੁੰਚ ਕੀਤੀ ਸੀ। ਪ੍ਰਨੀਤ ਕੌਰ ਨੇ ਅੱਗੇ ਦੱਸਿਆ ਕਿ ਉਨ੍ਹਾਂ ਨੇ ਸੰਘਰਸ਼ ਕਮੇਟੀ ਦੇ ਮੈਂਬਰਾਂ ਨੂੰ ਨਾਲ ਲੈ ਕੇ ਚੰਡੀਗੜ੍ਹ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਸੀ। ਇਸ ਮੁਲਾਕਾਤ ਦੌਰਾਨ ਕਿਸਾਨਾਂ ਨੂੰ ਹੋਣ ਵਾਲੇ ਮਾਲੀ ਨੁਕਸਾਨ ਅਤੇ ਇਲਾਕੇ ਦੀ ਭੂਗੋਲਿਕ ਸਥਿਤੀ ਬਾਰੇ ਵਿਸਥਾਰ ਵਿੱਚ ਜਾਣੂੰ ਕਰਵਾਇਆ ਗਿਆ ਸੀ। ਇਨ੍ਹਾਂ ਅਣਥੱਕ ਯਤਨਾਂ ਦੇ ਸਿੱਟੇ ਵਜੋਂ ਹੁਣ ਸਫ਼ਾਈ ਪ੍ਰਕਿਰਿਆ ਆਰੰਭ ਹੋਈ ਹੈ। ਹਰਿਆਣਾ ਦੇ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ, ਮੈਂ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਧੰਨਵਾਦੀ ਹਾਂ ਕਿ ਉਨ੍ਹਾਂ ਨੇ ਸਾਡੀ ਬੇਨਤੀ ਨੂੰ ਸਵੀਕਾਰ ਕਰਦਿਆਂ ਕਿਸਾਨਾਂ ਦੇ ਹਿੱਤ 'ਚ ਇਹ ਸ਼ਲਾਘਾਯੋਗ ਫੈਸਲਾ ਲਿਆ ਹੈ। ਇਸ ਕਾਰਜ ਨਾਲ ਨਾ ਸਿਰਫ਼ ਪਾਣੀ ਦਾ ਵਹਾਅ ਠੀਕ ਹੋਵੇਗਾ, ਸਗੋਂ ਆਸ-ਪਾਸ ਦੇ ਪਿੰਡਾਂ ਦੇ ਕਿਸਾਨਾਂ ਦੀ ਆਰਥਿਕਤਾ ਵੀ ਸੁਰੱਖਿਅਤ ਹੋਵੇਗੀ। ਅੰਤ 'ਚ ਪ੍ਰਨੀਤ ਕੌਰ ਨੇ ਸਮੂਹ ਪਿੰਡ ਵਾਸੀਆਂ ਨੂੰ ਇਸ ਜਿੱਤ ਲਈ ਵਧਾਈ ਦਿੰਦਿਆਂ ਮੁੜ ਦੁਹਰਾਇਆ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਅਤੇ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣਗੇ।

## ਖ਼ਾਲਸਾ ਸਾਜਨਾ ਦਿਵਸ ਤੇ ਵਿਸਾਖੀ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ 14 ਨੂੰ

ਪਟਿਆਲਾ, 11 ਅਪ੍ਰੈਲ (ਚ.ਨ.ਸ.): ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਮਿਤੀ 14 ਅਪ੍ਰੈਲ ਦਿਨ ਮੰਗਲਵਾਰ ਨੂੰ ਦੁਪਹਿਰ 12.00 ਵਜੇ ਗੁਰਦੁਆਰਾ ਦਰਸ਼ਨੀ ਦਰਬਾਰ ਹੋਤੀ ਮਰਦਾਨ ਨਾਮਦਾਰ ਖਾਂ ਰੋਡ ਪਟਿਆਲਾ ਤੋਂ ਆਰੰਭ ਹੋ ਕੇ ਸ਼ਹਿਰ ਦੇ ਮੁੱਖ ਬਜ਼ਾਰਾਂ ਤੋਂ ਹੁੰਦਾ ਹੋਇਆ ਰਾਤ 8.00 ਵਜੇ ਗੁ. ਦਰਸ਼ਨੀ ਦਰਬਾਰ (ਹੋਤੀ ਮਰਦਾਨ) ਵਿਖੇ ਸਮਾਪਤੀ ਹੋਵੇਗੀ। ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਗਈ ਹੈ ਕਿ ਹੁੰਮ ਹੁੰਮਾ ਕੇ ਕੇਸਰੀ ਦਸਤਾਰਾਂ ਅਤੇ ਦੁਪੱਟੇ ਸਜਾ ਕੇ ਖਾਲਸਾ ਪੰਥ ਦੇ ਪ੍ਰਗਟ ਦਿਵਸ 'ਤੇ ਹੁੰਮ ਹੁੰਮਾ ਕੇ ਸ਼ਾਮਲ ਹੋਵੋ ਅਤੇ ਆਪਣੇ ਪਿਤਾ ਸਾਹਿਬ-ਏ-ਕਮਾਲ ਗੁਰੂ ਗੋਬਿੰਦ ਸਿੰਘ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ। ਨਾਲ ਸਾਰੇ ਦੁਕਾਨਦਾਰਾਂ ਨੂੰ ਵੀ ਬੇਨਤੀ ਕੀਤੀ ਗਈ ਹੈ ਕਿ ਦੁਕਾਨਾਂ 'ਤੇ ਨਗਰ ਕੀਰਤਨ ਵਾਲੇ ਦਿਨ ਬਸੰਤੀ ਦਸਤਾਰਾਂ ਸਜਾ ਕੇ ਬੈਠਣ। ਇਸ ਮੌਕੇ 13 ਅਪ੍ਰੈਲ ਤਕ ਪ੍ਰਭਾਤ ਫੇਰੀਆਂ ਗੁਰਦੁਆਰਾ ਹੋਤੀ ਮਰਦਾਨ ਤੋਂ ਆਰੰਭ ਹੋਣਗੀਆਂ। ਮਿਤੀ 12 ਅਪ੍ਰੈਲ ਦਿਨ ਐਤਵਾਰ ਨੂੰ ਅੰਮ੍ਰਿਤ ਸੰਚਾਰ ਸਵੇਰੇ 10.00 ਵਜੇ ਗੁਰਦੁਆਰਾ ਸ੍ਰੀ ਜਾਪੁ ਸਾਹਿਬ ਮੁਹੱਲਾ ਕਲੇਰਾਂ ਨੇੜੇ ਤਵੱਕਲੀ ਮੋੜ ਵਿਖੇ ਹੋਵੇਗਾ ਅਤੇ ਸ਼ਾਮ 3.00 ਵਜੇ ਤੋਂ 6.00 ਵਜੇ ਤਕ ਦਸਤਾਰ ਮੁਕਾਬਲੇ ਵੀ ਕਰਵਾਏ ਜਾਣਗੇ।

### ਕਿਸਾਨ ਪਰਿਵਾਰ 'ਤੇ ਟੁੱਟਿਆ ਦੁੱਖਾਂ ਦਾ ਪਹਾੜ

## ਫਤਿਹਮਾਜਰੀ ਵਿਖੇ 5 ਏਕੜ ਫਸਲ ਸੜੀ

### ➢ਜਥੇਦਾਰ ਜਗਜੀਤ ਸਿੰਘ ਹਰਿਆਊ ਵੱਲੋਂ 50 ਹਜ਼ਾਰ ਦੀ ਮਦਦ

ਸਮਾਣਾ, 11 ਅਪ੍ਰੈਲ (ਜਵੰਦਾ) : ਪਿੰਡ ਫਤਿਹਮਾਜਰੀ ਦੇ ਕਿਸਾਨ ਸ. ਕਸ਼ਮੀਰ ਸਿੰਘ ਸਪੁੱਤਰ ਸ. ਹਰਦੇਵ ਸਿੰਘ ਦੀ ਲਗਭਗ 5 ਏਕੜ ਖੜੀ ਫਸਲ ਨੂੰ ਅੱਜ ਸਵੇਰੇ ਤਕਰੀਬਨ ਅੱਗ ਲੱਗਣ ਕਾਰਨ ਭਾਰੀ ਨੁਕਸਾਨ ਝੱਲਣਾ ਪਿਆ। ਇਸ ਅਚਾਨਕ ਘਟਨਾ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ।ਮਿਲੀ ਜਾਣਕਾਰੀ ਮੁਤਾਬਕ ਅੱਗ ਲੱਗਣ ਦਾ ਮੁੱਖ ਕਾਰਨ ਸ਼ਾਰਟ ਸਰਕਟ ਸੀ। ਇਸ ਮੁਸ਼ਕਲ ਦੀ ਘੜੀ ਵਿੱਚ ਪੀੜਤ ਪਰਿਵਾਰ ਦੀ ਸਹਾਇਤਾ ਲਈ ਅੱਗੇ ਆਉਂਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਜਗਜੀਤ ਸਿੰਘ ਹਰਿਆਊ ਵੱਲੋਂ 50,000 ਰੁਪਏ ਦੀ ਨਕਦ ਮਦਦ ਦਿੱਤੀ ਗਈ, ਜਿਸ ਨਾਲ ਕੁਝ ਹੱਦ ਤੱਕ ਪਰਿਵਾਰ ਨੂੰ ਰਾਹਤ ਮਿਲੀ ਹੈ।ਪਿੰਡ ਵਾਸੀਆਂ ਅਤੇ ਕਿਸਾਨ



ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਨੁਕਸਾਨ ਦੀ ਪੂਰੀ ਭਰਪਾਈ ਕੀਤੀ ਜਾਵੇ।ਇਸ ਮੌਕੇ ਕੁਲਦੀਪ ਸਿੰਘ ਨੱਸੂਪੁਰ, ਮੈਂਬਰ ਸ਼੍ਰੋਮਣੀ ਕਮੇਟੀ, ਅਮਰਜੀਤ ਸਿੰਘ ਟੋਡਰਪੁਰ ਸਾਬਕਾ ਚੇਅਰਮੈਨ, ਮਲਕੀਤ ਸਿੰਘ ਚੀਮਾ ਕੌਮੀ ਜਨਰਲ ਸਕੱਤਰ ਯੂਥ ਅਕਾਲੀ ਦਲ, ਬਲਜਿੰਦਰ ਸਿੰਘ ਬੱਲੀ ਕੌਮੀ ਜਨਰਲ ਸਕੱਤਰ ਯੂਥ ਅਕਾਲੀ ਦਲ, ਨਿਸ਼ਾਨ ਸਿੰਘ ਸੰਧੂ, ਅਮਰਜੀਤ ਸਿੰਘ ਗਰਾਇਆ, ਸੋਨੂ ਰੰਧਾਵਾ, ਕਸ਼ਮੀਰ ਸਿੰਘ ਸਰਪੰਚ, ਜਥੇਦਾਰ ਭੁਪਿੰਦਰ ਸਿੰਘ ਘਿਓਰਾ, ਗੁਰਜੰਟ ਸਿੰਘ ਮਵੀ, ਗੁਰਸੇਵਕ ਸਿੰਘ, ਰਾਜਵਿੰਦਰ ਸਿੰਘ ਰਾਜੂ, ਅੰਮ੍ਰਿਤਪਾਲ ਸਿੰਘ , ਨਾਜਰ ਸਿੰਘ ਚੱਠਾ ਅਤੇ ਗੁਲਾਬ ਸਿੰਘ ਆਦਿ ਵੀ ਹਾਜ਼ਰ ਸਨ ।

## ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਮਿਲੇਗੀ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ : ਗੁਰਮੀਤ ਸਿੰਘ ਖੁੱਡੀਆਂ

### ➢ਖੇਤੀਬਾੜੀ ਮੰਤਰੀ ਤੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਜੁਨੇਜਾ ਵੱਲੋਂ ਮਹਾਰਾਣੀ ਕਲੱਬ ਵਿਖੇ ਲਗਾਏ ਮੁੱਖ ਮੰਤਰੀ ਸਿਹਤ ਯੋਜਨਾ ਕੈਂਪ ਉਦਘਾਟਨ

ਪਟਿਆਲਾ, 11 ਅਪ੍ਰੈਲ (ਰੁਪਾਣਾ) : ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ, ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਸੂਬਾ ਨਿਵਾਸੀਆਂ ਨਾਲ ਕੀਤੇ ਸਾਰੇ ਵਾਅਦੇ ਆਪਣੀਆਂ ਗਰੰਟੀਆਂ ਪੂਰੀਆਂ ਕਰਕੇ ਨਿਭਾਅ ਦਿੱਤੇ ਹਨ। ਖੇਤੀਬਾੜੀ ਮੰਤਰੀ ਖੁੱਡੀਆਂ ਅੱਜ ਇੱਥੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਆਮ ਲੋਕਾਂ ਲਈ ਮੁੱਖ ਮੰਤਰੀ ਸਿਹਤ ਯੋਜਨਾ ਕੇ ਕਾਰਡ ਬਣਵਾਉਣ ਲਈ ਮਹਾਰਾਣੀ ਕਲੱਬ ਵਿਖੇ ਲਗਾਏ ਜਾ ਰਹੇ ਵਿਸ਼ੇਸ਼ ਕੈਂਪ ਦਾ ਉਦਘਾਟਨ ਕਰਨ ਪੁੱਜੇ ਹੋਏ ਸਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਹੇਠ ਪੰਜਾਬ ਦੀ ਜਨਤਾ ਨੂੰ ਮੁਫਤ ਮੈਡੀਕਲ ਸਹੂਲਤ ਦੇਣ ਲਈ ਸਿਹਤ ਯੋਜਨਾ ਦੇ ਕਾਰਡ ਬਣਾਉਣ ਸਬੰਧੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਰਾਜ ਦੇ 65 ਲੱਖ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੀ ਮੁਫਤ ਮੈਡੀਕਲ ਸਹੂਲਤ ਦਿੱਤੀ ਜਾਵੇਗੀ। ਗੁਰਮੀਤ ਸਿੰਘ ਖੁੱਡੀਆਂ ਨੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਕੀਤੇ ਗਏ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੀ.ਆਰ.ਟੀ.ਸੀ ਦੇ ਮੁਲਾਜਮਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਦੇਣ ਲਈ ਮਿਤੀ 1 ਅਪ੍ਰੈਲ 2026 ਪਹਿਲਾਂ ਇਹ ਕੈਂਪ ਲਾਉਣ ਦੀ ਸ਼ੁਰੂਆਤ ਪੀ.ਆਰ.ਟੀ.ਸੀ ਦੇ ਮੁੱਖ ਦਫਤਰ ਨਾਭਾ ਰੋਡ ਵਿਖੇ ਕੀਤੀ ਗਈ ਸੀ। ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਹ ਕੈਂਪ ਲਗਾਤਾਰ 12 ਅਪ੍ਰੈਲ ਤੱਕ ਲਗਾਇਆ ਜਾਵੇਗਾ। ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਸ ਸਹੂਲਤ ਦਾ ਲਾਭ ਪਟਿਆਲਾ ਵਾਸੀਆਂ ਨੂੰ ਦੇਣ ਲਈ ਇਹ ਤਿੰਨ ਰੋਜ਼ਾ ਕੈਂਪ ਮਹਾਰਾਣੀ ਤੇ ਜਿਮਖਾਨਾ ਕਲੱਬ ਵਿਖੇ ਲਗਾਇਆ ਜਾ ਰਿਹਾ ਹੈ, ਜਿਸ ਦਾ ਉਦਘਾਟਨ ਖੇਤੀਬਾੜੀ ਮੰਤਰੀ ਨੇ ਕੀਤਾ ਹੈ।

## ਡੀ.ਸੀ. ਵੱਲੋਂ ਪਟਿਆਲਾ ਅਨਾਜ ਮੰਡੀ 'ਚ ਕਣਕ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ

### ਕਣਕ ਦੀ ਸੁਚਾਰੂ ਖਰੀਦ ਲਈ ਪ੍ਰਬੰਧ ਪੁਖ਼ਤਾ : ਡਾ. ਹਿਮਾਂਸ਼ੂ ਅਗਰਵਾਲ

ਪਟਿਆਲਾ, 11 ਅਪ੍ਰੈਲ (ਰੁਪਾਣਾ) : ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਆਪਣਾ ਅਹੁਦਾ ਸੰਭਾਲਣ ਦੇ ਤੁਰੰਤ ਬਾਅਦ ਪਟਿਆਲਾ ਦੀ ਅਨਾਜ ਮੰਡੀ ਦਾ ਦੌਰਾ ਕਰਕੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ



ਕਣਕ ਦੀ ਖਰੀਦ, ਬਾਰਦਾਨੇ, ਢੋਆ-ਢੁਆਈ ਲਈ ਆਵਾਜਾਈ ਦੇ ਸਾਧਨਾਂ ਸਮੇਤ ਲੇਬਰ ਤੇ ਮੰਡੀਆਂ 'ਚ ਖਰੀਦੀ ਜਿਣਸ ਦੀ ਕਿਸਾਨਾਂ ਨੂੰ ਨਾਲੋ-ਨਾਲ ਅਦਾਇਗੀ ਬਾਰੇ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਮੌਜੂਦਾ ਹਾੜੀ ਦੇ ਸੀਜ਼ਨ ਦੌਰਾਨ ਕਣਕ ਦੀ ਸੁਚਾਰੂ ਖਰੀਦ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸੁਚੱਜੇ ਪ੍ਰਬੰਧ ਮੁਕੰਮਲ ਹਨ, ਜਿਸ ਕਰਕੇ ਕਿਸਾਨਾਂ ਨੂੰ ਦੀ ਜਿਣਸ ਦਾ ਦਾਣਾ-ਦਾਣਾ ਸਮੇਂ ਸਿਰ ਖਰੀਦਿਆ ਜਾਵੇਗਾ ਅਤੇ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਕੰਟਰੋਲਰ ਡਾ. ਰਵਿੰਦਰ ਕੌਰ ਤੋਂ ਜ਼ਿਲ੍ਹੇ ਮੰਡੀਆਂ 'ਚ ਸਾਫ਼ ਸਫ਼ਾਈ, ਪੀਣ ਵਾਲੇ ਪਾਣੀ, ਪਖਾਨੇ ਤੇ ਪਿਸ਼ਾਬ ਘਰ, ਰੋਸ਼ਨੀ, ਸੁਰੱਖਿਆ ਆਦਿ ਸਮੇਤ ਹੋਰ ਲੋੜੀਂਦੇ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਤੇ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਕਣਕ ਦੀ ਖਰੀਦ, ਕਿਸਾਨਾਂ ਨੂੰ ਅਦਾਇਗੀ ਤੇ ਲਿਫਟਿੰਗ ਨਾਲੋ-ਨਾਲ ਯਕੀਨੀ ਬਣਾਈ ਜਾਵੇ। ਡਾ. ਹਿਮਾਸ਼ੂ ਅਗਰਵਾਲ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਫਸਲ ਦਾ ਉਚਿਤ ਮੁੱਲ ਲੈਣ ਲਈ ਫ਼ਸਲ ਸੁਕਾ ਕੇ ਅਤੇ ਸਾਫ਼ ਸੁਥਰੀ ਹੀ ਮੰਡੀਆਂ ਵਿਖੇ ਲੈਕੇ ਆਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਆਵੇ। ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਪਟਿਆਲਾ ਮੰਡੀ ਵਿਖੇ ਆਪਣੀ ਜਿਣਸ ਲੈਕੇ ਆਏ ਕਿਸਾਨਾਂ ਤੇ ਆੜ੍ਹਤੀਆਂ ਦੇ ਨਾਲ ਵੀ ਗੱਲਬਾਤ ਕੀਤੀ।

## ਪੰਜਾਬ ਪਬਲਿਕ ਸਕੂਲ ਨਾਭਾ ਦੇ ਘੋੜਸਵਾਰਾਂ ਦਾ ਦਿੱਲੀ ਘੋੜਸਵਾਰੀ ਸ਼ੋਅ 'ਚ ਸ਼ਾਨਦਾਰ ਪ੍ਰਦਰਸ਼ਨ



ਨਾਭਾ, 11 ਅਪ੍ਰੈਲ (ਗੁਰਚਰਨ ਸਿੰਘ ਚੌਧਰੀਮਾਜਰਾ/ਬਲਜਿੰਦਰ ਮਾਨ) : 25 ਮਾਰਚ ਤੋਂ 5 ਅਪ੍ਰੈਲ, 2026 ਤੱਕ ਮਾਣਯੋਗ 61 ਕੈਵਲਰੀ ਦੇ ਅਧੀਨ ਆਰਮੀ ਪੋਲੋ ਅਤੇ ਰਾਈਡਿੰਗ ਕਲੱਬ ਵਿਖੇ ਦਿੱਲੀ ਘੋੜਸਵਾਰ ਸ਼ੋਅ ਆਯੋਜਿਤ ਕੀਤਾ ਗਿਆ । ਇਸ ਵਿੱਚ ਦੇਸ਼ ਭਰ ਦੇ ਨਾਮਵਰ ਸਕੂਲਾਂ ਦੀਆਂ 25 ਟੀਮਾਂ ਵਿਚਕਾਰ ਜੋਸ਼ੀਲਾ ਮੁਕਾਬਲਾ ਦੇਖਣ ਨੂੰ ਮਿਲਿਆ। ਪੰਜਾਬ ਪਬਲਿਕ ਸਕੂਲ, ਨਾਭਾ ਦੇ 19 ਹੁਨਰਮੰਦ ਘੋੜਸਵਾਰਾਂ ਦੀ ਟੀਮ ਨੇ ਮਿਸਾਲੀ ਵਚਨਬੱਧਤਾ ਅਤੇ ਪ੍ਰਤੀਯੋਗੀ ਭਾਵਨਾ ਨਾਲ ਹਿੱਸਾ ਲਿਆ। ਪੀਪੀਐਸ ਨਾਭਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ , ਵੱਖ-ਵੱਖ ਘੋੜਸਵਾਰੀ ਮੁਕਾਬਲਿਆਂ ਵਿੱਚ ਪ੍ਰਭਾਵਸ਼ਾਲੀ 77 ਤਗਮੇ - (27 ਸੋਨ, 12 ਚਾਂਦੀ, 21 ਕਾਂਸੀ ਅਤੇ 17 ਤਾਂਬਾ) ਪ੍ਰਾਪਤ ਕੀਤੇ, ਜੋ ਚੈਂਪੀਅਨਸ਼ਿਪ ਵਿੱਚ ਕਿਸੇ ਸਕੂਲ ਵੱਲੋਂ ਕੀਤੇ ਸ਼ਾਨਦਾਰ ਪ੍ਰਦਰਸ਼ਨ ਵਿੱਚੋਂ ਇੱਕ ਹੈ। ਹੈਡਮਾਸਟਰ ਡਾ. ਡੀ.ਸੀ. ਸ਼ਰਮਾ ਨੇ ਘੋੜਸਵਾਰ ਟੀਮ ਨੂੰ ਵਧਾਈ ਦਿੱਤੀ ਅਤੇ ਰਾਈਡਿੰਗ ਕੋਚ ਸ਼੍ਰੀ ਰਗਵਿੰਦਰ ਸਿੰਘ ਦੀ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਦੁਆਰਾ ਦਿਖਾਈ ਗਈ ਸ਼ਾਨਦਾਰ ਕਾਰਗੁਜ਼ਾਰੀ ਦੀ ਭਰਪੂਰ ਸ਼ਲਾਘਾ ਕੀਤੀ ।

## ਮਹਿਕ ਸ਼ਰਮਾ ਦਾ ਸਨਮਾਨ



**ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਦੀ ਅਗਵਾਈ 'ਚ ਆਯੋਜਿਤ 41ਵੀਂ ਕਨਵੋਕੇਸ਼ਨ ਮੌਕੇ ਸਮਾਣਾ ਦੀ ਮਹਿਕ ਸ਼ਰਮਾ (ਐਮ.ਐਸ.ਸੀ. ਮੈਥ ਐਂਡ ਕੰਪਿਊਟਿੰਗ ਥਾਪਰ ਪਟਿਆਲਾ) ਪੁੱਤਰੀ ਲੈਕਚਰਾਰ ਸੁਸ਼ੀਲ ਸ਼ਰਮਾ, ਵਾਈਸ ਚਾਂਸਲਰ ਤੋਂ ਬੀ.ਐਸ.ਸੀ.ਨਾਨ ਮੈਡੀਕਲ ਵਿੱਚੋਂ ਪ੍ਰਾਪਤ ਗੋਲਡ ਮੈਡਲ ਦਾ ਮੈਰਿਟ ਸਰਟੀਫਿਕੇਟ ਹਾਸਲ ਕਰਦੇ ਹੋਏ। (ਫੋਟੋ ਤੇ ਵੇਰਵਾ : ਵਿਜੇ ਕੁਮਾਰ ਸਮਾਣਾ)**

## ਪੀ.ਐਮ.ਕਿਸਾਨ ਨਿਧੀ ਯੋਜਨਾ ਲਈ ਕਿਸਾਨਾਂ ਨੂੰ ਫਾਰਮਰ ਰਜਿਸਟਰੀ ਕਰਵਾਉਣਾ ਲਾਜ਼ਮੀ: ਮੁੱਖ ਖੇਤੀਬਾੜੀ ਅ.ਫ਼ਸਰ

ਪਟਿਆਲਾ, 11 ਅਪ੍ਰੈਲ (ਰੁਪਾਣਾ) : ਮੁੱਖ ਖੇਤੀਬਾੜੀ ਅਫਸਰ ਪਟਿਆਲਾ ਡਾ. ਦਾਰਾ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਕਿਸਾਨ ਅਤੇ ਭਲਾਈ ਵਿਭਾਗ ਵੱਲੋਂ ਪੀ.ਐਮ.ਕਿਸਾਨ ਨਿਧੀ ਯੋਜਨਾ ਅਤੇ ਹੋਰ ਸਕੀਮਾਂ ਦਾ ਲਾਭ ਲੈ ਰਹੇ ਲਾਭਪਾਤਰੀ ਕਿਸਾਨਾਂ ਲਈ ਆਪਣੀਆਂ ਕਿਸ਼ਤਾਂ ਨੂੰ ਜਾਰੀ ਰੱਖਣ ਲਈ ਐਗਰੀਸਟੈਕ ਫਾਰਮਰ ਰਜਿਸਟਰੀ ਆਈ.ਡੀ. ਬਣਾਉਣਾ ਲਾਜਮੀ ਕਰ ਦਿੱਤਾ ਗਿਆ ਹੈ। ਫਾਰਮਰ ਰਜਿਸਟਰੀ ਦਾ ਮੁੱਖ ਮੰਤਵ ਕਿਸਾਨ ਦਾ ਇੱਕ ਕੇਂਦਰੀ ਡਾਟਾ ਬੇਸ ਤਿਆਰ ਕਰਨਾ ਹੈ ਜੋ ਸਰਕਾਰ ਦੀਆਂ ਕਿਸਾਨ ਪੱਖੀ ਸਕੀਮਾਂ ਦਾ ਲਾਭ ਯੋਗ ਕਿਸਾਨ ਤੱਕ ਸਿੱਧੀ ਅਤੇ ਪਾਰਦਰਸ਼ੀ ਤਰੀਕੇ ਨਾਲ



ਪਹੁੰਚ ਸਕੇ। ਉਹਨਾਂ ਕਿਹਾ ਕਿ ਭਵਿੱਖ ਵਿਚ ਪੀ.ਐਮ.ਕਿਸਾਨ ਸਨਮਾਨ ਨਿਧੀ ਸਕੀਮ ਦਾ ਲਾਭ ਲੈਣ ਲਈ ਫਾਰਮਰ ਆਈ.ਡੀ. ਅਹਿਮ ਯੋਗਦਾਨ ਪਾਏਗੀ। ਇਸ ਲਈ ਹਰੇਕ ਰਜਿਸਟਰਡ ਕਿਸਾਨ ਨੂੰ ਵਿਲੱਖਣ ਪਛਾਣ ਨੰਬਰ ਮਿਲੇਗਾ ਜੋ ਕਿ ਉਹਨਾਂ ਮੌਜੂਦਾ ਪੀ.ਐਮ. ਕਿਸਾਨ ਖਾਤੇ ਨਾਲ ਲਿੰਕ ਕੀਤਾ ਜਾਵੇਗਾ ਤਾਂ ਜੋ ਵੈਰੀਫਿਕੇਸ਼ਨ ਅਤੇ ਜਮੀਨ ਦੇ ਰਿਕਾਰਡ ਦੀ ਪ੍ਰਮਾਣਿਤਾ ਨੂੰ ਸੌਖਾ ਬਣਾਇਆ ਜਾ ਸਕੇ। ਇਸ ਲਈ ਲਾਭਪਾਤਰੀ ਕਿਸਾਨ ਆਪਣੇ ਕਾਮਨਸਰਵਿਸ ਸੈਂਟਰ ਵਿਖੇ ਆਪਣਾ ਆਧਾਰ ਕਾਰਡ ਅਤੇ ਫਰਦ ਲੈ ਕੇ ਜਾਣ ਅਤੇ ਬਿਨ੍ਹਾਂ ਕਿਸੇ ਦੇਰੀ ਤੋਂ ਰਜਿਸਟਰੀ ਕਰਵਾਉਣ। ਕਿਸੇ ਵੀ ਪ੍ਰਕਾਰ ਦੀ ਸਮੱਸਿਆ ਲਈ ਕਿਸਾਨ ਇਸ ਸਬੰਧੀ ਬਲਾਕ ਪਟਿਆਲਾ ਦੇ ਡਾ. ਗੁਰਮੀਤ ਸਿੰਘ (97791—60950), ਬਲਾਕ ਨਾਭਾ ਦੇ ਕਿਸਾਨ ਡਾ. ਜੁਪਿੰਦਰ ਸਿੰਘ ਗਿੱਲ (97805—60004), ਬਲਾਕ ਭੁਨਰਹੇੜੀ ਦੇ ਕਿਸਾਨ ਡਾ. ਮਨਦੀਪ ਸਿੰਘ (70092—27488), ਬਲਾਕ ਸਮਾਣਾ ਦੇ ਕਿਸਾਨ ਡਾ. ਸਤੀਸ਼ ਕੁਮਾਰ (97589—00047), ਬਲਾਕ ਰਾਜਪੁਰਾ ਦੇ ਕਿਸਾਨ ਡਾ. ਜੁਪਿੰਦਰ ਸਿੰਘ ਪੰਨੂੰ (73070—59201) ਅਤੇ ਬਲਾਕ ਘਨੌਰ ਦੇ ਕਿਸਾਨ ਡਾ. ਰਣਜੋਧ ਸਿੰਘ (99883—12299) ਨਾਲ ਸੰਪਰਕ ਕਰ ਸਕਦੇ ਹਨ।

## ਪਬਲਿਕ ਕਾਲਜ 'ਚ ਇੱਕ ਰੋਜ਼ਾ ਵਰਕਸ਼ਾਪ

ਸਮਾਣਾ, 11 ਅਪ੍ਰੈਲ (ਵਿਜੇ ਕੁਮਾਰ) : ਪਬਲਿਕ ਕਾਲਜ, ਸਮਾਣਾ ਦੇ ਪੰਜਾਬੀ ਵਿਭਾਗ ਵੱਲੋਂ ਪ੍ਰਿੰਸੀਪਲ ਡਾ.ਹਰਕੀਰਤ ਸਿੰਘ ਦੀ ਸਰਪ੍ਰਸਤੀ ਹੇਠ ਇੱਕ ਰੋਜ਼ਾ ਵਰਕਸ਼ਾਪ ਆਯੋਜਿਤ ਕਰਵਾਈ ਗਈ, ਜਿਸ ਦਾ ਵਿਸ਼ਾ ਪੰਜਾਬੀ ਭਾਸ਼ਾ ਅਤੇ ਕੰਪਿਊਟਰ ਸੀ। ਇਸ ਵਰਕਸ਼ਾਪ ਵਿੱਚ ਪ੍ਰੋ. ਜਸਵਿੰਦਰ ਬੀਰ ਸਿੰਘ ਮੁਖੀ ਕੰਪਿਊਟਰ ਵਿਭਾਗ ਪਬਲਿਕ ਕਾਲਜ ਨੇ ਮੁੱਖ ਵਕਤਾ ਦੇ ਤੌਰ ਤੇ ਸ਼ਿਰਕਤ ਕੀਤੀ। ਸਭ ਤੋਂ ਪਹਿਲਾ ਪੰਜਾਬੀ ਵਿਭਾਗ ਦੇ ਮੁੱਖੀ ਡਾ.ਅਰਵਿੰਦਰ ਕੌਰ ਕਾਕੜਾ ਨੇ ਵਰਕਸ਼ਾਪ ਦੇ ਮੰਤਵ ਬਾਰੇ ਵਿਦਿਆਰਥੀਆਂ ਨੂੰ ਦੱਸਿਆ ਅਤੇ ਮੁੱਖ ਬੁਲਾਰੇ ਨੂੰ ਜੀ ਆਇਆਂ ਕਿਹਾ। ਪ੍ਰੋ. ਜਸਵਿੰਦਰ ਬੀਰ ਨੇ ਵਿਦਿਆਰਥੀਆਂ ਨੂੰ ਕੰਪਿਊਟਰ ਟਾਈਪਿੰਗ, ਗੁਰਮੁੱਖੀ ਫੌਂਟ ਅਤੇ ਫੌਂਟਾਂ ਦੀ ਤਬਦੀਲੀ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ। ਉਨ੍ਹਾਂ



ਨੇ ਵਿਦਿਆਰਥੀਆਂ ਨੂੰ ਵੱਖੋ-ਵੱਖਰੀਆਂ ਫੌਂਟਾਂ ਨੂੰ ਡਾਊਨਲੋਡ ਕਰਨ ਅਤੇ ਉਨਾਂ ਦੀ ਵਰਤੋਂ ਬਾਰੇ ਪ੍ਰੈਕਟੀਕਲ ਕਰ ਕੇ ਦਰਸਾਇਆ। ਗੁਰਮੁੱਖੀ ਫੌਂਟ ਦੀਆਂ ਵੱਖੋ-ਵੱਖਰੀਆਂ ਕਿਸ਼ਮਾਂ ਬਾਰੇ ਦੱਸਦਿਆਂ ਇਸ ਦੀ ਸੁਚੱਜੀ ਵਰਤੋਂ ਬਾਰੇ ਵੀ ਦੱਸਿਆ। ਵਿਦਿਆਰਥੀਆਂ ਨੇ ਜਿੱਥੇ ਇਸ ਵਿਸ਼ੇ ਬਾਰੇ ਸਿਧਾਂਤਿਕ ਤੇ ਵਿਵਹਾਰਿਕ ਜਾਣਕਾਰੀ ਹਾਸਿਲ ਕੀਤੀ, ਉੱਥੇ ਵਿਦਿਆਰਥੀਆਂ ਦੇ ਪੁੱਛੇ ਗਏ ਸਵਾਲਾਂ ਦੇ ਜਵਾਬ ਮੁੱਖ ਵਕਤਾ ਨੇ ਬਹੁਤ ਵਧੀਆ ਢੰਗ ਨਾਲ ਦਿੱਤੇ। ਇਸ ਸਮੁੱਚੇ ਸਮਾਗਮ ਦਾ ਸੰਚਾਲਨ ਡਾ. ਇਕਬਾਲ ਸੋਮੀਆਂ ਨੇ ਬਾਖੂਬੀ ਕੀਤਾ. ਅਖੀਰ ਵਿੱਚ ਡਾ.ਮਨਦੀਪ ਕੌਰ, ਪੰਜਾਬੀ ਵਿਭਾਗ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਵਰਕਸ਼ਾਪ ਵਿੱਚ ਜਿੱਥੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀ ਸ਼ਾਮਿਲ ਹੋਏ, ਉਥੇ ਪੰਜਾਬੀ ਵਿਭਾਗ ਤੋਂ ਪ੍ਰੋਫੈਸਰ ਬਲਕਾਰ ਔਲਖ, ਪ੍ਰੋਫੈਸਰ ਨਰਿੰਦਰ ਸਿੰਘ, ਪ੍ਰੋਫੈਸਰ ਨਰਿੰਦਰਪਾਲ ਕੌਰ ਮੌਜੂਦ ਰਹੇ ।

## ਅਕਾਲੀ ਆਗੂ ਰਵਿੰਦਰ ਸਿੰਘ ਵਿੰਦਾ ਗਰੋਵਰ ਜ਼ਿਲ੍ਹਾ ਪ੍ਰਧਾਨ ਪਟਿਆਲਾ ਸ਼ਹਿਰੀ ਨਿਯੁਕਤ

ਪਟਿਆਲਾ, 11 ਅਪ੍ਰੈਲ (ਅਮਰਜੀਤ) : ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਵਲੋਂ ਜੱਥੇਬੰਦੀ ਦਾ ਵਿਸਥਾਰ ਕਰਦਿਆ ਹੋਇਆ ਟਕਸਾਲੀ ਅਕਾਲੀ ਆਗੂ ਤੇ ਸਾਬਕਾ ਮੈਂਬਰ ਇੰਪੂਰਵਮੈਂਟ ਟਰੱਸਟ ਪਟਿਆਲਾ ਸ੍ਰ. ਰਵਿੰਦਰ ਸਿੰਘ ਵਿੰਦਾ ਗਰੋਵਰ ਨੂੰ ਜ਼ਿਲਾ ਪ੍ਰਧਾਨ ਪਟਿਆਲਾ ਸ਼ਹਿਰੀ ਨਿਯੁਕਤ ਕੀਤਾ ਹੈ। ਜ਼ਿਕਰਯੋਗ ਹੈ ਕਿ ਨਵ-ਨਿਯੁਕਤ ਸ਼ਹਿਰੀ ਪ੍ਰਧਾਨ



ਸ੍ਰ. ਰਵਿੰਦਰ ਸਿੰਘ ਵਿੰਦਾ ਗਰੋਵਰ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੇ ਨੇੜਲੇ ਸਾਥੀਆਂ ਵਿੱਚੋ ਮੰਨੇ ਜਾਂਦੇ ਹਨ ਅਤੇ ਸ਼ਹਿਰੀ ਹਲਕਿਆ ਵਿੱਚ ਚੰਗਾ ਰਸੂਖ ਰੱਖਦੇ ਹਨ। ਪਾਰਟੀ ਵੱਲੋਂ ਦਿੱਤੀ ਜਿੰਮੇਵਾਰੀ ਤੇ ਜਥੇਦਾਰ ਰਵਿੰਦਰ ਸਿੰਘ ਵਿੰਦਾ ਗਰੋਵਰ ਨੇ ਸਮੁੱਚੀ ਪਾਰਟੀ ਹਾਈਕਮਾਂਡ ਤੇ ਪਟਿਆਲਾ ਜ਼ਿਲੇ ਦੀ ਲੀਡਰਸ਼ਿਪ ਦਾ ਧੰਨਵਾਦ ਕੀਤਾ ਕਰਦਿਆਂ ਕਿਹਾ ਕਿ ਉਹ ਪਾਰਟੀ ਵਲੋਂ ਦਿੱਤੀ ਜਿੰਮੇਵਾਰੀ ਪੂਰੀ ਤੰਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ੍ਰ. ਮਹਿੰਦਰਪਾਲ ਸਿੰਘ ਸੋਢੀ, ਗੁਰਵਿੰਦਰ ਸਿੰਘ ਸ਼ਕਤੀਮਾਨ, ਐਡ:ਸੁਖਮਿੰਦਰ ਸਿੰਘ ਬੌਬੀ, ਸਤਿੰਦਰ ਸਿੰਘ ਸ਼ੱਕ ਗਰੋਵਰ, ਜਸਵਿੰਦਰ ਸਿੰਘ ਚੀਮਾ, ਮਨਮੋਹਨ ਸਿੰਘ ਕੁੱਕੂ, ਪ੍ਰੀਤਮ ਸਿੰਘ, ਸ਼ਮਸ਼ੇਰ ਸਿੰਘ,ਲਖਵਿੰਦਰ ਸਿੰਘ ਚੀਮਾ,ਚੰਦਰ ਭਾਨ ਗਾਬਾ,ਨਵਦੀਪ ਸਿੰਘ ਬਬਲੂ,ਗੁਰਪਾਲ ਇੰਦਰ ਸਿੰਘ, ਰਛਪਾਲ ਸਿੰਘ , ਅਮਰਦੀਪ ਸਿੰਘ, ਦੀਪਕ, ਹਰਦਿਆਲ ਸਿੰਘ, ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ, ਗੁਰਇਕਬਾਲ ਸਿੰਘ,ਮੁਕੇਸ਼ ਕੁਮਾਰ ਤੋਂ ਇਲਾਵਾ ਪਾਰਟੀ ਦੇ ਹੋਰ ਵਰਕਰਾਂ ਵਲੋਂ ਵੀ ਅਕਾਲੀ ਆਗੂ ਸ੍ਰ.ਰਵਿੰਦਰ ਸਿੰਘ ਵਿੰਦਾ ਦੀ ਨਿਯੁਕਤੀ ਦਾ ਸਵਾਗਤ ਕੀਤਾ ਹੈ ।

## ਵਿਸਾਖੀ ਦਿਹਾੜੇ ਨੂੰ ਸਮਰਪਿਤ ਮਿੰਨੀ ਮੈਰਾਥਨ ਨੂੰ ਮੇਅਰ ਕੁੰਦਨ ਗੋਗੀਆ ਤੇ ਚੇਅਰਮੈਨ ਘੁੰਮਣ ਨੇ ਦਿੱਤੀ ਹਰੀ ਝੰਡੀ

ਪਟਿਆਲਾ, 11 ਅਪ੍ਰੈਲ (ਰੁਪਾਣਾ) : ਵਿਸਾਖੀ ਦਿਹਾੜੇ ਨੂੰ ਸਮਰਪਿਤ ਸੁਸ਼ੀਲਾ ਦੇਵੀ ਪਬਲਿਕ ਸਕੂਲ ਵੱਲੋਂ ਇੱਕ ਸ਼ਾਨਦਾਰ ਮਿੰਨੀ ਮੈਰਾਥਨ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸਕੂਲ ਦੇ ਪ੍ਰਿੰਸੀਪਲ ਰੇਖਾ ਗੁਪਤਾ, ਉਮੰਗ ਵੈਲਫ਼ੇਅਰ ਫਾਊਂਡੇਸ਼ਨ ਦੇ ਪ੍ਰਧਾਨ ਅਰਵਿੰਦਰ ਸਿੰਘ ਅਤੇ ਤਾਇਕਵਾਂਡੋ ਕੋਚ ਸਤਵਿੰਦਰ ਸਿੰਘ ਦੀ ਅਗਵਾਈ ਰਹੀ। ਇਸ ਉਪਰਾਲੇ ਦਾ ਮੁੱਖ ਮਕਸਦ ਬੱਚਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸੀ। ਦੱਸਣਯੋਗ ਹੈ ਕਿ ਇਹ ਮੈਰਾਥਨ ਫੈਡਰਲ ਮੁਗਲ ਫੈਕਟਰੀ ਬਹਾਦਰਗੜ੍ਹ ਤੋਂ ਸ਼ੁਰੂ ਹੋ ਕੇ ਗੁਰਦੁਆਰਾ ਸਾਹਿਬ ਮਹਿਮਦਪੁਰ ਵਿਖੇ ਸਮਾਪਤ ਹੋਈ, ਜਿਸ ਵਿੱਚ ਲਗਭਗ 550 ਦੇ ਕਰੀਬ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਮੈਰਾਥਨ ਨੂੰ




ਹਰੀ ਝੰਡੀ ਦੇਣ ਲਈ ਮੁੱਖ ਮਹਿਮਾਨ ਵਜੋਂ ਮੇਅਰ ਪਟਿਆਲਾ ਕੁੰਦਨ ਗੋਗੀਆ, ਸਕੂਲ ਟਰੱਸਟੀ ਕੁਨਾਲ ਅਗਰਵਾਲ, ਬਲਾਕ ਸਮੰਤੀ ਦੇ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਡਾਇਰੈਕਟਰ ਐਚ.ਆਰ. ਯੋਗੇਸ਼ ਗੁਪਤਾ, ਪਲਾਂਟ ਮੈਨੇਜਰ ਦਲਜੀਤ ਸਿੰਘ ਗੁਜਰਾਲ, ਫੈਡਰਲ ਮੁਗਲ ਦੇ ਐਚ.ਆਰ. ਸਮੀਰ ਚਾਂਦੇਲ, ਵੈਲਫੇਅਰ ਅਫਸਰ ਜਗਵਿੰਦਰ ਕੁਮਾਰ, ਪ੍ਰੋਫੈਸਰ ਸ਼ਵਿੰਦਰ ਸਿੰਘ, ਸਤਨਾਮ ਸਿੰਘ ਸਨੌਰ, ਐਡਵੋਕੇਟ ਯੋਗੇਸ਼ ਪਾਠਕ ਅਤੇ ਪ੍ਰਭਜੋਤ ਸਿੰਘ ਪੁੰਨੂ ਸਮੇਤ ਹੋਰ ਕਈ ਮਾਣਯੋਗ ਸ਼ਖਸੀਅਤਾਂ ਅਤੇ ਸਕੂਲ ਸਟਾਫ ਮੌਜੂਦ ਸਨ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਸੁਸ਼ੀਲਾ ਦੇਵੀ ਸਕੂਲ ਵੱਲੋਂ ਕਰਵਾਈ ਮੈਰਾਥੋਨ ਵਿੱਚ ਉਮੰਗ ਵੈਲਫ਼ੇਅਰ ਫਾਊਂਡੇਸ਼ਨ ਅਤੇ ਫੈਡਰਲ ਮੁਗਲ ਦਾ ਵਿਸ਼ੇਸ਼ ਸਹਿਯੋਗ ਸ਼ਲਾਘਾਯੋਗ ਕਦਮ ਹੈ. ਉਨ੍ਹਾਂ ਹੋਰਨਾਂ ਸੰਸਥਾਵਾਂ ਨੂੰ ਵੀ ਅਜਿਹੇ ਉਪਰਾਲੇ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਗੁਰਦੁਆਰਾ ਮਹਿਮਦਪੁਰ ਦੇ ਮੈਂਬਰ ਭਾਈ ਸੁਰਿੰਦਰ ਸਿੰਘ ਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਇਤਿਹਾਸ ਅਤੇ ਇਸ ਦੀ ਮਹੱਤਤਾ ਬਾਰੇ ਜਾਣਕਾਰੀ ਵੀ ਦਿੱਤੀ ਗਈ। ਉਨ੍ਹਾਂ ਨੇ ਦੱਸਿਆ ਕਿ ਵਿਸਾਖੀ ਸਿਰਫ ਖੁਸ਼ੀ ਦਾ ਤਿਉਹਾਰ ਹੀ ਨਹੀਂ, ਸਗੋਂ ਸਾਡੇ ਸੰਸਕਾਰਾਂ ਅਤੇ ਵਿਰਸੇ ਨਾਲ ਜੁੜਿਆ ਹੋਇਆ ਮਹੱਤਵਪੂਰਨ ਦਿਹਾੜਾ ਹੈ। ਸਕੂਲ ਦੀ ਪ੍ਰਿੰਸੀਪਲ ਰੇਖਾ ਗੁਪਤਾ ਅਤੇ ਉਮੰਗ ਦੇ ਪ੍ਰਧਾਨ ਅਰਵਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਬੱਚਿਆਂ ਦੀ ਸਿਹਤਮੰਦ ਜੀਵਨਸ਼ੈਲੀ ਲਈ ਅਜਿਹੇ ਖੇਡ ਸਮਾਗਮ ਬਹੁਤ ਜ਼ਰੂਰੀ ਹਨ ਅਤੇ ਭਵਿੱਖ ਵਿੱਚ ਵੀ ਸਕੂਲ ਵੱਲੋਂ ਇਸ ਤਰ੍ਹਾਂ ਦੇ ਉਪਰਾਲੇ ਲਗਾਤਾਰ ਕਰਵਾਏ ਜਾਣਗੇ। ਉਨ੍ਹਾਂ ਨੇ ਸਾਰੇ ਸਹਿਯੋਗੀ ਸੰਗਠਨਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਨੇ ਨਾ ਸਿਰਫ ਬੱਚਿਆਂ ਵਿੱਚ ਖੇਡਾਂ ਪ੍ਰਤੀ ਰੁਚੀ ਵਧਾਈ, ਸਗੋਂ ਸਮਾਜ ਵਿੱਚ ਸਿਹਤਮੰਦ ਜੀਵਨ ਜੀਊਣ ਦਾ ਸੰਦੇਸ਼ ਵੀ ਦਿੱਤਾ।

## ਆਲ ਇੰਡੀਆ ਬ੍ਰਾਹਮਣ ਫਰੰਟ ਵੱਲੋਂ ਐਸ.ਡੀ.ਐਮ. ਕਨੂ ਗਰਗ ਦਾ ਸਨਮਾਨ

ਅਮਰਗੜ੍ਹ, 11 ਅਪ੍ਰੈਲ (ਗੁਰਮੀਤ ਸਿੰਘ ਮੰਨਵੀਂ/ਲਵਦੀਪ ਮੰਨਵੀਂ) : ਆਲ ਇੰਡੀਆ ਬ੍ਰਾਹਮਣ ਫਰੰਟ ਦਾ ਵਫਦ ਰਾਸ਼ਟਰੀ ਪ੍ਰਧਾਨ ਮਹੰਤ ਸਰੂਪ ਦਾਸ ਬਿਹਾਰੀ ਸ਼ਰਨ ਦੀ ਅਗਵਾਈ ਹੇਠ ਐਸ ਡੀ ਐਮ ਕਨੂ ਗਰਗ ਨੂੰ ਮਿਲਿਆ, ਜਿੱਥੇ ਵਫਦ ਦੇ ਮੈਂਬਰਾਂ ਵੱਲੋਂ



ਐਸਡੀਐਮ ਨਾਲ ਵਿਸ਼ੇਸ਼ ਮੁਲਾਕਾਤ ਉਪਰੰਤ ਸ਼ਹਿਰ ਦੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਮਹੰਤ ਸਰੂਪ ਦਾਸ ਬਿਹਾਰੀ ਸ਼ਰਨ ਨੇ ਕਿਹਾ ਕਿ ਨਗਰ ਕੌਂਸਲਾਂ ਭੰਗ ਹੋਣ ਉਪਰੰਤ ਮਾਲੇਰਕੋਟਲਾ ਨਗਰ ਕੌਂਸਲ ਦੀ ਜ਼ਿੰਮੇਵਾਰੀ ਵੀ ਐਸ.ਡੀ.ਐਮ. ਸਾਹਿਬਾਂ ਨੂੰ ਸੌਂਪੀ ਗਈ ਹੈ ਅਤੇ ਐਸ.ਡੀ.ਐਮ ਸਾਹਿਬਾਂ ਨਗਰ ਕੌਂਸਲ ਦੀ ਜ਼ਿੰਮੇਵਾਰੀ ਵੀ ਬਾਖੂਬੀ ਨਿਭਾਉਣਗੇ। ਉਨਾਂ ਐਸ.ਡੀ.ਐਮ. ਸਾਹਿਬਾਂ ਨੂੰ ਸ਼ਹਿਰ ਅੰਦਰ ਹੋਏ ਨਾਜਾਇਜ਼ ਕਬਜ਼ਿਆਂ ਤੋਂ ਜਾਣੂੰ ਕਰਵਾਇਆ ਅਤੇ ਨਾਜਾਇਜ਼ ਕਬਜ਼ਿਆਂ ਨੂੰ ਹਟਾਉਣ ਦੀ ਅਪੀਲ ਕੀਤੀ। ਇਸ ਮੌਕੇ ਐਸ.ਡੀ.ਐਮ. ਕਨੂ ਗਰਗ ਨੇ ਕਿਹਾ ਕਿ ਬ੍ਰਾਹਮਣ ਫਰੰਟ ਵੱਲੋਂ ਮਿਲੇ ਮਾਨ-ਸਨਮਾਨ ਦੀ ਮੈਂ ਰਿਣੀ ਹਾਂ ਅਤੇ ਇਨਾਂ ਵੱਲੋਂ ਜਾਣੂੰ ਕਰਵਾਈਆਂ ਗਈਆਂ ਸਮੱਸਿਆਵਾਂ ਨੂੰ ਜਲਦੀ ਹੱਲ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਸ਼ਰਮਾ, ਸ਼ਹਿਰੀ ਪ੍ਰਧਾਨ ਵਿਜੇ ਸ਼ਰਮਾ, ਜ਼ਿਲ੍ਹਾ ਸੈਕਟਰੀ ਗਗਨ ਭਾਰਦਵਾਜ, ਜਨਰਲ ਸਕੱਤਰ ਕੁੰਜ ਲਾਲ ਸ਼ਰਮਾ, ਸਮੀਰ ਕੌਸ਼ਿਕ, ਰਾਸ਼ਟਰੀ ਮੀਡੀਆ ਇੰਚਾਰਜ ਰੋਹਿਤ ਸ਼ਰਮਾ ਆਦਿ ਹਾਜ਼ਰ ਸਨ।

### ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਘਰ ਖਰੀਦਦਾਰਾਂ ਨੂੰ ਵੱਡੀ ਰਾਹਤ

## ਬੇਕਸੂਰ ਘਰ ਖਰੀਦਦਾਰ ਹੁਣ ਰੀਅਲ ਅਸਟੇਟ ਡਿਵੈਲਪਰਾਂ ਵੱਲੋਂ ਕੀਤੀਆਂ ਉਲੰਘਣਾਵਾਂ ਦਾ ਖਾਮਿਆਜ਼ਾ ਨਹੀਂ ਭੁਗਤਣਗੇ: ਰੀਨਾ ਗੁਪਤਾ

ਪਟਿਆਲਾ, 11 ਅਪ੍ਰੈਲ (ਰੁਪਾਣਾ/ਦੀਪਕ ਜੈਦਕਾ) : ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਨੇ ਇੱਕ ਅਹਿਮ ਫੈਸਲਾ ਕਰਦਿਆਂ ਪੰਜਾਬ ਭਰ ਦੇ ਹਜ਼ਾਰਾਂ ਘਰ ਖਰੀਦਦਾਰਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ। ਹੁਣ ਰੀਅਲ ਅਸਟੇਟ ਡਿਵੈਲਪਰਾਂ ਵੱਲੋਂ ਕੀਤੀਆਂ ਗਈਆਂ ਉਲੰਘਣਾਵਾਂ ਕਰਕੇ ਬੇਕਸੂਰ ਆਮ ਖਰੀਦਦਾਰਾਂ ਨੂੰ ਇਸ ਦਾ ਖਾਮਿਆਜ਼ਾ ਨਹੀਂ ਭੁਗਤਣਾ ਪਵੇਗਾ।ਇਹ ਪ੍ਰਗਟਾਵਾ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਕੀਤਾ।ਪਿਛਲੇ ਕਾਫ਼ੀ ਲੰਮੇ ਸਮੇਂ ਤੋਂ ਚੱਲੇ ਆ ਰਹੇ ਇਸ ਮਸਲੇ ਦੇ ਹੱਲ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਇਕ ਲੋਕ ਪੱਖੀ ਨਿਰਦੇਸ਼ ਜਾਰੀ ਕੀਤੇ ਹਨ, ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਰੀਅਲ ਅਸਟੇਟ ਡਿਵੈਲਪਰਾਂ ਦੀਆਂ ਵਾਤਾਵਰਨ ਉਲੰਘਣਾਵਾਂ ਲਈ ਨਿਰਦੋਸ਼ ਨਾਗਰਿਕਾਂ ਨੂੰ ਸਜ਼ਾ ਨਾ ਦਿੱਤੀ ਜਾਵੇ, ਜਦੋਂਕਿ ਇਹ ਯਕੀਨੀ ਬਣਾਇਆ ਗਿਆ ਹੈ ਕਿ ਗਲਤ ਪ੍ਰੋਜੈਕਟ ਪੇਸ਼ ਕਰਨ ਵਾਲਿਆਂ ਵਿਰੁੱਧ ਨਿਯਮ ਸਖ਼ਤੀ ਨਾਲ ਲਾਗੂ ਕੀਤੇ ਜਾਣਗੇ। ਇੱਕ ਮਹੱਤਵਪੂਰਨ ਨੀਤੀਗਤ ਫੈਸਲੇ ਅਨੁਸਾਰ ਬੋਰਡ ਨੇ ਕਿਹਾ ਹੈ ਕਿ ਪ੍ਰਦੂਸ਼ਣ ਕੰਟਰੋਲ ਨਿਯਮਾਂ ਦੀ ਉਲੰਘਣਾ ਕਰਨ ਲਈ ਰਿਹਾਇਸ਼ੀ ਅਤੇ ਵਪਾਰਕ ਪ੍ਰੋਜੈਕਟਾਂ 'ਤੇ ਲਗਾਈਆਂ ਗਈਆਂ ਪਾਬੰਦੀਆਂ ਕਰਕੇ ਉਨ੍ਹਾਂ ਆਮ ਨਾਗਰਿਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਸੀ, ਜਿਨ੍ਹਾਂ ਨੇ ਅਜਿਹੀਆਂ ਉਲੰਘਣਾਵਾਂ ਦੀ ਜਾਣਕਾਰੀ ਤੋਂ ਬਿਨਾਂ ਆਪਣੀ ਜੀਵਨ ਬੱਚਤ ਦਾ ਨਿਵੇਸ਼ ਅਜਿਹੇ ਰਿਹਾਇਸ਼ੀ ਤੇ ਵਪਾਰਕ ਪ੍ਰਾਜੈਕਟਾਂ ਵਿੱਚ ਪਲਾਟ ਖਰੀਦਣ ਲਈ ਕੀਤਾ ਸੀ। ਮਾਰਚ 2026 ਵਿੱਚ ਗਠਿਤ ਸੀਨੀਅਰ ਅਧਿਕਾਰੀਆਂ ਦੀ ਇੱਕ ਕਮੇਟੀ ਦੀਆਂ ਕਈ ਸਿਫ਼ਾਰਸ਼ਾਂ ਅਤੇ ਜਨਤਕ ਪ੍ਰਤੀਬੇਨਤੀਆਂ 'ਤੇ ਕਾਰਵਾਈ ਕਰਦੇ ਹੋਏ, ਬੋਰਡ ਨੇ ਹੁਣ ਇੱਕ ਸੰਤੁਲਿਤ ਅਤੇ ਮਨੁੱਖੀ ਪਹੁੰਚ ਅਪਣਾਈ ਹੈ। ਚੇਅਰਪਰਸਨ ਨੇ ਦੱਸਿਆ ਕਿ 9 ਅਪ੍ਰੈਲ ਦੇ ਹੁਕਮ ਵਿੱਚ ਸਪੱਸ਼ਟ ਤੌਰ 'ਤੇ ਕਿਹਾ ਗਿਆ ਹੈ, 'ਗਲਤ ਰਿਹਾਇਸ਼ੀ ਪ੍ਰੋਜੈਕਟਾਂ ਵਾਲੀਆਂ ਰਿਹਾਇਸ਼ੀ ਕਲੋਨੀਆਂ, ਵਪਾਰਕ ਪ੍ਰੋਜੈਕਟਾਂ ਦੇ ਵਿਕਰੀ ਡੀਡਾਂ 'ਤੇ ਪਾਬੰਦੀ, ਉਨ੍ਹਾਂ ਆਮ ਲੋਕਾਂ ਲਈ ਵੀ ਮੁਸ਼ਕਲਾਂ ਦਾ ਕਾਰਨ ਬਣੇਗੀ, ਜਿਨ੍ਹਾਂ ਨੂੰ ਕਿਫਾਇਤੀ ਰਿਹਾਇਸ਼ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਨਾਗਰਿਕਾਂ ਨੂੰ ਬੁਨਿਆਦੀ ਅਧਿਕਾਰਾਂ ਅਤੇ ਜ਼ਰੂਰੀ ਸੇਵਾਵਾਂ ਤੋਂ ਇਨਕਾਰ ਨਾ ਕਰਨ ਨੂੰ ਯਕੀਨੀ ਬਣਾਉਂਦੇ ਹੋਏ ਬੋਰਡ ਨੇ ਹੁਣ ਸੋਧੇ ਹੋਏ ਨਿਰਦੇਸ਼ਾਂ ਦੇ ਤਹਿਤ, ਵਿਅਕਤੀਗਤ ਖਰੀਦਦਾਰਾਂ ਲਈ ਵਿਕਰੀ ਡੀਡਾਂ ਨੂੰ ਲਾਗੂ ਕਰਨ ਅਤੇ ਬਿਜਲੀ ਕੁਨੈਕਸ਼ਨ ਜਾਰੀ ਕਰਨ ਦੀ ਆਗਿਆ ਦਿੱਤੀ ਹੈ। ਇਸ ਦੇ ਨਾਲ ਹੀ, ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਡਿਫਾਲਟ ਡਿਵੈਲਪਰਾਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰਹੇਗੀ। ਇਸ ਕਾਰਵਾਈ ਵਿੱਚ ਵਾਤਾਵਰਨ ਕਾਨੂੰਨਾਂ ਤਹਿਤ ਮੁਕੱਦਮਾ ਚਲਾਉਣਾ ਅਤੇ ਪੂਰੀ ਪਾਲਣਾ ਯਕੀਨੀ ਬਣਾਉਣ ਤੱਕ ਹੋਰ ਕੋਈ ਨਵੀਆਂ ਪ੍ਰਵਾਨਗੀਆਂ ਤੋਂ ਇਨਕਾਰ ਕਰਨਾ ਵੀ ਸ਼ਾਮਲ ਹੈ। ਚੇਅਰਪਰਸਨ ਰੀਨਾ ਗੁਪਤਾ ਨੇ ਦੱਸਿਆ ਕਿ ਪੰਜਾਬ ਪ੍ਰਦੂਸ਼ਣ ਰੋਥਥਾਮ ਬੋਰਡ ਨੇ ਅੱਗੇ ਜ਼ੋਰ ਦਿੱਤਾ ਕਿ ਬਿਜਲੀ ਦਾ ਕੁਨੈਸ਼ਨ ਲੈਣਾ ਇੱਕ ਬੁਨਿਆਦੀ ਲੋੜ ਹੈ ਅਤੇ ਭਾਰਤ ਦੇ ਸੰਵਿਧਾਨ ਦੇ ਅਨੁਛੇਦ 21 ਦੇ ਤਹਿਤ ਜੀਵਨ ਦੇ ਅਧਿਕਾਰ ਨਾਲ ਅੰਦਰੂਨੀ ਤੌਰ 'ਤੇ ਜੁੜੀ ਹੋਈ ਹੈ, ਅਤੇ ਪ੍ਰੋਜੈਕਟ ਦੇ ਪ੍ਰਸਤਾਵਕਾਂ ਦੁਆਰਾ ਉਲੰਘਣਾਵਾਂ ਕਾਰਨ ਅਜਿਹੀਆਂ ਸੇਵਾਵਾਂ ਤੋਂ ਇਨਕਾਰ ਕਰਨਾ ਬੇਕਸੂਰ ਖਰੀਦਦਾਰਾਂ ਨੂੰ ਬੇਲੋੜੀ ਮੁਸ਼ਕਲ ਦਾ ਕਾਰਨ ਬਣ ਰਿਹਾ ਹੈ। ਪੀਪੀਸੀਬੀ ਦੀ ਚੇਅਰਪਰਸਨ ਰੀਨਾ ਗੁਪਤਾ ਨੇ ਇਸ ਫੈਸਲੇ ਦੇ ਪਿੱਛੇ ਦੇ ਇਰਾਦੇ ਨੂੰ ਸਪੱਸ਼ਟ ਕਰਦੇ ਹੋਏ ਕਿਹਾ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਵਾਤਾਵਰਣ ਲਾਗੂਕਰਨ ਲੋਕਾਂ ਦੇ ਬੁਨਿਆਦੀ ਅਧਿਕਾਰਾਂ ਅਤੇ ਸਨਮਾਨ ਦੀ ਕੀਮਤ 'ਤੇ ਨਾ ਆਵੇ। ਉਨ੍ਹਾਂ ਕਿਹਾ ਕਿ ਘਰਾਂ ਨੂੰ ਖਰੀਦਣ ਵਾਲੇ ਮਾਸੂਮ ਲੋਕਾਂ ਨੂੰ ਉਨ੍ਹਾਂ ਉਲੰਘਣਾਵਾਂ ਲਈ ਦੁੱਖ ਨਹੀਂ ਝੱਲਣਾ ਚਾਹੀਦਾ ਜੋ ਉਨ੍ਹਾਂ ਨੇ ਨਹੀਂ ਕੀਤੀਆਂ। ਇਸ ਫੈਸਲੇ ਰਾਹੀਂ, ਬੋਰਡ ਇੱਕ ਨਿਰਪੱਖ ਸੰਤੁਲਨ ਬਣਾ ਰਿਹਾ ਹੈ, ਜਿਸ ਨਾਲ ਆਮ ਨਾਗਰਿਕ ਦੀ ਰੱਖਿਆ ਕਰਦੇ ਹੋਏ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨ ਦੇ ਤਹਿਤ ਸਖ਼ਤੀ ਨਾਲ ਜਵਾਬਦੇਹ ਠਹਿਰਾਇਆ ਜਾਵੇਗਾ।

## ਲਾਇਨਜ਼ ਕਲੱਬ ਨੇ ਸਫਾਈ ਮੁਹਿੰਮ ਚਲਾਈ

ਪਟਿਆਲਾ, 11 ਅਪ੍ਰੈਲ (ਚ.ਨ.ਸ.) : ਲਾਇਨਜ਼ ਇੰਟਰਨੈਸ਼ਨਲ ਡਿਸਟ੍ਰਿਕਟ 3216 ਦੇ ਤਿੰਨ ਕਲੱਬਾਂ, ਜਿਨ੍ਹਾਂ ਵਿੱਚ ਲਾਇਨਜ਼ ਕਲੱਬ ਪਟਿਆਲਾ ਨਿਊ ਸੈਂਟਰਲ, ਪਟਿਆਲਾ ਸੁਪਰੀਮ ਅਤੇ ਪਟਿਆਲਾ ਫੋਰਟ ਸ਼ਾਮਲ ਹਨ, ਨੇ ਪ੍ਰੋਜੈਕਟ ਚੇਅਰਮੈਨ ਲਾਈਨ ਸੋਹਿੰਦਰ ਕਾਂਸਲ ਅਤੇ ਪ੍ਰੋਜੈਕਟ ਇੰਚਾਰਜ ਲਾਈਨ ਡਾ.ਅਨਿਲ ਕਪੂਰ ਦੀ ਅਗਵਾਈ ਵਿੱਚ, ਸਰਕਾਰੀ ਪੌਲੀਟੈਕਨਿਕ ਕਾਲਜ ਦੇ ਐਨਸੀਸੀ ਅਤੇ ਐਨਐਸਐਸ ਕੈਡਿਟਾਂ ਦੀ ਸਹਾਇਤਾ ਨਾਲ ਪੋਲੀਟੈਕਨਿਕ ਰੋਡ 'ਤੇ ਸਫਾਈ ਮੁਹਿੰਮ ਚਲਾਈ। ਇਸ ਮੌਕੇ ਲਾਈਨ ਸੋਹਿੰਦਰ ਕਾਂਸਲ ਨੇ ਦੱਸਿਆ ਕਿ ਕਾਲਜ ਪ੍ਰਿੰਸੀਪਲ ਜਗਦੇਵ ਸਿੰਘ ਕਾਲੇਕੇ, ਸਰਦਾਰ ਹਰਪ੍ਰੀਤ ਪਾਲ ਸਿੰਘ, ਨੋਡਲ ਅਫਸਰ ਆਰਆਰਸੀ, ਅਤੇ ਪ੍ਰੋਗਰਾਮ ਅਫਸਰ ਐਨਸੀਸੀ/ਐਨਐਸਐਸ ਦੇ ਸਹਿਯੋਗ ਨਾਲ, ਸੜਕ 'ਤੇ ਦਰੱਖਤਾਂ ਨੂੰ 2 ਫੁੱਟ ਤੱਕ ਚਿੱਟਾ ਪੇਂਟ ਕੀਤਾ ਗਿਆ ਅਤੇ 10 ਫਲਦਾਰ ਰੁੱਖ ਟ੍ਰੀ ਗਾਰਡਾਂ ਨਾਲ ਲਗਾਏ ਗਏ। ਇਸ ਮੌਕੇ ਲਾਇਨਜ਼ ਕਲੱਬ ਪਟਿਆਲਾ ਨਿਊ ਸੈਂਟਰਲ ਦੇ ਪ੍ਰਧਾਨ ਹਰਮੇਸ਼ ਸਿੰਗਲਾ, ਪਟਿਆਲਾ ਸੁਪਰੀਮ ਦੇ ਪ੍ਰਧਾਨ ਹਨੀਸ਼ ਗੋਇਲ, ਪਟਿਆਲਾ




ਫੋਰਟ ਦੇ ਪ੍ਰਧਾਨ ਯਾਦਵਿੰਦਰ ਸਿੰਗਲਾ ਦੇ ਨਾਲ-ਨਾਲ ਲਾਈਨ ਕੇ.ਕੇ. ਬਾਂਸਲ, ਵਾਈ.ਪੀ. ਸੂਦ, ਧਰਮਪਾਲ ਗਰਗ, ਕੇ.ਵੀ. ਪੁਰੀ, ਧਰਿੰਦਰ ਮਿੱਤਲ, ਸੰਦੀਪ ਧਵਨ ਅਤੇ ਐਸ.ਕੇ. ਗੋਇਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਲਾਈਨ ਸੁਭਾਸ਼ ਗੁਪਤਾ ਨੇ ਦੱਸਿਆ ਕਿ ਲਾਈਨਜ਼ ਕਲੱਬ ਨੇ 10 ਲੋੜਵੰਦ ਲੋਕਾਂ ਨੂੰ ਸੁੱਕਾ ਰਾਸ਼ਨ ਵੀ ਵੰਡਿਆ। ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ 80 ਐਨਸੀਸੀ ਅਤੇ ਐਨਐਸਐਸ ਕੈਡਿਟਾਂ ਨੂੰ ਲਾਈਨਜ਼ ਇੰਟਰਨੈਸ਼ਨਲ ਵੱਲੋਂ ਪ੍ਰਸ਼ੰਸਾ ਪੱਤਰ ਵੀ ਦਿੱਤੇ ਗਏ। ਲਾਈਨ ਮੋਨਕਾ ਠਾਕੁਰ, ਸੋਨੀਆ ਮੈਡਮ ਅਤੇ ਮੋਨਿਕਾ ਵਾਲੀਆ ਨੇ ਵਿਸ਼ੇਸ਼ ਸਹਾਇਤਾ ਪ੍ਰਦਾਨ ਕੀਤੀ। ਲਾਇਨਜ਼ ਇੰਟਰਨੈਸ਼ਨਲ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਰਹਿੰਦਾ ਹੈ। ਇਸ ਸੜਕ 'ਤੇ ਹਰ ਸਾਲ ਨਵੇਂ ਰੁੱਖ ਲਗਾਏ ਜਾਂਦੇ ਹਨ, ਅਤੇ ਮੌਜੂਦਾ ਰੁੱਖਾਂ ਦੀ ਦੇਖਭਾਲ ਵੀ ਕੀਤੀ ਜਾਂਦੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਹਰ ਕੋਈ ਘੱਟੋ-ਘੱਟ ਇੱਕ ਰੁੱਖ ਲਗਾਏ ਅਤੇ ਇਸਦੀ ਦੇਖਭਾਲ ਕਰੇ, ਜਿਸ ਨਾਲ ਸਾਡਾ ਵਾਤਾਵਰਨ ਸਾਫ਼ ਰਹੇਗਾ। ਰੁੱਖ ਸਾਨੂੰ ਆਕਸੀਜਨ, ਛਾਂ, ਸੁਆਦੀ ਫਲ ਅਤੇ ਪੰਛੀਆਂ ਲਈ ਆਸਰਾ ਪ੍ਰਦਾਨ ਕਰਦੇ ਹਨ, ਜਿਸ ਨਾਲ ਆਲੇ ਦੁਆਲੇ ਦੇ 5,000 ਤੋਂ ਵੱਧ ਨਿਵਾਸੀਆਂ ਨੂੰ ਲਾਭ ਹੋਵੇਗਾ। ਅੰਤ ਵਿੱਚ, ਲੋਇਨ ਵਾਈ ਪੀ ਸੂਦ ਨੇ ਸਾਰੇ ਲੋਇਨ ਮੈਂਬਰਾਂ, ਐਨਸੀਸੀ/ਐਨਐਸਐਸ ਕੈਡਿਟਾਂ ਅਤੇ ਪੌਲੀਟੈਕਨਿਕ ਕਾਲਜ ਦੇ ਸਟਾਫ ਦਾ ਧੰਨਵਾਦ ਕੀਤਾ।



# ਪਟਿਆਲਾ-ਆਸ/ਪਾਸ



## ਮੁੱਖ ਮੰਤਰੀ ਸਿਹਤ ਯੋਜਨਾ ਨੇ 3 ਮਹੀਨਿਆਂ 'ਚ 3 ਕਰੋੜ ਲੋਕਾਂ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ : ਡਾ. ਬਲਬੀਰ ਸਿੰਘ

### 40 ਲੱਖ ਲੋਕਾਂ ਨੇ ਹੁਣ ਤੱਕ ਸਿਹਤ ਕਾਰਡ ਬਣਵਾਏ : ਸਿਹਤ ਮੰਤਰੀ




ਪਟਿਆਲਾ, 11 ਅਪ੍ਰੈਲ (ਰੁਪਾਣਾ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂੰ ਨੇ ਅੱਜ ਇੱਥੇ ਰਜਿੰਦਰਾ ਜਿੰਮਖਾਨਾ ਤੇ ਮਹਾਰਾਣੀ ਕਲੱਬ ਵਿਖੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਲਗਵਾਏ ਗਏ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਬਣਵਾਉਣ ਕੇ ਕੈਂਪ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਅਜੀਤਪਾਲ ?ਸਿੰਘ ਕੋਹਲੀ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ ਵੀ ਮੌਜੂਦ ਸਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪਿਛਲੇ 3 ਮਹੀਨਿਆਂ ਦੌਰਾਨ ਸੂਬੇ ਦੇ ਲਾਭਪਾਤਰੀਆਂ ਨੇ 3 ਕਰੋੜ ਰੁਪਏ ਦਾ ਇਲਾਜ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਰਵਾ ਕੇ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਲਾਭ ਉਠਾਇਆ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਆਪਣੀ ਕਿਸਮ ਦੀ ਪਹਿਲੀ ਸਕੀਮ ਹੈ, ਜਿਸ ਵਰਗੀ ਸਕੀਮ ਦੇਸ਼ ਦੇ ਕਿਸੇ ਹੋਰ ਸੂਬੇ ਤੇ ਦੁਨੀਆਂ ਵਿੱਚ ਕਿਤੇ ਨਹੀਂ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਿਹਤ ਮੰਤਰੀ ਤੇ ਬਲਤੇਜ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਿਹਤ ਕਾਰਡ ਬਣਵਾ ਕੇ ਰਾਜ ਦੇ ਲੋਕਾਂ ਨੂੰ ਵੱਡੀ ਰਾਹਤ ਪ੍ਰਦਾਨ ਕੀਤੀ ਹੈ। ਉਨ੍ਹਾਂ ਨੇ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਲਗਵਾਏ ਗਏ ਇਸ ਕੈਂਪ ਦੀ ਸ਼ਲਾਘਾ ਕੀਤੀ ਕਿ ਇੱਥੇ 300 ਤੋਂ ਜ਼ਿਆਦਾ ਕਾਰਡ ਬਣ ਚੁੱਕੇ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਇਸ ਯੋਜਨਾ ਤਹਿਤ 3 ਕਰੋੜ ਲੋਕਾਂ ਦੇ ਕਾਰਡ ਬਣਵਾਉਣੇ ਹਨ ਅਤੇ ਹੁਣ ਤੱਕ 40 ਲੱਖ ਸਿਹਤ ਕਾਰਡ ਬਣ ਚੁੱਕੇ ਹਨ ਅਤੇ ਉਹ ਸਭ ਨੂੰ ਅਪੀਲ ਕਰਦੇ ਹਨ ਤਾਂ ਕਿ ਸਾਰੇ ਪੰਜਾਬੀ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਲੈਣੇ।। ਆਪ ਦੇ ਜਨਰਲ ਸਕੱਤਰ ਬਲਤੇਜ ਪੰਨੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ, ਵਿਸਾਖੀ ਦੇ ਦਿਹਾੜੇ ਮੌਕੇ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੇਟ ਦਾ ਬਿੱਲ ਹੈ, ਇਸ ਵਿੱਚ ਸੋਧ ਕਰਕੇ ਸਖ਼ਤ ਧਾਰਾਵਾਂ ਤੇ ਤਜਵੀਜ਼ਾਂ ਲਿਆ ਰਹੀ ਹੈ, ਤਾਂ ਕਿ ਕੋਈ ਵਿਅਕਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਬਾਰੇ ਸੋਚੇ ਵੀ ਨਾਹ। ਉਨ੍ਹਾਂ ਕਿਹਾ ਕਿ ਇਸ ਬਿੱਲ ਦਾ ਖਰੜਾ ਕਾਨੂੰਨੀ ਮਾਹਰਾਂ ਤੇ ਸਿੱਖ ਵਿਦਵਾਨਾਂ ਸਮੇਤ ਬੁੱਧੀਜੀਵੀਆਂ ਤੇ ਧਾਰਮਿਕ ਸੰਤਾਂ, ਮਹਾਂਪੁਰਸ਼ਾਂ ਦੀ ਸਲਾਹ ਨਾਲ ਤਿਆਰ ਕੀਤਾ ਗਿਆ ਹੈ, ਜੋ ਕਿ 13 ਅਪ੍ਰੈਲ ਨੂੰ ਸਭ ਦੇ ਸਾਹਮਣੇ ਆ ਜਾਵੇਗਾ। ਇਸ ਮੌਕੇ ਐਡਵੋਕੇਟ ਹਰਪਾਲ ਜੁਨੇਜਾ ਨੇ ਰਜਿੰਦਰਾ ਜਿੰਮਖਾਨਾ ਕਲੱਬ ਦੇ ਪ੍ਰਧਾਨ ਸ਼ੇਰਬੀਰ ਸਿੰਘ ਤੇ ਸਕੱਤਰ ਹਰਪ੍ਰੀਤ ਸੰਧੂ, ਖ਼ਜ਼ਾਨਚੀ ਮੋਹਿਤ ਡੌਡੀ ਤੇ ਕਾਰਜਕਾਰੀ ਮੈਂਬਰਾਂ ਰਾਹੁਲ ਮਹਿਤਾ, ਸਾਹਿਲ ਖੰਨਾ ਸਮੇਤ ਡਾ. ਮਨਮੋਹਨ ਸਿੰਘ ਤੇ ਦੀਪਕ ਕੰਪਾਨੀ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਪੀ.ਆਰ.ਟੀ.ਸੀ. ਦੇ ਸਾਰੇ ਡਿਪੂਆਂ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਕੈਂਪ ਲਗਾਏ ਜਾਣਗੇ। ਇਸ ਦੌਰਾਨ ਓਐਸਡੀ ਗੁਰਵਿੰਦਰ ਸਿੰਘ, ਜ਼ਿਲ੍ਹਾ ਮੀਡੀਆ ਇੰਚਾਰਜ ਰਵਿੰਦਰਪਾਲ ਸਿੰਘ ਪ੍ਰਿੰਸ ਲਾਂਬਾ,ਯੁਵਰਾਜ ਜੁਨੇਜਾ, ਸਿਮਰਨ ਗਰੇਵਾਲ, ਮਨਦੀਪ ਸਿੰਘ ਰਾਜਾ, ਮੌਂਟੀ ਗਰੋਵਰ, ਨਵਨੀਤ ਵਾਲੀਆ, ਹਰਸ਼ ਮਦਾਨ ਸਮੇਤ ਹੋਰ ਪਤਵੰਤੇ ਤੇ ਕਲੱਬ ਦੇ ਮੈਂਬਰ ਮੌਜੂਦ ਸਨ।

## ਹਰਚੰਦ ਸਿੰਘ ਬਰਸਟ ਵੱਲੋਂ ਹਲਕਾ ਸਮਾਣਾ ਦੇ ਪਿੰਡ ਸ਼ੇਰਮਾਜਰਾ ਵਿਖੇ 4.34 ਕਰੋੜ ਦੇ ਵਿਕਾਸ ਕਾਰਜਾਂ ਦਾ ਉਦਘਾਟਨ

### ➢ਖਰੀਦ ਕੇਂਦਰ ਸ਼ੇਰਮਾਜਰਾ ਅਤੇ ਡਕਾਲਾ ਵਿਖੇ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

ਸਮਾਣਾ, 11 ਅਪ੍ਰੈਲ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਜਵੰਦਾ) : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਕਿਸਾਨਾ ਲਈ ਸਹੂਲਤਾਂ ਵਿੱਚ ਵਾਧਾ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਅੱਜ ਹਲਕਾ ਸਮਾਣਾ ਦੇ ਪਿੰਡ ਸ਼ੇਰਮਾਜਰਾ ਵਿਖੇ ਲਗਭਗ 4.34 ਕਰੋੜ ਰੁਪਏ ਦੀ ਲਾਗਤ ਦੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮਗਰੋਂ ਸ. ਬਰਸਟ ਵੱਲੋਂ ਸਮਾਣਾ ਦਫ਼ਤਰ ਵਿਖੇ ਲੋਕ ਮਿਲਣੀ ਦੌਰਾਨ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਦੀਆਂ ਸਮੱਸਿਆਵਾਂ ਸੁਣਿਆਂ ਗਈਆਂ, ਜਿਨ੍ਹਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ। ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਪਟਿਆਲਾ ਮੈਨ ਰੋਡ ਤੋਂ ਸ਼ੇਰਮਾਜਰਾ ਤੱਕ ਦੀ ਸੜਕ ਦੇ ਨਵੀਨੀਕਰਨ ਦੇ ਕਾਰਜ ਸ਼ੁਰੂ ਕਰਵਾਏ ਗਏ। ਇਹ 1.45 ਕਿਲੋਮੀਟਰ ਲੰਬਾਈ ਵਾਲੀ ਸੜਕ 1.25 ਕਰੋੜ ਰੁਪਏ ਦੀ



ਲਾਗਤ ਨਾਲ ਤਿਆਰ ਹੋਵੇਗੀ ਅਤੇ ਇਸ ਨੂੰ 12 ਫੁੱਟ ਤੋਂ 18 ਫੁੱਟ ਚੌੜਾ ਕੀਤਾ ਜਾਵੇਗਾ। ਇਸਦੇ ਨਾਲ ਹੀ ਪਟਿਆਲਾ ਮੈਨ ਰੋਡ ਤੋਂ ਪਸਿਆਣਾ ਵਾਇਆ ਸ਼ੇਰਮਾਜਰਾ ਰੋਡ ਦੇ ਨਿਰਮਾਣ ਕਾਰਜ ਵੀ ਸ਼ੁਰੂ ਕਰਵਾਏ। ਲਗਭਗ 3 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ 5.56 ਕਿਲੋਮੀਟਰ ਲੰਬਾਈ ਵਾਲੀ ਇਸ ਸੜਕ ਨੂੰ 12 ਫੁੱਟ ਤੋਂ 18 ਫੁੱਟ ਤੱਕ ਚੌੜਾ ਕੀਤਾ ਜਾਵੇਗਾ। ਇਸ ਨਾਲ ਦਰਜਨਾਂ ਪਿੰਡਾਂ ਦੇ ਲੋਕਾਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੱਡੀ ਰਾਹਤ ਮਿਲੇਗੀ। ਇਸ ਤੋਂ ਇਲਾਵਾ ਸ. ਬਰਸਟ ਵੱਲੋਂ ਖਰੀਦ ਕੇਂਦਰ ਸ਼ੇਰਮਾਜਰਾ ਵਿਖੇ ਸਟੀਲ ਕਵਰ ਸ਼ੈੱਡ ਦਾ ਉਦਘਾਟਨ ਕੀਤਾ ਗਿਆ, ਜੋ 7.86 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋ ਰਿਹਾ ਹੈ। ਇਸ ਮਗਰੋਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਵੱਲੋਂ ਖਰੀਦ ਕੇਂਦਰ ਸ਼ੇਰਮਾਜਰਾ ਅਤੇ ਡਕਾਲਾ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਈ ਅਤੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਮਲਕੀਤ ਸਿੰਘ ਸਰਪੰਚ ਸ਼ੇਰਮਾਜਰਾ, ਸ਼ੀਸ਼ਪਾਲ ਸਰਪੰਚ ਖੇੜੀ ਗੁਜਰਾਂ, ਜਰਨੈਲ ਸਿੰਘ ਸਰਪੰਚ ਖੁਸਰੋਪੁਰ, ਗਗਨਦੀਪ ਕੌਰ ਸਰਪੰਚ ਬੀੜ ਖੇੜੀ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਇੰਦਰਜੀਤ ਸਿੰਘ ਸਰਪੰਚ ਕਰਤਾਰਪੁਰ, ਜਸਬੀਰ ਸਿੰਘ ਤਰੈਂ ਜਿਲਾਂ ਪ੍ਰੀਸ਼ਦ ਮੈਂਬਰ, ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸੰਮਤੀ ਮੈਂਬਰ, ਬਲਕਾਰ ਡਕਾਲਾ ਮੈਂਬਰ ਮੰਡੀ ਬੋਰਡ, ਦਵਿੰਦਰ ਸਿੰਘ ਸ਼ੇਰਮਾਜਰਾ, ਨਵਦੀਪ ਸ਼ੇਰਮਾਜਰਾ, ਗੁਰਮੈਜ਼ ਸਿੰਘ ਸ਼ੇਰਮਾਜਰਾ ਸਾਬਕਾ ਸਰਪੰਚ, ਸ਼ੈਲੀ ਡਕਾਲਾ, ਹਰੀਸ਼ ਕੁਮਾਰ ਸਾਬਕਾ ਸਰਪੰਚ, ਜਸਪ੍ਰੀਤ ਸਿੰਘ, ਜਨਕ ਰਾਜ, ਹਰਮੇਸ਼ ਗੋਇਲ ਜਿਲਾਂ ਪ੍ਰਧਾਨ ਬੀਜੇਪੀ, ਅਤੁੱਲ ਗੋਇਲ, ਬਿਸ਼ਨ ਪ੍ਰਕਾਸ਼, ਦੀਪਕ ਡਕਾਲਾ, ਗਿਆਨ ਚੰਦ, ਪ੍ਰਦੀਪ ਸਿੰਘ, ਜੀਵਨ ਗੋਇਲ, ਚਮਨ ਲਾਲ, ਜਤਿੰਦਰ ਬਠੋਈ, ਪੰਕਜ, ਪੰਕਜ ਗੋਇਲ, ਮੇਘ ਰਾਜ, ਨਿਰਭੈ ਸਿੰਘ, ਸ਼ਾਮ ਲਾਲ, ਭੁਪਿੰਦਰ ਸਿੰਘ ਡਕਾਲਾ, ਸੁਰਿੰਦਰ ਸਿੰਘ ਸਰਪੰਚ ਆਲਮਪੁਰ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਜੀਤ ਸਿੰਘ ਸਮਰਾਓ, ਹਾਕਮ ਸਿੰਘ ਸਮਰਾਓ, ਹਰਬੰਸ ਸਿੰਘ ਸਮਰਾਓ, ਨਵਦੀਵ ਸਿੰਘ ਸਮਰਾਓ ਪ੍ਰਧਾਨ ਗੁਰਦੁਆਰਾ ਸਾਹਿਬ ਸ਼ੇਰਮਾਜਰਾ, ਰੂਪ ਸਿੰਘ ਪ੍ਰਧਾਨ, ਜੀਤ ਸਿੰਘ, ਸ਼ਾਂਤੀ ਸਰੂਪ, ਸੋਨੂੰ ਸ਼ਰਮਾ, ਪੰਡਿਤ ਡੋਗਰ ਰਾਮ, ਕੇਸਰ ਸਿੰਘ, ਚੰਦ ਸਿੰਘ, ਹਰਪਾਲ ਸਿੰਘ ਦੁਦੱੜ, ਤੇਜਵੀਰ ਸਿੰਘ ਕਲੇਰ ਚੇਅਰਮੈਨ, ਨੌਹਰ ਚੰਦ, ਗੁਰਜੀਤ ਸਿੰਘ ਗ੍ਰੀਨ ਪਾਰਕ ਕਲੌਨੀ, ਗੁਰਪ੍ਰੀਤ ਸਿੰਘ ਸਵਾਜਪੁਰ, ਮਹਿੰਦਰ ਸਿੰਘ ਖੇੜੀ ਗੁਜਰਾਂ, ਚਰਨ ਸਿੰਘ ਮਹਿਮਦਪੁਰ, ਗੁਰਵਿੰਦਰ ਸਿੰਘ ਭਿੰਦਰ, ਹਰਬੰਸ ਸਿੰਘ ਫੌਜੀ, ਦਰਸ਼ਨ ਸਿੰਘ ਸਾਬਕਾ ਪੰਚ ਸ਼ੇਰਮਾਜਰਾ, ਕੇਸਰ ਸਿੰਘ ਸ਼ੇਰਮਾਜਰਾ, ਕਾਕਾ ਢਿੱਲੋਂ, ਕੁਲਦੀਪ ਨਾਇਕ, ਸ਼ੇਰ ਸਿੰਘ, ਤਰਸੇਮ ਲਾਲ ਗੋਇਲ, ਕਮਲ ਗੋਇਲ ਪ੍ਰਧਾਨ ਅਨਾਜ ਮੰਡੀ ਸ਼ੇਰਮਾਜਰਾ, ਮਨੀਸ਼ ਮਿੱਤਲ ਸਲਾਹਕਾਰ ਜਿਲਾਂ ਆੜਤੀ ਐਸੋਸੀਏਸ਼ਨ ਪਟਿਆਲਾ, ਰਕੇਸ਼ ਸਿੰਗਲਾ, ਰਕੇਸ਼ ਕੁਮਾਰ, ਜਸਪ੍ਰੀਤ ਸਿੰਘ, ਲੱਖਾ ਜੀ, ਗੁਰਮੇਲ ਸਿੰਘ, ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਸਤਪਾਲ ਜੋਹਰੀ, ਹਜਾਰੀ ਲਾਲ ਜੋਹਰੀ, ਸ਼ੰਕਰ ਜਿੰਦਲ, ਹਰਪਿੰਦਰ ਸਿੰਘ ਰਾਠੀ, ਡਾ, ਹਰਮੇਸ਼, ਜਸਪਾਲ ਸਿੰਘ ਬੀਬੀਪੁਰ, ਜੈਂਕੀ ਮਹਿਰਾ ਸਮਾਣਾ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲ਼ਲੌਛੀ, ਸਾਬਕਾ ਸਰਪੰਚ ਹਰਜਿੰਦਰ ਸਿੰਘ ਸਰਾਜਪੁਰ, ਸ਼ੇਰ ਸਿੰਘ ਸਾਬਕਾ ਸਰਪੰਚ ਖੇੜੀ ਮੁਸਲਮਾਨੀਆਂ, , ਤਰਸੇਮ ਸਿੰਘ ਸਾਬਕਾ ਸਰਪੰਚ ਗੁਰੂ ਤੇਗ ਬਹਾਦਰ ਨਗਰ, ਹਰਵੈਲ ਸਿੰਘ, ਗੁਰਪ੍ਰੀਤ ਸਿੰਘ ਨੰਬਰਦਾਰ ਜਮਾਲਪੁਰ, ਜਤਿੰਦਰ ਸਿੰਘ ਖੁਦਾਦਪੁਰ, ਮਲਕੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## ਰਜਿੰਦਰ ਕੁਮਾਰ ਰੋਇਲਾ ਨੇ ਪ੍ਰਧਾਨ ਅਹੁਦੇ ਦੀ ਚੋਣ ਜਿੱਤੀ

ਪਟਿਆਲਾ, 11 ਅਪ੍ਰੈਲ (ਚ.ਨ.ਸ.) : ਪੰਜਾਬੀ ਯੂਨੀਵਰਸਿਟੀ ਰਿਟਾ: ਆਫਿਸਰਜ਼ ਵੈਲਫੇਅਰ ਐਸੋਸੀਏਸ਼ਨ ਪਟਿਆਲਾ (ਪੂਰੋਬਾ) ਦੀਆਂ ਚੋਣਾਂ 10 ਅਪ੍ਰੈਲ ਨੂੰ ਇੰਦਰਜੀਤ ਸਿੰਘ ਚੋਪੜਾ ਰਿਟਰਨਿੰਗ ਆਫਿਸਰ ਦੀ



ਨਿਗਰਾਨੀ ਹੇਠ ਬੜੇ ਸੁਚੱਜੇ ਅਤੇ ਸ਼ਾਂਤਮਈ ਮਾਹੌਲ ਵਿਚ ਹੋਈਆਂ। ਰਾਜਿੰਦਰ ਕੁਮਾਰ ਰੋਇਲਾ ਨੇ ਜਸਪਾਲ ਸਿੰਘ ਕੋਛੜ ਤੋਂ 31 ਵੋਟਾਂ ਵੱਧ ਲੈ ਕੇ ਬਤੌਰ ਪ੍ਰਧਾਨ ਦੀ ਜਿੱਤ ਹਾਸਲ ਕੀਤੀ ਅਤੇ ਅਵਤਾਰ ਸਿੰਘ 26 ਵੋਟਾਂ ਨਾਲ ਮੀਤ ਪ੍ਰਧਾਨ ਵਜੋਂ ਜੇਤੂ ਰਹੇ। ਰਿਟਰਨਿੰਗ ਅਫਸਰ ਇੰਦਰਜੀਤ ਸਿੰਘ ਚੋਪੜਾ ਨੇ ਦੱਸਿਆ ਕਿ ਚੁਣੇ ਗਏ ਉਮੀਦਵਾਰ ਮੌਜੂਦਾ ਪ੍ਰਧਾਲ ਰਜਿੰਦਰ ਸਿੰਘ ਜੌਸਨ ਅਤੇ ਮੀਤ ਪ੍ਰਧਾਨ ਜਸਪਾਲ ਸਿੰਘ ਕੋਛੜ ਦੀ ਚਾਰ ਸਾਲਾ ਮਿਆਦ ਪੂਰੀ ਹੋਣ 'ਤੇ 8 ਮਈ ਨੂੰ ਆਪਣਾ ਅਹੁਦਾ ਸੰਭਾਲਣਗੇ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਵੱਲੋਂ 16 ਸੀਨੀਅਰ ਪੈਨਸ਼ਨਰਾਂ ਦਾ ਸਨਮਾਨ

### ਚੜ੍ਹਦੀਕਲਾ ਅਖਬਾਰ ਦੇ ਸਬ-ਐਡੀਟਰ ਅਵਤਾਰ ਸਿੰਘ ਦਾ ਵਿਸ਼ੇਸ਼ ਸਨਮਾਨ







ਪਟਿਆਲਾ, 11 ਅਪ੍ਰੈਲ (ਚ.ਨ.ਸ.) : ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ , ਪਟਿਆਲਾ ਨੇ ਸੀਨੀਅਰ ਪੈਨਸ਼ਨਰਾਂ ਦੇ ਸਤਿਕਾਰ ਲਈ ਅਨਖੀ ਭਵਨ, ਫੈਕਟਰੀ ਏਰੀਆ ਪਟਿਆਲਾ ਵਿਖੇ ਸਮਾਗਮ ਕੀਤਾ ਗਿਆ। ਸਮਾਗਮ ਵਿੱਚ ਕਾਮਰੇਡ ਚਮਕੌਰ ਸਿੰਘ ਬਿਰਮੀ ਸੂਬਾ ਵਰਕਿੰਗ ਪ੍ਰਧਾਨ, ਰਾਜਿੰਦਰ ਸਿੰਘ ਰਾਜਪੁਰਾ ਸੂਬਾ ਮੀਤ ਪ੍ਰਧਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਪੈਨਸ਼ਨਰਾਂ ਨੂੰ ਆਉਣ ਵਾਲੇ ਸਮੇਂ ਦੀਆਂ ਚੁਣੌਤੀਆਂ ਤੋਂ ਅਵਗਤ ਕਰਵਾਇਆ ਤੇ ਲਾਮਬੰਦ ਹੋਣ ਲਈ ਪ੍ਰੇਰਿਤ ਕੀਤਾ ਗਿਆ। ਸਮਾਗਮ ਵਿੱਚ 16 ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਿਤ ਕਰਨ ਦੇ ਤਹਿ ਕੀਤੇ ਪ੍ਰੋਗਰਾਮ ਵਿੱਚੋਂ ਹਾਜ਼ਰੀਨ ਸੀਨੀਅਰ ਪੈਨਸ਼ਨਰ ਇੰਜ ਤਲਵਿੰਦਰ ਸਿੰਘ ਏ.ਈ.ਈ, ਸਰਜੀਵਨ ਲਾਲ ਸ਼ਰਮਾ ਸੀ.ਐਚ.ਡੀ, ਤੇਜਾ ਸਿੰਘ ਸੀ.ਐਚ.ਡੀ, ਉਗਰ ਸੈਨ ਸਿੰਗਲਾ ਜੇ.ਈ, ਗੁਰਬਚਨ ਸਿੰਘ ਬੇਦੀ ਸੀ.ਐਚ.ਡੀ, ਇੰਜ ਇੰਦਰਜੀਤ ਸਿੰਘ ਏ.ਈ, ਮੰਗਤ ਰਾਏ ਸਹੋਤਾ ਸੀਨੀਅਰ ਪ੍ਰਾਈਵੇਟ ਸਕੱਤਰ, ਇੰਜ ਨਿਰਭੈ ਸਿੰਘ ਏ.ਈ, ਜਗਦੀਸ਼ ਸਿੰਘ ਸੀ.ਐਚ.ਡੀ, ਚਮਨ ਲਾਲ ਗੋਇਲ ਪ੍ਰਾਈਵੇਟ ਸਕੱਤਰ ਤੇ ਸ਼ਰਨ ਸਿੰਘ ਸੀਨੀਅਰ ਸਹਾਇਕ ਨੂੰ ਸਨਮਾਨਿਤ ਕੀਤਾ ਗਿਆ। ਹਰੀ ਸਿੰਘ ਮੰਡਲ ਲੇਖਾਕਾਰ, ਰਾਜਵੀਰ ਸਿੰਘ ਐਸ.ਏ.ਐਸ ਸੁਪਰਡੈਂਟ, ਬੀਬੀ ਸਤਵੰਤ ਕੌਰ ਸੁਪਰਡੈਂਟ ਗਰੇਡ-99 , ਬਲਵੰਤ ਸਿੰਘ ਸੁਪਰਡੈਂਟ ਗ੍ਰੇਡ-9, ਗੁਰਚਰਨ ਸਿੰਘ ਸੀਨੀਅਰ ਸਹਾਇਕ ਮੌਕੇ 'ਤੇ ਸਨਮਾਨਿਤ ਨਹੀਂ ਕੀਤੇ ਜਾ ਸਕੇ ਜੋ ਅਗਲੀ ਮਹੀਨਾਵਾਰ ਮੀਟਿੰਗਾਂ ਵਿੱਚ ਹਾਜ਼ਰੀ ਸਮੇਂ ਸਨਮਾਨਿਤ ਕੀਤੇ ਜਾਣਗੇ। ਸਟੇਜ ਦੀ ਜਿੰਮੇਵਾਰੀ ਇੰਜ ਹਰਜੀਤ ਸਿੰਘ ਨੇ ਨਿਭਾਈ ਅਤੇ ਬੀਬੀ ਹਰਸ਼ਰਨਜੀਤ ਕੌਰ ਮੁੱਖ ਸਲਾਹਕਾਰ ਤੇ ਮਲਕੀਅਤ ਸਿੰਘ ਸਰਪ੍ਰਸਤ ਨੇ ਆਏ ਮਹਿਮਾਨਾਂ ਅਤੇ ਸਮੂਹ ਮੈਂਬਰਾਂ ਨੂੰ ਜੀ ਆਇਆਂ ਕਿਹਾ। ਸਮਾਗਮ ਵਿੱਚ ਸੈਂਕੜੇ ਤੋਂ ਵੱਧ ਆਗੂ/ਮੈਂਬਰ ਸ਼ਾਮਲ ਹੋਏ ਅਤੇ 14 ਵਿਸ਼ੇਸ਼ ਸ਼ਖਸੀਅਤਾਂ ਅਤੇ ਅਵਤਾਰ ਸਿੰਘ ਚੜ੍ਹਦੀਕਲਾ ਅਖਬਾਰ ਵੱਲੋਂ ਸ਼ਮੂਲੀਅਤ ਕਰਨ 'ਤੇ ਸਨਮਾਨਿਤ ਕੀਤਾ ਗਿਆ। ਸੂਬਾ ਕਮੇਟੀ ਦੇ ਸਲਾਹਕਾਰ ਇੰਜ ਸੰਤੋਖ ਸਿੰਘ ਬੋਪਾਰਾਏ ਤੇ ਗੱਜਣ ਸਿੰਘ ਮੀਡੀਆ ਇੰਚਾਰਜ ਵੀ ਮੌਜੂਦ ਸਨ। ਸ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਸਮਾਗਮ ਨੂੰ ਸ਼ਾਨਾਮਤੀ ਨੇਪਰੇ ਚਾੜਨ ਲਈ ਨਾਮਜ਼ਦ ਸਮੂਹ ਕਮੇਟੀ ਤੇ ਸਹਿਯੋਗੀ ਮੈਂਬਰਾਂ ਦਾ ਤਹਿ ਦਿਲੋਂ ਸਵਾਗਤ ਤੇ ਧੰਨਵਾਦ ਕੀਤਾ।

## ਕੁਲਵਿੰਦਰ ਸਿੰਘ ਲਵਲੀ ਨੂੰ ਪੰਜਾਬ ਦਾ ਜਨਰਲ ਸਕੱਤਰ ਤੇ ਮੁੱਖ ਬੁਲਾਰਾ ਬਣਨ 'ਤੇ ਲੱਡੂ ਵੰਡੇ



ਪਟਿਆਲਾ, 11 ਅਪ੍ਰੈਲ (ਰੁਪਾਣਾ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸ. ਕੁਲਵਿੰਦਰ ਸਿੰਘ ਲਵਲੀ ਨੂੰ ਪਾਰਟੀ ਦਾ ਕੌਮੀ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਨਿਯੁਕਤ ਕੀਤਾ ਹੈ। ਜਿਸ ਕਾਰਨ ਸ਼ਹਿਰ ਨਿਵਾਸੀਆਂ ਨੇ ਕੁਲਵਿੰਦਰ ਸਿੰਘ ਲਵਲੀ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਅਤੇ ਹਾਰ ਪਾ ਕੇ ਵਧਾਈ ਦਿੱਤੀ। ਲਵਲੀ ਨੇ ਗਿਆਨੀ ਹਰਪ੍ਰੀਤ ਸਿੰਘ ਜੀ ਦਾ ਅਤੇ ਸ. ਰਵੀਇੰਦਰ ਸਿੰਘ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਪੱਤਰਕਾਰਾਂ ਵੱਲੋਂ 2027 ਵਿਚ ਪਟਿਆਲਾ ਸ਼ਹਿਰ ਤੋਂ ਚੋਣ ਲੜਨ ਬਾਰੇ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਦਾ ਜੋ ਹੁਕਮ ਹੋਵੇਗਾ ਮੈਂ ਤਨਦੇਹੀ ਨਾਲ ਨਿਭਾਵਾਂਗਾ। ਇਸ ਸਮੇਂ ਤਜਿੰਦਰਪਾਲ ਸਿੰਘ ਰਾਣਾ, ਜਸਬੀਰ ਸਿੰਘ, ਅਮਰਜੀਤ ਸਿੰਘ ਲਾਂਬਾ, ਭੁਪਿੰਦਰ ਸਿੰਘ, ਦਲਵਿੰਦਰ ਸਿੰਘ ਡਾਂਗ, ਟੋਨੀ ਉਬਰਾਏ, ਡਿਕੀ ਸਾਹਨੀ, ਅਮਰਜੀਤ ਸਿੰਘ ਚੌਹਾਨ, ਦੀਪਕ ਸਹਿਗਲ ਅਤੇ ਗੁਰਿੰਦਰ ਸਿੰਘ ਲੱਡੂ, ਜਸਬੀਰ ਸਿੰਘ ਮੰਗਾ, ਜਸਵਿੰਦਰ ਸਿੰਘ ਜੱਸੀ ਆਦਿ ਹਾਜ਼ਰ ਸਨ।

## ਪਿੰਡ ਭਾਨਰੀ ਵਿਖੇ ਕੁਸ਼ਤੀ ਮੁਕਾਬਲੇ ਕਰਵਾਏ



ਸਨੌਰ, 11 ਅਪ੍ਰੈਲ (ਗੁਰਜੀਤ ਸਿੰਘ ਢੌਟ) : ਨਸ਼ਿਆਂ ਖਿਲਾਫ ਨੌਜਵਾਨਾ ਨੂੰ ਖੇਡਾ ਵੱਲ ਉਤਸ਼ਾਹਿਤ ਕਰਨ ਲਈ ਡੇਰਾ ਸ੍ਰੀ ਗੁਰਦੁਆਰਾ ਅਰਜਨ ਦਰਬਾਰ ਪਿੰਡ ਭਾਨਰੀ ਵਿਖੇ ਬ੍ਰਹਮ ਗਿਆਨੀ ਸੱਚ ਖੰਡ ਵਾਸੀ ਬਾਬਾ ਅਜੀਤ ਸਿੰਘ ਹੰਸਾਲੀ ਵਾਲੇ ਦੇ ਦਿਖਾਏ ਰਸਤਿਆਂ 'ਤੇ ਚਾਨਣਾ ਦਿਖਾ ਰਹੇ ਗੱਦੀ ਨਸ਼ੀਨ ਸੰਤ ਡਾ. ਅਮਰਜੀਤ ਕੌਰ ਜਿੰਨਾਂ ਨੇ ਖਾਲਸਾ ਸਿਰਜਣਾ ਦਿਵਸ ਮੌਕੇ ਪਿੰਡ ਭਾਨਰੀ ਪਹਿਲਾਂ ਕੁਸ਼ਤੀ ਦੰਗਲ ਕਰਵਾਇਆ ਗਿਆ। ਇਸ ਕੁਸ਼ਤੀ ਦੰਗਲ ਵਿਖੇ ਵਿਸ਼ੇਸ਼ ਤੌਰ ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ , ਹਰਿੰਦਰਪਾਲ ਸਿੰਘ ਚੰਦੂਮਾਜਰਾ ਸਾਬਕਾ ਵਿਧਾਇਕ ਹਲਕਾ ਸਨੌਰ , ਕਾਂਗਰਸ ਦੇ ਸੀਨੀਅਰ ਆਗੂ ਤੇ ਰਾਜੀਵ ਗਾਂਧੀ ਪੰਚਾਇਤੀ ਸੰਗਠਨ ਪੰਜਾਬ ਕਾਂਗਰਸ ਦੇ ਉਪ ਪ੍ਰਧਾਨ ਗੁਰਵਿੰਦਰ ਸਿੰਘ ਉਰਫ ਗੌਰਵ ਸੰਧੂ ,ਭਾਰਤ ਮੱਲ ਸਮਰਾਟ ਤੇ ਰਿਸਤਮੇ ਹਿੰਦ ਭਲਵਾਨ ਗੁਰਮੁੱਖ ਸਿੰਘ ਨੇ ਸ਼ਿਰਕਤ ਕੀਤੀ , ਇਸ ਦੌਰਾਨ ਪਹਿਲੀ ਕੁਸ਼ਤੀ ਦੀ ਸ਼ੁਰੂਆਤ ਸੰਤ ਡਾ ਅਮਰਜੀਤ ਕੌਰ ਭਾਨਰੀ ਵਾਲੇ, ਕਾਂਗਰਸ ਦੇ ਸੀਨੀਅਰ ਆਗੂ ਗੌਰਵ ਸੰਧੂ ਨੇ ਭਲਵਾਨਾਂ ਨੂੰ ਆਸ਼ਿਰਵਾਦ ਦੇ ਕਰਵਾਈ ਗਈ। ਗੌਰਵ ਸੰਧੂ ਨੇ ਦੱਸਿਆ ਕਿ ਪਹਿਲਾਂ ਕੁਸ਼ਤੀ ਦੰਗਲ ਪਿੰਡ ਭਾਨਰੀ ਡੇਰਾ ਗੁਰਦੁਆਰਾ ਅਰਜਨ ਦਰਬਾਰ ਦੇ ਸਹਿਯੋਗ ਨਾਲ ਕਰਵਾਇਆ ਗਿਆ ਹੈ। ਇਸ ਦੰਗਲ ਵਿੱਚ 70 ਤੋਂ ਵੱਧ ਪਹਿਲਵਾਨਾਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲਿਆਂ ਰਾਹੀਂ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਬਹੁਤ ਵੱਡਾ ਸਾਧਨ ਹਨ ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਖੇਡ ਉਪਰਾਲੇ ਹਰ ਪਿੰਡਾਂ ਅੰਦਰ ਹੋਣੇ ਜ਼ਰੂਰੀ ਤਾਂ ਕਿ ਪਿੰਡ ਦੇ ਲੋਕ ਇੱਕ ਮੰਚ ਤੇ ਇਕੱਠੇ ਹੋਣ ਜਿਸ ਨਾਲ ਆਪਸੀ ਭਾਈਚਾਰਾ ਵਧੇ। ਉਨ੍ਹਾਂ ਆਖਿਰ ਵਿੱਚ ਕਿਹਾ ਕਿ ਹੁਣ ਹਰ ਸਾਲ ਕੁਸ਼ਤੀ ਦੰਗਲ ਦੀ ਜ਼ਿੰਮੇਵਾਰੀ ਭਲਵਾਨ ਹਰਜੀਤ ਸਿੰਘ (ਅਖਾੜਾ ਗੁਰਮੁੱਖ) ਸਵਰਨ ਸਿੰਘ ਪਵਰੀ ਨੂੰ ਦਿੱਤੀ ਗਈ ਹੈ। ਇਸ ਮੌਕੇ ਕੈਪਟਨ ਜਸਵੀਰ ਸਿੰਘ, ਡਾ ਪਰਮਜੀਤ ਸਿੰਘ ਬਾਲਾ, ਸੁਖਵਿੰਦਰ ਸਿੰਘ, ਪਰਮਜੀਤ ਸਿੰਘ ਗਰੇਵਾਲ, ਡਾ ਇੰਦਰਪਾਲ ਸਿੰਘ, ਨਵਜੋਤ ਸਿੰਘ, ਸੁਖਵਿੰਦਰ ਸਿੰਘ ਸੁੱਖੀ, ਰਣਧੀਰ ਸਿੰਘ, ਦਲਜੀਤ ਸਿੰਘ, ਗੁਰਪਾਲ ਸਿੰਘ, ਰੋਹਿਤ ਦੌਸਲ, ਪਵਨ ਰਾਠੀਆ, ਹਨੀ ਜਾਫਰਪੁਰ ਆਦਿ ਹਾਜ਼ਰ ਸਨ।

## ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦਾ ਇਜਲਾਸ, ਯਾਦਵਿੰਦਰ ਸਿੰਘ ਬਲਾਕ ਪ੍ਰਧਾਨ ਚੁਣੇ



ਸਮਾਣਾ, 11 ਅਪ੍ਰੈਲ (ਸੁਖਜਿੰਦਰ ਸਿੰਘ ਕੁਲਾਰਾਂ) : ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਬਲਾਕ ਸਮਾਣਾ ਦਾ ਜਲਾਲ ਗੁਰਦੁਆਰਾ ਈਸਰਸਰ ਸਾਹਿਬ ਅੱਡਾ ਢੈਂਠਲ ਵਿਖੇ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਢੈਂਠਲ ਦੀ ਅਗਵਾਈ ਵਿੱਚ ਹੋਇਆ। ਇਜਲਾਸ ਵਿੱਚ ਸੂਬਾ ਪ੍ਰੈਸ ਸਕੱਤਰ ਜਰਨੈਲ ਸਿੰਘ ਕਾਲੇਕੇ, ਸਤਵੰਤ ਸਿੰਘ ਵਜੀਦਪੁਰ, ਸੂਬਾ ਪ੍ਰੋਪੇਗੰਡਾ ਸਕੱਤਰ ਰਣਜੀਤ ਸਿੰਘ ਸਵਜਪੁਰ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਆਗੂਆਂ ਵੱਲੋਂ ਬਲਾਕ ਸਮਾਣਾ ਦੀ 13 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਮੌਕੇ ਪ੍ਰਧਾਨ ਯਾਦਵਿੰਦਰ ਸਿੰਘ ਕੂਕਾ, ਮੀਤ ਪ੍ਰਧਾਨ ਅਮਰਜੀਤ ਸਿੰਘ ਬਿਜਲਪੁਰ, ਮੀਤ ਪ੍ਰਧਾਨ ਭਗਵੰਤ ਸਿੰਘ ਸਮਾਣਾ, ਖਜਾਨਚੀ ਪੁਸ਼ਪਿੰਦਰ ਸਿੰਘ ਰਤਨਹੇੜੀ, ਜਰਨਲ ਸਕੱਤਰ ਇੰਦਰਜੀਤ ਸਿੰਘ ਧਨੇਠਾ, ਪ੍ਰੈੱਸ ਸਕੱਤਰ ਗੁਰਦੇਵ ਸਿੰਘ ਚੌਂਹਠ, ਸਕੱਤਰ ਕੁਲਜੀਤ ਸਿੰਘ ਕੂਕਾ,ਮੀਤ ਪ੍ਰਧਾਨ ਕਸ਼ਮੀਰ ਸਿੰਘ ਢੈਂਠਲ, ਸਕੱਤਰ ਸੁਖਵਿੰਦਰ ਸਿੰਘ ਢੈਂਠਲ, ਜੁਆਇੰਟ ਸਕੱਤਰ ਗੁਰਦੀਪ ਸਿੰਘ ਭੋਲੀ ਕਾਨਗੜ੍ਹ, ਮੀਡੀਆ ਇੰਚਾਰਜ ਸੁਖਵੰਤ ਸਿੰਘ ਅਸਮਾਨਪੁਰ, ਪ੍ਰੋਪੇਗੰਡਾ ਸਕੱਤਰ ਸੁਖਚੈਨ ਸਿੰਘ ਧਨੇਠਾ ਅਹੁਦੇਦਾਰ ਚੁਣੇ ਗਏ।

## ਮੁੱਢਲੀ ਸਿੱਖਿਆ ਅਤੇ ਦੇਖਭਾਲ ਦਿਵਸ ਮੌਕੇ ਸੰਖਿਆਤਮਕ ਵਿਕਾਸ ਬਾਰੇ ਮਾਪਿਆਂ ਨੂੰ ਕੀਤਾ ਜਾਗਰੂਕ

ਮਲੇਰਕੋਟਲਾ, 11 ਅਪ੍ਰੈਲ (ਬਲਜੀਤ ਸਿੰਘ ਟਿੱਬਾ) : ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਦੇ 545 ਆਂਗਣਵਾੜੀ ਸੈਂਟਰਾਂ ਵਿੱਚ ਬੱਚਿਆਂ ਦੇ ਸਰਵਾਂਗੀਣ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਮੁੱਢਲੀ ਸਿੱਖਿਆ ਅਤੇ ਦੇਖਭਾਲ ਦਿਵਸ ਮਨਾਇਆ ਗਿਆ। ਆਂਗਣਵਾੜੀ ਵਰਕਰਾਂ ਦੇ ਦੱਸਿਆ ਕਿ ਮੁੱਢਲੀ ਸਿੱਖਿਆ ਅਤੇ ਦੇਖਭਾਲ ਦਿਵਸ ਦਾ ਮੁੱਖ ਉਦੇਸ਼ ਬੱਚਿਆਂ ਦਾ ਸੰਖਿਆਤਮਕ ਵਿਕਾਸ ਕਰਨ ਹੈ। ਇਸ ਮੌਕੇ ਆਂਗਣਵਾੜੀ ਵਰਕਰਾਂ ਅਤੇ ਸੁਪਰਵਾਈਜ਼ਰਾਂ ਵੱਲੋਂ ਬੱਚਿਆਂ ਲਈ ਵੱਖ-ਵੱਖ ਸਿਖਲਾਈ ਗਤੀਵਿਧੀਆਂ ਕਰਵਾਈਆਂ ਗਈਆਂ ਅਤੇ ਮਾਪਿਆਂ ਨੂੰ ਸੰਖਿਆਤਮਕ ਸਮਝ ਦੇ ਮਹੱਤਵ ਬਾਰੇ ਜਾਗਰੂਕ ਕੀਤਾ ਗਿਆ। ਆਂਗਣਵਾੜੀ ਵਰਕਰਾਂ ਦੁਆਰਾ ਮਾਪਿਆਂ ਨੂੰ ਬੱਚਿਆਂ ਵਿੱਚ ਛੋਟੀ ਉਮਰ ਤੋਂ ਹੀ ਗਿਣਤੀ ਅਤੇ ਤਰਕਸ਼ੀਲ ਸੋਚ ਦੀ ਵਿਕਾਸਸ਼ੀਲ ਸਮਝ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਮਾਪਿਆਂ ਨੂੰ ਪ੍ਰੇਰਿਤ ਕੀਤਾ ਗਿਆ ਕਿ



ਉਹ ਆਪਣੇ ਬੱਚਿਆਂ ਦੀ ਦਿਨਚਰੀ ਵਿੱਚ ਗਿਣਤੀ ਸਬੰਧੀ ਗਤੀਵਿਧੀਆਂ ਸ਼ਾਮਲ ਕਰਨ ਅਤੇ ਬੱਚਿਆਂ ਨੂੰ ਘਰ ਵਿੱਚ ਆਸ-ਪਾਸ ਦੀਆਂ ਵਸਤੂਆਂ ਦੀ ਗਿਣਤੀ ਕਰਨ ਅਤੇ ਵੱਡੀ-ਛੋਟੀ ਵਸਤੂ ਦੀ ਪਛਾਣ ਕਰਨ ਲਈ ਉਤਸ਼ਾਹਿਤ ਕਰਨ। ਇਸ ਤੋਂ ਇਲਾਵਾ, ਆਂਗਣਵਾੜੀ ਵਰਕਰਾਂ ਵੱਲੋਂ ਮਾਪਿਆਂ ਨੂੰ ਘਰ ਵਿੱਚ ਕਰਨ ਲਈ ਸਰਲ ਅਤੇ ਰੁਚਿਕਰ ਗਤੀਵਿਧੀਆਂ ਵੀ ਦਿਖਾਈਆਂ ਗਈਆਂ। ਉਦਾਹਰਨ ਵਜੋਂ ਗੱਤੇ, ਕੈਂਚੀ, ਮਾਰਕਰ ਅਤੇ ਰੰਗਾਂ ਦੀ ਮਦਦ ਨਾਲ ਪਜ਼ਲ ਤਿਆਰ ਕਰਨ ਦੀ ਵਿਧੀ ਸਾਂਝੀ ਕੀਤੀ ਗਈ। ਇਸ ਪ੍ਰੋਗਰਾਮ ਵਿੱਚ 0 ਤੋਂ 6 ਸਾਲ ਦੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੇ ਉਤਸ਼ਾਹ ਨਾਲ ਭਾਗ ਲਿਆ। ਆਂਗਣਵਾੜੀ ਵਰਕਰਾਂ ਵੱਲੋਂ ਮਾਪਿਆਂ ਨੂੰ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਘਰ ਵਿੱਚ ਨਿਯਮਿਤ ਤੌਰ 'ਤੇ ਅਜਿਹੀਆਂ ਗਤੀਵਿਧੀਆਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਆਂਗਣਵਾੜੀ ਵਰਕਰ ਨੀਸ਼ਾ ਗੁਪਤਾ, ਜਸਵਿੰਦਰ ਕੌਰ, ਗੁਰਪ੍ਰੀਤ ਕੌਰ, ਕਿਰਤ ਕੌਰ, ਸੁਖਵੀਰ ਕੌਰ, ਗੁਜਾਲਾ, ਸਹੀਲਾ ਗੁਲ, ਸਾਹਿਬਾ, ਸੁਮਾਰੀਆ, ਨਾਸੀਨ ਸੋਨੀਆ, ਸਤਵੀਰ ਕੌਰ, ਸ਼ਹਿਨਾਜ਼ ਪ੍ਰਵੀਨ, ਬਲਜੀਤ ਕੌਰ, ਕੁਲਵੰਤ ਕੌਰ ਅਤੇ ਹੈਲਪਰ ਸਮੀਨਾ, ਹਾਨੀਫਾ, ਸਾਬਨੂਰ ਆਦਿ ਹਾਜ਼ਰ ਰਹੇ।

## ਨਗਰ ਨਿਗਮ ਵਿਖੇ ਜਨਗਣਨਾ ਸਬੰਧੀ 6 ਦਿਨਾਂ ਦੀ ਫੀਲਡ ਟ੍ਰੇਨਰਾਂ ਦੀ ਟ੍ਰੇਨਿੰਗ ਵਰਕਸ਼ਾਪ



ਪਟਿਆਲਾ, 11 ਅਪ੍ਰੈਲ (ਰੁਪਾਣਾ) : ਜ਼ਿਲ੍ਹਾ ਪਟਿਆਲਾ ਵਿਖੇ ਜਨਗਣਨਾ 2027 ਸਬੰਧੀ ਫੀਲਡ ਟ੍ਰੇਨਰਾਂ ਦੀ ਮਿਤੀ 30 ਮਾਰਚ ਤੋਂ 9 ਅਪ੍ਰੈਲ 2026 ਤੱਕ 6 ਦਿਨਾਂ ਦੀ ਟ੍ਰੇਨਿੰਗ ਵਰਕਸ਼ਾਪ ਮਾਨਯੋਗ ਡਿਪਟੀ ਕਮਿਸ਼ਨਰ,-ਕਮ-ਪਿੰਸੀਪਲ ਸੈਂਸਜ ਅਫਸਰ ਪਟਿਆਲਾ ਅਤੇ ਮਾਨਯੋਗ ਕਮਿਸ਼ਨਰ, ਨਗਰ ਨਿਗਮ ਪਟਿਆਲਾ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਈ ਹੈ। ਇਸ ਟ੍ਰੇਨਿੰਗ ਵਿੱਚ ਜਨਗਣਨਾ ਵਿਭਾਗ ਵੱਲੋਂ ਮਿਸ ਨਿਧੀ, ਸਟੈਟਿਸਟਿਕਲ ਇਨਵੈਸਟੀਗੇਟਰ ਗ੍ਰੇਡ-99 ਅਤੇ ਜ਼ਿਲ੍ਹਾ ਪਟਿਆਲਾ ਵਿਖੇ ਰੱਖ ਗਏ 2 ਮਾਸਟਰ ਟ੍ਰੇਨਰ ਸ੍ਰੀ ਨਿਸ਼ੂ ਸ਼ਰਮਾ, ਸੀਨੀਅਰ ਸਿਸਟਮ ਐਨਾਲਿਸਟ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੇ ਡਾ. ਜਗਦੀਪ ਸਿੰਘ, ਅਸਿਸਟੈਂਟ ਪ੍ਰੋਫੈਸਰ, ਸਰਕਾਰੀ ਕਾਲਜ (ਲੜਕੀਆਂ), ਪਟਿਆਲਾ ਵੱਲੋਂ 60 ਫੀਲਡ ਟ੍ਰੇਨਰਾਂ ਨੂੰ 30-30 (ਦੋ ਬੈਚਾਂ) ਵਿੱਚ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਟੀਮ ਆਗੂਆਂ ਨੇ ਜਾਣਕਾਰੀ ਸਾਂਝੇ ਕਰਦੇ ਦੱਸਿਆ ਕਿ ਸੈਂਸਜ-2027 ਅਧੀਨ ਜ਼ਿਲ੍ਹਾ ਪਟਿਆਲਾ ਵਿੱਚ ਰੱਖੇ ਗਏ ਕੁੱਲ 60 ਫੀਲਡ ਟ੍ਰੇਨਰਾਂ ਵਿੱਚੋ 48 ਫੀਲਡ ਟ੍ਰੇਨਰ ਮਾਨਯੋਗ ਡਿਪਟੀ ਕਮਿਸ਼ਨਰ ਹਿਮਾਂਸ਼ੂ ਅਗਰਵਾਲ ਵੱਲੋਂ ਅਤੇ 12 ਫੀਲਡ ਟ੍ਰੇਨਰ ਮਾਨਯੋਗ ਕਮਿਸ਼ਨਰ, ਨਗਰ ਨਿਗਮ ਪਰਮਜੀਤ ਸਿੰਘ ਵੱਲੋਂ ਨਿਯੁਕਤ ਕੀਤੇ ਗਏ ਹਨ। ਇਨ੍ਹਾਂ ਫੀਲਡ ਟ੍ਰੇਨਰਾਂ ਵੱਲੋਂ ਸੁਪਰਵਾਈਜ਼ਰ ਅਤੇ ਗਿਣਤੀਕਾਰਾਂ ਨੂੰ ਤਹਿਸੀਲ/ਚਾਰਜ ਪੱਧਰ 'ਤੇ ਟ੍ਰੇਨਿੰਗ ਦਿੱਤੀ ਜਾਣੀ ਹੈ। ਇਨ੍ਹਾਂ ਫੀਲਡ ਟ੍ਰੇਨਰਾਂ ਨੂੰ ਟ੍ਰੇਨਿੰਗ ਦੇਣ ਲਈ ਦੋ ਬੈਚ ਬਣਾਏ ਗਏ ਹਨ ਤੇ ਪਹਿਲੇ ਬੈਚ ਨੂੰ ਮਿਤੀ 30 ਮਾਰਚ ਤੋਂ 2 ਅਪ੍ਰੈਲ 2026 ਤੱਕ ਤੇ ਦੂਜੇ ਬੈਚ ਨੂੰ 6 ਅਪ੍ਰੈਲ ਤੋਂ 9 ਅਪ੍ਰੈਲ 2026 ਤੱਕ ਦਫਤਰ ਨਗਰ ਨਿਗਮ, ਪਟਿਆਲਾ ਵਿਖੇ ਟ੍ਰੇਨਿੰਗ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਪਟਿਆਲਾ ਵਿਖੇ ਸੈਂਸਜ-2027 ਦੇ ਕੰਮ ਲਈ ਰੱਖੇ ਗਏ ਮਾਸਟਰ ਟ੍ਰੇਨਰਾਂ ਵੱਲੋਂ ਟ੍ਰੇਨਿੰਗ ਦੌਰਾਨ ਦੱਸਿਆ ਗਿਆ ਕਿ ਪਹਿਲੀ ਵਾਰ ਇਹ ਜਨਗਣਨਾ ਡਿਜ਼ੀਟਲ ਮੋਡ ਵਿੱਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਜਨਗਣਨਾ ਵਿੱਚ 'ਸੈਲਫ ਇਨੂਮੀਰੇਸ਼ਨ' ਦੇ ਕੰਮ ਵਜੋਂ ਪਹਿਲ ਕੀਤੀ ਗਈ, ਜਿਸ ਵਿੱਚ ਕੋਈ ਵੀ ਨਾਗਰਿਕ ਆਪਣੇ ਘਰ ਦੀ ਗਿਣਤੀ ਮਿਤੀ 30 ਅਪ੍ਰੈਲ 2026 ਤੋਂ 14 ਮਈ 2026 ਤੱਕ ਆਪ ਕਰ ਸਕਦਾ ਹੈ। ਇਸ ਉਪਰੰਤ ਜਨਗਣਨਾ ਦਾ ਪਹਿਲਾ ਫੇਜ਼ 15 ਮਈ 2026 ਤੋਂ 13 ਜੂਨ 2026 ਤੱਕ ਹਾਊਸ ਲਿਸਟਿੰਗ ਵਜੋਂ ਸ਼ੁਰੂ ਕੀਤਾ ਜਾਵੇਗਾ, ਜਿਸ ਵਿੱਚ ਇਨੂਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਹਾਊਸ ਲਿਸਟਿੰਗ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 33 ਸਵਾਲ ਪੁੱਛੇ ਜਾਣਗੇ। ਇਸ ਵਰਕਸ਼ਾਪ ਵਿੱਚ ਉਪ ਅਰਥ ਅਤੇ ਅੰਕੜਾ ਸਲਾਹਕਾਰ ਸ੍ਰੀਮਤੀ ਜਸਵਿੰਦਰ ਕੌਰ, ਸੰਜੀਵ ਗਰਗ, ਸੁਪਰਡੰਟ, ਵਿਸ਼ਾਲ ਸਿਆਲ, ਸੁਪਰਡੰਟ, ਨਰਿੰਦਰ ਕੁਮਾਰ, ਕਲਰਕ, ਬਿਕਰਮਾਜੀਤ ਸਿੰਘ, ਇਨਵੈਸਟੀਗੇਟਰ, ਹੇਮੰਤ ਕੁਮਾਰ ਇੰਵੈਸਟੀਗੇਟਰ, ਕੁਲਇੰਦਰਜੀਤ ਸਿੰਘ ਅਤੇ ਸ੍ਰੀ ਰਮਨਜੀਤ ਸਿੰਘ, ਅਤੇ ਸਮੂਹ ਫੀਲਡ ਟ੍ਰੇਨਰਾਂ ਵੱਲੋਂ ਭਾਗ ਲਿਆ ਗਿਆ।

## 'ਕਲਿੰਗ ਵਿਜੇ' ਨਾਟਕ ਰਾਹੀਂ ਯੁੱਧ, ਦਇਆ ਅਤੇ ਅਹਿੰਸਾ ਦਾ ਇੱਕ ਭਾਵੁਕ ਪ੍ਰਦਰਸ਼ਨ

ਪਟਿਆਲਾ, 11 ਅਪ੍ਰੈਲ (ਚ.ਨ.ਸ.) : ਉੱਤਰ ਖ਼ੇਤਰੀ ਸਭਿਆਚਾਰਕ ਕੇਂਦਰ (ਸੱਭਿਆਚਾਰਕ ਮੰਤਰਾਲੇ, ਭਾਰਤ ਸਰਕਾਰ) ਪਟਿਆਲਾ ਅਤੇ ਰੰਗਮੰਡਲ ਪੰਚਮ ਵੇਦ ਕ੍ਰਿਏਸ਼ਨਜ਼ ਐਂਡ ਚੈਰੀਟੇਬਲ ਟਰੱਸਟ, ਦੇਹਰਾਦੂਨ ਦੀ ਸਾਂਝੀ ਸਰਪ੍ਰਸਤੀ ਹੇਠ, ਪ੍ਰਸਿੱਧ ਨਾਟਕਕਾਰ ਮੋਹਨ ਰਾਕੇਸ਼ ਦੁਆਰਾ ਲਿਖਿਆ ਅਤੇ ਅਨੁਰਾਗ ਵਰਮਾ ਦੁਆਰਾ ਨਿਰਦੇਸ਼ਤ ਨਾਟਕ ਕਲਿੰਗ ਵਿਜੇ, ਐਨ ਜ਼ੈਡ ਸੀ ਸੀ ਦੇ ਡਾਇਰੈਕਟਰ ਐਮ. ਫੁਰਕਾਨ ਖਾਨ ਦੀ ਅਗਵਾਈ ਹੇਠ ਕਾਲੀਦਾਸ ਆਡੀਟੋਰੀਅਮ, ਵਿਰਸਾ ਵਿਹਾਰ ਕੇਂਦਰ, ਪਟਿਆਲਾ ਵਿਖੇ ਪੇਸ਼ ਕੀਤਾ ਗਿਆ। ਇਸ ਨਾਟਕ ਨੇ ਆਪਣੀ ਭਾਵੁਕ ਅਤੇ ਯਥਾਰਥਵਾਦੀ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਹਿਲਾ ਕੇ ਰੱਖ ਦਿੱਤਾ। ਕਲਿੰਗ ਵਿਜੇ ਇਤਿਹਾਸ ਦੇ ਇੱਕ ਭਿਆਨਕ ਅਧਿਆਇ ਨੂੰ ਜੀਵਨ ਵਿੱਚ ਲਿਆਉਂਦਾ ਹੈ, ਜੋ ਜੰਗ ਅਤੇ ਹਿੰਸਾ ਦੀ ਭਿਆਨਕਤਾ ਨੂੰ ਦਰਸਾਉਂਦਾ ਹੈ, ਜੋ ਆਮ ਲੋਕਾਂ ਦੇ ਜੀਵਨ ਨੂੰ ਦੁਖੀ ਕਰਦਾ ਹੈ। ਯੁੱਧ ਵਿੱਚ ਮਾਰੇ ਗਏ ਲੋਕਾਂ ਦੇ ਪਰਿਵਾਰਾਂ ਅਤੇ ਰਿਸ਼ਤੇਦਾਰਾਂ ਦੇ ਦੁੱਖ ਨੂੰ ਬਹੁਤ ਹੀ ਸੰਵੇਦਨਸ਼ੀਲ ਅਤੇ ਭਾਵੁਕ ਦਰਸ਼ਕਾਂ ਨਾਲ ਪੇਸ਼ ਕੀਤਾ ਗਿਆ। ਇਸ ਨਾਟਕ ਦੀ ਸਭ ਤੋਂ ਮਹੱਤਵਪੂਰਨ ਵਿਸ਼ੇਸ਼ਤਾ ਸਮਰਾਟ ਅਸ਼ੋਕ ਦੇ ਦਿਲ ਦੇ ਪਰਿਵਰਤਨ ਦਾ ਸ਼ਕਤੀਸ਼ਾਲੀ ਚਿੱਤਰਣ ਸੀ, ਜਿੱਥੇ, ਯੁੱਧ ਦੀਆਂ ਭਿਆਨਕਤਾਵਾਂ ਦਾ ਸਾਹਮਣਾ ਕਰਦੇ ਹੋਏ, ਉਹ ਅਹਿੰਸਾ ਦੇ ਮਾਰਗ ਨੂੰ ਅਪਣਾਉਣ ਦਾ ਸੰਕਲਪ ਲੈਂਦਾ ਹੈ। ਇਹ ਪੇਸ਼ਕਾਰੀ ਸ਼ਾਂਤੀ ਅਤੇ ਮਨੁੱਖੀ ਕਦਰਾਂ-ਕੀਮਤਾਂ ਦਾ ਡੂੰਘਾ ਸੰਦੇਸ਼ ਦਿੰਦੀ ਹੈ। ਇਸ ਨਾਟਕ ਵਿੱਚ ਭਗਤ ਸਿੰਘ ਦੇ ਲੇਖ 'ਯੁਵਕ' ਅਤੇ ਰਾਮਧਾਰੀ ਸਿੰਘ ਦਿਨਕਰ ਦੀ ਅਮਰ ਰਚਨਾ 'ਰਸ਼ਮੀਰਥੀ' ਦੇ ਬਹਾਦਰੀ ਭਰੇ ਅੰਸ਼ ਵੀ ਸ਼ਾਮਲ ਕੀਤੇ ਗਏ ਹਨ, ਜੋ ਇਹ ਸੰਦੇਸ਼ ਦਿੰਦੇ ਹਨ ਕਿ ਜਦੋਂਕਿ ਸਾਮਰਾਜੀ ਵਿਸਥਾਰ ਲਈ ਹਿੰਸਾ ਅਣਉਚਿਤ ਹੈ, ਰਾਸ਼ਟਰੀ ਸੁਰੱਖਿਆ ਅਤੇ ਸਵੈ-ਰੱਖਿਆ ਲਈ



ਜ਼ਰੂਰੀ ਕਦਮ ਚੁੱਕਣਾ ਇੱਕ ਫਰਜ਼ ਮੰਨਿਆ ਜਾ ਸਕਦਾ ਹੈ। ਅਦਾਕਾਰੀ ਦੇ ਪੱਖੋਂ, ਅਨੁਰਾਗ ਵਰਮਾ, ਸ਼੍ਰੀਸ਼ ਡੋਵਾਲ, ਮਾਨਵੀ ਨੌਟਿਆਲ, ਆਸ਼ੀਸ਼ ਵਰਮਾ, ਕੁਨਾਲ, ਰਾਜ, ਅੰਕਿਤਾ, ਅੰਸ਼ਿਕਾ, ਪ੍ਰਿਯੰਕਾ, ਵਿਸ਼ਾਲ ਪੰਤ, ਨੀਤੀਸ਼, ਲੋਕੇਸ਼ ਸ਼ਰਮਾ, ਨਰੇਸ਼ ਠਾਕੁਰ, ਮੁਕੇਸ਼ ਨੈਣਵਾਲ ਅਤੇ ਚੰਦਰਭਾਸ਼ ਸਿੰਘ ਸਮੇਤ ਕਲਾਕਾਰਾਂ ਨੇ ਆਪਣੇ ਸ਼ਕਤੀਸ਼ਾਲੀ ਪ੍ਰਦਰਸ਼ਨਾਂ ਨਾਲ ਆਪਣੇ ਪਾਤਰਾਂ ਨੂੰ ਜੀਵੰਤ ਕੀਤਾ। ਪ੍ਰਿਯੰਕਾ ਦੇ ਪਿਛੋਕੜ ਸੰਗੀਤ ਅਤੇ ਪੁਸ਼ਕਰ ਦੀ ਰੋਸ਼ਨੀ ਨੇ ਵੀ ਪ੍ਰਭਾਵਸ਼ਾਲੀ ਪੇਸ਼ਕਾਰੀ ਵਿੱਚ ਯੋਗਦਾਨ ਪਾਇਆ।ਕੁੱਲ ਮਿਲਾ ਕੇ, 'ਕਲਿੰਗ ਵਿਜੇ' ਇੱਕ ਅਜਿਹੀ ਪੇਸ਼ਕਾਰੀ ਸਾਬਤ ਹੋਈ ਜਿਸਨੇ ਦਰਸ਼ਕਾਂ ਨੂੰ ਨਾ ਸਿਰਫ਼ ਇਤਿਹਾਸ ਨਾਲ ਜੋੜਿਆ, ਸਗੋਂ ਉਨ੍ਹਾਂ ਨੂੰ ਮਨੁੱਖਤਾ, ਸ਼ਾਂਤੀ ਅਤੇ ਫਰਜ਼ ਬਾਰੇ ਡੂੰਘਾਈ ਨਾਲ ਸੋਚਣ ਲਈ ਵੀ ਮਜਬੂਰ ਕੀਤਾ।

## ਬਲਵੀਰ ਸਿੰਘ ਖੱਟੜਾ ਵੱਲੋਂ ਪੁੱਤਰ ਦੇ ਵਿਦੇਸ਼ ਜਾਣ ਦੀ ਖ਼ੁਸ਼ੀ 'ਚ ਵਾਹਿਗੁਰੂ ਜੀ ਦਾ ਸ਼ੁਕਰਾਨਾ

ਭਾਦਸੋਂ, 11 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਉੱਘੇ ਸਮਾਜ ਸੇਵਕ ਬਲਵੀਰ ਸਿੰਘ ਖੱਟੜਾ ਚਾਸਵਾਲ ਨੇ ਆਪਣੇ ਸਪੁੱਤਰ ਅਮਰਵੀਰ ਸਿੰਘ ਦੇ ਵਿਦੇਸ਼ ਜਾਣ ਦੀ ਖੁਸ਼ੀ ਵਿੱਚ ਆਪਣੇ ਗ੍ਰਹਿ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕਰਵਾ ਕੇ ਭੋਗ ਪਾਏ ਗਏ। ਭੋਗ ਤੋਂ ਉਪਰੰਤ ਰਾਗੀ ਸਿੰਘਾਂ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸ. ਬਲਵੀਰ ਸਿੰਘ ਖੱਟੜਾ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ




ਸਤਵਿੰਦਰ ਸਿੰਘ ਟੌਹੜਾ ਹਾਜ਼ਰੀ ਲਗਾਈ ਗਈ, ਸਰਪੰਚ ਅੰਗਰੇਜ ਸਿੰਘ ਚਾਸਵਾਲ, ਹਰਬੰਸ ਸਿੰਘ, ਸੇਵਕ ਸਿੰਘ ਚਾਸਵਾਲ, ਜਗਦੀਸ਼ ਸਿੰਘ, ਅਵਤਾਰ ਸਿੰਘ ਕੁਲਾਰ, ਨਿਰਮਲ ਸਿੰਘ ਭਵਾਨੀਗੜ੍ਹ ਆਦਿ ਹਾਜ਼ਰ ਸਨ।

## ਗੁਰਮੁੱਖ ਸਿੰਘ ਥਾਣਾ ਘਨੌਰ ਦੇ ਐੱਸ. ਐੱਚ. ਓ. ਨਿਯੁਕਤ

ਘਨੌਰ, 11 ਅਪ੍ਰੈਲ (ਰਾਜਿੰਦਰ ਸਿੰਘ ਕੰਬੋਜ) : ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਪ੍ਰਬੰਧਕੀ ਅਧਾਰ ਤੇ ਤਬਾਦਲੇ ਕਰਦਿਆਂ ਸਬ ਇੰਸਪੈਕਟਰ ਗੁਰਮੁੱਖ ਸਿੰਘ ਨੂੰ ਥਾਣਾ ਘਨੌਰ ਦਾ ਐੱਸ. ਐੱਚ. ਓ. ਨਿਯੁਕਤ ਕੀਤਾ ਹੈ। ਥਾਣਾ ਘਨੌਰ ਦਾ ਚਾਰਜ ਸਾਂਭਦੇ ਹੋਏ ਸਬ ਇੰਸਪੈਕਟਰ ਗੁਰਮੁੱਖ ਸਿੰਘ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਪੁਲਿਸ ਦਾ ਸਾਥ ਦੇਣ ਤਾਂ ਜੋ ਆਪਣੇ ਇਲਾਕੇ ਵਿੱਚੋਂ ਨਸ਼ੇ ਨੂੰ ਅਤੇ ਸ਼ਰਾਰਤੀ ਅਨਸਰਾਂ ਨੂੰ ਖਤਮ ਕਰ ਸਕੀਏ ਅਤੇ ਉਹਨਾਂ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਪੁਲਿਸ ਦੀ ਕਿਸੇ ਵੀ ਪ੍ਰਕਾਰ ਦੀ ਮਦਦ ਦੀ ਲੋੜ ਹੈ, ਤਾਂ ਉਹ ਸਿੱਧੇ ਆ ਕੇ ਉਨ੍ਹਾਂ ਦੇ ਨਾਲ ਮਿਲ ਸਕਦੇ ਹਨ ਅਤੇ ਪਬਲਿਕ ਅਤੇ ਪੁਲਿਸ ਦਾ ਜੋ ਰਿਸ਼ਤਾ ਉਹ ਪਿਆਰ ਭਰਾ ਹੋਣਾ ਚਾਹੀਦਾ ਹੈ ਨਾ ਕਿ ਡਰ ਵਾਲਾ।

